9-JAN-PAGE-1.qxd 1/8/2026 10:44 PM Page 1


ਸ਼ੁੱਕਰਵਾਰ, 9 ਜਨਵਰੀ, 2026

26 ਪੋਹ { ਨਾਨਕਸ਼ਾਹੀ 557 / ਬਿਕਰਮੀ 2082

ਜਿਲਦ/VOL. : 74

ਅੰਕ/NO. : 220

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • FRIDAY, 9 JANUARY, 2026

ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


## ਕੁਦਰਤ ਨਾਲ ਛੇੜਛਾੜ ਕਰਨ ਖਿਲਾਫ ਖਬਰਦਾਰ ਕਰਨ ਵਾਲਾ ਗੁਜ਼ਰ ਗਿਆ



**ਪੁਣੇ** : ਉੱਘੇ ਪਰਿਆਵਰਣਵਾਦੀ ਤੇ ਪੱਛਮੀ ਘਾਟ ਨੂੰ ਬਚਾਉਣ ਲਈ ਆਪਣੀ ਦੂਰਦਰਸ਼ੀ ਸੋਚ ਲਈ ਜਾਣੇ ਜਾਂਦੇ ਮਾਧਵ ਗਾਡਗਿਲ (83) ਦਾ ਬੁੱਧਵਾਰ ਰਾਤ ਦੇਹਾਂਤ ਹੋ ਗਿਆ। ਭਾਰਤ ਵਿੱਚ ਜ਼ਮੀਨੀ ਪੱਧਰ 'ਤੇ ਪਰਿਆਵਰਣ ਅੰਦੋਲਨ ਨੂੰ ਸ਼ਕਲ ਦੇਣ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੇ ਗਾਡਗਿਲ ਨੇ ਵਰ੍ਹਿਆਂ ਪਹਿਲਾਂ ਪੱਛਮੀ ਘਾਟ ਦੇ ਬੁਨਿਆਦੀ ਢਾਂਚੇ ਤੇ ਵੱਡੇ ਵਿਕਾਸ ਪ੍ਰੋਜੈਕਟਾਂ ਨੂੰ ਲੈ ਕੇ ਖਬਰਦਾਰ ਕੀਤਾ ਸੀ ਕਿ ਇਸ ਨਾਲ ਗੰਭੀਰ ਕੁਦਰਤੀ ਆਫਤਾਵਾਂ ਪੈਦਾ ਹੋਣਗੀਆਂ। ਉਨ੍ਹਾ ਦੀ ਪ੍ਰਧਾਨਗੀ ਵਿੱਚ ਬਣੀ ਕਮੇਟੀ ਦੀਆਂ ਸਿਫਾਰਸ਼ਾਂ ਨੂੰ ਨਾ ਮੰਨਣ ਦਾ ਨਤੀਜਾ ਮਾੜਾ ਨਿਕਲਿਆ। ਪਰਿਆਵਰਣ ਤੇ ਸਮਾਜ ਨੂੰ ਜੋੜਨ ਵਾਲੇ ਵਿਗਿਆਨੀ ਗਾਡਗਿਲ ਨੂੰ 2024 ਵਿੱਚ ਸੰਯੁਕਤ ਰਾਸ਼ਟਰ ਪਰਿਆਵਰਣ ਪ੍ਰੋਗਰਾਮ ਨੇ 'ਚੈਂਪੀਅਨ ਆਫ ਦੀ ਅਰਥ' ਸਨਮਾਨ ਨਾਲ ਨਿਵਾਜਿਆ ਸੀ। ਗਾਡਗਿਲ ਨੇ 2021 ਵਿੱਚ ਕਿਹਾ ਸੀ ਕਿ ਪੱਛਮੀ ਘਾਟ ਤੇ ਹਿਮਾਲਿਆ ਵਿੱਚ ਵਾਰ-ਵਾਰ ਆਉਣ ਵਾਲੀਆਂ ਆਫਤਾਂ ਅਸਾਧਾਰਨ ਨਹੀਂ ਹਨ। ਦਰੱਖਤਾਂ ਦੀ ਕਟਾਈ ਤੇ ਪਹਾੜੀ ਢਲਾਣਾਂ ਨਾਲ ਛੇੜਛਾੜ ਕਾਰਨ ਅਜਿਹੀਆਂ ਘਟਨਾਵਾਂ ਵਧੀਆਂ ਹਨ।

## ਸੰਧੂ ਜੋੜੇ ਦੀ ਬਾਦਲ ਦਲ 'ਚ ਵਾਪਸੀ



**ਪਟਿਆਲਾ** : ਜ਼ਿਲ੍ਹਾ ਪਟਿਆਲਾ ਵਿੱਚ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਨੂੰ ਉਸ ਵੇਲੇ ਵੱਡਾ ਝਟਕਾ ਲੱਗਿਆ, ਜਦੋਂ ਐੱਸ ਐੱਸ ਬੋਰਡ ਦੇ ਸਾਬਕਾ ਚੇਅਰਮੈਨ ਤੇਜਿੰਦਰਪਾਲ ਸਿੰਘ ਸੰਧੂ ਅਤੇ ਉਨ੍ਹਾ ਦੀ ਪਤਨੀ ਬੀਬੀ ਅਨੂਪ ਇੰਦਰ ਕੌਰ ਸੰਧੂ ਘਰ ਵਾਪਸੀ ਕਰਦਿਆਂ ਸ਼੍ਰੋਮਣੀ ਅਕਾਲੀ ਦਲ (ਬਾਦਲ) ਵਿੱਚ ਸ਼ਾਮਲ ਹੋ ਗਏ। ਇਹ ਐਲਾਨ ਉਨ੍ਹਾ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਮੌਜੂਦਗੀ ਵਿੱਚ ਕੀਤਾ, ਜਿਸ ਦੌਰਾਨ ਸੀਨੀਅਰ ਆਗੂ ਬਲਵਿੰਦਰ ਸਿੰਘ ਭੂੰਦੜ ਵੀ ਮੌਜੂਦ ਸਨ। ਸੁਖਬੀਰ ਨੇ ਸੰਧੂ ਜੋੜੇ ਦਾ ਸਿਰੋਪਾਓ ਦੇ ਕੇ ਸਵਾਗਤ ਵੀ ਕੀਤਾ। ਇਸ ਮੌਕੇ ਤਜਿੰਦਰ ਸਿੰਘ ਮਿੱਡੂਖੇੜਾ ਵੀ ਮੌਜੂਦ ਸਨ। ਸੰਧੂ ਦੇ ਪਿਤਾ ਮਰਹੂਮ ਜਸਦੇਵ ਸਿੰਘ ਸੰਧੂ ਅਤੇ ਮਾਤਾ ਮਰਹੂਮ ਜਸਦੇਵ ਕੌਰ ਸੰਧੂ ਵੀ ਕਈ ਵਾਰ ਵਿਧਾਇਕ ਰਹਿ ਚੁੱਕੇ ਹਨ, ਜਦਕਿ ਸੰਧੂ ਨੇ ਵੀ 2012 ਵਿੱਚ ਸਨੌਰ ਹਲਕੇ ਤੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਉਮੀਦਵਾਰ ਵਜੋਂ ਚੋਣ ਲੜੀ ਸੀ, ਪਰ ਉਹ ਸਖਤ ਮੁਕਾਬਲੇ ਵਿੱਚ ਕਾਂਗਰਸ ਆਗੂ ਲਾਲ ਸਿੰਘ ਕੋਲੋਂ ਹਾਰ ਗਏ ਸਨ।

# ਹੁਣ ਗੈਂਗਸਟਰਾਂ ਦੀ ਵਾਰੀ : ਕੇਜਰੀਵਾਲ



**ਲੁਧਿਆਣਾ** : 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਨਵੇਂ ਚੁਣੇ ਗਏ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸਮਿਤੀ ਮੈਂਬਰਾਂ ਨਾਲ ਮੁਲਾਕਾਤ ਕੀਤੀ ਅਤੇ ਜ਼ੋਰ ਦੇ ਕੇ ਆਖਿਆ ਕਿ ਪੰਜਾਬ ਡਰ, ਗੁੰਡਾਗਰਦੀ ਅਤੇ ਹੇਰਾਫੇਰੀ ਵਾਲੀਆਂ ਚੋਣਾਂ ਦੇ ਯੁੱਗ ਤੋਂ ਫੈਸਲਾਕੁੰਨ ਤੌਰ ਉੱਤੇ ਬਾਹਰ ਆ ਗਿਆ ਹੈ। ਉਨ੍ਹਾਂ ਨਾਲ ਹੀ ਐਲਾਨ ਕੀਤਾ ਕਿ ਆਮ ਆਦਮੀ ਪਾਰਟੀ ਹੁਣ 'ਯੁੱਧ ਨਸ਼ਿਆਂ ਵਿਰੁੱਧ' ਦੀ ਤਰਜ਼ ਉੱਤੇ ਗੈਂਗਸਟਰਾਂ ਵਿਰੁੱਧ ਵੱਡੇ ਪੱਧਰ ਉਤੇ ਜੰਗ ਸ਼ੁਰੂ ਕਰੇਗੀ।

ਪੰਚਾਇਤ ਚੋਣਾਂ ਵਿੱਚ 'ਆਪ' ਦੀ 70 ਪ੍ਰਤੀਸ਼ਤ ਤੋਂ ਵੱਧ ਸੀਟਾਂ ਉਤੇ ਸ਼ਾਨਦਾਰ ਜਿੱਤ ਨੂੰ ਸਾਫ਼-ਸੁਥਰੀ ਰਾਜਨੀਤੀ ਅਤੇ ਇਮਾਨਦਾਰ ਸ਼ਾਸਨ ਲਈ ਫਤਵਾ ਦੱਸਦਿਆਂ 'ਆਪ' ਮੁਖੀ ਨੇ ਕਿਹਾ ਕਿ ਪੰਜਾਬ ਨੇ ਆਪਣੇ ਇਤਿਹਾਸ ਵਿੱਚ ਸਥਾਨਕ ਇਕਾਈਆਂ ਦੀਆਂ ਚੋਣਾਂ ਸਭ ਤੋਂ ਸਾਫ਼ਗੋਈ ਨਾਲ ਹੁੰਦੀਆਂ ਦੇਖੀਆਂ ਹਨ, ਜਿਨ੍ਹਾਂ ਵਿੱਚ ਇਕ ਵੀ ਵੋਟ ਤਬਦੀਲ ਨਹੀਂ ਹੋਈ, ਜਦੋਂ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਲੋਕ-ਪੱਖੀ ਸ਼ਾਸਨ ਨੇ ਰਵਾਇਤੀ ਪਾਰਟੀਆਂ ਨੂੰ ਆਪਣੇ ਮੈਨੀਫੈਸਟੋ ਦੁਬਾਰਾ ਲਿਖਣ ਲਈ ਮਜਬੂਰ ਕੀਤਾ ਹੈ। ਚੁਣੇ ਹੋਏ ਨੁਮਾਇੰਦਿਆਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕੇਜਰੀਵਾਲ ਨੇ ਕਿਹਾ ਕਿ ਜੇ 'ਆਪ' ਸੱਤਾ ਦੀ ਦੁਰਵਰਤੋਂ ਕਰਨਾ ਚਾਹੁੰਦੀ ਤਾਂ ਇਹ ਬਹੁਤ ਆਸਾਨ ਹੁੰਦਾ। ਜੇ ਅਸੀਂ ਜ਼ਬਰਦਸਤੀ ਕਰਨਾ ਚਾਹੁੰਦੇ ਤਾਂ ਅਸੀਂ ਸਬ-ਡਵੀਜ਼ਨਲ ਮੈਜਿਸਟਰੇਟ ਨੂੰ ਬੁਲਾ ਸਕਦੇ ਸੀ ਅਤੇ ਆਪਣੇ ਉਮੀਦਵਾਰ ਨੂੰ ਚੁਣੇ ਹੋਏ ਐਲਾਨ ਸਕਦੇ ਸੀ। ਇਕ ਵੋਟ ਨੂੰ ਇੱਥੇ ਜਾਂ ਉਥੇ ਬਦਲਣਾ ਮੁਸ਼ਕਲ ਨਹੀਂ, ਪਰ ਅਸੀਂ ਅਜਿਹਾ ਨਹੀਂ ਕੀਤਾ।ਢਿੱਲਮੱਠ ਵਿਰੁੱਧ ਸਪੱਸ਼ਟ ਚੇਤਾਵਨੀ ਦਿੰਦੇ ਹੋਏ 'ਆਪ' ਦੇ ਕੌਮੀ ਕਨਵੀਨਰ ਨੇ ਜ਼ੋਰ ਦੇ ਕੇ ਕਿਹਾ 'ਇਹ ਨਾ ਸੋਚੋ ਕਿ ਦਿੱਲੀ ਵਿੱਚ ਬੈਠੇ ਅਰਵਿੰਦ ਕੇਜਰੀਵਾਲ ਨੂੰ ਨਹੀਂ ਪਤਾ ਕਿ ਪੰਜਾਬ ਵਿੱਚ ਕੀ ਹੋ ਰਿਹਾ ਹੈ। ਅਸੀਂ ਜਾਣਦੇ ਹਾਂ ਕਿ ਕੌਣ ਕੰਮ ਕਰ ਰਿਹਾ ਹੈ ਅਤੇ ਕੌਣ ਨਹੀਂ। ਤੁਹਾਨੂੰ ਕਿਸੇ ਦੀ ਚਾਪਲੂਸੀ ਕਰਨ ਜਾਂ ਦਿੱਲੀ • ਬਾਕੀ ਸਫਾ 2 'ਤੇ

## ਮਾਨ ਦੀ ਜਥੇਦਾਰ ਨੂੰ ਬੇਨਤੀ, ਪੇਸ਼ੀ ਲਾਈਵ ਕਰਵਾਇਓ



**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੂੰ ਅਪੀਲ ਕੀਤੀ ਹੈ ਕਿ 15 ਜਨਵਰੀ ਨੂੰ ਜਦੋਂ ਉਹ ਹਿਸਾਬ-ਕਿਤਾਬ ਲੈ ਕੇ ਆਪਣਾ ਸਪੱਸ਼ਟੀਕਰਨ ਦੇਣਗੇ ਤਾਂ ਉਸ ਸਮੇਂ ਲਾਈਵ ਪ੍ਰਸਾਰਨ ਕੀਤਾ ਜਾਵੇ। ਮਾਨ ਨੇ ਟਵੀਟ ਕਰਦਿਆਂ ਕਿਹਾ ਹੈ, 'ਪੂਰੀ ਦੁਨੀਆ 'ਚੋਂ ਮੈਨੂੰ ਸੁਨੇਹੇ ਆ ਰਹੇ ਨੇ ਕਿ 15 ਜਨਵਰੀ ਨੂੰ ਜਦੋਂ ਸੰਗਤ ਵੱਲੋਂ ਗੋਲਕ ਦਾ ਹਿਸਾਬ-ਕਿਤਾਬ ਲੈ ਕੇ ਜਾਓਗੇ...ਸਾਰੇ ਚੈਨਲਾਂ 'ਤੇ ਲਾਈਵ ਟੈਲੀਕਾਸਟ ਹੋਣਾ ਚਾਹੀਦੈ...ਮੈਂ ਵੀ ਦੁਨੀਆ ਭਰ ਦੀ ਸੰਗਤ ਦੀ ਭਾਵਨਾ ਨੂੰ ਸਮਝਦੇ ਹੋਏ ਜਥੇਦਾਰ ਸਾਹਿਬ ਨੂੰ ਬੇਨਤੀ ਕਰਦਾ ਹਾਂ ਕਿ ਮੇਰੇ ਸਪੱਸ਼ਟੀਕਰਨ ਦਾ ਸਿੱਧਾ ਪ੍ਰਸਾਰਨ ਕੀਤਾ ਜਾਵੇ, ਤਾਂ ਕਿ ਸੰਗਤਾਂ ਪਲ-ਪਲ ਅਤੇ ਪੈਸੇ-ਪੈਸੇ ਦੇ ਹਿਸਾਬ ਨਾਲ ਜੁੜੀਆਂ ਰਹਿਣ...ਮਿਲਦੇ ਹਾਂ ਜੀ 15 ਜਨਵਰੀ ਨੂੰ ...ਸਬੂਤਾਂ ਸਮੇਤ।' ਜਥੇਦਾਰ ਗੜਗੱਜ ਨੇ ਮੁੱਖ ਮੰਤਰੀ ਮਾਨ ਨੂੰ ਸਿੱਖ ਵਿਰੋਧੀ ਮਾਨਸਿਕਤਾ ਦਾ ਪ੍ਰਗਟਾਵਾ ਕਰਨ ਦੇ ਦੋਸ਼ ਹੇਠ ਅਕਾਲ ਤਖਤ ਸਕੱਤਰੇਤ 'ਚ ਤਲਬ ਕੀਤਾ ਹੋਇਆ ਹੈ।

## ਸਾਰੇ ਕੁੱਤੇ ਚੁੱਕਣ ਲਈ ਨਹੀਂ ਕਿਹਾ : ਸੁਪਰੀਮ ਕੋਰਟ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਵੀਰਵਾਰ ਕਿਹਾ ਕਿ ਉਸ ਨੇ ਸੜਕਾਂ ਤੋਂ ਹਰ ਕੁੱਤੇ ਨੂੰ ਹਟਾਉਣ ਦਾ ਨਿਰਦੇਸ਼ ਨਹੀਂ ਦਿੱਤਾ। ਉਸ ਨੇ ਕਿਹਾ ਕਿ ਉਸ ਨੇ ਇਹ ਹੁਕਮ ਦਿੱਤੇ ਸਨ ਕਿ ਇਨ੍ਹਾਂ ਆਵਾਰਾ ਕੁੱਤਿਆਂ ਦਾ ਇਲਾਜ ਪਸ਼ੂ ਜਨਮ ਨਿਯੰਤਰਣ (ਏ ਬੀ ਸੀ) ਨਿਯਮਾਂ ਅਨੁਸਾਰ ਕੀਤਾ ਜਾਵੇ।

ਆਵਾਰਾ ਕੁੱਤਿਆਂ ਦੇ ਮਾਮਲੇ ਵਿੱਚ ਦਲੀਲਾਂ ਸੁਣਦੇ ਹੋਏ ਸੁਪਰੀਮ ਕੋਰਟ ਨੇ ਕਿਹਾ ਕਿ ਇੱਕ ਕੁੱਤਾ ਉਨ੍ਹਾਂ ਲੋਕਾਂ ਦੀ ਸੁੰਘਣ ਸ਼ਕਤੀ ਨਾਲ ਪਛਾਣ ਕਰ ਸਕਦਾ ਹੈ, ਜੋ ਜਾਂ ਤਾਂ ਉਨ੍ਹਾਂ ਤੋਂ ਡਰਦੇ ਹਨ ਜਾਂ ਕੁੱਤੇ ਦੇ ਵੱਢਣ ਦਾ ਪਹਿਲਾਂ ਸ਼ਿਕਾਰ ਹੋਏ ਹਨ, ਇਹ ਕੁੱਤੇ ਅਜਿਹੇ ਵਿਅਕਤੀਆਂ 'ਤੇ ਹੀ ਹਮਲਾ ਕਰਦੇ ਹਨ। ਇਹ ਟਿੱਪਣੀਆਂ ਜਸਟਿਸ ਵਿਕਰਮ ਨਾਥ, ਜਸਟਿਸ ਸੰਦੀਪ ਮਹਿਤਾ ਅਤੇ ਜਸਟਿਸ ਐੱਨ ਵੀ ਅੰਜਾਰੀਆ ਦੀ ਤਿੰਨ ਮੈਂਬਰੀ ਬੈਂਚ ਨੇ ਕੀਤੀਆਂ। ਇਸ ਦੌਰਾਨ ਉਨ੍ਹਾਂ ਕੁੱਤਿਆਂ ਨੂੰ ਪਿਆਰ ਕਰਨ ਵਾਲਿਆਂ ਵੱਲੋਂ ਪਹਿਲੇ ਆਦੇਸ਼ਾਂ ਵਿੱਚ ਸੋਧ ਦੀ ਮੰਗ ਕਰਨ ਵਾਲੀਆਂ ਪਟੀਸ਼ਨਾਂ ਅਤੇ ਅਦਾਲਤ ਦੇ ਨਿਰਦੇਸ਼ਾਂ ਦੀ ਸਖਤੀ ਨਾਲ ਪਾਲਣਾ ਕਰਨ ਵਾਲੀਆਂ ਵੱਖੋ-ਵੱਖਰੀਆਂ ਪਟੀਸ਼ਨਾਂ 'ਤੇ ਸੁਣਵਾਈ ਕੀਤੀ। ਜਸਟਿਸ ਮਹਿਤਾ ਨੇ ਕਿਹਾ, 'ਅਸੀਂ ਸੜਕਾਂ ਤੋਂ ਹਰ ਕੁੱਤੇ ਨੂੰ ਹਟਾਉਣ ਦਾ ਨਿਰਦੇਸ਼ ਨਹੀਂ ਦਿੱਤਾ, ਸਗੋਂ ਕਿਹਾ ਸੀ ਕਿ ਇਨ੍ਹਾਂ ਕੁੱਤਿਆਂ ਨਾਲ ਨਿਯਮਾਂ ਅਨੁਸਾਰ ਨਜਿੱਠਿਆ ਜਾਵੇ।' ਬੈਂਚ ਨੇ ਸੀਨੀਅਰ ਵਕੀਲ ਸੀ ਯੂ ਸਿੰਘ, ਕ੍ਰਿਸ਼ਨਨ ਵੇਣੂਗੋਪਾਲ, ਧਰੁ ਵ • ਬਾਕੀ ਸਫਾ 2 'ਤੇ


ਸੂਰਜ ਕਿਰਣਿ ਮਿਲੇ ਜਲ ਕਾ ਜਲ ਹੂਆ ਰਾਮ ॥
ਜੋਤੀ ਜੋਤਿ ਰਲੀ ਸੰਪੂਰਨ ਥੀਆ ਰਾਮ ॥

ਸਾਡੇ ਪਰਮ ਸਤਿਕਾਰਯੋਗ

**ਪ੍ਰੋ. ਚਰਨ ਸਿੰਘ ਜੀ**



ਸਾਬਕਾ ਪ੍ਰਧਾਨ, ਜ਼ਿਲ੍ਹਾ ਕਾਂਗਰਸ ਕਮੇਟੀ ਕਪੂਰਥਲਾ, ਸਾਬਕਾ ਮੀਤ ਪ੍ਰਧਾਨ ਤੇ ਜਨਰਲ ਸਕੱਤਰ, ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ, ਪ੍ਰਧਾਨ ਸ਼ਹੀਦ ਊਧਮ ਸਿੰਘ ਮੈਮੋਰੀਅਲ ਟਰੱਸਟ (ਰਜਿ.) ਪੰਜਾਬ, ਸਾਬਕਾ ਸੈਨੇਟ ਮੈਂਬਰ, ਗੁਰੂ ਨਾਨਕ ਦੇਵ ਯੂਨੀਵਰਸਿਟੀ ਅਤੇ ਪ੍ਰਧਾਨ ਪ੍ਰਬੰਧਕ ਕਮੇਟੀ ਬਾਬਾ ਦਰਬਾਰਾ ਸਿੰਘ ਪਬਲਿਕ ਸਕੂਲ, ਟਿੱਬਾ।

ਅਕਾਲ ਪੁਰਖ ਵੱਲੋਂ ਬਖਸ਼ੀ ਆਰਜਾ ਪੂਰਨ ਸੁਹਿਰਦਤਾ ਸਹਿਤ ਲੋਕ-ਸੇਵਾ ਨੂੰ ਸਮਰਪਤ ਕਰ ਕੇ 29-12-2025 ਨੂੰ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ। ਉਹਨਾ ਦੀ ਮਿੱਠੀ ਅਤੇ ਪਿਆਰੀ ਯਾਦ ਵਿੱਚ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਦੇ ਭੋਗ ਉਪਰੰਤ ਸ਼ਬਦ-ਕੀਰਤਨ, ਅੰਤਿਮ ਅਰਦਾਸ ਅਤੇ ਭਾਵ-ਭਿੰਨੀ ਸ਼ਰਧਾਂਜਲੀ ਮਿਤੀ 10-1-2026, ਦਿਨ ਸ਼ਨੀਵਾਰ, ਨੂੰ 1:30 ਵਜੇ ਗੁਰਦੁਆਰਾ ਸੰਤ ਬਾਬਾ ਦਰਬਾਰਾ ਸਿੰਘ ਜੀ, ਟਿੱਬਾ, ਜ਼ਿਲ੍ਹਾ ਕਪੂਰਥਲਾ (ਬੁਲਪੁਰ-ਟਿੱਬਾ ਰੋਡ) ਵਿਖੇ ਦਿੱਤੀ ਜਾਵੇਗੀ। ਪਰਵਾਰ ਵੱਲੋਂ ਉਹਨਾ ਦੇ ਸਾਕ-ਸੰਬੰਧੀਆਂ ਅਤੇ ਸਨੇਹੀਆਂ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਵਿੱਛੜੀ ਰੂਹ ਦੀ ਯਾਦ ਵਿੱਚ ਉਹਨਾਂ ਦੀ ਅੰਤਿਮ ਅਰਦਾਸ ਵਿੱਚ ਸ਼ਾਮਿਲ ਹੋਈਏ ਅਤੇ ਉਹਨਾ ਨੂੰ ਪਿਆਰ ਸਹਿਤ ਸ਼ਰਧਾ ਦੇ ਫੁੱਲ ਭੇਟ ਕਰੀਏ।

**ਵਾਹਿਗੁਰੂ ਜੀ ਦੇ ਭਾਣੇ ਵਿੱਚ**

ਛੋਟੇ ਵੀਰ
ਅਜੀਤ ਸਿੰਘ ਅਤੇ ਨਰੰਜਣ ਸਿੰਘ ਅਮਰਕੋਟ
ਛੋਟੀ ਭੈਣ
ਚਰਨਜੀਤ ਕੌਰ

ਸਪੁੱਤਰ
ਅਰਮਾਨਦੀਨ ਸਿੰਘ ਅਤੇ ਅਨੁਰਾਗ ਸਿੰਘ
ਸੁਪਤਨੀ
ਡਾਕਟਰ ਬਲਜੀਤ ਕੌਰ


## ਯਾਰ ਕਰੂ ਦਸ ਗੁਣਾ ਮਾਰ

**ਵਾਸ਼ਿੰਗਟਨ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਯਾਰ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਰੂਸ ਖਿਲਾਫ ਸਖਤ ਪਾਬੰਦੀਆਂ ਨਾਲ ਸੰਬੰਧਤ ਇੱਕ ਬਿੱਲ ਨੂੰ ਮਨਜ਼ੂਰੀ ਦੇ ਦਿੱਤੀ ਹੈ, ਜਿੱਸ 'ਚ ਰੂਸ ਤੋਂ ਤੇਲ ਖਰੀਦਣ ਵਾਲੇ ਦੇਸ਼ਾਂ ਖਾਸਕਰ ਭਾਰਤ, ਚੀਨ ਤੇ ਬ੍ਰਾਜ਼ੀਲ 'ਤੇ 500 ਫੀਸਦੀ ਤਕ ਟੈਕਸ ਲਾਉਣ ਦੀ ਮੱਦ ਸ਼ਾਮਲ ਹੈ। ਇਸ ਨੂੰ ਹੁਣ ਅਗਲੇ ਹਫਤੇ ਸੰਸਦ ਵਿਚ ਪੇਸ਼ ਕੀਤਾ ਜਾਵੇਗਾ ਤੇ ਇਸ ਬਿੱਲ 'ਤੇ ਵੋਟਿੰਗ ਕਰਵਾਈ ਜਾਵੇਗੀ। ਜੇ ਸੰਸਦ ਵਿੱਚ ਇਹ ਬਿੱਲ ਪਾਸ ਹੋ ਗਿਆ ਤਾਂ ਅਮਰੀਕਾ ਨੂੰ ਇਨ੍ਹਾਂ ਦੇਸ਼ਾਂ 'ਤੇ ਹੋਰ ਟੈਕਸ ਲਾਉਣ ਦੀ ਖੁੱਲ੍ਹ ਮਿਲ ਜਾਵੇਗੀ। ਸੈਂਕਸ਼ਨਿੰਗ ਰਸ਼ੀਆ ਐਕਟ 2025 ਨਾਂਅ ਦੇ ਬਿੱਲ ਦਾ ਮਕਸਦ ਉਨ੍ਹਾਂ ਦੇਸ਼ਾਂ 'ਤੇ ਦਬਾਅ ਬਣਾਉਣਾ ਹੈ, ਜੋ ਯੂਕਰੇਨ ਜੰਗ ਦੌਰਾਨ ਰੂਸ ਤੋਂ ਕੱਚਾ ਤੇਲ ਖਰੀਦ ਰਹੇ ਹਨ। ਅਮਰੀਕਾ ਦਾ ਮੰਨਣਾ ਹੈ ਕਿ ਇਸ ਨਾਲ ਰੂਸ ਨੂੰ ਜੰਗ ਲੜਨ ਵਿਚ ਮਦਦ ਮਿਲ ਰਹੀ ਹੈ। ਇਸ ਬਿੱਲ ਜ਼ਰੀਏ ਰੂਸ ਦੇ ਊਰਜਾ, ਬੈਂਕਿੰਗ ਤੇ ਰੱਖਿਆ ਖੇਤਰ ਨੂੰ ਨਿਸ਼ਾਨਾ ਬਣਾਇਆ ਗਿਆ ਹੈ। ਇਸ ਬਿੱਲ ਵਿੱਚ ਇਨ੍ਹਾਂ ਖੇਤਰ ਨਾਲ ਸੰਬੰਧਤ ਰੂਸੀ ਕੰਪਨੀਆਂ 'ਤੇ ਸਖਤ ਪਾਬੰਦੀਆਂ ਲਾਉਣ ਦੀ ਤਜਵੀਜ਼ ਹੈ। ਇਸ ਬਿੱਲ ਦੇ ਪਾਸ ਹੋਣ ਤੋਂ ਬਾਅਦ ਰਾਸ਼ਟਰਪਤੀ ਨੂੰ ਵਿਸ਼ੇਸ਼ ਸਕਤੀਆਂ ਮਿਲਣਗੀਆਂ ਤੇ ਆਪਣੇ ਹੁਕਮਾਂ ਨਾਲ ਕਈ ਦੇਸ਼ਾਂ 'ਤੇ ਦਬਾਅ ਬਣਾ ਸਕਣਗੇ।

## ਪਤੀ-ਪਤਨੀ ਤੇ ਦੋ ਬੱਚੇ ਮਰੇ ਮਿਲੇ

**ਫਿਰੋਜ਼ਪੁਰ** : ਸ਼ਹਿਰ ਦੇ ਹਰਮਨ ਨਗਰ ਇਲਾਕੇ ਵਿੱਚ ਬੁੱਧਵਾਰ ਰਾਤ ਮਸ਼ਹੂਰ ਮਾਹੀ ਸੈਲੂਨ ਦੇ ਮਾਲਕ ਅਮਨਦੀਪ ਸਿੰਘ ਉਰਫ ਮਾਹੀ ਨੇ ਕਥਿਤ ਤੌਰ 'ਤੇ ਪਤਨੀ ਮਨਵੀਰ ਕੌਰ ਅਤੇ ਦੋ ਮਾਸੂਮ ਬੱਚਿਆਂ (ਉਮਰ ਕਰੀਬ 6 ਅਤੇ 10 ਸਾਲ) ਨੂੰ ਗੋਲੀ ਮਾਰਨ ਤੋਂ ਬਾਅਦ ਖੁਦਕੁਸ਼ੀ ਕਰ ਲਈ।

ਉਪਰਲੀ ਮੰਜ਼ਿਲ 'ਤੇ ਰਹਿ ਰਹੇ ਕਿਰਾਏਦਾਰਾਂ ਦੇ ਮੁਤਾਬਕ ਕਾਫੀ ਸਮੇਂ ਤੱਕ ਜਦੋਂ ਮਕਾਨ ਮਾਲਕ ਅਮਨਦੀਪ ਸਿੰਘ ਅਤੇ ਉਸਦਾ ਪਰਵਾਰ ਨਜ਼ਰ ਨਹੀਂ ਆਇਆ ਤਾਂ ਉਨ੍ਹਾਂ ਵੱਲੋਂ ਦਰਵਾਜ਼ਾ ਖੋਲ੍ਹਣ ਦੀ ਕੋਸ਼ਿਸ਼ ਕੀਤੀ ਗਈ ਅਤੇ ਸ਼ੱਕ ਹੋਣ 'ਤੇ ਆਸ-ਪਾਸ ਦੇ ਮੁਹੱਲਾ ਨਿਵਾਸੀਆਂ ਨੂੰ ਸੂਚਤ ਕੀਤਾ ਗਿਆ। ਮੁਹੱਲਾ ਨਿਵਾਸੀਆਂ ਦੀ ਮਦਦ ਨਾਲ ਘਰ ਅੰਦਰ ਦਾਖਲ ਹੋਣ 'ਤੇ ਚਾਰਾਂ ਦੀਆਂ ਲਾਸ਼ਾਂ ਪਈਆਂ ਮਿਲੀਆਂ, ਜਿਸ ਤੋਂ ਬਾਅਦ ਤੁਰੰਤ ਪੁਲਸ ਨੂੰ ਸੂਚਨਾ ਦਿੱਤੀ ਗਈ। ਪੁਲਸ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ।

## ਮਮਤਾ ਈ ਡੀ ਨਾਲੋਂ ਚਲਾਕ ਨਿਕਲੀ

**ਕੋਲਕਾਤਾ** : ਈ ਡੀ ਨੇ ਵੀਰਵਾਰ ਮਨੀ ਲਾਂਡਰਿੰਗ ਕੇਸ ਵਿੱਚ ਰਾਜਸੀ ਸਲਾਹਕਾਰ ਫਰਮ ਆਈ-ਪੈਕ ਦੇ ਦਫਤਰ ਤੇ ਇਸ ਦੇ ਡਾਇਰੈਕਟਰ ਪ੍ਰਤੀਕ ਜੈਨ ਦੇ ਘਰ ਛਾਪਾ ਮਾਰਿਆ। ਪ੍ਰਤੀਕ ਮਮਤਾ ਬੈਨਰਜੀ ਦੀ ਪਾਰਟੀ ਟੀ ਐੱਮ ਸੀ ਦੇ ਆਈ ਟੀ ਸੈੱਲ ਦੇ ਮੁਖੀ ਵੀ ਹਨ। ਈ ਡੀ ਨੇ ਪੱਛਮੀ ਬੰਗਾਲ ਵਿੱਚ ਕੋਲਕਾਤਾ ਸਣੇ ਛੇ ਤੇ ਦਿੱਲੀ ਵਿੱਚ ਚਾਰ ਥਾਵਾਂ 'ਤੇ ਛਾਪਾ ਮਾਰਿਆ। ਇਸ ਦੌਰਾਨ ਕੋਲਕਾਤਾ ਵਿੱਚ ਮਮਤਾ ਬੈਨਰਜੀ ਵੀ ਪੁੱਜ ਗਏ ਤੇ ਉਹ ਕਾਫੀ ਦੇਰ ਉਥੇ ਰੁਕੇ ਰਹੇ। ਜਦੋਂ ਉਹ ਬਾਹਰ ਆਏ ਤਾਂ ਉਨ੍ਹਾ ਦੇ ਹੱਥ ਵਿਚ ਫਾਈਲ ਸੀ। ਇਸ ਦੌਰਾਨ ਮਮਤਾ ਬੈਨਰਜੀ ਨੇ ਕਿਹਾ ਕਿ ਗ੍ਰਹਿ ਮੰਤਰੀ ਅਮਿਤ ਸ਼ਾਹ ਉਨ੍ਹਾ ਦੇ ਦਫਤਰ ਵਿਚੋਂ ਫਾਈਲਾਂ ਚੁਕਵਾ ਰਹੇ ਹਨ। ਦੂਜੇ ਪਾਸੇ ਈ ਡੀ ਨੇ ਦੋਸ਼ ਲਾਇਆ ਕਿ ਛਾਪੇ ਦੌਰਾਨ ਮਮਤਾ ਬੈਨਰਜੀ ਅਹਿਮ ਦਸਤਾਵੇਜ਼ ਨਾਲ ਲੈ ਗਏ ਹਨ। ਇਸ ਤੋਂ ਬਾਅਦ ਈ ਡੀ ਨੇ ਇਸ ਮਾਮਲੇ ਵਿਚ ਕਲਕੱਤਾ ਹਾਈ ਕੋਰਟ ਦਾ ਰੁਖ਼ ਕੀਤਾ ਹੈ, ਜਿੱਥੇ ਇਸ ਮਾਮਲੇ ਦੀ ਭਲਕੇ ਸੁਣਵਾਈ ਹੋਣ ਦੀ ਸੰਭਾਵਨਾ ਹੈ। ਮਮਤਾ ਬੈਨਰਜੀ ਵਲੋਂ ਵੀ ਇਨ੍ਹਾਂ ਛਾਪਿਆਂ ਖਿਲਾਫ ਈ ਡੀ ਦੀ ਫੋਰੈਂਸਿਕ ਟੀਮ ਖਿਲਾਫ ਕੇਸ ਦਰਜ ਕਰਵਾਉਣ ਦੀ ਗੱਲ ਕਹੀ ਹੈ। ਈ ਡੀ ਨੇ ਕਿਹਾ ਹੈ ਕਿ ਉਨ੍ਹਾਂ ਕੋਲ ਪੂਰੇ ਸਬੂਤ ਸਨ ਜਿਸ ਆਧਾਰ 'ਤੇ ਛਾਪੇ ਮਾਰੇ ਗਏ ਹਨ। ਦੂਜੇ ਪਾਸੇ ਟੀ ਐੱਮ ਸੀ ਨੇ ਇਨ੍ਹਾਂ ਛਾਪਿਆਂ ਨੂੰ ਰਾਜਨੀਤੀ ਤੋਂ ਪ੍ਰੇਰਤ ਦੱਸਿਆ ਹੈ। ਪ੍ਰਤੀਕ ਜੈਨ ਟੀ ਐੱਮ ਸੀ ਦੇ ਆਈ ਟੀ ਸੈੱਲ ਦੇ ਮੁਖੀ ਵੀ ਹਨ।




# ਮੋਦੀ ਸਰਕਾਰ ਵੱਲੋਂ ਮਗਨਰੇਗਾ ਕਾਨੂੰਨ 'ਚ ਤਬਦੀਲੀ ਮਜ਼ਦੂਰਾਂ ਦੇ ਰੁਜ਼ਗਾਰ ਦਾ ਭੋਗ ਪਾਉਣ ਦੀ ਡੂੰਘੀ ਸਾਜ਼ਿਸ਼ : ਚੌਹਾਨ/ਸਮਾਓਂ

## 15 ਨੂੰ ਮਾਨਸਾ ਰੋਸ ਰੈਲੀ 'ਚ ਪਹੁੰਚਣ ਦੀ ਅਪੀਲ



**ਮਾਨਸਾ (ਆਤਮਾ ਸਿੰਘ ਪਮਾਰ)**-ਕੇਂਦਰ ਦੀ ਮੋਦੀ ਸਰਕਾਰ ਵੱਲੋਂ ਮਹਾਤਮਾ ਗਾਂਧੀ ਰਾਸ਼ਟਰੀ ਪੇਂਡੂ ਰੁਜ਼ਗਾਰ ਗਰੰਟੀ ਐਕਟ ਦੀ ਥਾਂ ਲੈਣ ਲਈ ਇੱਕ ਨਵਾਂ ਪੇਂਡੂ ਰੁਜ਼ਗਾਰ ਐਕਟ ਲਿਆਉਣਾ ਮਨਰੇਗਾ ਵਿੱਚ ਤਬਦੀਲੀ ਮਜ਼ਦੂਰਾਂ ਦੇ ਰੁਜ਼ਗਾਰ ਦਾ ਭੋਗ ਪਾਉਣ ਦੀ ਡੂੰਘੀ ਸਾਜ਼ਿਸ਼ ਹੈ।ਉਕਤ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾਈ ਆਗੂ ਕਾਮਰੇਡ ਕ੍ਰਿਸ਼ਨ ਸਿੰਘ ਚੌਹਾਨ ਤੇ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਕੇਵਲ ਸਿੰਘ ਸਮਾਓਂ ਨੇ 15 ਜਨਵਰੀ ਨੂੰ ਮਾਨਸਾ ਵਿਖੇ ਰੱਖੀ ਗਈ ਰੋਸ ਰੈਲੀ ਦੀ ਤਿਆਰੀ ਸਬੰਧੀ ਵੱਖ ਵੱਖ ਪਿੰਡਾਂ ਸਮਾਓਂ, ਖੀਵਾ ਦਿਆਲੂ, ਮੱਤੀ ਤੇ ਖੀਵਾ ਖੁਰਦ ਵਿਖੇ ਜਨਤਕ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਕੀਤਾ।ਇਸ ਮੌਕੇ ਉਨ੍ਹਾਂ ਕਿਹਾ ਕਿ ਇਸ ਇਤਿਹਾਸਕ ਕਾਨੂੰਨ 'ਚੋਂ ਮਹਾਤਮਾ ਗਾਂਧੀ ਦਾ ਨਾਮ ਜਾਣਬੁੱਝ ਕੇ ਹਟਾਉਣਾ ਸਿਰਫ਼ ਇੱਕ ਪ੍ਰਸ਼ਾਸਕੀ ਤਬਦੀਲੀ ਨਹੀਂ ਹੈ, ਸਗੋਂ ਇੱਕ ਡੂੰਘਾ ਫਾਸ਼ੀਵਾਦੀ ਵਿਚਾਰਧਾਰਕ ਹਮਲਾ ਹੈ, ਜੋ ਗਾਂਧੀ ਜੀ ਦੀਆਂ ਕਦਰਾਂ-ਕੀਮਤਾਂ ਤੇ ਵਿਰਾਸਤ ਪ੍ਰਤੀ ਭਾਜਪਾ ਦੀ ਨਫ਼ਰਤ ਨੂੰ ਉਜਾਗਰ ਕਰਦਾ ਹੈ।ਇਹ ਐਕਟ ਉਸ ਗੱਲ ਦੀ ਵੀ ਪੁਸ਼ਟੀ ਕਰਦਾ ਹੈ, ਜੋ ਭਾਰਤ ਦੇ ਲੋਕ ਪਹਿਲਾਂ ਹੀ ਜਾਣਦੇ ਹਨ ਕਿ ਭਾਜਪਾ ਤੇ ਇਸ ਦੇ ਵਿਚਾਰਧਾਰਕ ਸਲਾਹਕਾਰ ਅਸਲ ਵਿੱਚ ਨੱਥੂ ਰਾਮ ਗੌਡਸੇ ਦੇ ਸੱਚੇ ਸਮਰੱਥਕ ਹਨ।ਇੱਕ ਅਧਿਕਾਰ ਅਧਾਰਤ ਕਾਨੂੰਨ ਨੂੰ ਖਤਮ ਕਰਕੇ ਤੇ ਇਸ ਨੂੰ ਇੱਕ ਵਿਵੇਕਸ਼ੀਲ ਯੋਜਨਾ ਵਿੱਚ ਬਦਲ ਕੇ, ਸਰਕਾਰ ਗਾਰੰਟੀਸ਼ੁਦਾ ਰੁਜ਼ਗਾਰ ਦੇ ਵਿਚਾਰ ਨੂੰ ਕਮਜ਼ੋਰ ਕਰ ਰਹੀ ਹੈ ਅਤੇ ਪੇਂਡੂ ਮਜ਼ਦੂਰਾਂ ਨੂੰ ਸਰਕਾਰੀ ਕੋਟੇ ਤੇ ਠੇਕੇਦਾਰਾਂ ਵੱਲੋਂ ਚਲਾਏ ਜਾਣ ਵਾਲੇ ਤੰਤਰਾਂ ਦੇ ਰਹਿਮੋ ਕਰਮ 'ਤੇ ਛੱਡ ਰਹੀ ਹੈ।ਇਸ ਮੌਕੇ ਆਗੂਆਂ ਨੇ 15 ਜਨਵਰੀ ਨੂੰ ਮਾਨਸਾ ਵਿਖੇ ਪੁੱਜਣ ਦੀ ਅਪੀਲ ਕਰਦੇ ਹੋਏ ਕਿਹਾ ਕਿ ਮਨਰੇਗਾ, ਲੇਬਰ ਕੋਡ, ਬਿਜਲੀ ਤੇ ਬੀਜ ਬਿੱਲ ਨੂੰ ਰੱਦ ਕਰਾਉਣ ਲਈ ਰਾਸ਼ਟਰਪਤੀ ਦੇ ਨਾਂ ਮੰਗ ਪੱਤਰ ਸੌਂਪਿਆ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਤੇਜਾ ਸਿੰਘ ਸਮਾਓਂ, ਹਰੀ ਸਿੰਘ, ਰੂਪ ਕੌਰ, ਮਲਕੀਤ ਕੌਰ, ਅਸ਼ੋਕ ਕਾਲਾ, ਸੁਖਦੇਵ ਸਿੰਘ ਖੀਵਾ ਦਿਆਲੂ, ਮਨਜੀਤ ਕੌਰ ਖੀਵਾ ਦਿਆਲੂ, ਗੁਰਜੰਟ ਸਿੰਘ ਮੱਤੀ, ਗੁਰਦੀਪ ਸਿੰਘ ਮੱਤੀ ਨੰਬਰਦਾਰ, ਸਤਪਾਲ ਕੌਰ ਖੀਵਾ ਖੁਰਦ ਆਦਿ ਆਗੂਆਂ ਨੇ ਰੋਸ ਰੈਲੀ ਦੀ ਸਫਲਤਾ ਲਈ ਵਹੀਰਾਂ ਘੱਤ ਪੁੱਜਣ ਦਾ ਸੱਦਾ ਵੀ ਦਿੱਤਾ।

## ਕਾਊਂਟ ਸੀਜਰ ਮੈਟੀ ਦਾ ਜਨਮ ਦਿਨ ਸਮਾਰੋਹ 11 ਨੂੰ ਮੋਗਾ ਵਿਖੇ : ਡਾ. ਸੇਖੋਂ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਦੇ ਬੁੱਘੀਪੁਰਾ ਚੌਂਕ ਦੇ ਚੋਖਾ ਅੰਪਾਇਰ ਵਿਖੇ 11 ਜਨਵਰੀ ਨੂੰ ਇਲੈਕਟ੍ਰੋਹੋਮਿਓਪੈਥੀ ਦੇ ਜਨਮ ਦਾਤਾ ਦਾ ਕਾਊਂਟ ਸੀਜਰ ਮੈਟੀ ਦਾ ਜਨਮ ਦਿਵਸ ਸਮਾਗਮ 11 ਜਨਵਰੀ ਨੂੰ ਮੋਗਾ ਵਿਖੇ ਬੜੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸਬੰਧ ਵਿੱਚ ਜਾਣਕਾਰੀ ਦਿੰਦੇ ਹੋਏ ਡਾ. ਜਗਤਾਰ ਸਿੰਘ ਸੇਖੋਂ ਨੇ ਦੱਸਿਆ ਕਿ ਹਰ ਸਾਲ ਦੀ ਤਰਾਂ ਇਸ ਵਾਰ ਵੀ ਕਾਉਂਟ ਸੀਜਰ ਮੈਟੀ ਜੀ ਦਾ ਜਨਮ ਦਿਵਸ ਸਮਾਗਮ 11 ਜਨਵਰੀ ਨੂੰ ਮੋਗਾ ਕਰਾਵਾਇਆ ਜਾ ਰਿਹਾ ਹੈ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਡਾ ਸੰਜੀਵ ਸ਼ਰਮਾ ਹੋਣਗੇ ਅਤੇ ਮੋਗਾ ਤੋਂ ਇਲਾਵਾ ਪੂਰੇ ਪੰਜਾਬ ਭਰ ਤੋਂ ਡਾਕਟਰ ਹਿੱਸਾ ਲੈ ਰਹੇ ਹਨ।ਉਨ੍ਹਾਂ ਕਿਹਾ ਕਿ ਇਹ ਸਮਾਗਮ 11 ਜਨਵਰੀ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 3 ਵਜੇ ਤੱਕ ਹੋਵੇਗਾ।ਉਨ੍ਹਾਂ ਸਮੂਹ ਇਲੈਕਟ੍ਰੋਹੋਮਿਓਪੈਥਿਕ ਡਾਕਟਰਾਂ ਨੂੰ ਇਸ ਸਮਾਗਮ ਵਿੱਚ ਭਾਗ ਲੈਣ ਦੀ ਅਪੀਲ ਕੀਤੀ।

## 852 ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਲਈ 17.44 ਕਰੋੜ ਤੋਂ ਵੱਧ ਫੰਡ ਜਾਰੀ : ਬੈਂਸ



**ਚੰਡੀਗੜ੍ਹ (ਗੁਰਜੀਤ ਬਿੱਲਾ)**-ਵਿਦਿਆਰਥੀਆਂ ਲਈ ਸਿੱਖਣ ਦੇ ਮਾਹੌਲ ਨੂੰ ਹੋਰ ਬਿਹਤਰ ਬਣਾਉਣ ਵੱਲ ਅਹਿਮ ਕਦਮ ਚੁੱਕਦਿਆਂ ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਸੂਬੇ ਦੇ 852 ਸਰਕਾਰੀ ਸਕੂਲਾਂ ਵਿੱਚ ਨਵੀਨੀਕਰਨ ਕਾਰਜਾਂ ਵਾਸਤੇ 17.44 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਜਾਰੀ ਕੀਤੀ ਗਈ ਹੈ। ਇਸ ਕਦਮ ਦਾ ਉਦੇਸ਼ ਅਕਾਦਮਿਕ ਵਿਕਾਸ ਲਈ ਵਿਦਿਆਰਥੀਆਂ ਨੂੰ ਉਸਾਰੂ ਅਤੇ ਢੁਕਵਾਂ ਮਾਹੌਲ ਉਪਲੱਬਧ ਕਰਵਾਉਣਾ ਹੈ।ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਵਿਭਾਗ ਨੇ ਰਾਜ ਭਰ ਵਿੱਚ ਫੰਡਾਂ ਦੀ ਬਰਾਬਰ ਵੰਡ ਨੂੰ ਯਕੀਨੀ ਬਣਾਇਆ ਹੈ। ਅੰਮ੍ਰਿਤਸਰ ਨੂੰ 1.58 ਕਰੋੜ ਰੁਪਏ, ਬਰਨਾਲਾ ਨੂੰ 44.64 ਲੱਖ ਰੁਪਏ, ਬਠਿੰਡਾ ਨੂੰ 76.02 ਲੱਖ, ਫਰੀਦਕੋਟ ਨੂੰ 50.31 ਲੱਖ, ਫਤਿਹਗੜ੍ਹ ਸਾਹਿਬ ਨੂੰ 23.22 ਲੱਖ, ਫਾਜ਼ਿਲਕਾ ਨੂੰ 1.13 ਕਰੋੜ ਰੁਪਏ, ਫਿਰੋਜ਼ਪੁਰ ਨੂੰ 40.41 ਲੱਖ, ਗੁਰਦਾਸਪੁਰ ਨੂੰ 1.18 ਕਰੋੜ ਤੋਂ ਵੱਧ, ਹੁਸ਼ਿਆਰਪੁਰ ਨੂੰ 97.44 ਲੱਖ, ਜਲੰਧਰ ਨੂੰ 97.41 ਲੱਖ, ਕਪੂਰਥਲਾ ਨੂੰ 20.52 ਲੱਖ, ਲੁਧਿਆਣਾ ਨੂੰ 1.50 ਕਰੋੜ, ਮਾਲੇਰਕੋਟਲਾ ਨੂੰ 15.75 ਲੱਖ, ਮਾਨਸਾ ਨੂੰ 61.11 ਲੱਖ, ਮੋਗਾ ਨੂੰ 32.74 ਲੱਖ , ਮੁਕਤਸਰ ਨੂੰ 46.47 ਲੱਖ, ਪਠਾਨਕੋਟ ਨੂੰ 37.11 ਲੱਖ ਰੁਪਏ, ਪਟਿਆਲਾ ਨੂੰ 1.50 ਕਰੋੜ ਰੁਪਏ, ਰੂਪਨਗਰ ਨੂੰ 78.14 ਲੱਖ ਰੁਪਏ, ਐੱਸ ਬੀ ਐੱਸ ਨਗਰ ਨੂੰ 25.29 ਲੱਖ, ਸੰਗਰੂਰ ਨੂੰ 2.45 ਕਰੋੜ, ਐੱਸ ਏ ਐੱਸ ਨਗਰ (ਮੁਹਾਲੀ) ਨੂੰ 42.87 ਲੱਖ ਰੁਪਏ ਅਤੇ ਤਰਨ ਤਾਰਨ ਨੂੰ 59.49 ਲੱਖ ਰੁਪਏ ਜਾਰੀ ਕੀਤੇ ਗਏ ਹਨ।ਬੈਂਸ ਨੇ ਸਾਰੇ ਜ਼ਿਲ੍ਹਾ ਸਿੱਖਿਆ ਅਫ਼ਸਰਾਂ (ਸੈਕੰਡਰੀ) ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਇਹ ਰਕਮ ਸਿੱਧੀ ਸੰਬੰਧਤ ਸਕੂਲ ਪ੍ਰਬੰਧਨ ਕਮੇਟੀਆਂ ਦੇ ਬੈਂਕ ਖਾਤਿਆਂ ਵਿੱਚ ਟਰਾਂਸਫਰ ਕਰਨ, ਤਾਂ ਜੋ ਇਸ ਅਮਲ ਵਿੱਚ ਪਾਰਦਰਸ਼ਤਾ ਅਤੇ ਭਾਈਚਾਰਕ ਸ਼ਮੂਲੀਅਤ ਯਕੀਨੀ ਬਣਾਈ ਜਾ ਸਕੇ।

## ਲੋਕ ਸੇਵਾ ਸੋਸਾਇਟੀ ਨੇ ਰਿਕਸ਼ਾ ਚਾਲਕਾਂ ਨੂੰ ਦਸਤਾਨੇ, ਟੋਪੀਆਂ, ਜ਼ੁਰਾਬਾਂ ਤੇ ਰਾਸ਼ਨ ਦਿੱਤਾ



**ਜਗਰਾਉਂ (ਅਮਿਤ ਖੰਨਾ)**-ਜਗਰਾਉਂ ਦੀ ਲੋਕ ਸੇਵਾ ਸੋਸਾਇਟੀ ਵੱਲੋਂ 40 ਰਿਕਸ਼ਾ ਚਾਲਕਾਂ ਨੂੰ ਦਸਤਾਨੇ, ਟੋਪੀਆਂ, ਜ਼ੁਰਾਬਾਂ ਤੇ ਰਾਸ਼ਨ ਦਿੱਤਾ ਗਿਆ। ਅਰੋੜਾ ਪ੍ਰਾਪਰਟੀ ਐਡਵਾਈਜ਼ਰ ਰੇਲਵੇ ਲਿੰਕ ਰੋਡ ਜਗਰਾਉਂ ਦੇ ਦਫ਼ਤਰ ਵਿਖੇ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਮਦਨ ਲਾਲ ਅਰੋੜਾ, ਸੈਕਟਰੀ ਡਾ: ਕੁਲਭੂਸ਼ਨ ਗੁਪਤਾ ਤੇ ਕੈਸ਼ੀਅਰ ਸੁਨੀਲ ਬਜਾਜ ਦੀ ਅਗਵਾਈ ਵਿੱਚ ਸਵਰਗਵਾਸੀ ਅਮਿਤ ਅਰੋੜਾ ਦੀ ਯਾਦ ਵਿੱਚ ਚੇਅਰਮੈਨ ਗੁਲਸ਼ਨ ਅਰੋੜਾ ਦੇ ਪਰਵਾਰ ਵੱਲੋਂ 40 ਰਿਕਸ਼ਾ ਚਾਲਕਾਂ ਨੂੰ ਟੋਪੀਆਂ, ਦਸਤਾਨੇ ਤੇ ਜ਼ੁਰਾਬਾਂ, ਜਦਕਿ ਸੁਸਾਇਟੀ ਵੱਲੋਂ ਸੁੱਕਾ ਰਾਸ਼ਨ ਦਿੱਤਾ ਗਿਆ। ਇਸ ਮੌਕੇ ਸੇਂਟ ਮਹਾਂਪ੍ਰਗਿਆ ਸਕੂਲ ਦੇ ਡਾਇਰੈਕਟਰ ਵਿਸ਼ਾਲ ਜੈਨ ਨੇ ਸੁਸਾਇਟੀ ਵੱਲੋਂ ਕੀਤੇ ਜਾ ਰਹੇ ਕੰਮਾਂ ਦੀ ਸ਼ਲਾਘਾ ਕਰਦਿਆਂ ਜਿੱਥੇ ਸੁਸਾਇਟੀ ਮੈਂਬਰਾਂ ਨੂੰ ਵਧਾਈ ਦਿੱਤੀ, ਉੱਥੇ ਉਨ੍ਹਾਂ ਸੁਸਾਇਟੀ ਦੇ ਸਮਾਜ ਸੇਵੀ ਕੰਮਾਂ ਵਿੱਚ ਹਰ ਸੰਭਵ ਮਦਦ ਕਰਨ ਦਾ ਭਰੋਸਾ ਵੀ ਦਿੱਤਾ। ਇਸ ਮੌਕੇ ਚੇਅਰਮੈਨ ਗੁਲਸ਼ਨ ਅਰੋੜਾ ਤੇ ਪ੍ਰਧਾਨ ਮਦਨ ਲਾਲ ਅਰੋੜਾ ਨੇ ਮੈਂਬਰਾਂ ਦਾ ਧੰਨਵਾਦ ਕਰਦੇ ਕਿਹਾ ਕਿ ਸੁਸਾਇਟੀ ਵੱਲੋਂ ਲਗਾਤਾਰ ਸਮਾਜ ਸੇਵਾ ਦੇ ਕੰਮਾਂ ਨੂੰ ਪਹਿਲ ਦਿੱਤੀ ਜਾਵੇਗੀ ਤੇ ਲੋੜਵੰਦਾਂ ਲਈ ਵੱਧ ਤੋਂ ਵੱਧ ਪ੍ਰੋਜੈਕਟ ਲਗਾਏ ਜਾਣਗੇ।

## ਗਣਤੰਤਰ ਦਿਵਸ ਸਮਾਗਮ ਦੀਆਂ ਤਿਆਰੀਆਂ ਸੰਬੰਧੀ ਮੀਟਿੰਗ



**ਫਿਰੋਜ਼ਪੁਰ (ਗੁਰਬਚਨ ਸਿੰਘ)**-ਗਣਤੰਤਰ ਦਿਵਸ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਫ਼ਿਰੋਜ਼ਪੁਰ ਦੀਆਂ ਹਦਾਇਤਾਂ ਅਨੁਸਾਰ 26 ਜਨਵਰੀ ਨੂੰ ਜ਼ਿਲ੍ਹਾ ਪੱਧਰੀ ਸਮਾਗਮ ਸਥਾਨਕ ਕੰਟੋਨਮੈਂਟ ਸਟੇਡੀਅਮ ਫ਼ਿਰੋਜ਼ਪੁਰ ਛਾਉਣੀ ਵਿੱਚ ਪੂਰੀ ਸ਼ਾਨੋ-ਸ਼ੌਕਤ ਨਾਲ ਕਰਵਾਇਆ ਜਾ ਰਿਹਾ ਹੈ।ਇਸ ਸਮਾਗਮ ਦੀਆਂ ਤਿਆਰੀਆਂ ਸਬੰਧੀ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ) ਫ਼ਿਰੋਜ਼ਪੁਰ ਮੁਨੀਲਾ ਅਰੋੜਾ ਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ) ਡਾ. ਸਤਿੰਦਰ ਸਿੰਘ (ਨੈਸ਼ਨਲ ਅਵਾਰਡੀ) ਵੱਲੋਂ ਵੱਖ-ਵੱਖ ਸਕੂਲਾਂ ਤੇ ਕਾਲਜਾਂ ਦੇ ਪ੍ਰਿੰਸੀਪਲਾਂ ਤੇ ਅਧਿਆਪਕਾਂ ਨਾਲ ਇਕ ਅਹਿਮ ਮੀਟਿੰਗ ਕੀਤੀ ਗਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਸਿੱਖਿਆ ਅਫ਼ਸਰ ਮੁਨੀਲਾ ਅਰੋੜਾ ਨੇ ਕਿਹਾ ਕਿ ਦੇਸ਼ ਦੇ ਇਸ ਕੌਮੀ ਤਿਉਹਾਰ ਨੂੰ ਪੂਰਨ ਮਰਿਆਦਾ, ਅਨੁਸ਼ਾਸਨ ਤੇ ਉਤਸ਼ਾਹ ਨਾਲ ਮਨਾਉਣ ਲਈ ਯੋਜਨਾਬੰਦੀ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਭਾਗੀਦਾਰੀ ਨਾਲ ਸਮਾਗਮ ਨੂੰ ਯਾਦਗਾਰ ਬਣਾਉਣਾ ਸਾਡੀ ਪਹਿਲੀ ਤਰਜੀਹ ਹੈ। ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਸਤਿੰਦਰ ਸਿੰਘ ਨੇ ਕਿਹਾ ਕਿ ਵੱਖ-ਵੱਖ ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਭੰਗੜਾ, ਗਿੱਧਾ, ਕੋਰੀਓਗ੍ਰਾਫੀ ਆਦਿ ਸੱਭਿਆਚਾਰਕ ਗਤੀਵਿਧੀਆਂ ਪੇਸ਼ਕਾਰੀਆਂ ਦੀਆਂ ਡਿਊਟੀਆਂ ਲਗਾਈਆਂ ਹਨ।ਮੀਟਿੰਗ ਵਿੱਚ ਸੱਭਿਆਚਾਰਕ ਗਤੀਵਿਧੀਆਂ ਦੇ ਕੋਆਰਡੀਨੇਟਰ ਰਵੀ ਇੰਦਰ ਸਿੰਘ (ਸਟੇਟ ਅਵਾਰਡੀ), ਈਸ਼ਵਰ ਸ਼ਰਮਾ ਤੇ ਸਰਬਜੀਤ ਸਿੰਘ ਭਾਵੜਾ, ਨਵਿੰਦਰ ਕੁਮਾਰ, ਅਕਸ਼ ਕੁਮਾਰ, ਸੁਖਚੈਨ ਸਿੰਘ ਸਟੈਨੋ, ਪਵਨ ਮਦਾਨ ਹਾਜ਼ਰ ਸਨ।

## ਮੇਲਾ ਮਾਘੀ ਤੇ 26 ਜਨਵਰੀ ਨੂੰ ਮੁੱਖ ਰੱਖਦਿਆਂ ਵਿਸ਼ੇਸ਼ ਚੈਕਿੰਗ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਪੂਜਾ)**-ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸ੍ਰੀ ਅਭਿਮੰਨਿਊ ਰਾਣਾ, ਆਈ.ਪੀ.ਐਸ., ਐਸ.ਐਸ.ਪੀ. ਵੱਲੋਂ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਨਸ਼ਾ ਤਸਕਰਾਂ ਖਿਲਾਫ਼ ਸਖ਼ਤ ਕਾਰਵਾਈ ਦੇ ਸਿਲਸਿਲੇ ਨੂੰ ਜਾਰੀ ਰੱਖਦਿਆਂ ਮੇਲਾ ਮਾਘੀ ਤੇ 26 ਜਨਵਰੀ ਦੇ ਮੱਦੇਨਜ਼ਰ ਸ਼ਰਾਰਤੀ ਅਨਸਰਾਂ ਅਤੇ ਨਸ਼ਾ ਤਸਕਰਾਂ ਨੂੰ ਨੱਥ ਪਾਉਣ ਲਈ ਜ਼ਿਲ੍ਹੇ ਭਰ ਦੇ ਬੱਸ ਸਟੈਂਡ ਤੇ ਵਿਸ਼ੇਸ਼ ਸਰਚ ਓਪਰੇਸ਼ਨ ਚਲਾਇਆ ਗਿਆ।ਇਹ ਸਰਚ ਅਭਿਆਨ ਸ੍ਰੀ ਅਭਿਮੰਨਿਊ ਰਾਣਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜ਼ਿਲ੍ਹੇ ਦੀਆਂ ਚਾਰਾਂ ਸਬ-ਡਵੀਜ਼ਨਾਂ ਸ੍ਰੀ ਮੁਕਤਸਰ ਸਾਹਿਬ, ਮਲੋਟ, ਗਿੱਦੜਬਾਹਾ ਅਤੇ ਲੰਬੀ ਵਿੱਚ ਸਥਿਤ ਬੱਸ ਸਟੈਂਡਾਂ ਅਤੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਚਲਾਇਆ ਗਿਆ।ਐਸ.ਐਸ.ਪੀ. ਦੀ ਅਗਵਾਈ ਹੇਠ ਸ੍ਰੀ ਬਚਨ ਸਿੰਘ ਡੀ.ਐਸ.ਪੀ. (ਸ੍ਰੀ ਮੁਕਤਸਰ ਸਾਹਿਬ), ਸ੍ਰੀ ਅੰਗਰੇਜ਼ ਸਿੰਘ ਡੀ.ਐਸ.ਪੀ. (ਮਲੋਟ), ਸ੍ਰੀ ਰਸ਼ਪਾਲ ਸਿੰਘ ਡੀ.ਐਸ.ਪੀ. (ਗਿੱਦੜਬਾਹਾ) ਤੇ ਸ੍ਰੀ ਹਰਜੀਤ ਸਿੰਘ ਡੀ.ਐਸ.ਪੀ. (ਲੰਬੀ) ਵੱਲੋਂ ਪੁਲਿਸ ਕਰਮਚਾਰੀਆਂ ਸਮੇਤ ਆਪਣੀ-ਆਪਣੀ ਸਬ-ਡਿਵੀਜ਼ਨ ਦੇ ਬੱਸ ਸਟੈਂਡਾਂ 'ਤੇ ਵਿਸਤ੍ਰਿਤ ਸਰਚ ਓਪਰੇਸ਼ਨ ਕੀਤਾ ਗਿਆ।

# ਜਨਤਕ ਜਮਹੂਰੀ ਜਥੇਬੰਦੀਆਂ ਨੇ ਵੈਨੇਜ਼ੂਏਲਾ 'ਤੇ ਹਮਲੇ ਖ਼ਿਲਾਫ਼ ਟਰੰਪ ਦਾ ਪੁਤਲਾ ਫੂਕਿਆ



**ਨਾਭਾ (ਵਰਿੰਦਰ ਵਰਮਾ)**-ਅਮਰੀਕਾ ਫੌਜ ਵੱਲੋਂ ਵੈਨੇਜ਼ੂਏਲਾ ਦੇ ਲੋਕਤਾਂਤਰਿਕ ਤੌਰ 'ਤੇ ਚੁਣੇ ਗਏ ਰਾਸ਼ਟਰਪਤੀ ਨੂੰ ਅਗਵਾਹ ਕਰਨ ਦੀ ਸਾਜ਼ਿਸ਼ ਤੇ ਵੈਨੇਜ਼ੂਏਲਾ ਦੀ ਪ੍ਰਭੂਸੱਤਾ 'ਤੇ ਸਿੱਧੇ ਹਮਲੇ ਖ਼ਿਲਾਫ਼ ਬੌੜਾਂ ਗੇਟ ਨਾਭਾ ਵਿਖੇ ਜਨਤਕ ਜਮਹੂਰੀ ਜਥੇਬੰਦੀਆਂ ਵੱਲੋਂ ਭਾਰੀ ਰੋਸ ਪ੍ਰਦਰਸ਼ਨ ਕੀਤਾ ਗਿਆ।ਪ੍ਰਦਰਸ਼ਨ ਦੌਰਾਨ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਦਾ ਪੁਤਲਾ ਫੂਕ ਕੇ ਅਮਰੀਕੀ ਸਾਮਰਾਜਵਾਦੀ ਨੀਤੀਆਂ ਤੇ ਫੌਜੀ ਦਹਿਸ਼ਤਗਰਦੀ ਦੀ ਸਖ਼ਤ ਨਿੰਦਾ ਕੀਤੀ ਗਈ।ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦੇ ਹੋਏ ਪੰਜਾਬ ਸਟੂਡੈਂਟਸ ਯੂਨੀਅਨ ਤੋਂ ਗੁਰਧਿਆਨ ਸਿੰਘ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਤੋਂ ਧਰਮਵੀਰ ਹਰੀਗੜ੍ਹ, ਡੈਮੋਕ੍ਰੇਟਿਕ ਟੀਚਰ ਫਰੰਟ ਤੋਂ ਰਾਮਸਰਨ, ਟੈਕਨੀਕਲ ਸਰਵਿਸ ਯੂਨੀਅਨ ਤੋਂ ਗੁਰਚਰਨ ਸਿੰਘ ਤੇ ਇਸਤਰੀ ਜਾਗ੍ਰਿਤੀ ਮੰਚ ਤੋਂ ਅਮਨ ਦਿਓਲ ਨੇ ਕਿਹਾ ਕਿ ਅਮਰੀਕਾ ਆਪਣੀਆਂ ਸਾਮਰਾਜੀ ਤੇ ਲੋਟੂ ਨੀਤੀਆਂ ਨੂੰ ਲਾਗੂ ਕਰਨ ਲਈ ਦੁਨੀਆ ਦੇ ਕਈ ਦੇਸ਼ਾਂ ਵਿੱਚ ਫੌਜੀ ਹਮਲੇ, ਤਖ਼ਤਾ ਪਲਟ, ਅਗਵਾਹੀਆਂ ਤੇ ਆਰਥਿਕ ਨਾਕਾਬੰਦੀਆਂ ਵਰਗੇ ਹਥਕੰਡੇ ਵਰਤਦਾ ਆ ਰਿਹਾ ਹੈ।ਵੈਨੇਜ਼ੂਏਲਾ ਵਿੱਚ ਚੱਲ ਰਹੀ ਦਖ਼ਲਅੰਦਾਜ਼ੀ ਇਸੀ ਲੜੀ ਦੀ ਇੱਕ ਹੋਰ ਕੜੀ ਹੈ, ਜਿਸ ਦਾ ਮਕਸਦ ਉੱਥੋਂ ਦੇ ਤੇਲ, ਕੁਦਰਤੀ ਸਰੋਤਾਂ ਤੇ ਲੋਕਤੰਤਰਿਕ ਹੱਕਾਂ 'ਤੇ ਕਬਜ਼ਾ ਕਰਨਾ ਹੈ।ਵੈਨੇਜ਼ੂਏਲਾ ਦੇ ਰਾਸ਼ਟਰਪਤੀ ਨੂੰ ਅਗਵਾ ਕਰਨ ਦੀ ਕੋਸ਼ਿਸ਼ ਸਿਰਫ਼ ਇੱਕ ਵਿਅਕਤੀ 'ਤੇ ਹਮਲਾ ਨਹੀਂ, ਸਗੋਂ ਪੂਰੇ ਵੈਨੇਜ਼ੂਏਲੀਆਈ ਲੋਕਾਂ ਦੀ ਆਜ਼ਾਦੀ ਤੇ ਆਤਮਨਿਰਭਰਤਾ 'ਤੇ ਹਮਲਾ ਹੈ ਅਤੇ ਮਨੁੱਖੀ ਅਧਿਕਾਰਾਂ ਦੀ ਖੁੱਲ੍ਹੀ ਉਲੰਘਣਾ ਹੈ। ਆਗੂਆਂ ਨੇ ਕਿਹਾ ਕਿ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਦੀ ਅਗਵਾਈ ਹੇਠ ਅਮਰੀਕਾ ਦੁਨੀਆ ਨੂੰ ਜੰਗਾਂ, ਨਫ਼ਰਤ ਤੇ ਅਸਥਿਰਤਾ ਵੱਲ ਧੱਕ ਰਿਹਾ ਹੈ।ਵੈਨੇਜ਼ੂਏਲਾ ਦੇ ਨਾਲ ਨਾਲ ਫਿਲੀਸਤਿਨ, ਕਿਊਬਾ, ਯੂਕਰੇਨ, ਇਰਾਨ, ਅਫਗਾਨਿਸਤਾਨ ਤੇ ਹੋਰ ਕਈ ਦੇਸ਼ਾਂ ਵਿੱਚ ਅਮਰੀਕੀ ਦਖ਼ਲ ਅੰਦਾਜ਼ੀ ਨੇ ਕਰੋੜਾਂ ਲੋਕਾਂ ਦੀ ਜ਼ਿੰਦਗੀ ਤਬਾਹ ਕੀਤੀ ਹੈ।ਦੁਨੀਆ ਦੇ ਲੋਕਾਂ ਲਈ ਜ਼ਰੂਰੀ ਹੈ ਕਿ ਉਹ ਅਮਰੀਕੀ ਸਾਮਰਾਜਵਾਦ ਖ਼ਿਲਾਫ਼ ਇਕਜੁੱਟ ਹੋਣ।ਆਗੂਆਂ ਨੇ ਭਾਰਤ ਸਰਕਾਰ ਨੂੰ ਵੀ ਕਟਹਿਰੇ ਵਿੱਚ ਖੜ੍ਹਾ ਕਰਦਿਆਂ ਕਿਹਾ ਕਿ ਭਾਰਤ ਨੂੰ ਅਮਰੀਕੀ ਦਬਾਅ ਅੱਗੇ ਝੁਕਣ ਦੀ ਬਜਾਏ ਆਜ਼ਾਦ ਵਿਦੇਸ਼ ਨੀਤੀ ਅਪਣਾਉਣੀ ਚਾਹੀਦੀ ਹੈ ਤੇ ਵੈਨੇਜ਼ੂਏਲਾ ਦੀ ਪ੍ਰਭੂਸੱਤਾ ਦਾ ਖੁੱਲ੍ਹਾ ਸਮਰਥਨ ਕਰਨਾ ਚਾਹੀਦਾ ਹੈ।

## ਪੰਜਾਬੀ ਸਾਹਿਤ ਸਭਾ ਬਠਿੰਡਾ ਦਾ ਸਲਾਹਕਾਰ ਬੋਰਡ ਤੇ ਕਾਰਜਕਾਰੀ ਕਮੇਟੀ ਨਿਯੁਕਤ

**ਬਠਿੰਡਾ (ਬਖਤੌਰ ਢਿੱਲੋਂ)**-ਪੰਜਾਬੀ ਸਾਹਿਤ ਸਭਾ ਬਠਿੰਡਾ ਦੇ ਨਵ-ਨਿਯੁਕਤ ਅਹੁਦੇਦਾਰਾਂ ਦੀ ਵਿਸ਼ੇਸ਼ ਮੀਟਿੰਗ ਸਥਾਨਕ ਟੀਚਰਜ਼ ਹੋਮ ਵਿਖੇ ਸਭਾ ਦੇ ਪ੍ਰਧਾਨ ਸ੍ਰੀ ਜਸਪਾਲ ਮਾਨਖੇੜਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਵੈਨੇਜ਼ੂਏਲਾ ਵਿੱਚ ਹੋਏ ਘਟਨਾਕ੍ਰਮ ਤੇ ਬੰਗਲਾਦੇਸ਼ ਵਿੱਚ ਇੱਕ ਫਿਰਕੇ ਦੇ ਲੋਕਾਂ ਦੀਆਂ ਹੱਤਿਆਵਾਂ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ। ਇਸ ਉਪਰੰਤ ਦੋ ਸਾਲਾਂ ਲਈ ਸਾਹਿਤ ਸਭਾ ਦੇ ਸਲਾਹਕਾਰ ਬੋਰਡ ਤੇ ਕਾਰਜਕਾਰਨੀ ਕਮੇਟੀ ਦੀ ਨਿਯੁਕਤੀ ਕੀਤੀ ਗਈ। ਸਭਾ ਦੇ ਜਨਰਲ ਸਕੱਤਰ ਸ੍ਰੀ ਰਣਜੀਤ ਗੌਰਵ ਤੇ ਪ੍ਰੈੱਸ ਸਕੱਤਰ ਸ੍ਰੀ ਅਮਨ ਦਾਤੇਵਾਸ ਨੇ ਜਾਣਕਾਰੀ ਦਿੱਤੀ ਕਿ ਸਲਾਹਕਾਰ ਬੋਰਡ ਵਿੱਚ ਸਭਾ ਦੇ ਸੀਨੀਅਰ ਮੈਂਬਰਾਂ ਸਰਵਸ੍ਰੀ ਅਮਰਜੀਤ ਸਿੰਘ ਸਿੱਧੂ ਸੇਵਾਮੁਕਤ ਪ੍ਰਿੰਸੀਪਲ, ਹਰਬੰਸ ਸਿੰਘ ਬਰਾੜ ਕੇਸਰ ਸਿੰਘ ਵਾਲਾ, ਅਮਰ ਸਿੰਘ ਸਿੱਧੂ ਲੇਖਕ ਤੇ ਫਿਲਮਕਾਰ, ਪਵਨ ਕੁਮਾਰ ਜਿੰਦਲ ਆਗੂ ਬੈਂਕ ਇੰਪਲਾਈਜ਼ ਤੇ ਗੋਪਾਲ ਸਿੰਘ ਸੇਵਾਮੁਕਤ ਪੀ ਸੀ ਐੱਸ ਨੂੰ ਸ਼ਾਮਲ ਕੀਤਾ ਗਿਆ। ਇਸੇ ਤਰ੍ਹਾਂ ਕਾਰਜਕਾਰੀ ਕਮੇਟੀ ਵਿੱਚ ਸਰਵਸ੍ਰੀ ਰਣਬੀਰ ਰਾਣਾ, ਦਮਜੀਤ ਦਰਸ਼ਨ, ਲਛਮਣ ਮਲੂਕਾ, ਡਾ: ਰਵਿੰਦਰ ਸਿੰਘ ਸੰਧੂ, ਭੋਲਾ ਸਿੰਘ ਸ਼ਮੀਰੀਆ, ਜਸਵਿੰਦਰ ਜਸ ਤੇ ਕਮਲ ਬਠਿੰਡਾ ਨੂੰ ਸ਼ਾਮਲ ਕੀਤਾ ਗਿਆ।

## ਅੱਜ-ਨਾਮਾ

ਮੁੱਦਾ ਰੋਟੀ ਦਾ ਓਦੋਂ ਨਹੀਂ ਯਾਦ ਰਹਿੰਦਾ,
ਮੱਦ ਜਜ਼ਬਾਤ ਦੀ ਪੈਂਦੀ ਜਦ ਉੱਠ ਬੇਲੀ।
ਮਰਜ਼ੀ ਮੁਤਾਬਕ ਹਨ ਬੋਲਦੇ ਆਪ ਸਾਰੇ,
ਬੋਲਦੇ ਚਾੜ੍ਹ ਫਿਰ ਜ਼ਹਿਰ ਦੀ ਪੁੱਠ ਬੇਲੀ।
ਕਈਆਂ ਕਿਸਮਾਂ ਦੇ ਖਾਤੇ ਨੂੰ ਫੋਲ ਛੱਡਣ,
ਛੱਡਦੇ ਕੋਈ ਨਹੀਂ ਨੁੱਕਰ ਜਾਂ ਗੁੱਠ ਬੇਲੀ।
ਖਿਲਾਰਾ ਪੈਂਦਾ ਤਾਂ ਕਦੇ ਨਹੀਂ ਫੇਰ ਰੁਕਦਾ,
ਜਦੋਂ ਵੀ ਜਾਂਦੀ ਕੋਈ ਖੁੱਲ੍ਹ ਆ ਮੁੱਠ ਬੇਲੀ।
ਬਣਿਆ ਇਹੋ ਜਿਹਾ ਓਥੇ ਕੁਝ ਹਾਲ ਹੁੰਦਾ,
ਹਰ ਕੋਈ ਦੂਜਿਆਂ ਤੋਂ ਵਧਵਾਂ ਬੋਲਦਾ ਈ।
ਸਿਰ ਨੂੰ ਵਰਤਣ ਦਾ ਆਦੀ ਜੇ ਹੋਏ ਬੰਦਾ,
ਰਹਿੰਦਾ ਹਾਲਾਤ ਨੂੰ ਪਰਖਦਾ-ਤੋਲਦਾ ਈ।

-ਤੀਸ ਮਾਰ ਖਾਂ

## ਹਲਕਾਅ ਤੋਂ ਬਚਾਅ ਲਈ ਕੁੱਤਿਆਂ ਨੂੰ ਕੀਤਾ ਮੁਫ਼ਤ ਟੀਕਾਕਰਨ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪੂਜਾ)**-ਡੀ ਸੀ ਤੇ ਚੇਅਰਮੈਨ ਸੁਸਾਇਟੀ ਫਾਰ ਪ੍ਰੀਵੈਨਸ਼ਨ ਆਫ ਕਰੂਐਲਿਟੀ ਟੂ ਐਨੀਮਲਜ ਅਭੀਜੀਤ ਕਪਿਲੇਸ਼ ਆਈ.ਏ.ਐੱਸ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਡਾ. ਗੁਰਦਿੱਤ ਸਿੰਘ ਔਲਖ ਦੀ ਅਗਵਾਈ ਹੇਠ ਸਿਵਲ ਪਸ਼ੂ ਹਸਪਤਾਲ ਹਰੀਕੇ ਕਲਾਂ ਵਿਖੇ ਹਲਕਾਅ ਤੋਂ ਬਚਾਅ ਲਈ ਕੁੱਤਿਆਂ ਨੂੰ ਮੁਫਤ ਟੀਕਾਕਰਨ ਕੀਤਾ ਗਿਆ।ਕੈਂਪ ਵਿੱਚ ਡਾ ਪ੍ਰਸ਼ੋਤਮ ਕੁਮਾਰ ਵੈਟਨਰੀ ਅਫਸਰ ਹਰੀਕੇ ਕਲਾਂ ਨੇ 50 ਕੁੱਤਿਆਂ ਦਾ ਹਲਕਾਅ ਤੋਂ ਬਚਾਅ ਲਈ ਮੁਫਤ ਟੀਕਾਕਰਨ ਕੀਤਾ।ਉਨ੍ਹਾਂ ਦੱਸਿਆ ਕਿ 30 ਦੇ ਲਗਭਗ ਕੁੱਤਿਆਂ ਦੀਆਂ ਬਿਮਾਰੀਆਂ ਤੋਂ ਬਚਾਅ ਲਈ ਵੀ ਇਲਾਜ ਕੀਤਾ ਗਿਆ।ਉਨ੍ਹਾਂ ਕਿਹਾ ਕਿ ਇਸਦਾ ਲਗਭਗ 41 ਕੁਤੇ ਪਾਲਕਾਂ ਦੁਆਰਾ ਲਾਭ ਲਿਆ ਗਿਆ।ਕੈਂਪ ਵਿੱਚ ਵੈਟਨਰੀ ਫਾਰਮਾਸਿਸਟ ਰਵਿੰਦਰ ਕੁਮਾਰ ਤੇ ਠਾਣਾ ਸਿੰਘ ਦਰਜਾ ਚਾਰ ਨੇ ਸਹਿਯੋਗ ਦਿੱਤਾ।

## ਲੋਕਤੰਤਰਕ ਤਾਕਤਾਂ ਵੱਲੋਂ ਝੂਠੇ ਪਰਚਿਆਂ ਖ਼ਿਲਾਫ਼ ਰੋਸ ਰੈਲੀ ਤੇ ਮੁਜ਼ਾਹਰੇ ਦਾ ਐਲਾਨ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਸੱਚ ਬੋਲਣ ਵਾਲੀ ਪੱਤਰਕਾਰਤਾ ਤੇ ਲੋਕਪੱਖੀ ਅਵਾਜ਼ਾਂ ਨੂੰ ਦਬਾਉਣ ਦੀ ਨੀਅਤ ਨਾਲ ਪੱਤਰਕਾਰ ਮਨਿੰਦਰਜੀਤ ਸਿੱਧੂ, ਮਿੰਟੂ ਗੁਰੂਸਰੀਆ, ਮਨਦੀਪ ਮੱਕੜ ਤੇ ਆਰ.ਟੀ.ਆਈ. ਐਕਟਿਵਿਸਟ ਮਾਨਿਕ ਗੋਇਲ ਸਮੇਤ 10 ਲੋਕਾਂ ਉੱਤੇ ਦਰਜ ਕੀਤੇ ਗਏ ਝੂਠੇ ਪਰਚਿਆਂ ਦੇ ਵਿਰੋਧ ਵਿੱਚ ਲੋਕਤੰਤਰਕ ਤਾਕਤਾਂ ਵੱਲੋਂ ਰੋਸ ਰੈਲੀ ਤੇ ਮੁਜ਼ਾਹਰੇ ਦਾ ਐਲਾਨ ਕੀਤਾ ਗਿਆ ਹੈ।ਇਨ੍ਹਾਂ ਪਰਚਿਆਂ ਨੂੰ ਲੋਕਤੰਤਰਕ ਅਧਿਕਾਰਾਂ ਉੱਤੇ ਸਿੱਧਾ ਹਮਲਾ ਕਰਾਰ ਦਿੰਦਿਆਂ ਇਨ੍ਹਾਂ ਦੀ ਤੁਰੰਤ ਰੱਦਗੀ ਦੀ ਮੰਗ ਕੀਤੀ ਗਈ।ਇਨ੍ਹਾਂ ਝੂਠੇ ਪਰਚਿਆਂ ਨੂੰ ਰੱਦ ਕਰਵਾਉਣ ਤੇ ਸੰਵਿਧਾਨ ਪ੍ਰਦੱਤ ਬੋਲਣ ਤੇ ਪ੍ਰਗਟਾਵੇ ਦੀ ਆਜ਼ਾਦੀ ਦੀ ਰਾਖੀ ਲਈ ਬਣੀ ਕੋਰ ਕਮੇਟੀ ਦੀ ਅਗਵਾਈ ਹੇਠ ਟੀਚਰਜ਼ ਹੋਮ, ਬਠਿੰਡਾ ਵਿਖੇ ਕਿਸਾਨ, ਮਜ਼ਦੂਰ, ਨੌਜਵਾਨ, ਵਿਦਿਆਰਥੀ, ਮੁਲਾਜ਼ਮ ਤੇ ਪੱਤਰਕਾਰ ਜਥੇਬੰਦੀਆਂ ਦੀ ਇਕ ਵਿਸ਼ਾਲ ਸਾਂਝੀ ਮੀਟਿੰਗ ਕੀਤੀ ਗਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਜਨਤਕ ਜਥੇਬੰਦੀਆਂ ਦੇ ਆਗੂਆਂ ਤੇ ਪੱਤਰਕਾਰਾਂ ਨੇ ਸ਼ਮੂਲੀਅਤ ਕੀਤੀ।

ਮੀਟਿੰਗ ਦੌਰਾਨ ਬੁਲਾਰਿਆਂ ਨੇ ਕਿਹਾ ਕਿ ਸਰਕਾਰ ਤੇ ਪ੍ਰਸ਼ਾਸਨ ਵੱਲੋਂ ਸੱਚ ਉਘਾੜਨ ਵਾਲੇ ਪੱਤਰਕਾਰਾਂ ਤੇ ਲੋਕਪੱਖੀ ਕਾਰਕੁਨਾਂ ਖ਼ਿਲਾਫ਼ ਝੂਠੇ ਪਰਚੇ ਦਰਜ ਕਰਨਾ ਇਕ ਬਹੁਤ ਹੀ ਖ਼ਤਰਨਾਕ ਰੁਝਾਨ ਹੈ, ਜੋ ਲੋਕਤੰਤਰ ਦੇ ਮੂਲ ਅਸੂਲਾਂ ਨੂੰ ਖੋਖਲਾ ਕਰਦਾ ਹੈ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇ ਅੱਜ ਪੱਤਰਕਾਰਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ ਤਾਂ ਕੱਲ੍ਹ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਤੇ ਵਿਦਿਆਰਥੀਆਂ ਦੀਆਂ ਸੰਘਰਸ਼ੀ ਲਹਿਰਾਂ ਨੂੰ ਵੀ ਦਬਾਉਣ ਦੀ ਕੋਸ਼ਿਸ਼ ਕੀਤੀ ਜਾਵੇਗੀ।ਹਾਜ਼ਰ ਜਥੇਬੰਦੀਆਂ ਨੇ ਇਕਸੁਰ ਹੋ ਕੇ ਐਲਾਨ ਕੀਤਾ ਕਿ ਲੋਕਾਂ ਦੀ ਆਵਾਜ਼ ਨੂੰ ਦਬਾਉਣ ਦੀ ਹਰ ਕੋਸ਼ਿਸ਼ ਦਾ ਸੜਕਾਂ 'ਤੇ ਉੱਤਰ ਕੇ ਮੂੰਹ-ਤੋੜ ਜਵਾਬ ਦਿੱਤਾ ਜਾਵੇਗਾ ਅਤੇ ਇਹ ਮਸਲਾ ਕੇਵਲ ਕੁਝ ਵਿਅਕਤੀਆਂ ਦਾ ਨਹੀਂ, ਸਗੋਂ ਸਮੂਹ ਲੋਕਤੰਤਰਕ ਤਾਕਤਾਂ ਦਾ ਸਾਂਝਾ ਸੰਘਰਸ਼ ਹੈ।ਮੀਟਿੰਗ ਵਿੱਚ ਸਹਿਮਤੀ ਨਾਲ ਇੱਕ ਵਿਸ਼ਾਲ ਐਕਸ਼ਨ ਕਮੇਟੀ ਦਾ ਗਠਨ ਵੀ ਕੀਤਾ ਗਿਆ, ਜਿਸ ਵਿੱਚ ਹਰੇਕ ਜਨਤਕ ਜਥੇਬੰਦੀ ਵੱਲੋਂ ਇੱਕ-ਇੱਕ ਅਹੁਦੇਦਾਰ ਨੂੰ ਸ਼ਾਮਲ ਕੀਤਾ ਗਿਆ ਹੈ, ਤਾਂ ਜੋ ਸੰਘਰਸ਼ ਨੂੰ ਸੁਚੱਜੇ ਤੇ ਸੰਗਠਿਤ ਢੰਗ ਨਾਲ ਰਾਜ ਪੱਧਰ 'ਤੇ ਅੱਗੇ ਵਧਾਇਆ ਜਾ ਸਕੇ।ਮੀਟਿੰਗ ਦੌਰਾਨ ਇਹ ਐਲਾਨ ਵੀ ਕੀਤਾ ਗਿਆ ਕਿ 24 ਜਨਵਰੀ ਨੂੰ ਬਠਿੰਡਾ ਦੇ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਝੂਠੇ ਪਰਚਿਆਂ ਦੇ ਵਿਰੋਧ ਤੇ ਬੋਲਣ ਦੀ ਆਜ਼ਾਦੀ ਦੀ ਰਾਖੀ ਲਈ ਇੱਕ ਵਿਸ਼ਾਲ ਰੋਸ ਰੈਲੀ ਤੇ ਮੁਜ਼ਾਹਰਾ ਕੀਤਾ ਜਾਵੇਗਾ। ਮੀਟਿੰਗ ਵਿੱਚ ਕਿਰਤੀ ਕਿਸਾਨ ਯੂਨੀਅਨ, ਪੰਜਾਬ ਕਿਸਾਨ ਯੂਨੀਅਨ, ਭਾਰਤੀ ਕਿਸਾਨ ਯੂਨੀਅਨ (ਉਗਰਾਹਾਂ), ਨੌਜਵਾਨ ਭਾਰਤ ਸਭਾ, ਪੀਐੱਸਯੂ ਲਲਕਾਰ, ਪੀਐੱਸਯੂ ਸ਼ਹੀਦ ਰੰਧਾਵਾ, ਕ੍ਰਾਂਤੀਕਾਰੀ ਬੀਕੇਯੂ, ਕੁੱਲ ਹਿੰਦ ਕਿਸਾਨ ਸਭਾ (ਪੰਜਾਬ), ਦਿਹਾਤੀ ਮਜ਼ਦੂਰ ਸਭਾ, ਮਜ਼ਦੂਰ ਮੁਕਤੀ ਮੋਰਚਾ (ਅਜ਼ਾਦ), ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ, ਬੇਰੁਜ਼ਗਾਰ ਸਾਂਝਾ ਮੋਰਚਾ, ਡੀਟੀਐੱਫ ਦਿਗਵਿਜੇ, ਟੈਕਨੀਕਲ ਸਰਵਿਸ ਯੂਨੀਅਨ, ਕੰਪਿਊਟਰ ਅਧਿਆਪਕ ਸੰਘਰਸ਼ ਕਮੇਟੀ, ਅਧਿਆਪਕ ਦਲ, ਮੈਰੀਟੋਰੀਅਸ ਟੀਚਰ ਯੂਨੀਅਨ ਪੰਜਾਬ, ਪ੍ਰੋਫੈਸਰ ਲਾਇਬ੍ਰੇਰੀਅਨ ਫਰੰਟ, ਪੰਜਾਬ ਸਟੂਡੈਂਟ ਯੂਨੀਅਨ, ਜਮਹੂਰੀ ਅਧਿਕਾਰ ਸਭਾ, ਲੋਕ ਅਧਿਕਾਰ ਲਹਿਰ, ਪੰਜਾਬ ਰੋਡਵੇਜ਼ ਕੋਟਕਪੂਰਾ ਵਰਕਰ ਯੂਨੀਅਨ, ਮੈਡੀਕਲ ਪੀ ਸੀ ਐੱਮ ਐੱਸ ਆਰ ਯੂ, ਸਾਬਕਾ ਸੈਨਿਕ ਕ੍ਰਾਂਤੀਕਾਰੀ ਯੂਨੀਅਨ, ਪੰਜਾਬ ਗਵਰਨਮੈਂਟ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ, ਪੱਤਰਕਾਰ ਏਕਤਾ ਫਰੰਟ, ਪੰਜਾਬ-ਚੰਡੀਗੜ੍ਹ ਪ੍ਰੈੱਸ ਯੂਨੀਅਨ, ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ, ਪ੍ਰੈੱਸ ਕਲੱਬ ਮਾਨਸਾ, ਪ੍ਰੈੱਸ ਕਲੱਬ ਤਲਵੰਡੀ ਸਾਬੋ, ਭਾਰਤੀ ਸਾਹਿਤ ਅਕੈਡਮੀ ਸਮੇਤ ਹੋਰ ਅਨੇਕਾਂ ਜਥੇਬੰਦੀਆਂ ਨੇ ਸ਼ਮੂਲੀਅਤ ਕੀਤੀ।

# ਮਲੋਟ ਵਿਖੇ ਰਾਜ ਪੱਧਰੀ ਪੋਸ਼ਣ ਜਾਗਰੂਕਤਾ ਤੇ ਸਮਰਥਾ ਵਿਕਾਸ ਸਮਾਗਮ

### ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਮੁੱਖ ਮਹਿਮਾਨ ਵਜੋਂ ਹੋਏ ਸ਼ਾਮਲ



**ਮਲੋਟ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**
ਪੰਜਾਬ ਸਰਕਾਰ ਵੱਲੋਂ ਬੱਚਿਆਂ ਦੇ ਸਰਵਾਂਗੀਣ ਵਿਕਾਸ ਨੂੰ ਯਕੀਨੀ ਬਣਾਉਣ ਲਈ ਅਰਲੀ ਚਾਇਲਡਹੁੱਡ ਕੇਅਰ ਐਂਡ ਐਜੂਕੇਸ਼ਨ (ਈ ਸੀ ਸੀ ਈ) ਤੇ ਸਮੱਗਰੀਕ ਪੋਸ਼ਣ ਯੋਜਨਾ (ਪੋਸ਼ਣ ਅਭਿਆਨ) ਦੇ ਤਹਿਤ ਸੂਬਾ ਤੇ ਰਾਜ ਪੱਧਰ 'ਤੇ ਵਿਸ਼ਾਲ ਪੱਧਰੀ ਸਮਰਥਾ ਵਿਕਾਸ ਤੇ ਜਾਗਰੂਕਤਾ ਪ੍ਰੋਗਰਾਮ ਅਮਲ ਵਿੱਚ ਲਿਆਂਦੇ ਜਾ ਰਹੇ ਹਨ।ਇਸੇ ਕੜੀ ਹੇਠ ਅੱਜ ਮਲੋਟ ਵਿਖੇ ਪੋਸ਼ਣ ਅਭਿਆਨ ਦੇ ਅਧੀਨ ਰਾਜ ਪੱਧਰੀ ਪੋਸ਼ਣ ਜਾਗਰੂਕਤਾ ਤੇ ਸਮਰਥਾ ਵਿਕਾਸ ਸਮਾਗਮ ਕੀਤਾ ਗਿਆ, ਜਿਸ ਵਿੱਚ ਪੰਜਾਬ ਦੇ ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਸ਼ਿਰਕਤ ਕੀਤੀ।ਇਹ ਸਮਾਗਮ ਪੋਸ਼ਣ ਬੀ ਪੜ੍ਹਾਈ ਬੀ ਟ੍ਰੇਨਿੰਗ ਪ੍ਰੋਗਰਾਮ ਤਹਿਤ ਕਰਵਾਇਆ ਗਿਆ, ਜਿਸ ਦਾ ਮੁੱਖ ਉਦੇਸ਼ ਜ਼ਮੀਨੀ ਪੱਧਰ 'ਤੇ ਕੰਮ ਕਰ ਰਹੇ ਕਰਮਚਾਰੀਆਂ ਦੀ ਸਮਰਥਾ ਨੂੰ ਮਜ਼ਬੂਤ ਕਰਨਾ ਤੇ ਪੋਸ਼ਣ ਸੰਬੰਧੀ ਯੋਜਨਾਵਾਂ ਦੀ ਪ੍ਰਭਾਵਸ਼ਾਲੀ ਕਾਰਗੁਜ਼ਾਰੀ ਯਕੀਨੀ ਬਣਾਉਣਾ ਸੀ।ਇਸ ਮੌਕੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਤੌਰ 'ਤੇ ਇਸ ਵਿਭਾਗ ਵੱਲ ਧਿਆਨ ਦਿੱਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਹਿਲਾਂ ਪੰਜ ਹਜ਼ਾਰ ਆਂਗਣਾੜੀ ਵਰਕਰਾਂ ਦੀ ਭਰਤੀ ਕੀਤੀ ਜਾ ਚੁੱਕੀ ਹੈ ਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਛੇ ਹਜ਼ਾਰ ਆਂਗਣਵਾੜੀ ਤੇ ਹੈਲਪਰ ਭਰਤੀ ਕੀਤੇ ਜਾਣਗੇ।ਇੱਕ ਹਜ਼ਾਰ ਆਂਗਣਵਾੜੀ ਸੈਂਟਰ ਆਧੁਨਿਕ ਤਰੀਕੇ ਦੇ ਬਣਾਏ ਗਏ ਹਨ ਤੇ ਹਰੇਕ ਆਂਗਣਵਾੜੀ ਸੈਂਟਰ 'ਤੇ ਮੁੱਢਲੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਤਾਂ ਜੋ ਇਹ ਸੈਂਟਰ ਸਕੂਲਾਂ ਦੇ ਸਮਾਨ ਹੀ ਕੰਮ ਕਰਨ ਤੇ ਇੱਥੇ ਪੜ੍ਹਨ ਆਉਣ ਵਾਲੇ ਬੱਚਿਆਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਸਮਾਗਮ ਦੌਰਾਨ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ, ਜ਼ਿਲ੍ਹਾ ਤੇ ਬਲਾਕ ਪੱਧਰ ਦੇ ਅਧਿਕਾਰੀਆਂ, ਪੋਸ਼ਣ ਵਿਸ਼ੇਸ਼ ਗਿਆਨ ਤੇ ਫੀਲਡ ਪੱਧਰ 'ਤੇ ਕੰਮ ਕਰ ਰਹੇ ਕਰਮਚਾਰੀਆਂ ਨੇ ਭਾਗ ਲਿਆ।ਟ੍ਰੇਨਿੰਗ ਸੈਸ਼ਨਾਂ ਵਿੱਚ ਪੋਸ਼ਣ ਅਭਿਆਨ ਤੇ ਈ ਸੀ ਸੀ ਈ ਦੀ ਕਾਰਗੁਜ਼ਾਰੀ, ਡਾਟਾ ਆਧਾਰਤ ਨਿਗਰਾਨੀ, ਵਿਹਾਰਕ ਬਦਲਾਅ ਸੰਚਾਰ, ਕਮਿਊਨਿਟੀ ਜਾਗਰੂਕਤਾ ਤੇ ਜ਼ਮੀਨੀ ਪੱਧਰ 'ਤੇ ਚੁਣੌਤੀਆਂ ਅਤੇ ਹੱਲਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ।ਸਮਾਗਮ ਦਾ ਸਮਾਪਨ ਮਾਂ ਤੇ ਬੱਚਿਆਂ ਦੇ ਸਰਵਾਂਗੀਣ ਵਿਕਾਸ, ਵਿਭਾਗੀ ਤਾਲਮੇਲ ਮਜ਼ਬੂਤ ਕਰਨ ਤੇ ਸਿਹਤਮੰਦ ਪੰਜਾਬ ਦੇ ਨਿਰਮਾਣ ਲਈ ਸਾਂਝੇ ਸੰਕਲਪ ਨਾਲ ਕੀਤਾ ਗਿਆ।ਇਸ ਮੌਕੇ ਅਮਰਜੀਤ ਸਿੰਘ ਭੁੱਲਰ ਡਿਪਟੀ ਡਾਇਰੈਕਟਰ ਸਮਾਜਿਕ ਸੁਰੱਖਿਆ ਵਿਭਾਗ, ਡਾ. ਉਰਵਸ਼ੀ ਜੁਆਇੰਟ ਆਡਵਾਈਜ਼ਰ ਪੀ.ਡੀ.ਸੀ., ਰਤਨਦੀਪ ਕੌਰ ਸੰਧੂ, ਰਾਜਵੰਤ ਕੌਰ ਸੀ.ਡੀ.ਪੀ.ਓ. ਮਲੋਟ, ਨਿੱਜੀ ਸਹਾਇਕ ਅਰਸ਼ਦੀਪ ਸਿੰਘ, ਗਗਨਦੀਪ ਸਿੰਘ ਔਲਖ, ਲਵ ਬੱਤਰਾ ਤੇ ਸਮਸ਼ੇਰ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਕਰਮਚਾਰੀ ਹਾਜ਼ਰ ਸਨ।

## ਸਫਾ 1 ਦੇ ਬਾਕੀ...

### ਸਾਰੇ ਕੁੱਤੇ ਚੁੱਕਣ ਲਈ...

ਮਹਿਤਾ, ਗੋਪਾਲ ਸ਼ੰਕਰਨਾਰਾਇਣਨ, ਸ਼ਿਆਮ ਦੀਵਾਨ, ਸਿਧਾਰਥ ਲੂਥਰਾ ਅਤੇ ਕਰੁਣਾ ਨੰਦੀ ਸਮੇਤ ਵਕੀਲਾਂ ਦੀ ਇੱਕ ਟੀਮ ਦੀਆਂ ਦਲੀਲਾਂ ਸੁਣੀਆਂ। ਸ਼ੁਰੂ ਵਿੱਚ ਸੀਨੀਅਰ ਵਕੀਲ ਗੌਰਵ ਅਗਰਵਾਲ, ਜੋ ਇਸ ਮਾਮਲੇ ਵਿੱਚ ਐਮੀਕਸ ਕਿਊਰੀ ਵਜੋਂ ਸਿਖਰਲੀ ਅਦਾਲਤ ਦੀ ਸਹਾਇਤਾ ਕਰ ਰਹੇ ਹਨ, ਨੇ ਬੈਂਚ ਨੂੰ ਦੱਸਿਆ ਕਿ ਚਾਰ ਸੂਬਿਆਂ ਨੇ ਬੁੱਧਵਾਰ ਨੂੰ ਇਸ ਮਾਮਲੇ ਵਿੱਚ ਆਪਣੇ ਹਲਫਨਾਮੇ ਦਾਇਰ ਕੀਤੇ ਹਨ।

### ਹੁਣ ਗੈਂਗਸਟਰਾਂ ਦੀ...

ਆਉਣ ਜਾਂ ਭਗਵੰਤ ਸਿੰਘ ਮਾਨ ਨੂੰ ਮਿਲਣ ਦੀ ਜ਼ਰੂਰਤ ਨਹੀਂ, ਜਿਸ ਵਿਅਕਤੀ ਨੂੰ ਲੋਕ ਪਿਆਰ ਕਰਦੇ ਹਨ, ਜਿਸ ਦੇ ਕੰਮ ਦੀ ਉਹ ਪ੍ਰਸ਼ੰਸਾ ਕਰਦੇ ਹਨ, ਅਰਵਿੰਦ ਕੇਜਰੀਵਾਲ ਉਸ ਦੇ ਘਰ ਜਾ ਕੇ ਉਸ ਨੂੰ ਟਿਕਟ ਦੇਵੇਗਾ, ਤੁਹਾਨੂੰ ਟਿਕਟ ਮੰਗਣ ਦੀ ਜ਼ਰੂਰਤ ਨਹੀਂ। ਉਹਨਾ ਕਿਹਾ ਕਿ ਪੰਜਾਬ ਨੂੰ ਨਸ਼ੇ ਦੇ ਸੰਕਟ ਵਿੱਚੋਂ ਕੱਢਣਾ ਬਹੁਤ ਮੁਸ਼ਕਲ ਰਿਹਾ ਹੈ। ਬਹੁਤ ਹਿੰਮਤ ਅਤੇ ਮਿਹਨਤ ਨਾਲ ਅਸੀਂ ਪੰਜਾਬ ਨੂੰ ਨਸ਼ਿਆਂ ਤੋਂ ਬਾਹਰ ਕੱਢ ਰਹੇ ਹਾਂ। ਘਰ-ਘਰ ਜਾ ਕੇ ਲੋਕਾਂ ਨੂੰ ਸਮਝਾਓ ਕਿ ਜੇ ਇਹ ਲੋਕ ਸੱਤਾ ਵਿੱਚ ਵਾਪਸ ਆਉਂਦੇ ਹਨ ਤਾਂ 10,000 ਰੁਪਏ ਦੇ ਬਿਜਲੀ ਬਿੱਲ ਵਾਪਸ ਆ ਜਾਣਗੇ। ਅਸੀਂ ਬਹੁਤ ਮੁਸ਼ਕਲ ਨਾਲ ਪੰਜਾਬ ਦੀ ਵਿੱਤੀ ਸਥਿਤੀ ਨੂੰ ਠੀਕ ਕੀਤਾ ਹੈ। ਅਸੀਂ ਰਾਜ ਦੇ ਬਜਟ ਦਾ ਪ੍ਰਬੰਧਨ ਕੀਤਾ ਹੈ ਅਤੇ ਲੋਕਾਂ ਨੂੰ ਸਹੂਲਤਾਂ ਪ੍ਰਦਾਨ ਕਰ ਰਹੇ ਹਾਂ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਦੂਰਦਰਸ਼ੀ ਸੋਚ ਅਤੇ ਗਤੀਸ਼ੀਲਤਾ ਨੇ ਰਵਾਇਤੀ ਰਾਜਨੀਤਕ ਪਾਰਟੀਆਂ ਨੂੰ ਆਪਣੇ ਚੋਣ ਮਨੋਰਥ ਪੱਤਰਾਂ ਨੂੰ ਦੁਬਾਰਾ ਲਿਖਣ ਅਤੇ ਆਪਣੀਆਂ ਤਰਜੀਹਾਂ ਉੱਤੇ ਮੁੜ ਵਿਚਾਰ ਕਰਨ ਲਈ ਮਜਬੂਰ ਕੀਤਾ ਹੈ। ਕੇਜਰੀਵਾਲ ਕਾਰਨ ਇਸ ਦੇਸ਼ ਦੀ ਰਾਜਨੀਤੀ ਬਦਲ ਗਈ ਹੈ।ਸਿੱਖਿਆ, ਸਿਹਤ ਅਤੇ ਬਿਜਲੀ ਸਿਰਫ਼ 'ਆਪ' ਦੇ ਕਾਰਨ ਰਾਜਨੀਤਕ ਚਰਚਾ ਦੇ ਕੇਂਦਰ ਵਿੱਚ ਆਏ ਹਨ। ਇਸ ਤੋਂ ਪਹਿਲਾਂ ਕਿਸੇ ਵੀ ਰਾਜਨੀਤਕ ਪਾਰਟੀ ਨੇ ਕਦੇ ਵੀ ਇਨ੍ਹਾਂ ਖੇਤਰਾਂ ਦੀ ਚਿੰਤਾ ਨਹੀਂ ਕੀਤੀ, ਭਾਵੇਂ ਇਹ ਆਮ ਆਦਮੀ ਲਈ ਸਭ ਤੋਂ ਵੱਧ ਮਾਇਨੇ ਰੱਖਦੇ ਹਨ।

# ਸੰਘਰਸ਼ ਮੋਰਚੇ ਵੱਲੋਂ ਫ਼ਰਦ ਕੇਂਦਰਾਂ ਦੇ ਠੇਕਾ ਮੁਲਾਜ਼ਮਾਂ ਦੀਆਂ ਤਨਖ਼ਾਹਾਂ ਰੋਕਣ ਦੀ ਨਿੰਦਾ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਸੂਬਾ ਆਗੂਆਂ ਵਰਿੰਦਰ ਸਿੰਘ ਮੋਮੀ, ਬਲਿਹਾਰ ਸਿੰਘ ਕਟਾਰੀਆ, ਜਸਵੀਰ ਸਿੰਘ ਦੰਦੀਵਾਲ, ਜਗਰੂਪ ਸਿੰਘ ਲਹਿਰਾ, ਗੁਰਵਿੰਦਰ ਸਿੰਘ ਪੰਨੂੰ, ਸ਼ੇਰ ਸਿੰਘ ਖੰਨਾ, ਜਸਪ੍ਰੀਤ ਸਿੰਘ ਗਗਨ, ਸਿਮਰਨਜੀਤ ਸਿੰਘ ਨੀਲੋਂ, ਜਗਸੀਰ ਸਿੰਘ ਭੰਗੂ, ਰਮਨਦੀਪ ਸਿੰਘ, ਪਰਮਜੀਤ ਸਿੰਘ, ਹਰਜਿੰਦਰਪਾਲ ਸਿੰਘ, ਲਛਮਣ ਸਿੰਘ ਅਤੇ ਜਗਦੀਪ ਸਿੰਘ ਨੇ ਮੀਟਿੰਗ ਕਰਨ ਉਪਰੰਤ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਮੁਲਾਜ਼ਮ ਦੋਖੀ ਪੰਜਾਬ ਸਰਕਾਰ ਵੱਲੋਂ ਪਿਛਲੇ ਲੰਬੇ ਅਰਸੇ ਤੋਂ ਫ਼ਰਦ ਕੇਂਦਰਾਂ ਵਿੱਚ ਲਗਾਤਾਰ ਨਿਗੂਣੀਆਂ ਤਨਖਾਹਾਂ 'ਤੇ ਠੇਕਾ ਪ੍ਰਣਾਲੀ ਤਹਿਤ ਸੇਵਾਵਾਂ ਦੇ ਰਹੇ ਕੰਪਿਊਟਰ ਆਪ੍ਰੇਟਰ ਠੇਕਾ ਮੁਲਾਜ਼ਮਾਂ ਨੂੰ ਉਨ੍ਹਾਂ ਦੇ ਵਿਭਾਗ ਵਿੱਚ ਪੱਕਾ ਤਾਂ ਕੀ ਕਰਨਾ ਸੀ, ਸਗੋਂ ਉਕਤ ਠੇਕਾ ਮੁਲਾਜ਼ਮਾਂ ਨੂੰ ਮਿਲ ਰਹੀਆਂ ਨਿਗੂਣੀਆਂ ਤਨਖਾਹਾਂ ਨੂੰ ਰੋਕ ਕੇ ਉਨ੍ਹਾਂ ਨੂੰ ਭੁੱਖੇ ਮਰਨ ਲਈ ਮਜਬੂਰ ਕਰ ਦਿੱਤਾ ਹੈ।

ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਸੂਬਾ ਸਰਕਾਰ ਦੇ ਇਸ ਮੁਲਾਜ਼ਮ-ਦੋਖੀ ਰਵੱਈਏ ਦੀ ਜ਼ੋਰਦਾਰ ਸ਼ਬਦਾਂ ਵਿੱਚ ਨਿਖੇਧੀ ਕਰਦਾ ਹੈ ਤੇ ਪੰਜਾਬ ਸਰਕਾਰ ਤੋਂ ਮੰਗ ਕਰਦਾ ਹੈ ਕਿ ਫ਼ਰਦ ਕੇਂਦਰਾਂ ਦੇ ਕੰਪਿਊਟਰ ਆਪ੍ਰੇਟਰ ਠੇਕਾ ਮੁਲਾਜ਼ਮਾਂ ਦੀਆਂ ਤਨਖ਼ਾਹਾਂ ਜਲਦ ਜਾਰੀ ਕੀਤੀਆਂ ਜਾਣ। ਜੇਕਰ ਸਰਕਾਰ ਵੱਲੋਂ ਫ਼ਰਦ ਕੇਂਦਰਾਂ ਦੇ ਠੇਕਾ ਮੁਲਾਜ਼ਮਾਂ ਦੀਆਂ ਤਨਖ਼ਾਹਾਂ ਜਲਦ ਜਾਰੀ ਨਾ ਕੀਤੀਆਂ ਗਈਆਂ ਤਾਂ ਸਮੂਹ ਸਰਕਾਰੀ ਵਿਭਾਗਾਂ ਦੇ ਠੇਕਾ ਮੁਲਾਜ਼ਮ ਸੰਘਰਸ਼ ਦਾ ਰਾਹ ਅਖਤਿਆਰ ਕਰਨ ਲਈ ਮਜਬੂਰ ਹੋਣਗੇ, ਜਿਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

# ਪੀ ਪੀ ਐੱਸ ਦੀ ਪ੍ਰੀਖਿਆ 'ਚ ਪੰਜਾਬੀ ਪ੍ਰਤੀ ਅਣਦੇਖੀ ਨਾ-ਸਹਿਣਯੋਗ : ਪ੍ਰੋ. ਬਡੂੰਗਰ



**ਪਟਿਆਲਾ (ਰਾਜਿੰਦਰ ਥਿੰਦ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪੀਪੀਐੱਸ ਵਿੱਚੋਂ ਪੰਜਾਬੀ ਦੀ ਅਣਦੇਖੀ ਦਾ ਗੰਭੀਰ ਨੋਟਿਸ ਲੈਂਦਿਆਂ ਕਿਹਾ ਕਿ ਅਜਿਹੀ ਅਣਦੇਖੀ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।ਪ੍ਰੋ. ਬਡੂੰਗਰ ਨੇ ਕਿਹਾ ਕਿ ਪੰਜਾਬ ਪਬਲਿਕ ਸਰਵਿਸ ਕਮਿਸ਼ਨ ਰਾਹੀਂ ਪ੍ਰੀਖਿਆ ਦੇਣ ਵਾਲੇ ਵਿਦਿਆਰਥੀਆਂ ਨੂੰ ਪੰਜਾਬੀ ਤੋਂ ਵਾਂਝੇ ਕੀਤਾ ਜਾ ਰਿਹਾ ਹੈ ਅਤੇ ਅਜਿਹਾ ਕਦਮ ਪੰਜਾਬੀ ਭਾਸ਼ਾ ਪ੍ਰਤੀ ਮਾਰੂ ਕਦਮ ਹੈ।ਉਨ੍ਹਾਂ ਕਿਹਾ ਕਿ ਜਿੱਥੇ ਪੀਪੀਐੱਸ ਪ੍ਰੀਖਿਆ ਵਿੱਚ ਪਹਿਲਾਂ 15 ਤੋਂ 23 ਦੇ ਕਰੀਬ ਪ੍ਰਸ਼ਨ ਪੰਜਾਬੀ ਵਿੱਚ ਹੁੰਦੇ ਸਨ, ਇਸ ਵਾਰ ਵੇਖਣ ਵਿੱਚ ਆਇਆ ਹੈ ਕਿ ਪ੍ਰਸ਼ਨ ਅੱਠ ਦੇ ਕਰੀਬ ਹੀ ਸ਼ਾਮਲ ਕੀਤੇ ਜਾ ਰਹੇ ਹਨ, ਅਜਿਹਾ ਕਰਕੇ ਪੇਂਡੂ ਪਿਛੋਕੜ ਵਾਲੇ ਵਿਦਿਆਰਥੀਆਂ ਦਾ ਵੱਡਾ ਨੁਕਸਾਨ ਕੀਤਾ ਜਾ ਰਿਹਾ ਹੈ।

ਸਾਬਕਾ ਪ੍ਰਧਾਨ ਨੇ ਕਿਹਾ ਕਿ ਪਹਿਲਾਂ ਹੀ ਪੰਜਾਬ ਸਕੂਲ ਬੋਰਡ ਦੇ ਇਮਤਿਹਾਨਾਂ ਵਿੱਚ ਪੰਜਾਬੀਆਂ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ ਤੇ ਹੁਣ ਅਜਿਹੀ ਪ੍ਰੀਖਿਆ, ਜਿਸ ਵਿੱਚ ਸਾਡੀ ਅਜੋਕੀ ਪੀੜ੍ਹੀ ਦੇ ਭਵਿੱਖ ਨੂੰ ਧੁੰਦਲਾ ਕਰਨ ਦਾ ਕੋਝਾ ਯਤਨ ਹੋ ਰਿਹਾ ਹੈ, ਜਿਸ ਨੂੰ ਸਹਿਣ ਨਹੀਂ ਕੀਤਾ ਜਾ ਸਕਦਾ।

ਪ੍ਰੋ. ਬਡੂੰਗਰ ਨੇ ਕਿਹਾ ਕਿ ਪੀਪੀਐੱਸ ਦੀ ਪ੍ਰੀਖਿਆ ਵਿੱਚ ਪੰਜਾਬੀ ਭਾਸ਼ਾ ਦੀ ਅਣਦੇਖੀ ਤੋਂ ਪਤਾ ਲੱਗ ਰਿਹਾ ਹੈ ਕਿ ਸਰਕਾਰਾਂ ਸਾਡੇ ਮਾਤ ਭਾਸ਼ਾ ਪ੍ਰਤੀ ਮਤਰੇਈ ਮਾਂ ਵਰਗਾ ਸਲੂਕ ਕਰ ਰਹੀਆਂ, ਉਥੇ ਹੀ ਪੰਜਾਬ ਦੇ ਇਤਿਹਾਸ ਤੇ ਅਸਲ ਭੂਗੋਲਿਕ ਸਥਿਤੀ ਤੋਂ ਵੀ ਵਾਂਝਾ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪਹਿਲਾਂ ਹੀ ਸੀਬੀਐੱਸਈ ਸਿਲੇਬਸ ਵਿੱਚ ਪੰਜਾਬੀ ਪ੍ਰਤੀ ਅਣਦੇਖੀ ਕਰਕੇ ਵਿਦਿਆਰਥੀਆਂ ਤੋਂ ਉਨ੍ਹਾਂ ਦੀ ਮਾਤ ਭਾਸ਼ਾ ਖੋਹੀ ਜਾ ਰਹੀ ਤੇ ਉਥੇ ਹੀ ਪੀਪੀਐੱਸ ਵਰਗੀ ਉੱਚ ਪ੍ਰੀਖਿਆ ਵਿੱਚ ਪੰਜਾਬੀ ਦੇ ਸਥਾਨ ਨੂੰ ਹੇਠਲੇ ਪੱਧਰ 'ਤੇ ਲਿਜਾਣਾ ਪੰਜਾਬੀਆਂ ਤੇ ਵਿਦਿਆਰਥੀਆਂ ਨਾਲ ਵੱਡਾ ਧੱਕਾ ਹੈ।

## ਪੰਜਾਬ ਖੇਤ ਮਜ਼ਦੂਰ ਸਭਾ ਵੱਲੋਂ ਮੁੱਖ ਮੰਤਰੀ ਦੇ ਨਾਂਅ ਤਹਿਸੀਦਾਰ ਨੂੰ ਮੰਗ-ਪੱਤਰ



**ਜਲਾਲਾਬਾਦ (ਜੀਤ ਕੁਮਾਰ/ਜੰਗੀਰ ਕੌਰ)**-ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦਾ ਸਾਂਝਾ ਮੋਰਚਾ ਪੰਜਾਬ ਦੇ ਫੈਸਲੇ ਤਹਿਤ ਇਥੇ ਤਹਿਸੀਲ ਕੰਪਲੈਕਸ ਵਿੱਚ ਪੰਜਾਬ ਖੇਤ ਮਜ਼ਦੂਰ ਸਭਾ ਬਲਾਕ ਜਲਾਲਾਬਾਦ ਤੇ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਜਲਾਲਾਬਾਦ ਵੱਲੋਂ ਮਜ਼ਦੂਰ ਵਰਗ ਦੀਆਂ ਮੰਗਾਂ ਨੂੰ ਲੈ ਕੇ ਪੰਜਾਬ ਦੇ ਮੁੱਖ ਮੰਤਰੀ ਦੇ ਨਾਂਅ 'ਤੇ ਤਹਿਸੀਲਦਾਰ ਨੂੰ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਭਰਪੂਰ ਸਿੰਘ, ਬਲਾਕ ਜਲਾਲਾਬਾਦ ਦੇ ਪ੍ਰਧਾਨ ਕਾਮਰੇਡ ਮੁਖਤਿਆਰ ਸਿੰਘ ਕਮਰੇਵਾਲਾ, ਬਲਾਕ ਸਕੱਤਰ ਬਲਵੀਰ ਸਿੰਘ ਕਾਠਗੜ੍ਹ, ਬਲਾਕ ਦੇ ਮੀਤ ਸਕੱਤਰ ਕਾਮਰੇਡ ਦਲਜੀਤ ਕੁਮਾਰ, ਸੁਰਜੀਤ ਸਿੰਘ ਗੋਲਾ ਕਾਠਗੜ੍ਹ, ਰੇਸ਼ਮ ਸਿੰਘ ਪਾਲੀਵਾਲਾ, ਸ਼ਿੰਗਾਰਾ ਸਿੰਘ, ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਨੱਥਾ ਸਿੰਘ, ਡਾ. ਜਿੰਦਰ ਕਾਠਗੜ੍ਹ, ਸੰਦੀਪ ਜੋਧਾ, ਹਰਜੀਤ ਸਿੰਘ, ਪ੍ਰੇਮ ਸਿੰਘ ਆਦਿ ਮੌਜੂਦ ਸਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਬਲਾਕ ਪ੍ਰਧਾਨ ਕਾਮਰੇਡ ਮੁਖਤਿਆਰ ਸਿੰਘ ਤੇ ਬਲਾਕ ਸਕੱਤਰ ਕਾਮਰੇਡ ਬਲਵੀਰ ਸਿੰਘ ਕਾਠਗੜ੍ਹ ਨੇ ਦੱਸਿਆ ਕਿ ਇਥੇ ਸੂਬਾ ਕਮੇਟੀ ਦੇ ਫੈਸਲੇ ਮੁਤਾਬਤ ਐੱਸ.ਡੀ.ਐੱਮ. ਦਫਤਰ ਵਿੱਚ ਮੌਜੂਦ ਨਾ ਹੋਣ ਤੇ ਤਹਿਸੀਲਦਾਰ ਨੂੰ ਪੰਜਾਬ ਦੇ ਮੁੱਖ ਮੰਤਰੀ ਦੇ ਨਾਂਅ 'ਤੇ ਮੰਗ ਪੱਤਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੇਂਡੂ ਕਿਰਤੀ ਮਜ਼ਦੂਰ ਵਰਗ ਦੀਆਂ ਹੱਕੀ ਮੰਗਾਂ ਨੂੰ ਲੈ ਕੇ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਲਗਾਤਾਰ ਸੰਘਰਸ਼ ਕਰਦੇ ਆ ਰਹੇ ਹਾਂ, ਪ੍ਰੰਤੂ ਸੂਬਾ ਸਰਕਾਰ ਵੱਲੋਂ ਸਾਡੀਆਂ ਹੱਕੀ ਤੇ ਜਾਇਜ਼ ਮੰਗਾਂ ਪੂਰੀਆਂ ਕਰਨ ਵੱਲ ਧਿਆਨ ਨਹੀਂ ਦਿੱਤਾ ਜਾ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਜਥੇਬੰਦੀ ਦੀ ਸੂਬਾ ਕਮੇਟੀ ਨੂੰ ਮੀਟਿੰਗ ਦਾ ਸਮਾਂ ਦਿੱਤਾ ਜਾਵੇ ਤੇ ਮੰਗ ਪੱਤਰ ਵਿੱਚ ਦਰਜ ਮੰਗਾਂ ਦਾ ਹੱਲ ਕੀਤਾ ਜਾਵੇ।

## ਬੱਸ ਸਟੈਂਡ 'ਤੇ ਖੜ੍ਹੇ ਟੈਟੂ ਆਰਟਿਸਟ ਦਾ ਕਤਲ



**ਬੁਢਲਾਡਾ (ਅਸ਼ੋਕ ਲਾਕੜਾ, ਰੀਤਵਾਲ)**-ਸਥਾਨਕ ਸ਼ਹਿਰ ਦੇ ਬੱਸ ਸਟੈਂਡ 'ਤੇ ਵਰਨਾ ਗੱਡੀ ਸਵਾਰ ਅਣਪਛਾਤੇ ਨੌਜਵਾਨਾਂ ਵੱਲੋਂ ਇੱਕ ਨੌਜਵਾਨ ਦਾ ਸ਼ਰੇਆਮ ਕਤਲ ਕਰ ਦਿੱਤਾ ਗਿਆ। ਜਾਣਕਾਰੀ ਅਨੁਸਾਰ ਜਸ਼ਨਦੀਪ ਸਿੰਘ 19 ਸਾਲਾ, ਜੋ ਨੇੜੇ ਪਿੰਡ ਕੁਲਹਿਰੀ ਦਾ ਰਹਿਣ ਵਾਲਾ ਸੀ, ਆਪਣੇ ਦੋਸਤ ਹਰਵਿੰਦਰ ਸਿੰਘ ਨਾਲ ਬੱਸ ਸਟੈਂਡ 'ਤੇ ਖੜ੍ਹਾ ਸੀ ਤਾਂ ਅਚਾਨਕ ਕੁਝ ਅਣਪਛਾਤੇ ਵਰਨਾ ਕਾਰ ਸਵਾਰ ਵਿਅਕਤੀਆਂ ਨੇ ਜਸ਼ਨਦੀਪ ਦੇ ਸਿਰ 'ਤੇ ਤੇਜ਼ ਹਥਿਆਰਾਂ, ਤੰਬਿਆਂ ਤੇ ਡੰਡਿਆਂ ਨਾਲ ਹਮਲਾ ਕਰ ਦਿੱਤਾ, ਜਿੱਥੇ ਮੌਕੇ 'ਤੇ ਹਾਜ਼ਰ ਲੋਕਾਂ ਵੱਲੋਂ ਸਰਕਾਰੀ ਹਸਪਤਾਲ ਬੁਢਲਾਡਾ ਵਿਖੇ ਲਿਆਂਦਾ ਗਿਆ, ਪ੍ਰੰਤੂ ਡਾਕਟਰਾਂ ਨੇ ਜਸ਼ਨ ਦੀਪ ਸਿੰਘ ਨੂੰ ਮ੍ਰਿਤਕ ਕਰਾਰ ਦੇ ਦਿੱਤਾ।ਮੌਕੇ 'ਤੇ ਹਰਵਿੰਦਰ ਸਿੰਘ ਨੇ ਦੱਸਿਆ ਕਿ ਹਮਲਾ ਕਰਨ ਵਾਲੇ ਨੌਜਵਾਨ, ਜੋ ਹਰਿਆਣਾ ਪਿੰਡ ਬਾਹਮਣਵਾਲਾ ਦਾ ਰਹਿਣ ਵਾਲਾ ਦੱਸਿਆ ਜਾ ਰਿਹਾ ਹੈ, ਨੇ ਸਮੇਤ ਸਾਥੀਆਂ ਦੇ ਹਮਲਾ ਕੀਤਾ ਜੋ ਕਿਸੇ ਪੁਰਾਣੀ ਰੰਜਿਸ਼ ਦਾ ਸ਼ਿਕਾਰ ਦੱਸਿਆ ਜਾ ਰਿਹਾ। ਸੀਆਈਏ ਸਟਾਫ ਮਾਨਸਾ ਦੇ ਇੰਚਾਰਜ ਬਲਕੌਰ ਸਿੰਘ ਇਸ ਮਾਮਲੇ ਦੀ ਤਫਤੀਸ਼ ਕਰ ਰਹੇ ਹਨ।ਦੱਸਿਆ ਗਿਆ ਹੈ ਕਿ ਮ੍ਰਿਤਕ ਆਨਲਾਈਨ ਟੈਟੂ ਬਣਾਉਣ ਦਾ ਕੰਮ ਕਰਦਾ ਸੀ, ਜਿਸ ਦਾ ਇੱਕ ਮਹੀਨੇ ਬਾਅਦ ਵਿਆਹ ਹੋਣਾ ਸੀ ਤੇ ਅੱਜ ਜਨਮ ਦਿਨ ਲਈ ਕੇਕ ਲੈਣ ਲਈ ਆਇਆ ਹੋਇਆ ਸੀ।

## ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਨੂੰ ਹੇਠਲੇ ਪੱਧਰ ਤੱਕ ਲਾਗੂ ਕਰਨ ਲਈ ਸੰਧਵਾਂ ਵੱਲੋਂ ਬਲਾਕ ਪ੍ਰਧਾਨਾਂ ਨਾਲ ਮੀਟਿੰਗ



**ਕੋਟਕਪੂਰਾ (ਸ਼ਾਮ ਲਾਲ ਚਾਵਲਾ)**-ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਨੂੰ ਹੇਠਲੇ ਪੱਧਰ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਤੇ ਲੋਕਾਂ ਨੂੰ ਇਸ ਸਬੰਧੀ ਵੱਧ ਤੋਂ ਵੱਧ ਜਾਗਰੂਕ ਕਰਨ ਦੇ ਉਦੇਸ਼ ਨਾਲ ਜ਼ਿਲ੍ਹੇ ਦੇ ਬਲਾਕ ਪ੍ਰਧਾਨਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ।ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸਪੀਕਰ ਸ੍ਰ. ਸੰਧਵਾਂ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਪੰਜਾਬ ਦੇ ਵਸਨੀਕਾਂ ਨੂੰ 10 ਲੱਖ ਰੁਪਏ ਤੱਕ ਦਾ ਕੈਸ਼ਲੈੱਸ ਇਲਾਜ ਮੁਫ਼ਤ ਮੁਹੱਈਆ ਕਰਵਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਇਹ ਯੋਜਨਾ ਆਮ ਲੋਕਾਂ ਲਈ ਵੱਡੀ ਰਾਹਤ ਸਾਬਿਤ ਹੋਵੇਗੀ ਹੈ।ਉਨ੍ਹਾਂ ਜਾਣਕਾਰੀ ਦਿੰਦਿਆਂ ਕਿਹਾ ਕਿ ਇਹ ਯੋਜਨਾ 15 ਜਨਵਰੀ ਤੋਂ ਸ਼ੁਰੂ ਹੋਣੀ ਹੈ ਤੇ ਅਪ੍ਰੈਲ ਮਹੀਨੇ ਤੱਕ ਇਸ ਦੇ ਸਿਹਤ ਬੀਮਾ ਕਾਰਡ ਬਣਾਏ ਜਾਣਗੇ।ਉਨ੍ਹਾਂ ਕਿਹਾ ਕਿ ਸਿਹਤ ਬੀਮਾ ਕਾਰਡ ਪਿੰਡ ਪੱਧਰ 'ਤੇ ਸੀ.ਐੱਚ.ਸੀ. (ਕਮਿਊਨਿਟੀ ਹੈਲਥ ਸੈਂਟਰ) ਤਾਂ ਜੋ ਲੋਕਾਂ ਨੂੰ ਕਿਸੇ ਵੀ ਕਿਸਮ ਦੀ ਦਿੱਕਤ ਨਾ ਆਵੇ।ਸਪੀਕਰ ਸੰਧਵਾਂ ਨੇ ਬਲਾਕ ਪ੍ਰਧਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ-ਆਪਣੇ ਖੇਤਰਾਂ ਵਿੱਚ ਲੋਕਾਂ ਨੂੰ ਇਸ ਸਕੀਮ ਬਾਰੇ ਵੱਧ ਤੋਂ ਵੱਧ ਜਾਗਰੂਕ ਕਰਨ ਤੇ ਲਾਭਪਾਤਰੀਆਂ ਦੇ ਕਾਰਡ ਬਣਵਾਉਣ ਵਿੱਚ ਸਰਗਰਮ ਭੂਮਿਕਾ ਨਿਭਾਉਣ।ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਗੁਰਤੇਜ ਸਿੰਘ ਖੋਸਾ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਸੂਬੇ ਦੇ ਹਰੇਕ ਵਰਗ ਦੇ ਲੋਕਾਂ ਨੂੰ ਸ਼ਾਮਲ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਪੰਜਾਬ ਦਾ ਕੋਈ ਵੀ ਵਸਨੀਕ ਆਪਣਾ ਵੋਟਰ ਕਾਰਡ ਤੇ ਆਧਾਰ ਕਾਰਡ ਦਿਖਾ ਕੇ ਇਹ ਸਿਹਤ ਕਾਰਡ ਤਿਆਰ ਕਰਵਾ ਸਕਦਾ ਹੈ, ਜਿਸ ਨਾਲ ਉਸ ਦੇ ਪਰਵਾਰ ਨੂੰ 10 ਲੱਖ ਰੁਪਏ ਸਾਲਾਨਾ ਤੱਕ ਦਾ ਇਲਾਜ ਮੁਫਤ ਮੁਹੱਈਆ ਕੀਤਾ ਜਾਵੇਗਾ।ਉਨ੍ਹਾਂ ਬਲਾਕ ਪ੍ਰਧਾਨਾਂ ਨੂੰ ਕਿਹਾ ਕਿ ਇਸ ਕੰਮ ਨੂੰ ਜ਼ਿੰਮੇਵਾਰੀ ਤੇ ਸੇਵਾ ਭਾਵਨਾ ਨਾਲ ਕੀਤਾ ਜਾਵੇ ਤਾਂ ਜੋ ਹਰੇਕ ਵਰਗ ਇਸ ਸਹੂਲਤ ਦਾ ਲਾਹਾ ਲੈ ਸਕੇ।

## ਸਰਕਾਰ ਚੋਣ ਮੈਨੀਫੈਸਟੋ 'ਚ ਕੀਤੇ ਵਾਅਦੇ ਜਲਦ ਲਾਗੂ ਕਰੇ : ਰਣ ਸਿੰਘ



**ਦਿੜ੍ਹਬਾ (ਜਸਵੀਰ ਲਾਡੀ)**-ਪੰਜਾਬ ਦੇ ਸਮੂਹ ਨੰਬਰਦਾਰ ਸਾਹਿਬਾਨ ਦੀਆਂ ਮੰਗਾਂ ਸਰਕਾਰ ਤੋਂ ਮਨਵਾਉਣ ਲਈ ਪੰਜਾਬ ਨੰਬਰਦਾਰ ਯੂਨੀਅਨ ਦਾ ਵਫਦ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਤੇ ਹੋਰ ਬਹੁਤ ਸਾਰੇ ਕੈਬਨਿਟ ਮੰਤਰੀ ਸਾਹਿਬਾਨਾਂ ਨੂੰ ਮਿਲ ਕੇ ਇਹ ਚੇਤੇ ਕਰਵਾ ਚੁੱਕਿਆ ਹੈ ਕਿ ਆਮ ਆਦਮੀ ਪਾਰਟੀ ਵੱਲੋਂ 2022 ਦੀਆਂ ਚੋਣਾਂ ਦੌਰਾਨ ਜਾਰੀ ਕੀਤੇ ਗਏ ਚੋਣ ਮੈਨੀਫੈਸਟੋ 'ਚ ਨੰਬਰਦਾਰਾਂ ਨਾਲ ਕੀਤੇ ਵਾਅਦੇ ਪੂਰੇ ਕੀਤੇ ਜਾਣ। ਪਰ ਮਾਨ ਸਰਕਾਰ ਦੇ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਸਰਕਾਰ ਨੇ ਨੰਬਰਦਾਰਾਂ ਦੀਆਂ ਮੰਗਾਂ ਵੱਲ ਕੋਈ ਧਿਆਨ ਨਹੀਂ ਦਿੱਤਾ, ਜਿਸ ਕਰਕੇ ਪੰਜਾਬ ਦੇ ਸਮੂਹ ਨੰਬਰਦਾਰਾਂ ਦੀ ਸਰਕਾਰ ਪ੍ਰਤੀ ਦਿਨੋਂ ਦਿਨ ਨਿਰਾਸ਼ਤਾ ਵਧਦੀ ਜਾ ਰਹੀ ਹੈ। ਇਹ ਵਿਚਾਰ ਇੱਥੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਨੰਬਰਦਾਰ ਯੂਨੀਅਨ ਦੇ ਸੂਬਾ ਜਰਨਲ ਸਕੱਤਰ ਸ੍ਰ. ਰਣ ਸਿੰਘ ਮਹਿਲਾਂ ਨੇ ਸਾਂਝੇ ਕੀਤੇ। ਉਨ੍ਹਾ ਕਿਹਾ ਕਿ ਜੇਕਰ ਸਰਕਾਰ ਨੰਬਰਦਾਰਾਂ ਦੀਆਂ ਮੰਗਾਂ ਪ੍ਰਤੀ ਇਸੇ ਤਰ੍ਹਾਂ ਟਾਲ ਮਟੋਲ ਕਰਦੀ ਰਹੀ ਤਾਂ ਪੰਜਾਬ ਦੇ ਸਮੂਹ ਨੰਬਰਦਾਰ ਵੀ ਹੋਰ ਜਥੇਬੰਦੀਆਂ ਵਾਂਗ ਸੜਕਾਂ 'ਤੇ ਆ ਕੇ ਆਪਣੇ ਹੱਕਾਂ ਦੀ ਲੜਾਈ ਲੜਨ ਲਈ ਮਜਬੂਰ ਹੋਣਗੇ। ਉਨ੍ਹਾ ਸਰਕਾਰ ਤੋਂ ਮੰਗ ਕੀਤੀ ਕਿ ਉਹ ਚੋਣ ਮੈਨੀਫੈਸਟੋ 'ਚ ਕੀਤੇ ਵਾਅਦੇ ਪੂਰਨ ਰੂਪ ਵਿੱਚ ਜਲਦ ਲਾਗੂ ਕਰੇ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਮੁਕਾਬਲੇ ਤੋਂ ਬਾਅਦ ਪ੍ਰਭ ਦਾਸੂਵਾਲ ਗੈਂਗ ਦਾ ਸ਼ੂਟਰ ਜ਼ਖਮੀ; 2 ਗ੍ਰਿਫ਼ਤਾਰ

**ਛੇਹਰਟਾ, (ਮਨੋਜ ਕੁਮਾਰ)** - ਕ੍ਰਿਏਟਿਵ ਵਹੀਲਜ਼ ਸ਼ੋਰੂਮ 'ਤੇ ਗੋਲੀਬਾਰੀ ਦੇ ਮਾਮਲੇ ਵਿਚ ਪ੍ਰਭ ਦਾਸੂਵਾਲ ਗੈਂਗ ਦੇ ਗ੍ਰਿਫ਼ਤਾਰ ਦੋ ਸ਼ੂਟਰਾਂ ਵਿਚੋਂ ਇਕ ਸ਼ੂਟਰ ਹਥਿਆਰ ਦੀ ਬਰਾਮਦਗੀ ਦੌਰਾਨ ਪੁਲਿਸ 'ਤੇ ਗੋਲੀ ਚਲਾਉਣ 'ਤੇ ਜਵਾਬੀ ਕਾਰਵਾਈ ਵਿਚ ਜ਼ਖ਼ਮੀ ਹੋ ਗਿਆ। ਪੁਲਿਸ ਕਮਿਸ਼ਨਰ ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਕਮਿਸ਼ਨਰੇਟ ਪੁਲਿਸ, ਅੰਮ੍ਰਿਤਸਰ ਨੇ ਕ੍ਰਿਏਟਿਵ ਵਹੀਲਜ਼ ਸ਼ੋਰੂਮ 'ਤੇ ਗੋਲੀਬਾਰੀ ਦੀ ਘਟਨਾ ਨੂੰ ਸਫ਼ਲਤਾ ਪੂਰਵਕ ਸੁਲਝਾ ਲਿਆ ਹੈ। ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਗੁਰਪ੍ਰੀਤ ਸਿੰਘ ਉਰਫ਼ ਲਾਲ ਤੇ ਜੋਬਨਪ੍ਰੀਤ ਸਿੰਘ ਉਰਫ਼ ਜੋਬਨ ਦੋਵੇਂ ਵਾਸੀ ਪਿੰਡ ਚਾਟੀਵਿੰਡ ਨੂੰ 5 ਜਨਵਰੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਥਾਣਾ ਮਕਬੂਲਪੁਰਾ ਦੇ ਐੱਸ.ਐੱਚ.ਓ ਇੰਸਪੈਕਟਰ ਜਸਜੀਤ ਸਿੰਘ ਆਪਣੀ ਪੁਲਿਸ ਟੀਮ ਨਾਲ ਜਦੋਂ ਹਥਿਆਰ ਦੀ ਬਰਾਮਦਗੀ ਲਈ ਗੁਰਪ੍ਰੀਤ ਸਿੰਘ ਉਰਫ਼ ਲਾਲ ਨੂੰ ਲੈ ਕੇ ਗਏ ਤਾਂ ਉਸ ਨੇ ਬਰਾਮਦਗੀ ਵਾਲੀ ਥਾਂ 'ਤੇ ਛਿਪਾ ਕੇ ਰੱਖੀ ਪਿਸਤੌਲ ਨਾਲ ਪੁਲਿਸ ਪਾਰਟੀ 'ਤੇ ਗੋਲੀ ਚਲਾਈ। ਸਵੈ-ਰੱਖਿਆ ਵਿਚ ਇੰਸਪੈਕਟਰ



ਜਸਜੀਤ ਸਿੰਘ ਵੱਲੋਂ ਕੀਤੀ ਗਈ ਜਵਾਬੀ ਕਾਰਵਾਈ 'ਚ ਮੁਲਜ਼ਮ ਗੋਲੀ ਲੱਗਣ 'ਤੇ ਜ਼ਖ਼ਮੀ ਹੋ ਗਿਆ, ਜਿਸ ਨੂੰ ਕਾਬੂ ਕਰ ਕੇ ਇਲਾਜ ਲਈ ਹਸਪਤਾਲ ਭੇਜ ਦਿੱਤਾ ਗਿਆ। ਉਸ ਦੇ ਕਬਜ਼ੇ ਵਿਚੋਂ 30 ਬੋਰ ਦਾ ਪਿਸਤੌਲ ਬਰਾਮਦ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਗੈਂਗਸਟਰ ਪ੍ਰਭ ਦਾਸੂਵਾਲ ਦੇ ਨਜ਼ਦੀਕੀ ਸਾਥੀ ਤੇ ਸ਼ੂਟਰ ਹਨ। ਉਸ ਦੇ ਨਿਰਦੇਸ਼ਾਂ 'ਤੇ ਕਾਰਵਾਈ ਕਰਦੇ ਹੋਏ 11 ਅਪ੍ਰੈਲ 2025 ਨੂੰ ਰਾਤ 8 ਵਜੇ ਦੇ ਕਰੀਬ ਦੋ ਅਣਪਛਾਤੇ ਨੌਜਵਾਨਾਂ ਨੇ ਕ੍ਰਿਏਟਿਵ ਵਹੀਲਜ਼ ਸ਼ੋਅਰੂਮ 'ਤੇ ਤਿੰਨ ਗੋਲੀਆਂ ਚਲਾਈਆਂ ਸਨ। ਇਸ ਸਬੰਧ ਵਿਚ ਮਾਮਲਾ ਥਾਣਾ ਮਕਬੂਲਪੁਰਾ ਵਿਚ ਦਰਜ ਕੀਤਾ ਗਿਆ ਸੀ। ਨਿਰੰਤਰ ਜਾਂਚ ਦੇ ਆਧਾਰ 'ਤੇ, ਪੁਲਿਸ ਟੀਮਾਂ ਨੇ ਅਪਰਾਧ ਵਿਚ ਸ਼ਾਮਲ ਮੁਲਜ਼ਮਾਂ ਦੀ ਪਛਾਣ ਕੀਤੀ ਤੇ ਉਨ੍ਹਾਂ ਨੂੰ ਗ੍ਰਿਫ਼ਤਾਰ ਕੀਤਾ। ਜਾਂਚ ਤੋਂ ਪਤਾ ਲੱਗਾ ਕਿ ਘਟਨਾ ਦੌਰਾਨ ਬੋਹੜ ਸਿੰਘ ਵਾਸੀ ਪਿੰਡ ਚੀਮਾ, ਪੱਟੀ, ਤਰਨ ਤਾਰਨ ਮੋਟਰਸਾਈਕਲ ਚਲਾ ਰਿਹਾ ਸੀ, ਗੁਰਪ੍ਰੀਤ ਸਿੰਘ ਉਰਫ਼ ਲਾਲ ਨੇ ਸ਼ੋਅ ਰੂਮ 'ਤੇ ਗੋਲੀਆਂ ਚਲਾਈਆਂ ਤੇ ਜੋਬਨਪ੍ਰੀਤ ਸਿੰਘ ਉਰਫ਼ ਜੋਬਨ ਨੂੰ ਭੱਜਣ ਵਿਚ ਸਹਾਇਤਾ ਕਰਨ ਲਈ ਕੁਝ ਦੂਰੀ 'ਤੇ ਤਾਇਨਾਤ ਕੀਤਾ ਗਿਆ ਸੀ। ਹੋਰ ਜਾਂਚ ਵਿਚ ਸਾਹਮਣੇ ਆਇਆ ਕਿ ਗੈਂਗਸਟਰ ਪ੍ਰਭ ਦਾਸੂਵਾਲ ਕਾਰੋਬਾਰੀਆਂ ਤੇ ਉੱਚ-ਪ੍ਰੋਫ਼ਾਈਲ ਵਿਅਕਤੀਆਂ ਨੂੰ ਫਿਰੌਤੀ ਦੀਆਂ ਕਾਲਾਂ ਕਰ ਰਿਹਾ ਸੀ। ਬੋਹੜ ਸਿੰਘ ਗੈਂਗਸਟਰ ਨਾਲ ਸਿੱਧੇ ਸੰਪਰਕ ਵਿਚ ਸੀ। ਗੁਰਪ੍ਰੀਤ ਸਿੰਘ ਉਰਫ਼ ਲਾਲ, ਬੋਹੜ ਸਿੰਘ ਦਾ ਮਾਸੀ ਦਾ ਮੁੰਡਾ ਹੈ ਅਤੇ ਗੁਰਪ੍ਰੀਤ ਸਿੰਘ ਤੇ ਜੋਬਨਪ੍ਰੀਤ ਸਿੰਘ ਇਕੋ ਪਿੰਡ ਦੇ ਨਜ਼ਦੀਕੀ ਸਾਥੀ ਹਨ। ਉਨ੍ਹਾਂ ਦੱਸਿਆ ਕਿ ਬੋਹੜ ਸਿੰਘ ਇਸ ਸਮੇਂ ਜੇਲ੍ਹ ਵਿਚ ਬੰਦ ਹੈ ਤੇ ਉਸ ਨੂੰ ਹੋਰ ਜਾਂਚ ਲਈ ਪ੍ਰੋਡਕਸ਼ਨ ਵਾਰੰਟ 'ਤੇ ਲਿਆਂਦਾ ਜਾਵੇਗਾ। ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਬੋਹੜ ਸਿੰਘ ਦੇ ਨਿਰਦੇਸ਼ਾਂ 'ਤੇ ਮੁਲਜ਼ਮਾਂ ਨੇ ਤਰਨਤਾਰਨ ਦੇ ਇਕ ਸੈਲੂਨ 'ਤੇ ਗੋਲੀਬਾਰੀ ਕੀਤੀ ਸੀ। ਹਰੇਕ ਮੁਲਜ਼ਮ ਨੂੰ ਇਸ ਕਾਰਵਾਈ ਲਈ 10,000 ਰੁਪਏ ਦਾ ਭੁਗਤਾਨ ਕੀਤਾ ਗਿਆ ਸੀ। ਇਸੇ ਤਰ੍ਹਾਂ ਵਲਟੋਹਾ ਦੇ ਪ੍ਰਾਈਵੇਟ ਸਕੂਲ ਦੇ ਪ੍ਰਿੰਸੀਪਲ ਦੀ ਕਾਰ 'ਤੇ ਵੀ ਗੋਲੀਆਂ ਚਲਾਈਆਂ। ਪਿੰਡ ਸੇਰੋਂ ਵਿਚ ਵੀ ਇਕ ਵਿਅਕਤੀ 'ਤੇ ਗੋਲੀ ਚਲਾਈ ਗਈ, ਜੋ ਪੀੜਤ ਦੇ ਕੰਨ ਨੂੰ ਛੂਹ ਕੇ ਨਿਕਲ ਗਈ। ਇਸੇ ਤਰ੍ਹਾਂ ਤਰਨ ਤਾਰਨ 'ਚ ਸੁਨਿਆਰੇ ਦੀ ਦੁਕਾਨ 'ਤੇ ਵੀ ਗੋਲੀਆਂ ਚਲਾਈਆਂ ਗਈਆਂ।

# ਮਨਰੇਗਾ 'ਚ ਲੋਕ-ਮਾਰੂ ਬਦਲਾਅ ਦੇ ਵਿਰੋਧ 'ਚ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ

**ਛੇਹਰਟਾ (ਮਨੋਜ ਕੁਮਾਰ)**— ਵੀਰਵਾਰ ਨੂੰ ਆਮ ਆਦਮੀ ਪਾਰਟੀ ਦੇ ਐਸ.ਸੀ. ਵਿੰਗ ਮਾਝਾ ਜ਼ੋਨ ਵੱਲੋਂ ਅੰਮ੍ਰਿਤਸਰ ਦੇ ਭੰਡਾਰੀ ਪੁੱਲ 'ਤੇ ਮਨਰੇਗਾ ਕਾਨੂੰਨ ਵਿਚ ਕੀਤੇ ਗਏ ਲੋਕ-ਮਾਰੂ ਬਦਲਾਵਾਂ ਦੇ ਵਿਰੋਧ ਵਿਚ ਜ਼ੋਰਦਾਰ ਪ੍ਰਦਰਸ਼ਨ ਕਰਦਿਆਂ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ ਗਿਆ। ਇਸ ਪ੍ਰਦਰਸ਼ਨ ਦੀ ਅਗਵਾਈ ਐਸ.ਸੀ. ਵਿੰਗ ਮਾਝਾ ਜ਼ੋਨ ਦੇ ਇੰਚਾਰਜ ਰਵਿੰਦਰ ਹੰਸ ਤੇ ਠੇਕੇਦਾਰ ਅਮਰਜੀਤ ਸਿੰਘ, ਅੰਮ੍ਰਿਤਸਰ ਸ਼ਹਿਰੀ ਜ਼ਿਲ੍ਹਾ ਪ੍ਰਧਾਨ ਇੰਦਰ ਪਾਲ, ਅੰਮ੍ਰਿਤਸਰ ਦਿਹਾਤੀ ਜ਼ਿਲ੍ਹਾ ਪ੍ਰਧਾਨ ਸੁਖਚੈਨ ਸਿੰਘ ਤਲਵੰਡੀ ਅਤੇ ਗੁਰਦਾਸਪੁਰ ਜ਼ਿਲ੍ਹਾ ਪ੍ਰਧਾਨ ਜਸਵਿੰਦਰ ਸਿੰਘ ਨੇ ਕੀਤੀ। ਇਸ ਮੌਕੇ ਰਵਿੰਦਰ ਹੰਸ ਨੇ ਮਨਰੇਗਾ ਵਿਚ ਕੀਤੇ ਬਦਲਾਵਾਂ ਨੂੰ ਲੈ ਕੇ ਕੇਂਦਰ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਮੋਦੀ ਸਰਕਾਰ ਗਰੀਬਾਂ ਦੀ ਰੋਜ਼ੀ-ਰੋਟੀ ਖੋਹਣ ਦੀ ਸਾਜ਼ਿਸ਼ ਘੜ ਰਹੀ ਹੈ। ਕੇਂਦਰ ਵੱਲੋਂ ਲਿਆਂਦਾ ਜਾ ਰਿਹਾ 'ਵੀ.ਬੀ.ਜੀ-ਰਾਮ-ਜੀ ਐਕਟ' ਮਨਰੇਗਾ ਨੂੰ ਕਮਜ਼ੋਰ ਤੇ ਆਖ਼ਰਕਾਰ ਖ਼ਤਮ ਕਰਨ ਦੇ ਬਰਾਬਰ ਹੈ, ਜਿਸ ਨੂੰ ਆਮ ਆਦਮੀ ਪਾਰਟੀ ਕਿਸੇ ਵੀ ਕੀਮਤ 'ਤੇ ਕਬੂਲ ਨਹੀਂ ਕਰੇਗੀ।



ਠੇਕੇਦਾਰ ਅਮਰਜੀਤ ਸਿੰਘ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਮਨਰੇਗਾ ਵਿਚ 100 ਫ਼ੀਸਦੀ ਫੰਡ ਦੀ ਗਾਰੰਟੀ ਤੋਂ ਪਿੱਛੇ ਹਟ ਕੇ ਸੂਬਾ ਸਰਕਾਰਾਂ 'ਤੇ 40 ਫ਼ੀਸਦੀ ਵਿੱਤੀ ਬੋਝ ਪਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਮਜ਼ਦੂਰਾਂ ਦੇ ਹੱਕਾਂ ਲਈ ਵੱਡਾ ਸੰਘਰਸ਼ ਕਰੇਗੀ ਤੇ ਕਿਸੇ ਵੀ ਹਾਲਤ ਵਿੱਚ ਗ਼ਰੀਬ ਮਜ਼ਦੂਰਾਂ ਦਾ ਰੋਜ਼ਗਾਰ ਖੋਹਣ ਨਹੀਂ ਦੇਵੇਗੀ। ਉਨ੍ਹਾਂ ਦੱਸਿਆ ਕਿ ਇਸੇ ਕਾਰਨ ਆਪ ਸਰਕਾਰ ਵੱਲੋਂ ਵਿਧਾਨ ਸਭਾ ਦਾ ਵਿਸ਼ੇਸ਼ ਸਦਨ ਬੁਲਾ ਕੇ ਇਸ ਕਾਲੇ ਕਾਨੂੰਨ ਦੇ ਵਿਰੋਧ ਵਿਚ ਮਤਾ ਵੀ ਪਾਸ ਕੀਤਾ ਗਿਆ ਹੈ। ਅੰਮ੍ਰਿਤਸਰ ਸ਼ਹਿਰੀ ਜ਼ਿਲ੍ਹਾ ਪ੍ਰਧਾਨ ਇੰਦਰ ਪਾਲ ਨੇ ਕਿਹਾ ਕਿ ਭਾਜਪਾ ਦੀ ਨਵੀਂ ਮਜ਼ਦੂਰ ਵਿਰੋਧੀ ਨੀਤੀ ਗ਼ਰੀਬਾਂ ਦੇ ਮੂੰਹੋਂ ਰੋਟੀ ਖੋਹਣ ਦੀ ਖੁੱਲ੍ਹੀ ਸਾਜ਼ਿਸ਼ ਹੈ। ਇਸ ਮੌਕੇ ਹਲਕਾ ਕੋਆਰਡੀਨੇਟਰ ਨਿਰਮਲ ਸਿੰਘ, ਰਾਜਾ ਅਟੱਲਗੜ੍ਹ, ਰਾਜੇਸ਼ ਕੁਮਾਰ, ਵਿਜੈ ਖੋਸਲਾ, ਰਾਜ ਕੁਮਾਰ ਲੱਧੜ, ਮਨਜੀਤ ਸਿੰਘ ਮਲਕਨੰਗਲ, ਸੁਲੱਖਣ ਸਿੰਘ, ਮਨਜੀਤ ਸਿੰਘ, ਰਮੇਸ਼ ਕੁਮਾਰ, ਬਲਾਕ ਇੰਚਾਰਜ ਪਰਮਜੀਤ ਕੌਰ, ਜਗੀਰ ਸਿੰਘ, ਬਲਵਿੰਦਰ ਗੋਰਾ, ਜੰਗ ਬਹਾਦਰ, ਸੰਨੀ ਵਡਾਲੀ, ਜੋਗਿੰਦਰ ਪਾਲ, ਧਰਮਿੰਦਰ, ਨਿਰਮਲ, ਦਲਬੀਰ,ਮੁਨੀਸ਼, ਵਿਪਨ, ਨਰਿੰਦਰ ਕੌਰ, ਅਜੈ ਕੁਮਾਰ, ਰਘਵਿੰਦਰ ਸਿੰਘ, ਜਗੀਰ ਸਿੰਘ, ਸੁਰਜਨ ਦੇਵ, ਕਸ਼ਮੀਰੀ ਲਾਲ ਤੇ ਹੋਰ ਸਾਥੀ ਹਾਜ਼ਰ ਸਨ।

# 2 ਲੱਖ ਤੋਂ ਵੱਧ ਦੀ ਠੱਗੀ ਮਾਰਨ ਵਾਲੇ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਬਹਿਰਾਮਪੁਰ ਪੁਲਿਸ ਨੇ 2 ਲੱਖ 30 ਹਜ਼ਾਰ ਰੁਪਏ ਦੀ ਠੱਗੀ ਮਾਰਨ ਵਾਲੇ ਇਕ ਵਿਅਕਤੀ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੀੜਤ ਵਲੋਂ ਪੁਲਿਸ ਨੂੰ ਦਿੱਤੀ ਸ਼ਿਕਾਇਤ 'ਤੇ ਪੁਲਿਸ ਨੇ ਜਾਂਚ ਦੌਰਾਨ ਪਾਇਆ ਕਿ ਜਵਾਹਰ ਲਾਲ ਰੈਨਾ ਪੁੱਤਰ ਯਸ਼ਪਾਲ ਰੈਨਾ, ਸੋਨੀਆ ਰੈਨਾ ਪਤਨੀ ਜਵਾਹਰ ਲਾਲ ਰੈਨਾ ਵਾਸੀ ਬਹਿਰਾਮਪੁਰ ਸੀ/ਓ ਰੀਗੋਨਲ ਕਾਲਜ ਗੁਰਦਾਸਪੁਰ ਪੰਜਾਬ ਨੇ ਦਰਖਾਸਤ ਕਰਤਾ ਦੇ ਲੜਕੇ ਸਿਮਰਨਜੀਤ ਸ਼ਰਮਾ ਨੂੰ ਡੀ. ਫਾਰਮੇਸੀ (ਐਲੋਪੈਥੀ), ਬੀ.ਏ.ਐਮ.ਐਸ., ਐਮ.ਬੀ.ਬੀ.ਐਸ. ਕਰਵਾਉਣ ਦੇ ਨਾਮ 'ਤੇ 2 ਲੱਖ 30 ਹਜ਼ਾਰ ਰੁਪਏ ਦੀ ਠੱਗੀ ਮਾਰੀ ਹੈ। ਪੁਲਿਸ ਨੇ ਠੱਗੀ ਮਾਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਕੁੰਡੇ ਲਾਲੋਵਾਲ ਵਿਖੇ ਗਊ ਸੇਵਾ ਕਮਿਸ਼ਨ ਨੇ ਚਿਕਿਤਸਾ ਕੈਂਪ ਲਗਾਇਆ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਸ਼੍ਰੀ ਅਸ਼ੋਕ ਸਿੰਗਲਾ ਅਤੇ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਪੰਜਾਬ ਡਾ. ਪਰਮਦੀਪ ਸਿੰਘ ਵਾਲੀਆ ਦੇ ਦਿਸ਼ਾ ਨਿਰਦੇਸ਼ਾਂ ਹੇਠ



ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਗੁਰਦਾਸਪੁਰ ਡਾ. ਜਸਪ੍ਰੀਤ ਸਿੰਘ ਨਾਗਪਾਲ ਦੀ ਅਗਵਾਈ ਹੇਠ ਪਿੰਡ ਕੁੰਡੇ ਲਾਲੋਵਾਲ ਵਿਖੇ ਸਥਿਤ ਬਾਬਾ ਠੀਕਰ ਨਾਥ ਗਊ ਸੇਵਾ ਸੋਸਾਇਟੀ ਵਿਖੇ ਗਊ ਭਲਾਈ ਕੈਂਪ ਲਗਾਇਆ ਗਿਆ, ਕੈਂਪ ਵਿੱਚ ਗਊ ਸੇਵਾ ਕਮਿਸ਼ਨ ਵੱਲੋਂ 25000/- ਰੁਪਏ ਦੀਆਂ ਖਰੀਦੀਆਂ ਦਵਾਈਆਂ ਗਊਸ਼ਾਲਾ ਵਿੱਚ ਰਹਿ ਰਹੇ ਗਊਧਨ ਦੀ ਸਿਹਤ ਸੰਭਾਲ ਲਈ ਗਊਸ਼ਾਲਾ ਦੇ ਪ੍ਰਧਾਨ ਸ਼੍ਰੀ ਰਕੇਸ਼ ਕੁਮਾਰ ਨੂੰ ਦਿੱਤੀਆਂ ਗਈਆਂ। ਪਸ਼ੂ ਪਾਲਣ ਵਿਭਾਗ ਤਹਿਸੀਲ ਦੀਨਾਨਗਰ ਵੱਲੋਂ ਮੌਕੇ 'ਤੇ ਗਊਆਂ ਦੀ ਵੈਕਸੀਨੇਸ਼ਨ ਅਤੇ ਬੀਮਾਰ ਪਸ਼ੂਆਂ ਦਾ ਇਲਾਜ ਕੀਤਾ ਗਿਆ। ਇਸ ਮੌਕੇ ਹਾਜਰ ਡਾ. ਰਛਪਾਲ ਸਿੰਘ ਸੀਨੀਅਰ ਵੈਟਨਰੀ ਅਫ਼ਸਰ ਤਹਿਸੀਲ ਦੀਨਾਨਗਰ ਨੇ ਕਿਹਾ ਕਿ ਗਊ ਨੂੰ ਭਾਰਤੀ ਸੰਸਕ੍ਰਿਤੀ ਵਿੱਚ ਮਾਂ ਦਾ ਦਰਜਾ ਦਿੱਤਾ ਗਿਆ ਹੈ ਇਸ ਦੀ ਸੇਵਾ ਕਦੇ ਵੀ ਵਿਅਰਥ ਨਹੀਂ ਜਾਂਦੀ, ਉਹਨਾਂ ਦੱਸਿਆ ਕਿ ਵੱਛੇਆਂ ਦੇ ਅਵਾਰਾ ਛੱਡਣ ਦੇ ਰੁਝਾਨ ਨੂੰ ਠੱਲ ਪਾਉਣ ਲਈ ਸਾਰੇ ਪਸ਼ੂ ਹਸਪਤਾਲਾਂ ਵਿੱਚ ਕੇਵਲ ਵੱਛੜੀਆਂ ਪੈਦਾ ਕਰਨ ਲਈ ਸਕਸਨ ਸੀਮਨ ਮੁੱਹਈਆ ਕਰਵਾਇਆ ਗਿਆ ਹੈ। ਡਾ. ਪ੍ਰੀਤਇੰਦਰ ਰਾਣਾ ਵੀ. ਓ. ਸੀ. ਵੀ.ਐਚ ਮਰਾੜਾ ਨੇ ਗਊਧਨ ਦੀ ਸਰਦੀਆਂ ਵਿੱਚ ਸੰਭਾਲ ਲਈ ਵਿਗਿਆਨਿਕ ਢੰਗ ਦੱਸੇ। ਡਾ. ਸੁਭਾਸ਼ ਮਹਾਜਨ ਵੀ. ਓ. ਸੀ. ਵੀ. ਐਚ ਝੱਝੋਲੀ ਵੱਲੋਂ ਦੱਸਿਆ ਗਿਆ ਕਿ ਉਹਨਾਂ ਅਤੇ ਸਟਾਫ ਵੱਲੋਂ ਗਊਸ਼ਾਲਾ ਵਿੱਚ ਸਮੇਂ ਸਮੇਂ 'ਤੇ ਮੂੰਹ, ਖੁਰ,ਗਲ ਘੋਟੂ ਅਤੇ ਐੱਲ. ਐੱਸ. ਡੀ ਬਿਮਾਰੀ ਦੀ ਵੈਕਸੀਨੇਸ਼ਨ ਮੁਹਿੰਮ ਚਲਾਈ ਜਾਂਦੀ ਹੈ। ਗਊਸ਼ਾਲਾ ਦੇ ਪ੍ਰਧਾਨ ਰਾਕੇਸ਼ ਕੁਮਾਰ ਵੱਲੋਂ ਗਊ ਕੈਂਪ ਲਗਾਉਣ 'ਤੇ ਵਿਭਾਗ,ਅਫ਼ਸਰ ਤੇ ਸਟਾਫ ਦਾ ਧੰਨਵਾਦ ਕੀਤਾ। ਇਸ ਮੌਕੇ ਡਾ. ਨੀਰੂ,ਵਿਨੈ ਬਣੌਤਰਾ,ਸੌਰਵ,ਸੁੱਚਾ ਸਿੰਘ,ਜੱਸਾ ਮਸੀਹ, ਰਮਨ ਕੁਮਾਰ ਵੈਟਨਰੀ ਇੰਸਪੈਕਟਰ, ਸੁਖਦੇਵ ਰਾਜ,ਸੁਰਿੰਦਰ ਪਾਲ ਜਰਨਲ ਸਕੱਤਰ,ਸੀਤਾ ਰਾਮ ਫਾਰਮ ਸਕੱਤਰ,ਸੰਜੀਵ ਕੁਮਾਰ ਕਾਲੀ,ਮੁਕੇਸ਼ ਕੁਮਾਰ,ਸੁਰਜੀਤ ਸਿੰਘ ਅਤੇ ਸਤੀਸ਼ ਕਾਲਾ ਹਾਜਰ ਸਨ।

# ਕੈਬਨਿਟ ਮੰਤਰੀ ਨੇ ਸ਼ੈੱਡ ਨਿਰਮਾਣ ਦੇ ਕੰਮ ਦਾ ਜਾਇਜ਼ਾ ਲਿਆ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)** - ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਦਾਣਾ ਮੰਡੀ ਜੰਡਿਆਲਾ ਗੁਰੂ ਵਿਖੇ ਚਲ ਰਹੇ ਸ਼ੈੱਡ ਨਿਰਮਾਣ ਦੇ ਕੰਮਾਂ ਦਾ ਜਾਇਜ਼ਾ ਲਿਆ ਜੋ ਕਿ ਜੰਡਿਆਲਾ ਗੁਰੂ ਮੰਡੀ ਵਿੱਚ 1992 ਤੋਂ ਬਾਅਦ ਲਗਭਗ 33 ਸਾਲ ਬੀਤ ਜਾਣ ਤੋਂ ਬਾਅਦ ਪਹਿਲੀ ਵਾਰ 3 ਕਰੋੜ ਦੀ ਲਾਗਤ ਨਾਲ 3 ਨਵੇਂ ਸ਼ੈੱਡ ਦੀ ਉਸਾਰੀ ਕੀਤੀ ਜਾ ਰਹੀ ਹੈ ਜੋ ਕਿਸਾਨਾਂ ਅਤੇ ਆੜਤੀ ਵੀਰਾਂ ਲਈ ਬਹੁਤ ਵੱਡੀ ਸੌਗਾਤ ਹੈ ਇਸ ਤੋਂ ਇਲਾਵਾ ਮੰਤਰੀ ਸਾਹਿਬ ਨੇ ਤੋਰੀਆ ਲੈ ਕੇ ਆਏ ਕਿਸਾਨ ਵੀਰਾਂ ਨਾਲ ਵੀ ਮੁਲਕਾਤ ਕੀਤੀ ਅਤੇ ਫਸਲ ਬਾਰੇ ਜਾਣਕਾਰੀ ਲਈ। ਕਿਸਾਨ ਵੀਰਾਂ ਨੇ ਵੀ ਮੰਡੀ ਦੇ ਚਲ ਰਹੇ ਵਿਕਾਸ ਕੰਮਾਂ ਲਈ ਮੰਤਰੀ ਸਾਹਿਬ ਦਾ ਧੰਨਵਾਦ ਕੀਤਾ। ਇਸ ਮੌਕੇ ਆੜਤੀ ਐਸੋਸੀਏਸ਼ਨ ਦੇ ਪ੍ਰਧਾਨ ਸੁਨੀਲ ਪਾਸੀ ਨੇ ਕੈਬਨਟ ਮੰਤਰੀ ਸਰਦਾਰ ਹਰਭਜਨ ਸਿੰਘ ਦਾ ਧੰਨਵਾਦ ਕੀਤਾ ਅਤੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕੀਤਾ ਜਾ ਰਿਹਾ ਇਹ ਪ੍ਰੋਜੈਕਟ ਸਿਰਫ ਇੱਕ ਪ੍ਰੋਜੈਕਟ ਨਹੀਂ ਸਗੋਂ ਜੰਡਿਆਲਾ ਗੁਰੂ ਦਾਣਾ ਮੰਡੀ ਲਈ ਇੱਕ ਮੀਲ ਪੱਥਰ ਪ੍ਰੋਜੈਕਟ ਸਾਬਿਤ ਹੋਵੇਗਾ ਜਿਸ ਦਾ ਲਾਭ ਇਕੱਲੀ ਦਾਣਾ ਮੰਡੀ ਨੂੰ ਨਹੀਂ ਸਮੁੱਚੇ ਹਲਕੇ ਨੂੰ ਅਤੇ ਸਮੁੱਚੀ ਸੈਲਰ ਇੰਡਸਟਰੀ ਨੂੰ ਮਿਲੇਗਾ।

# ਸੀ ਐੱਚ ਸੀ ਸਰਹਾਲੀ ਵਿਖੇ ਹੜ੍ਹ ਪੀੜਤਾਂ ਨੂੰ ਕੰਬਲ, ਕੋਟੀਆਂ ਤੇ ਘਰੇਲੂ ਵਰਤੋਂ ਵਾਲਾ ਸਮਾਨ ਵੰਡਿਆ

**ਚੋਹਲਾ ਸਾਹਿਬ (ਰਮਨ ਚੱਢਾ)**- ਦਰਿਆ ਬਿਆਸ ਦੇ ਕਿਨਾਰੇ ਵੱਸੇ ਲੋਕਾਂ ਨੂੰ ਹੜ੍ਹਾਂ ਦੌਰਾਨ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ ਤੇ ਹੜ੍ਹਾਂ ਕਾਰਨ ਉਹਨਾਂ ਦੀਆਂ ਫਸਲਾਂ ਅਤੇ ਪਸ਼ੂਆਂ ਦਾ ਚਾਰਾ ਨਸ਼ਟ ਹੋ ਗਿਆ ਸੀ। ਇਹਨਾਂ ਹੜ੍ਹ ਪੀੜ੍ਹਤਾਂ ਦੀ ਮਦਦ ਲਈ ਪ੍ਰਸ਼ਾਸ਼ਨ ਦੇ ਨਾਲ ਨਾਲ ਵੱਖ ਵੱਸ ਸਮਾਜ ਸੇਵੀ ਸੰਸਥਾਵਾਂ ਵੱਲੋਂ ਮਦਦ ਕੀਤੀ ਜਾ ਰਹੀ ਹੈ। ਇਸੇ ਤਹਿਤ ਅੱਜ ਸੀ ਐਚ ਸੀ ਸਰਹਾਲੀ ਵਿਖੇ ਡਾਕਟਰ ਕੰਵਰਪੁਨੀਤ ਸਿੰਘ ਮੈਡੀਕਲ ਅਫਸਰ ਦੀ ਯੋਗ ਰਹਿਨੁਮਾਈ ਹੇਠ ਗੁਰਨਾਮ ਸਿੰਘ ਚਾਹਲ,ਗੁਰਸੇਵਕ ਸਿੰਘ,ਪ੍ਰਗਟ ਸਿੰਘ ਵਿਰਕ,ਪ੍ਰਮਜੀਤ ਸਿੰਘ ਵਿਰਕ,ਸੁਖਵਿੰਦਰ ਸਿੰਘ ਆਦਿ ਵਾਸੀ ਲੁਧਿਆਣਾ ਦੇ ਪਰਿਵਾਰਾਂ ਵੱਲੋਂ ਜਰੂਰਤਮੰਦ ਵਿਅਕਤੀਆਂ ਨੂੰ ਗਰਮ ਕੰਬਲ,ਕੋਟੀਆਂ, ਸਵੈਟਰ,ਗਰਮ ਸਵੈਪ ਸ਼ਲਟਾਂ,ਹੁਡੀਆਂ ਆਦਿ ਵੰਡੀਆਂ ਗਈਆਂ ਹਨ। ਇਹਨਾਂ ਦਾਨੀ ਸੱਜਣਾਂ ਵੱਲੋਂ ਕੁਝ ਦਿਨ ਪਹਿਲਾਂ ਵੀ ਸੀ ਐਚ ਸੀ ਸਰਹਾਲੀ ਵਿਖੇ ਜਰੂਰਤਮੰਦ ਵਿਅਕਤੀਆਂ ਲਈ ਲੋੜੀਂਦੇ ਸਮਾਨ ਦੀ ਸੇਵਾ ਕੀਤੀ ਗਈ ਸੀ ਅਤੇ ਅੱਜ ਫਿਰ ਉਹਨਾਂ ਵੱਲੋਂ ਲਗਪਗ 80 ਜਰੂਰਤਮੰਦ ਵਿਅਕਤੀਆਂ ਵਿਧਵਾਵਾਂ, ਅੰਗਹੀਣਾਂ, ਪਰਿਵਾਰਾਂ ਤੋਂ ਸੱਖਣੇ, ਗੂੰਗੇ,



ਬੋਲੇ ਵਿਅਕਤੀਆਂ ਨੂੰ ਗਰਮ ਕੰਬਲ ਅਤੇ ਘਰੇਲੂ ਵਰਤੋਂ ਵਾਲਾ ਸਮਾਨ ਵੰਡਿਆ ਗਿਆ ਹੈ। ਉਹਨਾਂ ਦੱਸਿਆ ਕਿ ਹਸਪਤਾਲ ਲਈ 7 ਗਰਮ ਕੰਬਲ ਵੀ ਦਿੱਤੇ ਗਏ ਹਨ। ਇਸ ਸਮੇਂ ਗੁਰਨਾਮ ਸਿੰਘ ਚਾਹਲ ਅਤੇ ਪ੍ਰਗਟ ਸਿੰਘ ਨੇ ਦੱਸਿਆ ਕਿ ਉਹ ਸਮੇਂ ਸਮ 'ਤੇ ਇਹ ਸੇਵਾ ਨਿਭਾਉਂਦੇ ਰਹਿਣਗੇ। ਇਸ ਸਮੇਂ ਗੁਰਪ੍ਰੀਤ ਕੌਰ ਸਟੈਨੋ,ਮਨਦੀਪ ਕੌਰ ਰੇਡੀਓਗ੍ਰਾਫਰ, ਨਰਿੰਦਰ ਸਿੰਘ ਸੀਨੀਅਰ ਸਹਾਇਕ, ਮਨਦੀਪ ਸਿੰਘ ਆਈ ਏ, ਵਿਸ਼ਾਲ ਕੁਮਾਰ ਵਰਮਾ ਬੀ ਐਸ ਏ,ਕਰਨਦੀਪ ਸਿੰਘ ਕਲਰਕ,ਜਸਪਿੰਦਰ ਸਿੰਘ ਪ੍ਰਧਾਨ, ਸੁਖਦੀਪ ਸਿੰਘ ਔਲਖ, ਗੁਰਪਵਿੱਤਰ ਸਿੰਘ ਸੋਹਲ,ਨਰਿੰਦਰ ਕੁਮਾਰ, ਬਲਜਿੰਦਰ ਸਿੰਘ,ਲਖਵਿੰਦਰ ਸਿੰਘ ਆਦਿ ਹਾਜਰ ਸਨ।

# ਸਰਕਾਰੀ ਨੀਤੀਆਂ ਵਿਰੁੱਧ 16 ਦੇ ਰੋਸ ਪ੍ਰਦਰਸ਼ਨ ਨੂੰ ਸਫਲ ਬਣਾਉਣ ਲਈ ਇਕੱਠ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)** ਸੰਯੁਕਤ ਮੋਰਚੇ ਵੱਲੋਂ 16 ਜਨਵਰੀ ਨੂੰ ਬਿਜਲੀ ਸੋਧ ਬਿੱਲ ਤੇ ਬੀਜ਼ ਬਿੱਲ, ਨਰੇਗਾ ਤੇ ਕਿਰਤ ਕਨੂੰਨਾਂ ਵਿਚ ਕੀਤੇ ਲੋਕ ਵਿਰੋਧੀ ਫੈਸਲਿਆਂ ਦੇ ਰੋਸ ਵਜੋਂ ਕੇਂਦਰ ਤੇ ਪੰਜਾਬ ਸਰਕਾਰ ਵਿਰੁੱਧ ਵੱਡੇ ਪੱਧਰ 'ਤੇ ਡੀ ਸੀ ਦਫਤਰ ਅੰਮ੍ਰਿਤਸਰ ਦੇ ਸਾਹਮਣੇ ਜੋ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ, ਉਸ ਨੂੰ ਸਫਲ ਬਣਾਉਣ ਲਈ ਪਿੰਡ ਤਲਵੰਡੀ ਰਾਏ ਦਾਦੂ ਵਿਖੇ ਜਮੂਹਰੀ ਕਿਸਾਨ ਸਭਾ ਦੀ ਅਗਵਾਈ 'ਚ ਇਕੱਠ ਹੋਇਆ ਜਿੱਥੇ ਜਮੂਹਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਤੇ ਸੰਯੁਕਤ ਕਿਸਾਨ ਮੋਰਚੇ ਦੇ ਪ੍ਰਮੁੱਖ ਆਗੂ ਡਾ. ਸਤਨਾਮ ਸਿੰਘ ਅਜਨਾਲਾ ਨੇ ਕਿਸਾਨਾਂ ਮਜ਼ਦੂਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਬਿਜਲੀ ਸੋਧ ਬਿੱਲ ਤੇ ਬੀਜ਼ ਬਿੱਲ ਲਾਗੂ ਕਰਕੇ ਬਿਜਲੀ ਤੇ ਬੀਜ਼ ਸੈਕਟਰ ਨੂੰ ਕਾਰਪੋਰੇਟ ਘਰਾਣਿਆਂ ਨੂੰ ਸੌਂਪਣਾ ਚਹੁੰਦੀ ਹੈ ਤਾਂ ਜੋ ਦੇਸ਼ ਦੇ ਗਰੀਬ ਲੋਕਾਂ ਦੀ ਰੱਜ ਕੇ ਲੁੱਟ ਕੀਤੀ ਜਾ ਸਕੇ! ਡਾ. ਅਜਨਾਲਾ ਨੇ ਅੱਗੇ ਦੱਸਿਆ ਕਿ ਕੇਂਦਰ ਸਰਕਾਰ ਨੇ 29 ਕਿਰਤ ਕਨੂੰਨਾਂ ਨੂੰ ਰੱਦ ਕਰਕੇ ਚਾਰ ਲੇਬਰ ਕੋਡ ਲਾਗੂ ਕਰ ਦਿੱਤੇ ਹਨ ਅਤੇ ਇਸੇ ਤਰ੍ਹਾਂ ਮਨਰੇਗਾ ਖਤਮ ਕਰਕੇ ਮਜ਼ਦੂਰਾਂ - ਗਰੀਬਾਂ ਦੇ ਹੱਕ ਤੇ ਡਾਕਾ ਮਾਰਿਆ ਹੈ। ਇਸ ਮੌਕੇ ਕਿਸਾਨ ਸਭਾ ਦੀ ਇਕਾਈ ਦੇ ਪ੍ਰਧਾਨ ਚਰਨਜੀਤ ਸਿੰਘ, ਸੈਕਟਰੀ ਪੁੰਨ ਕੌਰ, ਖ਼ਜ਼ਾਨਚੀ ਸੁਖਜਿੰਦਰ ਸਿੰਘ, ਸੁਖਵਿੰਦਰ ਕੌਰ ਤੇ ਰਸ਼ਪਾਲ ਸਿੰਘ ਆਦਿ ਨੇ ਵੀ ਆਪਣੇ ਵਿਚਾਰ ਰੱਖੇ।

# 16 ਨੂੰ ਡੀ ਸੀ ਦਫਤਰ ਅੱਗੇ ਧਰਨੇ ਸੰਬੰਧੀ ਮੀਟਿੰਗਾਂ ਤੇ ਝੰਡਾ ਮਾਰਚ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਸੰਯੁਕਤ ਕਿਸਾਨ ਮੋਰਚਾ ਪੰਜਾਬ, ਮੁਲਾਜਮ ਅਤੇ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਫ਼ੈਸਲੇ ਅਨੁਸਾਰ ਟੈਕਨੀਕਲ ਸਰਵਿਸਿਜ਼ ਯੂਨੀਅਨ ਅਤੇ ਕਿਰਤੀ ਕਿਸਾਨ ਯੂਨੀਅਨ ਪੰਜਾਬ ਦੀ ਅਗਵਾਈ ਹੇਠ ਬਿਜਲੀ ਸੋਧ ਬਿੱਲ 2025, ਮਜ਼ਦੂਰ ਮੁਲਾਜ਼ਮ ਵਿਰੋਧੀ ਚਾਰ ਲੇਬਰ ਕੋਡ, ਕਿਸਾਨ ਵਿਰੋਧੀ ਸੀਡ ਬਿੱਲ 2025, ਮਗਨਰੇਗਾ ਸਕੀਮ ਦੀ ਥਾਂ ਨਵਾਂ ਕਾਨੂੰਨ ਜੀ ਰਾਮ ਜੀ ਵਿਰੁੱਧ ਲਾਮਬੰਦੀ ਕਰਨ ਲਈ ਪਿੰਡ ਹਰਸ਼ਾ ਛੀਨਾ ਸੁਬਾਜਪੁਰ ਵਿਖੇ ਕਿਸਾਨਾਂ, ਮਜ਼ਦੂਰਾਂ ਅਤੇ ਮੁਲਾਜ਼ਮਾਂ ਵਲੋਂ ਸਾਂਝੀ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਮਰਦਾਂ ਔਰਤਾਂ ਅਤੇ ਬੱਚਿਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ।ਆਗੂਆਂ ਨੇ ਇਸ ਸਮੇਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਬਿਜਲੀ ਸੋਧ ਬਿੱਲ ਪਾਸ ਹੋਣ ਨਾਲ ਬਿਜਲੀ ਦੀਆਂ ਦਰਾਂ ਵਿੱਚ ਵਾਧਾ ਹੋਵੇਗਾ, ਵੰਡ ਪ੍ਰਣਾਲੀ ਵਿੱਚ ਨਿੱਜੀ ਕੰਪਨੀਆਂ ਦਾ ਦਾਖਲਾ ਹੋਵੇਗਾ, ਪੱਕੇ ਰੁਜ਼ਗਾਰ ਦਾ ਉਜਾੜਾ ਹੋਵੇਗਾ, ਸਬਸਿਡੀ ਤੇ ਕਰੋਸ ਸਬਸਿਡੀਆਂ ਬੰਦ ਹੋਣਗੀਆਂ। ਚਾਰ ਲੇਬਰ ਕੋਡ ਕਾਨੂੰਨ ਲਾਗੂ ਹੋਣ ਨਾਲ 8 ਘੰਟੇ ਤੋਂ



12 ਘੰਟੇ ਕੰਮ ਦਿਹਾੜੀ ਲਾਗੂ ਹੋਵੇਗੀ, ਜੋ ਗੈਰ ਮਨੁੱਖੀ ਕਾਰਪੋਰੇਟ ਪੱਖੀ ਕਾਨੂੰਨ ਹੈ। ਮਗਨਰੇਗਾ ਕਾਨੂੰਨ ਦਾ ਪੱਕੇ ਤੌਰ 'ਤੇ ਭੋਗ ਪਾ ਦਿੱਤਾ ਗਿਆ ਹੈ। ਆਗੂਆਂ ਨੇ ਕੇਂਦਰ ਅਤੇ ਰਾਜ ਸਰਕਾਰ ਵੱਲੋਂ ਕਾਰਪੋਰੇਟ ਪੱਖੀ ਲਾਗੂ ਕੀਤੀਆਂ ਜਾ ਰਹੀਆਂ ਨਿੱਜੀ ਕਰਨ ਦੀਆਂ ਨੀਤੀਆਂ ਨੂੰ ਮੋੜਾ ਦੇਣ ਲਈ ਕਿਸਾਨ, ਮਜ਼ਦੂਰ, ਮੁਲਾਜ਼ਮ ਜਥੇਬੰਦੀਆਂ ਵੱਲੋਂ 16 ਜਨਵਰੀ ਨੂੰ ਸਾਂਝੇ ਤੌਰ 'ਤੇ ਡੀ ਸੀ ਦਫ਼ਤਰ ਅੰਮ੍ਰਿਤਸਰ ਅੱਗੇ ਦਿੱਤੇ ਜਾ ਰਹੇ ਧਰਨੇ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ। ਇਸ ਮੀਟਿੰਗ ਨੂੰ ਟੀ ਐਸ ਯੂ ਦੇ ਸਰਕਲ ਪ੍ਰਧਾਨ ਮਲਕੀਅਤ ਸਿੰਘ ਸੈਂਸਰਾ, ਜੁਗਰਾਜ ਸਿੰਘ ਛੀਨਾ, ਪਰਮਿੰਦਰ ਸਿੰਘ ਅਦਲੀਵਾਲ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਹਰਪਾਲ ਸਿੰਘ ਛੀਨਾ, ਕਾਬਲ ਸਿੰਘ ਛੀਨਾ, ਅਵਤਾਰ ਸਿੰਘ ਛੀਨਾ, ਸਰਪੰਚ ਸਾਧਾਂ ਸਿੰਘ, ਮਜ਼ਦੂਰ ਆਗੂ ਸੁਕਿੰਦਰ ਸਿੰਘ, ਬਾਬਾ ਪ੍ਰਸ਼ੋਤਮ ਸਿੰਘ ਅਤੇ ਕਸ਼ਮੀਰ ਕੌਰ ਆਦਿ ਨੇ ਸੰਬੋਧਨ ਕੀਤਾ।

# ਦਾਜ ਦੀ ਮੰਗ ਕਰਨ ਵਾਲੇ ਸਹੁਰਾ ਪਰਵਾਰ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਧਾਰੀਵਾਲ ਪੁਲਿਸ ਨੇ ਦਾਜ ਦਹੇਜ ਦੀ ਮੰਗ ਕਰਨ ਵਾਲੇ ਸਹੁਰਾ ਪਰਿਵਾਰ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਿਸ ਨੇ ਜਾਂਚ ਦੌਰਾਨ ਪਾਇਆ ਕਿ ਪੀੜਤਾ ਦਾ ਵਿਆਹ 18 ਮਾਰਚ 2018 ਨੂੰ ਮਨੀਸ਼ ਵਰਮਾ ਪੁੱਤਰ ਅਸ਼ੋਕ ਵਰਮਾ ਵਾਸੀ ਕ੍ਰਿਸ਼ਨਾ ਗਲੀ ਧਾਰੀਵਾਲ ਨਾਲ ਹੋਇਆ ਸੀ। ਵਿਆਹ ਤੋਂ ਬਾਅਦ ਪੀੜਤਾ ਦਾ ਸਹੁਰਾ ਪਰਿਵਾਰ ਦਹੇਜ ਦੀ ਖਾਤਰ ਉਸ ਨੂੰ ਤੰਗ ਪ੍ਰੇਸ਼ਾਨ ਕਰਦੇ ਸਨ। ਸਾਲ 2024 ਵਿਚ ਪੀੜਤਾ ਦੇ ਪਤੀ ਦੀ ਬਿਮਾਰੀ ਕਾਰਨ ਮੌਤ ਹੋ ਗਈ ਜਿਸ ਤੋਂ ਬਾਅਦ ਕਥਿਤ ਦੋਸ਼ੀਆਂ ਨੇ ਪੀੜਤਾ ਦੇ ਮਾਪਿਆਂ ਵਲੋਂ ਦਿੱਤਾ ਇਸਤਰੀ ਧੰਨ ਆਪਣੀ ਵਰਤੋਂ ਵਿੱਚ ਲਿਆ ਕੇ ਖੁਰਦ ਬੁਰਦ ਕਰ ਦਿੱਤਾ। ਪੁਲਿਸ ਨੇ ਪੀੜਤਾ ਦੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਜੇਠ ਅਨਮੋਲ ਵਰਮਾ ਪੁੱਤਰ ਅਸ਼ੋਕ ਵਰਮਾ, ਜੇਠਾਨੀ ਪਾਇਲ ਵਰਮਾ ਪਤਨੀ ਅਨਮੋਲ ਵਰਮਾ, ਸੱਸ ਸੀਮਾ ਰਾਣੀ ਪਤਨੀ ਅਸ਼ੋਕ ਵਰਮਾ ਵਾਸੀ ਕ੍ਰਿਸ਼ਨਾ ਬਾਜ਼ਾਰ ਮੁਕੇਰੀਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਸਿੰਘ ਸਭਾ ਗੁਰਦੁਆਰਾ ਤੋਂ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਨਗਰ ਕੀਰਤਨ ਸਜਾਇਆ



**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ-ਮੁਕੇਰੀਆਂ ਮੁੱਖ ਮਾਰਗ 'ਤੇ ਪੈਂਦੇ ਕਸਬਾ ਪੁਰਾਣਾ ਸ਼ਾਲਾ ਦੇ ਗੁਰਦੁਆਰਾ ਸਿੰਘ ਸਭਾ ਦੀ ਪ੍ਰਬੰਧਕ ਕਮੇਟੀ ਤੇ ਪਿੰਡ ਵਾਸੀਆਂ ਤੋਂ ਇਲਾਵਾ ਭਾਰਤੀ ਪ੍ਰਵਾਸੀਆਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੀ ਛਤਰ ਛਾਇਆ ਹੇਠ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਬਾਬਾ ਮੁਖਤਿਆਰ ਸਿੰਘ, ਸੈਕਟਰੀ ਸਰਬਜੀਤ ਸਿੰਘ ਲਾਲੀਆ, ਸੈਕਟਰੀ ਕੈਪਟਨ ਪਿਆਰਾ ਸਿੰਘ, ਕੈਸ਼ੀਅਰ ਜੋਗਿੰਦਰ ਸਿੰਘ, ਰਘੁਨਾਥ ਸਿੰਘ, ਬਲਜਿੰਦਰ ਸਿੰਘ ਚੀਮਾ, ਬਲਦੇਵ ਸਿੰਘ, ਜੋਗਰਾਜ ਸਿੰਘ, ਜਸਵੰਤ ਸਿੰਘ, ਹੈਡ ਗ੍ਰੰਥੀ ਪਰਮਜੀਤ ਸਿੰਘ, ਰਵੀ ਕੁਮਾਰ ਤੇ ਹੋਰ ਕਮੇਟੀ ਮੈਂਬਰਾਂ ਨੇ ਦੱਸਿਆ ਕਿ ਇਹ ਨਗਰ ਕੀਰਤਨ ਪਿੰਡ ਦੀ ਪ੍ਰਕਰਮਾ ਕਰਦਾ ਹੋਇਆ ਪੁਰਾਣਾ ਸ਼ਾਲਾ ਅੱਡੇ ਵਿਚ ਪਹੁੰਚਿਆ ਜਿੱਥੇ ਨਗਰ ਕੀਰਤਨ ਦਾ ਸੰਗਤਾਂ ਵਲੋਂ ਫੁੱਲਾਂ ਦੀ ਵਰਖਾ ਨਾਲ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਸੰਗਤ ਦੀ ਸੇਵਾ ਵਾਸਤੇ ਸ਼ਰਧਾਲੂਆਂ ਵਲੋਂ ਕਈ ਪ੍ਰਕਾਰ ਦੇ ਲੰਗਰ ਵੀ ਲਗਾਏ ਗਏ ਸਨ। ਨਗਰ ਕੀਰਤਨ ਵਿਚ ਇਲਾਕੇ ਭਰ ਦੀ ਸੰਗਤਾਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲਿਆ।

# ਹੜ ਪ੍ਰਭਾਵਤ ਪਰਵਾਰਾਂ ਨੂੰ ਮੁਆਵਜ਼ਾ ਦਿਵਾਉਣ ਲਈ ਧਾਲੀਵਾਲ ਵੱਲੋਂ ਅਧਿਕਾਰੀਆਂ ਨਾਲ ਮੀਟਿੰਗ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)** ਹਲਕਾ ਅਜਨਾਲਾ ਦੇ ਵਿਧਾਇਕ ਸ ਕੁਲਦੀਪ ਸਿੰਘ ਧਾਲੀਵਾਲ ਨੇ ਡੀ ਸੀ ਕੰਪਲੈਕਸ ਅੰਮ੍ਰਿਤਸਰ ਵਿਖੇ ਉੱਚ ਅਧਿਕਾਰੀਆਂ ਨਾਲ ਅਹਿਮ ਮੀਟਿੰਗ ਕੀਤੀ, ਇਸ ਦੌਰਾਨ ਹਲਕਾ ਅਜਨਾਲਾ ਦੇ ਹੜ੍ਹ ਪ੍ਰਭਾਵਿਤ ਪਰਿਵਾਰਾਂ, ਜਿਨ੍ਹਾਂ ਨੂੰ ਅਜੇ ਤੱਕ ਮੁਆਵਜ਼ਾ ਨਹੀਂ ਮਿਲ ਸਕਿਆ, ਉਨ੍ਹਾਂ ਦੇ ਕੇਸਾਂ ਦਾ ਨਿਪਟਾਰਾ ਕਰਕੇ ਜਲਦ ਮੁਆਵਜ਼ਾ ਦਿਵਾਉਣ ਦੇ ਨਿਰਦੇਸ਼ ਜਾਰੀ ਕੀਤੇ। ਉਹਨਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਪ੍ਰਭਾਵਿਤ ਵਿਅਕਤੀ ਦੇ ਮੁੜ ਵਸੇਬੇ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਮੌਕੇ ਸੰਬੋਧਨ ਕਰਦਿਆਂ ਸ ਧਾਲੀਵਾਲ ਨੇ ਕਿਹਾ ਕਿ ਇਤਿਹਾਸ ਵਿੱਚ ਪਹਿਲੀ ਸਰਕਾਰ ਹੈ ਜਿਸ ਨੇ ਕਿਸਾਨਾਂ ਨੂੰ ਫਸਲਾਂ ਅਤੇ ਘਰਾਂ ਦੇ ਹੋਏ ਨੁਕਸਾਨ ਦਾ ਮੁਆਵਜ਼ਾ ਇੰਨੀ ਛੇਤੀ ਜਾਰੀ ਕੀਤਾ ਹੈ।




ਉਹਨਾਂ ਕਿਹਾ ਕਿ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਵੱਲੋਂ ਇਸ ਬਾਬਤ ਸਾਰੇ ਐਸ ਡੀ ਐਮ ਨੂੰ ਸਪਸ਼ਟ ਹਦਾਇਤਾਂ ਹਨ ਕਿ ਕਿਸੇ ਦੇ ਵੀ ਮੁਆਵਜ਼ੇ ਵਿੱਚ ਬਿਨਾਂ ਕਾਰਨ ਦੇਰੀ ਨਾ ਕੀਤੀ ਜਾਵੇ ਅਤੇ ਜੇਕਰ ਕੋਈ ਅਧਿਕਾਰੀ ਜਾਂ ਕਰਮਚਾਰੀ ਇਸ ਵਿੱਚ ਰੁਕਾਵਟ ਬਣਦਾ ਹੈ ਤਾਂ ਉਸ ਵਿਰੁੱਧ ਤੁਰੰਤ ਕਾਰਵਾਈ ਕੀਤੀ ਜਾਵੇ। ਇਸ ਮੌਕੇ ਐਸ ਡੀ ਐਮ ਸ ਰਵਿੰਦਰ ਸਿੰਘ, ਜ਼ਿਲਾ ਮਾਲ ਅਫਸਰ ਸ ਨਵਕੀਰਤ ਸਿੰਘ, ਐਕਸੀਅਨ ਸ ਦਿਲਬਾਗ ਸਿੰਘ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਕਿਸਾਨ ਮਜ਼ਦੂਰ ਜਥੇਬੰਦੀ ਦੇ ਸਾਬ ਸਿੰਘ ਠੱਕਰਪੁਰਾ ਬਣੇ ਦੂਜੀ ਵਾਰ ਪ੍ਰਧਾਨ



**ਪੱਟੀ (ਸ਼ਮਸ਼ੇਰ ਸਿੰਘ ਯੋਧਾ, ਬਲਦੇਵ ਸਿੰਘ ਸੰਧੂ)** - ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਜਿਥੇ ਪੰਜਾਬ ਭਰ ਵਿੱਚ ਪਿੰਡ ਪੱਧਰੀ ਨਵੀਆਂ ਇਕਾਈਆਂ ਦੀ ਚੋਣ ਕੀਤੀ ਜਾ ਰਹੀ ਉਥੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਪੱਟੀ ਜੋਨ ਵੱਲੋਂ ਪਿੰਡ ਪੱਧਰੀ ਮੀਟਿੰਗਾਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਇਸੇ ਤਰ੍ਹਾਂ ਪਿੰਡ ਠੱਕਰਪੁਰਾ ਵਿੱਚ ਨਵੀਂ ਚੋਣ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪੱਟੀ ਜੋਨ ਪ੍ਰਧਾਨ ਗੁਰਭੇਜ ਸਿੰਘ ਧਾਰੀਵਾਲ, ਜੋਨ ਇੰਚਾਰਜ ਤਰਸੇਮ ਸਿੰਘ ਧਾਰੀਵਾਲ, ਸਲਾਹਕਾਰ ਗੁਰਜੰਟ ਸਿੰਘ ਭੱਗੂਪੁਰ, ਜਰਨੈਲ ਸਿੰਘ ਠੱਕਰਪੁਰਾ ਨੇ ਕਿਹਾ ਕਿ ਪੰਜਾਬ ਸਰਕਾਰ ਕੇਂਦਰ ਸਰਕਾਰ ਦੇ ਇਸ਼ਾਰੇ 'ਤੇ ਪਿੰਡਾਂ ਸ਼ਹਿਰਾਂ ਵਿੱਚ ਪ੍ਰੀਪੇਡ ਮੀਟਰ ਲਗਾ ਰਹੀ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਕਿਸੇ ਵੀ ਹਾਲਤ ਵਿੱਚ ਚਿੱਪ ਵਾਲੇ ਮੀਟਰ ਲਾਉਣ ਨਹੀਂ ਦਿੱਤੇ ਜਾਣਗੇ ਜੇਕਰ ਪਾਵਰਕਾਮ ਦੇ ਅਧਿਕਾਰੀ ਪਿੰਡਾਂ ਵਿੱਚ ਆਉਂਦੇ ਹਨ ਉਹਨਾਂ ਦਾ ਘਿਰਾਓ ਕੀਤਾ ਜਾਵੇਗਾ। ਇਸ ਮੌਕੇ 'ਤੇ ਨਵੀਂ ਇਕਾਈ ਦੀ ਚੋਣ ਕੀਤੀ ਗਈ ਜਿਸ ਵਿੱਚ ਦੁਬਾਰਾ ਫਿਰ ਪ੍ਰਧਾਨ ਸਾਬ ਸਿੰਘ ਠੱਕਰਪਰਾ ਚੁਣੇ ਗਏ। ਹੋਰ ਆਗੂਆਂ ਵਿੱਚ ਜਗਵੰਤ ਸਿੰਘ, ਮਹਾਂਵੀਰ ਸਿੰਘ, ਸਰਬਜੀਤ ਸਿੰਘ, ਜਸਬੀਰ ਸਿੰਘ ਕੁਲਵੰਤ ਸਿੰਘ, ਦਲਜੀਤ ਸਿੰਘ, ਬਲਦੇਵ ਸਿੰਘ, ਹਰਪਾਲ ਸਿੰਘ, ਰਣਜੀਤ ਸਿੰਘ, ਸੁਖਵੰਤ ਸਿੰਘ, ਅਮਰ ਸਿੰਘ, ਸੁਰਜੀਤ ਸਿੰਘ ਆਦਿ ਦੀ ਚੋਣ ਕੀਤੀ ਗਈ।

# ਤਿੰਨ ਵੱਖ-ਵੱਖ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ

**ਗੁਰਦਾਸਪੁਰ (ਜਨਕ ਮਹਾਜਨ)** - ਥਾਣਾ ਬਹਿਰਾਮਪੁਰ ਪੁਲਿਸ ਦੇ ਏ.ਐਸ.ਟਾਈ. ਪ੍ਰੀਤਮ ਦਾਸ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਿਸ ਪਾਰਟੀ ਨੇ ਟੀ.ਪੁਆਇੰਟ ਰਾਏਪੁਰ ਤੋਂ ਕਥਿਤ ਦੋਸ਼ੀ ਮਾਨਿਕ ਪੁੱਤਰ ਪਰਮਜੀਤ ਕੁਮਾਰ ਵਾਸੀ ਸਾਂਸੀਆਂ ਮੁਹੱਲਾ ਬਹਿਰਾਮਪੁਰ ਨੂੰ ਸ਼ੱਕ ਦੇ ਆਧਰ 'ਤੇ ਕਾਬੂ ਕਰਕੇ ਉਸ ਕੋਲੋਂ 7 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਥਾਣਾ ਕਾਹਨੂੰਵਾਨ ਦੇ ਏ.ਐਸ.ਆਈ. ਨਿਰਮਲ ਸਿੰਘ ਕਾਲਾ ਬਾਲਾ ਨੇੜੇ ਸਰਕਾਰੀ ਸਕੂਲ ਤੋਂ ਕਥਿਤ ਦੋਸ਼ੀ ਗੁਰਪ੍ਰੀਤ ਸਿੰਘ ਉਰਫ ਗੋਪੀ ਪੁੱਤਰ ਬਲਕਾਰ ਸਿੰਘ ਵਾਸੀ ਗੁੰਨੋਪੁਰ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ 6 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਥਾਣਾ ਸਿਟੀ ਗੁਰਦਾਸਪੁਰ ਦੇ ਏ.ਐਸ.ਆਈ. ਜਗਜੀਤ ਸਿੰਘ ਨੇ ਪੁਰਾਣਾ ਬੱਸ ਸਟੈਂਡ ਗੁਰਦਾਸਪੁਰ ਦੀ ਬੈਕ ਸਾਇਡ ਤੋਂ ਕਥਿਤ ਦੋਸ਼ੀ ਸੂਰਜ ਉਰਫ ਲਾਰਾ ਪੁੱਤਰ ਅਸ਼ਵਨੀ ਕੁਮਾਰ ਵਾਸੀ ਗਾਂਧੀਆ ਪਨਿਆੜ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ 7 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਪੁਲਿਸ ਨੇ ਤਿੰਨਾਂ ਵਿਅਕਤੀਆਂ ਵਿਰੁੱਧ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਲਿਬਰੇਸ਼ਨ ਵੱਲੋਂ ਅਠਵਾਲ ਵਿਖੇ ਡੋਨਾਲਡ ਟਰੰਪ ਵਿਰੁੱਧ ਰੈਲੀ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਸੀ ਪੀ ਆਈ ਐਮ ਐਲ ਲਿਬਰੇਸ਼ਨ ਨੇ ਧਾਰੀਵਾਲ ਬਲਾਕ ਦੇ ਪਿੰਡ ਅਠਵਾਲ ਵਿਖੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੁਆਰਾ ਵੈਨੂਜ਼ੁਏਲਾ ਦੇ ਰਾਸ਼ਟਰਪਤੀ ਮਾਦੂਰੋ ਨੂੰ ਅਗਵਾ ਕਰਨ ਦੇ ਵਿਰੋਧ ਵਿੱਚ ਰੈਲੀ ਕੀਤੀ। ਇਸ ਸਮੇਂ ਬੋਲਦਿਆਂ ਪਾਰਟੀ ਦੇ ਆਗੂ ਪ੍ਰੇਮ ਮਸੀਹ ਸੋਨਾ, ਜੋਗਿੰਦਰ ਪਾਲ ਲੇਹਲ ਅਤੇ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰਾ ਨੇ ਕਿਹਾ ਕਿ ਕਿਸੇ ਆਜ਼ਾਦ ਦੇਸ਼ ਦੀ ਸਰਕਾਰ ਦੇ ਮੁਖੀ ਨੂੰ ਹਮਲਾਵਾਰਾਂ ਦੀ ਤਰ੍ਹਾਂ ਅਗਵਾ ਕਰਕੇ ਲੈ ਜਾਣਾ ਸਰਾਸਰ ਕੌਮਾਂਤਰੀ ਕਾਨੂੰਨਾਂ ਦੀ



ਘੋਰ ਉਲੰਘਣਾ ਹੈ। ਰਾਸ਼ਟਰਪਤੀ ਮਾਦੂਰੋ ਨੂੰ ਅਮਰੀਕੀ ਸਾਮਰਾਜੀਆਂ ਨੇ ਅਗਵਾ ਕਰਨ ਪਿੱਛੋਂ ਉਸ ਉਪਰ ਨਾਰਕੋ ਅੱਤਵਾਦ ਚਲਾਉਣ ਦੇ ਦੋਸ਼ਾਂ ਹੇਠ ਕੇਸ ਦਰਜ ਕਰਕੇ ਨਿਊਯਾਰਕ ਦੀ ਅਦਾਲਤ ਵਿੱਚ ਕੇਸ ਦੀ ਸੁਣਵਾਈ ਸ਼ੁਰੂ ਕਰ ਦਿੱਤੀ ਹੈ ਜੋ ਦੋਸ਼ ਸਰਾਸਰ ਝੂਠੇ ਅਤੇ ਬੇਬੁਨਿਆਦ ਹਨ। ਅਸਲ ਕਹਾਣੀ ਇਹ ਹੈ ਕਿ ਵੈਨੂਜ਼ੁਏਲਾ ਦਾ ਰਾਸ਼ਟਰਪਤੀ ਇੱਕ ਸਮਾਜਵਾਦੀ ਸਰਕਾਰ ਚਲਾ ਰਿਹਾ ਸੀ ਅਤੇ ਸਮਾਜਵਾਦੀ ਸਰਕਾਰ ਦੀਆਂ ਨੀਤੀਆਂ ਦੇ ਤਹਿਤ ਆਪਣੇ ਦੇਸ਼ ਦੇ ਤੇਲ ਦੇ ਭੰਡਾਰਾਂ ਨੂੰ ਕੰਟਰੋਲ ਕਰ ਰਿਹਾ ਸੀ ਜੋ ਅਮਰੀਕੀ ਸਾਮਰਾਜੀਆਂ ਨੂੰ ਕਿਸੇ ਤਰ੍ਹਾਂ ਵੀ ਬਰਦਾਸ਼ਤ ਨਹੀਂ ਸੀ ਹੋ ਰਿਹਾ। ਤੇਲ ਭੰਡਾਰਾਂ ਉੱਪਰ ਕਬਜ਼ਾ ਕਰਨ ਲਈ ਟਰੰਪ ਵੱਲੋਂ ਇਹ ਕਾਰਵਾਈ ਕੀਤੀ ਗਈ ਹੈ। ਇਸ ਸਮੇ ਇਹ ਵੀ ਮਤਾ ਪਾਸ ਕੀਤਾ ਗਿਆ ਕਿ ਕੇਂਦਰ ਸਰਕਾਰ ਵਲੋਂ ਮਨਰੇਗਾ ਰੁਜ਼ਗਾਰ ਚਲਾਉਣ ਲਈ ਪੈਸੇ ਦੀ 60,40 ਦੀ ਲਾਈ ਸ਼ਰਤ ਖਤਮ ਕੀਤੀ ਜਾਵੇ ਅਤੇ ਮਨਰੇਗਾ ਕਨੂੰਨ ਦਾ ਪੁਰਾਣਾ ਰੂਪ ਪੂਰੀ ਤਰਾਂ ਬਹਾਲ ਕੀਤਾ ਜਾਵੇ। ਇਸ ਸਮੇ ਰਾਜੂ ਬਟਾਲਾ ਅਤੇ ਸੁਖਦੇਵ ਬਿਟੇ ਨੇ ਵੀ ਸੰਬੋਧਨ ਕੀਤਾ।

# ਨਸ਼ੇ ਦਾ ਸੇਵਨ ਕਰਦਾ ਇਕ ਕਾਬੂ

**ਗੁਰਦਾਸਪੁਰ (ਜਨਕ ਮਹਾਜਨ)** - ਥਾਣਾ ਪੁਰਾਣਾ ਸ਼ਾਲਾ ਪੁਲਿਸ ਨੇ ਨਸ਼ੇ ਦਾ ਸੇਵਨ ਕਰਨ ਵਾਲੇ ਇਕ ਨੌਜਵਾਨ ਨੂੰ ਕਾਬੂ ਕੀਤਾ ਹੈ। ਥਾਣਾ ਪੁਰਾਣਾ ਸ਼ਾਲਾ ਦੇ ਏ.ਐਸ.ਆਈ. ਮਨਜੀਤ ਸਿੰਘ ਨੇ ਸਮੇਤ ਪੁਲਿਸ ਪਾਰਟੀ ਗਸ਼ਤ ਦੌਰਾਨ ਮੁੱਖਬਰ ਖਾਸ ਦੀ ਇਤਲਾਹ 'ਤੇ ਪੁਰਾਣਾ ਸ਼ਾਲਾ ਨਜ਼ਦੀਕ ਦਾਣਾ ਮੰਡੀ ਬਿਰਾਨ ਗੁਦਾਮ ਵਿਖੇ ਰੇਡ ਕਰਕੇ ਅਸਨਮ ਪੁੱਤਰ ਬਲਕਾਰ ਮਸੀਹ ਵਾਸੀ ਪੰਡੋਰੀ ਬੈਸਾਂ ਨੂੰ ਨਸ਼ੇ ਦਾ ਸੇਵਨ ਕਰਦਿਆਂ ਕਾਬੂ ਕੀਤਾ ਅਤੇ ਮੌਕੇ ਤੋਂ ਸਿਲਵਰ ਪੇਪਰ, ਲਾਇਟਰ ਅਤੇ 10 ਰੁਪਏ ਦਾ ਨੋਟ ਬਰਾਮਦ ਹੋਇਆ ਹੈ। ਥਾਣਾ ਪੁਰਾਣਾ ਸ਼ਾਲਾ ਪੁਲਿਸ ਨੇ ਉਕਤ ਵਿਅਕਤੀ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲਾ ਦਰਜ ਕਰ ਲਿਆ ਹੈ।

# 12 ਤੱਕ ਤਨਖਾਹ ਨਾ ਦਿੱਤੀ ਤਾਂ ਖਜ਼ਾਨਾ ਦਫਤਰ ਅੱਗੇ ਦਿੱਤਾ ਜਾਵੇਗਾ ਧਰਨਾ

**ਤਲਵਾੜਾ, ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੀ.ਡਬਲਯੂ.ਡੀ. ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਸ਼ਾਖਾ, ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਤਲਵਾੜਾ



ਦੇ ਪ੍ਰਧਾਨ ਰਾਜੀਵ ਸ਼ਰਮਾ ਅਤੇ ਜਨਰਲ ਸਕੱਤਰ ਸ਼ਾਮ ਸਿੰਘ ਬਟਵਾੜਾ ਨੇ ਪ੍ਰੈਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖਜ਼ਾਨਾ ਦਫਤਰਾਂ 'ਤੇ ਲਗਾਈ ਗਈ ਪਾਬੰਦੀ ਕਾਰਨ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਵਿੱਚ ਭਰਤੀ ਠੇਕਾ ਕਰਮਚਾਰੀਆਂ ਦੀ ਦਸੰਬਰ ਦੀ ਤਨਖਾਹ ਅੱਜ ਤੱਕ ਨਹੀਂ ਦਿੱਤੀ ਜਾ ਸਕੀ, ਜਿਸ ਕਾਰਨ ਯੂਨੀਅਨ ਨੇ ਫੈਸਲਾ ਕੀਤਾ ਹੈ ਕਿ ਜੇਕਰ ਸ਼ੁੱਕਰਵਾਰ ਨੂੰ ਤਨਖਾਹ ਦੀ ਅਦਾਇਗੀ ਨਹੀਂ ਕੀਤੀ ਗਈ ਤਾਂ ਯੂਨੀਅਨ ਸੋਮਵਾਰ 12 ਜਨਵਰੀ ਨੂੰ ਖਜ਼ਾਨਾ ਦਫਤਰ ਤਲਵਾੜਾ ਦੇ ਸਾਹਮਣੇ ਪੰਜਾਬ ਸਰਕਾਰ ਵਿਰੁੱਧ ਧਰਨਾ ਦੇਣ ਲਈ ਮਜਬੂਰ ਹੋਵੇਗੀ, ਜਿਸ ਦੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ।



# ਕਿਸਾਨਾਂ ਨੇ ਵੈਨੇਜ਼ੁਏਲਾ 'ਤੇ ਹੋਏ ਹਮਲੇ ਵਿਰੁੱਧ ਟਰੰਪ ਦਾ ਪੁਤਲਾ ਸਾੜਿਆ

**ਲੋਪੋਕੇ** : ਜਮੂਹਰੀ ਕਿਸਾਨ ਸਭਾ ਤੇ ਕਾਰਕੁਨਾਂ ਵੱਲੋਂ ਅਮਰੀਕੀ ਹਾਕਮਾਂ ਵੱਲੋਂ ਵੈਨੇਜ਼ੁਏਲਾ 'ਤੇ ਹਮਲੇ ਅਤੇ ਉੱਥੋਂ ਦੇ ਪ੍ਰਧਾਨ ਮਾਦੂਰੋ ਤੇ ਉਸ ਦੀ ਪਤਨੀ ਨੂੰ ਗ੍ਰਿਫ਼ਤਾਰ ਕਰਨ ਦੇ ਵਿਰੋਧ ਵਿਚ ਲੋਪੋਕੇ ਵਿਖੇ ਰੋਸ ਪ੍ਰਦਰਸ਼ਨ ਕਰਕੇ ਟਰੰਪ ਦਾ ਪੁਤਲਾ ਫੂਕਿਆ ! ਇਸ ਮੌਕੇ ਜਮੂਹਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਤੇ ਸੰਯੁਕਤ ਕਿਸਾਨ ਮੋਰਚੇ ਦੇ ਪ੍ਰਮੁੱਖ ਆਗੂ ਡਾ. ਸਤਨਾਮ ਸਿੰਘ ਅਜਨਾਲਾ ਨੇ ਪੁਰਜ਼ੋਰ ਮੰਗ ਕੀਤੀ ਕਿ ਉਹਨਾਂ ਦੋਨਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ ਤੇ ਵੈਨੇਜ਼ੁਏਲਾ ਵਾਪਸ ਭੇਜਿਆ ਜਾਵੇ! ਡਾ. ਅਜਨਾਲਾ ਨੇ ਅੱਗੇ ਕਿਹਾ ਕਿ ਅਜਿਹਾ ਹਮਲਾ ਕੌਮਾਂਤਰੀ ਕਾਨੂੰਨਾਂ ਦੀ ਘੋਰ ਉਲੰਘਣਾ ਹੈ ਤੇ ਦੂਸਰੇ ਦੇਸ਼ਾਂ ਵਿੱਚ ਅਮਰੀਕੀ ਹਾਕਮ ਸਰਕਾਰਾਂ ਬਦਲਣ ਤੇ ਆਪਣੀ ਪਿੱਠੂ ਸਰਕਾਰ ਬਣਾਉਣ ਲਈ ਸ਼ਰੇਆਮ ਗੁੰਡਾ ਗਰਦੀ ਕਰ ਰਿਹਾ ਹੈ। ਇਸ ਸਮੇਂ ਕਿਸਾਨ ਸਭਾ ਲੋਪੋਕੇ ਦੇ ਪ੍ਰਧਾਨ ਪ੍ਰਭਜੋਤ ਸਿੰਘ, ਮੀਤ ਪ੍ਰਧਾਨ ਗੁਰਨਾਮ ਸਿੰਘ, ਸੈਕਟਰੀ ਧਿਆਨ ਸਿੰਘ, ਸਹਿ ਸਕੱਤਰ ਕਸ਼ਮੀਰ ਸਿੰਘ ਅਤੇ ਸਮਾਜ ਸੇਵੀ ਬੀਬੀ ਸਰਬਜੀਤ ਕੌਰ, ਰਣਜੀਤ ਕੌਰ, ਬਲਜਿੰਦਰ ਕੌਰ ਤੇ ਦੱਸਪ੍ਰੀਤ ਕੌਰ ਆਦਿ ਨੇ ਵੀ ਆਪਣਾ ਟਰੰਪ ਵਿਰੁੱਧ ਗੁੱਸੇ ਦਾ ਪ੍ਰਗਟਾਵਾ ਕੀਤਾ ! ਇਸ ਸਮੇਂ ਸਤਨਾਮ ਸਿੰਘ, ਬਖ਼ਸ਼ੀਸ਼ ਸਿੰਘ, ਜਰਮਨਜੀਤ ਸਿੰਘ, ਕਸ਼ਮੀਰ ਸਿੰਘ, ਜਸਕਰਨ ਸਿੰਘ, ਗੁਰਕੀਰਤ ਸਿੰਘ ਆਦਿ ਵੀ ਹਾਜ਼ਰ ਸਨ।

# ਸ਼ੈਰੀ ਕਲਸੀ ਨੇ ਵਾਰਡ ਨੰਬਰ 3 ਵਿਖੇ ਗਲੀ ਦਾ ਨਿਰਮਾਣ ਕਾਰਜ ਸ਼ੁਰੂ ਕਰਵਾਇਆ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਬਟਾਲਾ ਸ਼ਹਿਰ ਅੰਦਰ ਵਿਕਾਸ ਪੱਖੋਂ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ ਅਤੇ ਸ਼ਹਿਰ ਵਾਸੀਆਂ ਦੀਆਂ ਲੰਮੇ ਸਮੇਂ ਤੋਂ ਲਮਕਦੀਆਂ ਮੰਗਾਂ ਪੂਰੀਆਂ ਕੀਤੀਆਂ ਜਾ




ਰਹੀਆਂ ਹਨ। ਇਹ ਪ੍ਰਗਟਾਵਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਵਾਰਡ ਨੰਬਰ 3 ਵਿਖੇ ਵਾਰਡ ਵਾਸੀਆਂ ਦੀ ਮੌਜੂਦਗੀ ਵਿੱਚ ਗਲੀ ਬਣਾਉਣ ਦਾ ਕੰਮ ਸ਼ੁਰੂ ਕਰਨ ਉਪਰੰਤ ਕੀਤਾ। ਇਸ ਮੌਕੇ ਐੱਸ.ਡੀ.ਓ ਰੋਹਿਤ ਉੱਪਲ, ਐਮ.ਸੀ ਕਾਕੇ ਸ਼ਾਹ, ਬਿੱਟੂ ਮਸੀਹ ਤੇ ਵੱਡੀ ਗਿਣਤੀ ਵਾਰਡ ਵਾਸੀ ਮੌਜੂਦ ਸਨ। ਵਿਧਾਇਕ ਨੇ ਵਾਰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ਼ਹਿਰ ਵਾਸੀਆਂ ਦੀਆਂ ਮੁੱਢਲੀਆਂ ਲੋੜਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਦਹਾਕਿਆਂ ਤੋਂ ਗਲੀਆਂ ਨਾ ਬਣਨ ਕਾਰਨ ਲੋਕਾਂ ਨੂੰ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ ਪਰ ਹੁਣ ਉਹ ਖੁਦ ਲੋਕਾਂ ਤੱਕ ਪਹੁੰਚ ਕਰਕੇ ਉਨਾਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਬਟਾਲਾ ਸ਼ਹਿਰ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਕੀਤਾ ਗਿਆ ਹੈ ਅਤੇ ਹੁਣ ਉਨ੍ਹਾਂ ਦੀਆਂ ਚਿਰੋਕਣੀਆਂ ਮੰਗਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਵੱਖ ਵੱਖ ਵਿਕਾਸ ਕਾਰਜ ਪ੍ਰਗਤੀ ਅਧੀਨ ਹਨ। ਇਸ ਮੌਕੇ ਵਾਰਡ ਵਾਸੀ ਬਿੱਟੂ ਮਸੀਹ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿਛਲੇ 35 ਸਾਲਾਂ ਤੋਂ ਗਲੀ ਨਾ ਬਣਨ ਕਰਕੇ ਲੋਕ ਮੁਸ਼ਕਲ ਦਾ ਸਾਹਮਣਾ ਕਰ ਰਹੇ ਸਨ ਪਰ ਹੁਣ ਉਨਾਂ ਦੀ ਸਾਰ ਲਈ ਗਈ ਹੈ, ਜਿਸ ਨਾਲ ਇਥੋਂ ਦੇ ਵਾਸੀਆਂ ਨੂੰ ਵੱਡੀ ਰਾਹਤ ਮਿਲੀ ਹੈ।

# ਗੁਰਦੁਆਰਾ ਸ੍ਰੀ ਪੰਚਾਇਣ ਖੰਡ ਨਾਨੋ ਨੰਗਲ ਤੋਂ ਨਗਰ ਕੀਰਤਨ ਸਜਾਇਆ



**ਗੁਰਦਾਸਪੁਰ (ਜਨਕ ਮਹਾਜਨ)** - ਗੁਰਦੁਆਰਾ ਸ੍ਰੀ ਪੰਚਾਇਣ ਖੰਡ ਸਾਹਿਬ ਨਾਨੋ ਨੰਗਲ ਤੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ਼੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਸਾਰੇ ਪਿੰਡ ਦੀ ਪ੍ਰਕਰਮਾ ਕਰਦਾ ਹੋਇਆ ਆਰੰਭਕ ਸਥਾਨ 'ਤੇ ਸਮਾਪਤ ਹੋਇਆ। ਇਸ ਮੌਕੇ ਸੰਗਤਾਂ ਵਲੋਂ ਨਗਰ ਕੀਰਤਨ ਦੇ ਸਵਾਗਤ ਲਈ ਥਾਂ-ਥਾਂ ਲੰਗਰਾਂ ਦੇ ਵਿਸ਼ੇਸ਼ ਪ੍ਰਬੰਧ ਕੀਤੇ ਗਏ ਸਨ। ਇਸ ਮੌਕੇ ਪੰਜ ਪਿਆਰਿਆਂ ਦੀ ਸੇਵਾ ਭਾਈ ਗੁਰਜੀਤ ਸਿੰਘ, ਭਾਈ ਸੁਖਦੇਵ ਸਿੰਘ, ਭਾਈ ਅਮਰੀਕ ਸਿੰਘ, ਭਾਈ ਜਗਜੀਤ ਸਿੰਘ ਤੇ ਭਾਈ ਜਗਦੀਪ ਸਿੰਘ ਨੇ ਨਿਭਾਈ। ਬੀਬੀਆਂ ਦੇ ਨਿਸ਼ਕਾਮ ਜਥੇ ਵਲੋਂ ਕੀਰਤਨ ਦੀ ਸੇਵਾ ਕੀਤੀ ਗਈ।

ਨਵਾਂ ਜ਼ਮਾਨਾ
ਸ਼ੁੱਕਰਵਾਰ, 9 ਜਨਵਰੀ 2026

# ਜੇ ਐੱਨ ਯੂ ਤੋਂ ਉਠਦੀ ਆਵਾਜ਼

ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਦੀ ਸਟੂਡੈਂਟਸ ਯੂਨੀਅਨ ਨੇ ਪੰਜ ਜਨਵਰੀ 2020 ਨੂੰ ਗੁੰਡਿਆਂ ਵੱਲੋਂ ਯੂਨੀਵਰਸਿਟੀ ਵਿੱਚ ਮਚਾਈ ਉਧੜਧੁੰਮੀ ਦੇ ਵਿਰੋਧ ਵਿੱਚ ਲੰਘੀ ਪੰਜ ਜਨਵਰੀ ਨੂੰ 'ਗੁਰੀਲਾ ਢਾਬੇ ਕੇ ਸਾਥ ਪ੍ਰਤੀਰੋਧ ਕੀ ਰਾਤ' ਦੇ ਨਾਂਅ ਨਾਲ ਇੱਕ ਪ੍ਰੋਗਰਾਮ ਰੱਖਿਆ ਸੀ। ਇਸ ਦੌਰਾਨ ਲੱਗੇ ਨਾਅਰਿਆਂ ਤੋਂ ਬਾਅਦ ਗੋਦੀ ਮੀਡੀਆ ਦੇ ਐਂਕਰਾਂ ਨੇ ਖੁਦ ਨੂੰ ਜੱਜ ਮੰਨ ਕੇ ਆਪਣੀਆਂ ਅਦਾਲਤਾਂ ਸਜਾ ਲਈਆਂ ਅਤੇ ਬਿਨਾਂ ਅਪੀਲ ਤੇ ਦਲੀਲ ਤੋਂ ਫੈਸਲਾ ਵੀ ਸੁਣਾ ਦਿੱਤਾ—ਜੇ ਐੱਨ ਯੂ ਦੇਸ਼-ਵਿਰੋਧੀ ਹੈ। ਦੋਸ਼ ਕੀ ਹੈ? ਇਹੀ ਕਿ ਵਿਦਿਆਰਥੀਆਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਤੇ ਆਰ ਐੱਸ ਐੱਸ ਖਿਲਾਫ ਨਾਅਰੇ ਲਾਉਣ ਦੀ ਜੁਰੱਅਤ ਕੀਤੀ ਹੈ। ਪਰ ਮੋਦੀ-ਆਰ ਐੱਸ ਐੱਸ ਦਾ ਵਿਰੋਧ 'ਦੇਸ਼-ਵਿਰੋਧ' ਕਦੋਂ ਤੋਂ ਹੋ ਗਿਆ?

ਅਸੀਂ ਲੋਕਤੰਤਰ ਦੇ ਇੱਕ ਅਜਿਹੇ ਖਤਰਨਾਕ ਮੋੜ 'ਤੇ ਖੜ੍ਹੇ ਹਾਂ, ਜਿੱਥੇ ਸਰਕਾਰ (ਸਟੇਟ) ਅਤੇ ਰਾਸ਼ਟਰ (ਨੇਸ਼ਨ) ਵਿਚਾਲੇ ਫਰਕ ਨੂੰ ਜਾਣਬੁੱਝ ਕੇ ਤੇ ਸ਼ਰਾਰਤਪੂਰਨ ਤਰੀਕੇ ਨਾਲ ਧੁੰਦਲਾ ਕੀਤਾ ਜਾ ਰਿਹਾ ਹੈ। ਇਹ ਸਮਝਣ ਲਈ ਕਿ ਜੇ ਐੱਨ ਯੂ ਦੇ ਅੰਦਰ ਦਾ ਵਿਰੋਧ ਨਾ ਸਿਰਫ ਕਾਨੂੰਨੀ ਹੈ, ਸਗੋਂ ਦੇਸ਼ ਭਗਤੀ-ਭਰਿਆ ਹੈ, ਸਾਨੂੰ ਸਨਸਨੀਖੇਜ਼ ਸੁਰਖੀਆਂ ਤੋਂ ਪਰ੍ਹੇ ਜਾ ਕੇ ਇਤਿਹਾਸ, ਕਿਤਾਬਾਂ ਤੇ ਯੂਨੀਵਰਸਿਟੀ ਦੇ ਮੂਲ ਦਰਸ਼ਨ ਨੂੰ ਦੇਖਣਾ ਪਵੇਗਾ। ਇੱਕ ਵਿਦਿਆਰਥੀ ਦੇ ਗੁੱਸੇ ਨੂੰ ਸਮਝਣ ਤੋਂ ਪਹਿਲਾਂ ਯੂਨੀਵਰਸਿਟੀ ਦੇ ਪਵਿੱਤਰ ਉਦੇਸ਼ ਨੂੰ ਸਮਝਣਾ ਪਵੇਗਾ। ਆਮ ਬਿਰਤਾਂਤ ਜੇ ਐੱਨ ਯੂ ਦੇ ਵਿਦਿਆਰਥੀਆਂ ਨੂੰ ਟੈਕਸਦਾਤਿਆਂ ਦੇ ਪੈਸੇ 'ਤੇ ਪਲਣ ਵਾਲੇ ਅਜਿਹੇ ਲੋਕਾਂ ਵਜੋਂ ਚਿਤਰਤ ਕਰਦਾ ਹੈ, ਜਿਹੜੇ ਪੜ੍ਹਾਈ ਦੀ ਥਾਂ ਸਿਆਸਤ ਕਰਦੇ ਹਨ, ਪਰ ਇਹ ਨਜ਼ਰੀਆ ਉਸ ਉੱਚ ਸਿੱਖਿਆ ਦੇ ਮੂਲ ਉਦੇਸ਼ ਦਾ ਅਪਮਾਨ ਹੈ, ਜਿਹੜਾ ਇੱਕ ਆਜ਼ਾਦ ਸਮਾਜ ਲਈ ਲਾਜ਼ਮੀ ਹੈ। ਯੂਨੀਵਰਸਿਟੀ ਦੀ ਸਿਆਸਤ 'ਤੇ ਆਪਣੇ ਮੌਲਿਕ ਕੰਮ ਵਿੱਚ ਵਿਦਵਾਨ ਗਾਰਡਨ ਜਾਨਸਨ ਨੇ ਪ੍ਰਸਿੱਧ ਅਕਾਦਮਿਕ ਐੱਫ ਐੱਮ ਕੌਨਫੋਰਡ ਦਾ ਹਵਾਲਾ ਦਿੰਦਿਆਂ ਯੂਨੀਵਰਸਿਟੀ ਨੂੰ 'ਸਮਾਜੀ ਸੰਗਠਨ ਦੇ ਉਨ੍ਹਾਂ ਖਾਸ ਰੂਪਾਂ ਵਿੱਚੋਂ ਇੱਕ ਦੱਸਿਆ ਹੈ, ਜਿਹੜੇ ਗਿਆਨ ਨੂੰ ਬਣਾਉਣ, ਲੱਭਣ, ਸੰਭਾਲਣ ਤੇ ਪ੍ਰਸਾਰਤ ਕਰਨ ਦੇ ਸਪੱਸ਼ਟ ਉਦੇਸ਼ ਲਈ ਵਿਕਸਤ ਹੋਏ ਹਨ।' ਇਹ 'ਗਿਆਨ ਦਾ ਸਿਰਜਣ ਤੇ ਖੋਜ' ਆਗਿਆ ਪਾਲਣ ਦੇ ਮਾਹੌਲ ਵਿੱਚ ਨਹੀਂ ਹੋ ਸਕਦਾ। ਇਸ ਲਈ ਵਿਚਾਰਾਂ ਦੇ ਟਕਰਾਅ ਦੀ ਲੋੜ ਹੈ। ਸੰਖੇਪ ਵਿੱਚ ਯੂਨੀਵਰਸਿਟੀ 'ਆਪਣੀ ਹੀ ਇੱਕ ਦੁਨੀਆ' ਹੈ। ਅਜਿਹੀ ਰੱਖ, ਜਿਥੇ ਸਿਆਸੀ ਦੁਨੀਆ ਦੀਆਂ ਫੌਰੀ ਮੰਗਾਂ ਮੁਅੱਤਲ ਰਹਿੰਦੀਆਂ ਹਨ ਤਾਂ ਕਿ ਬਿਨਾਂ ਕਿਸੇ ਡਰ ਜਾਂ ਪੱਖਪਾਤ ਦੇ ਸੱਚ ਦੀ ਖੋਜ ਕੀਤੀ ਜਾ ਸਕੇ। ਕੌਨਫੋਰਡ ਨੇ ਤਰਕ ਦਿੱਤਾ ਸੀ ਕਿ ਇੱਕ ਯੂਨੀਵਰਸਿਟੀ ਨੂੰ 'ਸਾਰੇ ਤਰ੍ਹਾਂ ਦੇ ਵਿਚਾਰਾਂ ਪ੍ਰਤੀ ਪੂਰਨ ਨਿਰਪੱਖਤਾ' ਬਣਾਈ ਰੱਖਣੀ ਚਾਹੀਦੀ ਹੈ। ਇਹ ਉਹ ਥਾਂ ਹੈ ਜਿਸ ਨੂੰ 'ਅਕੱਟ' ਉੱਤੇ ਸਵਾਲ ਚੁੱਕਣ ਲਈ ਡਿਜ਼ਾਈਨ ਕੀਤਾ ਗਿਆ ਹੈ।

ਜਦੋਂ ਵਿਦਿਆਰਥੀ ਜੇ ਐੱਨ ਯੂ ਦੇ ਸਾਬਰਮਤੀ ਢਾਬੇ 'ਤੇ ਖੜ੍ਹੇ ਹੋ ਕੇ ਆਰ ਐੱਸ ਐੱਸ ਦੀਆਂ ਨੀਤੀਆਂ 'ਤੇ ਸਵਾਲ ਚੁੱਕਦੇ ਹਨ, ਜਾਂ ਗ੍ਰਹਿ ਮੰਤਰੀ ਦੇ ਭਾਰਤ ਦੇ ਵਿਜ਼ਨ ਦੀ ਅਲੋਚਨਾ ਕਰਦੇ ਹਨ ਤਾਂ ਦੇਸ਼ 'ਤੇ ਹਮਲਾ ਨਹੀਂ ਕਰ ਰਹੇ ਹੁੰਦੇ। ਉਹ ਆਪਣਾ ਮੁਢਲਾ ਵਿੱਦਿਅਕ ਧਰਮ ਨਿਭਾ ਰਹੇ ਹੁੰਦੇ ਹਨ : ਤਰਕ ਦੀ ਕਸੌਟੀ 'ਤੇ ਕੱਸਣਾ। ਜੇ ਕੋਈ ਯੂਨੀਵਰਸਿਟੀ ਦੇਸ਼ ਦੇ ਸਭ ਤੋਂ ਸ਼ਕਤੀਸ਼ਾਲੀ ਵਿਅਕਤੀਆਂ ਦੀ ਅਲੋਚਨਾ ਨਹੀਂ ਕਰ ਸਕਦੀ ਤਾਂ ਉਹ ਗਿਆਨ ਦਾ ਕੇਂਦਰ ਨਹੀਂ, ਸਗੋਂ ਰਾਜ ਦਾ ਪ੍ਰਚਾਰ-ਤੰਤਰ ਬਣ ਜਾਂਦੀ ਹੈ।

ਵਿਦਿਆਰਥੀ ਅੰਦੋਲਨਾਂ ਬਾਰੇ ਦੁਨੀਆ ਦੇ ਪ੍ਰਸਿੱਧ ਮਾਹਰ ਤੇ ਸਮਾਜ ਸ਼ਾਸਤਰੀ ਫਿਲਿਪ ਜੇ ਆਲਟਬੈਕ ਨੇ ਵਿਦਿਆਰਥੀ ਸਿਆਸੀ ਅੰਦੋਲਨਾਂ ਦੀ ਤੁਲਨਾ ਕੋਲੇ ਦੀ ਖਾਣ ਵਿੱਚ ਕਨਾਰੀ ਚਿੜੀ ਨਾਲ ਕੀਤੀ ਹੈ। ਪੁਰਾਣੇ ਵੇਲਿਆਂ ਵਿੱਚ ਖਾਣ ਮਜ਼ਦੂਰ ਸੁਰੰਗਾਂ ਵਿੱਚ ਜਾਂਦੇ ਸਮੇਂ ਆਪਣੇ ਨਾਲ ਪਿੰਜਰੇ ਵਿੱਚ ਇੱਕ ਕਨਾਰੀ ਚਿੜੀ ਲਿਜਾਂਦੇ ਸਨ। ਜੇ ਚਿੜੀ ਚਹਿਕਣਾ ਬੰਦ ਕਰ ਦਿੰਦੀ ਜਾਂ ਮਰ ਜਾਂਦੀ ਤਾਂ ਇਸ ਦਾ ਮਤਲਬ ਹੁੰਦਾ ਸੀ ਕਿ ਜ਼ਹਿਰੀਲੀਆਂ ਗੈਸਾਂ, ਜਿਹੜੀਆਂ ਇਨਸਾਨੀ ਅੱਖਾਂ ਨਾਲ ਨਹੀਂ ਦਿਸਦੀਆਂ ਸਨ, ਬਣ ਰਹੀਆਂ ਹਨ ਤੇ ਧਮਾਕਾ ਹੋਣ ਵਾਲਾ ਹੈ। ਉਹ ਚਿੜੀ ਖਤਰਾ ਪੈਦਾ ਨਹੀਂ ਸੀ ਕਰਦੀ, ਖਤਰੇ ਦੀ ਚਿਤਾਵਨੀ ਦਿੰਦੀ ਸੀ। ਵਿਦਿਆਰਥੀ ਪ੍ਰੋਟੈੱਸਟ ਆਉਣ ਵਾਲੇ ਸਮਾਜੀ ਵਿਸਫੋਟ ਜਾਂ ਪਨਪ ਰਹੇ ਸਿਆਸੀ ਸੰਕਟ ਦਾ ਸੰਕੇਤ ਹੋ ਸਕਦੇ ਹਨ। ਜਦ ਜੇ ਐੱਨ ਯੂ ਦੇ ਵਿਦਿਆਰਥੀ ਮੋਦੀ ਸਰਕਾਰ ਦੀਆਂ ਆਰਥਕ ਨੀਤੀਆਂ, ਆਰ ਐੱਸ ਐੱਸ ਦੀ ਫਿਰਕੂ ਬਿਆਨਬਾਜ਼ੀ ਤੇ ਗ੍ਰਹਿ ਮੰਤਰਾਲੇ ਦੀ ਮਾਓਵਾਦੀਆਂ ਵਿਰੁੱਧ ਕਾਰਵਾਈ ਖਿਲਾਫ ਨਾਅਰੇ ਲਾਉਂਦੇ ਹਨ ਤਾਂ ਉਹ ਉਸ 'ਕਨਾਰੀ' ਦੀ ਤਰ੍ਹਾਂ ਕੰਮ ਕਰਦੇ ਹਨ। ਸੰਕੇਤ ਦਿੰਦੇ ਹਨ ਕਿ ਦੇਸ਼ ਦਾ ਮਾਹੌਲ ਜ਼ਹਿਰੀਲਾ ਹੋ ਰਿਹਾ ਹੈ। ਵਿਦਿਆਰਥੀਆਂ ਨੂੰ ਚੁੱਪ ਕਰਾਉਣਾ (ਕਨਾਰੀ ਨੂੰ ਮਾਰਨਾ) ਸਮੱਸਿਆ ਦਾ ਹੱਲ ਨਹੀਂ ਹੈ, ਇਹ ਵਿਸਫੋਟ ਨੂੰ ਸੱਦਾ ਦੇਣਾ ਹੈ।

ਵਿਦਿਆਰਥੀ ਪ੍ਰਦਰਸ਼ਨਕਾਰੀਆਂ ਨੂੰ ਦੇਸ਼-ਵਿਰੋਧੀ ਕਹਿਣਾ ਵਿਡੰਬਨਾਪੂਰਨ ਲਗਦਾ ਹੈ, ਜਦੋਂ ਭਾਰਤੀ ਆਜ਼ਾਦੀ ਦੇ ਇਤਿਹਾਸ ਨੂੰ ਦੇਖੀਏ। ਮੌਜੂਦਾ ਹਾਕਮ ਸ਼ਾਇਦ ਇਹ ਭੁੱਲ ਗਏ ਹਨ ਕਿ ਜਿਸ ਆਜ਼ਾਦੀ ਦਾ ਉਹ ਅੱਜ ਆਨੰਦ ਲੈ ਰਹੇ ਹਨ, ਸਰਕਾਰ ਚਲਾਉਣ ਦੀ, ਕਾਨੂੰਨ ਬਣਾਉਣ ਦੀ ਆਜ਼ਾਦੀ, ਉਹ ਉਨ੍ਹਾਂ ਵਿਦਿਆਰਥੀਆਂ ਵੱਲੋਂ ਜਿੱਤੀ ਗਈ ਸੀ, ਜਿਨ੍ਹਾਂ ਨੇ ਕਾਨੂੰਨ ਦੀ ਉਲੰਘਣਾ ਕੀਤੀ ਸੀ। ਪੰਡਤ ਜਵਾਹਰ ਲਾਲ ਨਹਿਰੂ ਨੇ 1936 ਵਿੱਚ ਭਾਰਤ ਦੀ ਪਹਿਲੀ ਵਿਦਿਆਰਥੀ ਜਥੇਬੰਦੀ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ (ਏ ਆਈ ਐੱਸ ਐੱਫ) ਦਾ ਉਦਘਾਟਨ ਕਰਦਿਆਂ ਸਾਮਰਾਜਵਾਦ, ਫਾਸ਼ੀਵਾਦ ਤੇ ਸਮਾਜੀ ਅਨਿਆਂ ਦੇ ਖਿਲਾਫ ਇੱਕ ਸਾਂਝੇ ਮੋਰਚੇ ਵਿੱਚ ਯੁਵਾ ਊਰਜਾ ਨੂੰ ਸ਼ਾਮਲ ਕਰਨ ਦਾ ਸੱਦਾ ਦਿੱਤਾ ਸੀ। ਨਹਿਰੂ ਉਨ੍ਹਾਂ ਵਿਦਿਆਰਥੀਆਂ ਦੇ ਇਨਕਲਾਬੀ ਉਤਸ਼ਾਹ ਦੇ ਪ੍ਰਸੰਸਕ ਸਨ, ਜਿਨ੍ਹਾਂ ਆਗੂਆਂ ਦੇ ਜੇਲ੍ਹ ਵਿੱਚ ਹੋਣ 'ਤੇ ਵੀ ਮੁਜ਼ਾਹਮਤ ਦੀ ਮਸ਼ਾਲ ਜਲਾਈ ਰੱਖੀ।

ਅੱਜ ਗੋਦੀ ਮੀਡੀਆ ਸੱਤਾਧਾਰੀ ਪਾਰਟੀ ਭਾਜਪਾ ਤੇ ਆਰ ਐੱਸ ਐੱਸ ਨੂੰ 'ਰਾਸ਼ਟਰ' ਦੇ ਬਰਾਬਰ ਰੱਖ ਕੇ ਸਰਕਾਰ ਨੂੰ ਅਲੋਚਨਾ ਤੋਂ ਬਚਾਉਣ ਦੀ ਕੋਸ਼ਿਸ਼ ਕਰ ਰਿਹਾ ਹੈ। ਜੇ ਆਰ ਐੱਸ ਐੱਸ ਦੀ ਅਲੋਚਨਾ ਕਰਦੇ ਹੋ, ਤਾਂ ਭਾਰਤ ਦੇ ਗੌਰਵ 'ਤੇ ਹਮਲਾ ਕਰਨ ਦਾ ਦੋਸ਼ ਲੱਗ ਜਾਂਦਾ ਹੈ। ਇਹ ਇੱਕ ਧੋਖਾ ਹੈ। ਆਰ ਐੱਸ ਐੱਸ ਇੱਕ ਗੈਰ-ਸਰਕਾਰੀ ਜਥੇਬੰਦੀ ਹੈ, ਭਾਜਪਾ ਇੱਕ ਸਿਆਸੀ ਪਾਰਟੀ ਹੈ, ਨਰਿੰਦਰ ਮੋਦੀ ਸੰਵਿਧਾਨ ਦੇ ਇੱਕ ਚੁਣੇ ਸੇਵਕ ਹਨ। ਇਨ੍ਹਾਂ ਵਿੱਚੋਂ ਕੋਈ ਵੀ 'ਦੇਸ਼' ਨਹੀਂ ਹੈ। ਦੇਸ਼ ਸੰਵਿਧਾਨ, ਲੋਕ, ਜ਼ਮੀਨ ਅਤੇ ਆਜ਼ਾਦੀ, ਬਰਾਬਰੀ ਤੇ ਭਾਈਚਾਰੇ ਦੀਆਂ ਕਦਰਾਂ-ਕੀਮਤਾਂ ਨਾਲ ਬਣਦਾ ਹੈ। ਜਦੋਂ ਵਿਦਿਆਰਥੀ ਆਰ ਐੱਸ ਐੱਸ ਖਿਲਾਫ ਨਾਅਰੇ ਲਾਉਂਦੇ ਹਨ, ਤਾਂ ਉਸ ਵਿਚਾਰਧਾਰਾ ਖਿਲਾਫ ਨਾਅਰੇ ਲਾਉਂਦੇ ਹਨ ਜਿਹੜੀ ਉਨ੍ਹਾਂ ਨੂੰ ਦੇਸ਼ ਦੇ ਬਹੁਲਵਾਦੀ ਤਾਣੇ-ਬਾਣੇ ਲਈ ਖਤਰਾ ਜਾਪਦੀ ਹੈ। ਜਦੋਂ ਉਹ ਗ੍ਰਹਿ ਮੰਤਰੀ ਦੀ ਅਲੋਚਨਾ ਕਰਦੇ ਹਨ ਤਾਂ ਰਾਜਤੰਤਰ ਦੀਆਂ ਨੀਤੀਆਂ 'ਤੇ ਸਵਾਲ ਉਠਾ ਰਹੇ ਹੁੰਦੇ ਹਨ। ਇਹ ਗ਼ਦਾਰੀ ਨਹੀਂ ਹੈ, ਇਹ ਇੱਕ ਨਾਗਰਿਕ ਵੱਲੋਂ ਕੀਤਾ ਜਾਣ ਵਾਲਾ ਸਭ ਤੋਂ ਵੱਡਾ ਦੇਸ਼ ਭਗਤੀ ਦਾ ਕੰਮ ਹੈ। ਜੇ ਐੱਨ ਯੂ ਦੇ ਵਿਦਿਆਰਥੀ ਭਾਰਤ ਦੇ ਖਿਲਾਫ ਨਹੀਂ ਲੜ ਰਹੇ, ਭਾਰਤ ਲਈ ਲੜ ਰਹੇ ਹਨ। ਉਹ ਕੋਲੇ ਦੀ ਖਾਣ ਦੀ ਕਨਾਰੀ ਵਾਂਗ ਜ਼ੋਰ ਨਾਲ ਰੌਲਾ ਪਾ ਰਹੇ ਹਨ, ਕਿਉਂਕਿ ਉਹ ਗੈਸ ਰਿਸਦੀ ਦੇਖ ਰਹੇ ਹਨ, ਭਲੇ ਹੀ ਬਾਕੀ ਦੇਸ਼ ਸੌਂ ਰਿਹਾ ਹੈ। ਮੋਦੀ-ਆਰ ਐੱਸ ਐੱਸ ਦਾ ਵਿਰੋਧ ਦੇਸ਼-ਵਿਰੋਧ ਨਹੀਂ ਹੈ। ਇਹ ਇੱਕ ਜ਼ਿੰਦਾ ਲੋਕਤੰਤਰ ਦੇ ਸਾਹ ਲੈਣ ਦੀ ਆਵਾਜ਼ ਹੈ।

# ਪੱਤਰਕਾਰਾਂ ਦੀ ਹੱਤਿਆ ਪ੍ਰੈੱਸ ਦੀ ਅਜ਼ਾਦੀ ਲਈ ਵੱਡਾ ਖ਼ਤਰਾ


ਗੁਰਮੀਤ ਸਿੰਘ ਪਲਾਹੀ

ਇੱਕੋ ਸਾਲ 2025 ਵਿੱਚ 128 ਪੱਤਰਕਾਰਾਂ ਦਾ ਮਾਰਿਆ ਜਾਣਾ ਸਿਰਫ਼ ਇੱਕ ਵਿਸ਼ਵ ਪੱਧਰੀ ਅੰਕੜਾ ਨਹੀਂ, ਸਗੋਂ ਦਿਲ-ਕੰਬਾਊ ਇੱਕ ਇਹੋ ਜਿਹਾ ਵਰਤਾਰਾ ਹੈ, ਜੋ ਮਨੁੱਖੀ ਅਧਿਕਾਰਾਂ ਸੰਬੰਧੀ ਵੱਡੇ ਸਵਾਲ ਖੜ੍ਹੇ ਕਰ ਰਿਹਾ ਹੈ। ਇਹ ਪੱਤਰਕਾਰ ਸਿਰਫ਼ ਇਸ ਕਰਕੇ ਦੁਨੀਆ ਤੋਂ ਰੁਖ਼ਸਤ ਕਰ ਦਿੱਤੇ ਗਏ ਕਿ ਉਹ ਆਪਣੀ ਡਿਊਟੀ ਨਿਭਾਅ ਰਹੇ ਸਨ, ਸੱਚੀਆਂ ਘਟਨਾਵਾਂ ਨੂੰ ਜੱਗ-ਜ਼ਾਹਰ ਕਰ ਰਹੇ ਸਨ। ਕੀ ਇਹ ਇਨਸਾਫ਼ ਦਾ ਗਲਾ ਘੁੱਟਣ ਦੇ ਸਮਾਨ ਨਹੀਂ? ਕੀ ਇਹ ਪ੍ਰੈੱਸ ਦੀ ਅਜ਼ਾਦੀ ਲਈ ਵੱਡਾ ਖ਼ਤਰਾ ਨਹੀਂ?

ਨਿੱਤ-ਦਿਹਾੜੇ ਇਨਸਾਫ਼ ਮੰਗਦੇ ਲੋਕਾਂ 'ਤੇ ਸਮੇਂ ਦੇ ਹਾਕਮ ਅੱਤਿਆਚਾਰ ਕਰਦੇ ਹਨ। ਲਾਠੀਆਂ ਤੇ ਗੋਲੀਆਂ ਦਾ ਮੀਂਹ ਵਰ੍ਹਾਉਂਦੇ ਹਨ, ਉਹਨਾਂ ਨੂੰ ਜੇਲ੍ਹਾਂ ਵਿੱਚ ਤੁੰਨਦੇ ਹਨ, ਬੁਲਡੋਜ਼ਰ ਨੀਤੀ ਨਾਲ਼ ਲੋਕਾਂ ਦੇ ਘਰ ਢਾਹੁੰਦੇ ਹਨ, ਨਫ਼ਰਤ ਦੀ ਅੱਗ ਫੈਲਾਉਂਦੇ ਤੇ ਧਰਮ ਦੇ ਨਾਂਅ 'ਤੇ ਦੰਗੇ-ਫਸਾਦ ਕਰਵਾਉਂਦੇ ਹਨ ਅਤੇ ਆਪਣੇ ਹਿੱਤਾਂ ਲਈ ਲੋਕਾਂ ਨੂੰ ਜੰਗਾਂ ਵਿੱਚ ਧੱਕਦੇ ਹਨ।

ਇਹੋ ਜਿਹੀਆਂ ਘਟਨਾਵਾਂ ਨੂੰ ਪੱਤਰਕਾਰ ਭਾਈਚਾਰਾ ਤੱਥਾਂ ਸਮੇਤ ਲੋਕਾਂ ਸਾਹਮਣੇ ਲਿਆਉਂਦਾ ਹੈ, ਪਰ ਜਦੋਂ ਇਨ੍ਹਾਂ ਘਟਨਾਵਾਂ ਪਿੱਛੇ ਲੁਕਿਆ ਸੱਚ ਜਨਤਾ ਸਾਹਮਣੇ ਲਿਆਂਦਾ ਜਾਂਦਾ ਹੈ ਤਾਂ ਹਾਕਮਾਂ ਨੂੰ ਆਪਣੀ ਗੱਦੀ ਡੋਲਦੀ ਨਜ਼ਰ ਆਉਂਦੀ ਹੈ।

31 ਦਸੰਬਰ 2025 ਨੂੰ ਇੰਟਰਨੈਸ਼ਨਲ ਫੈਡਰੇਸ਼ਨ ਆਫ਼ ਜਰਨਲਿਸਟਸ ਵੱਲੋਂ ਜਾਰੀ ਕੀਤੀ ਗਈ ਰਿਪੋਰਟ ਲੂ-ਕੰਡੇ ਖੜੇ ਕਰਨ ਵਾਲੀ ਹੈ। ਪਿਛਲੇ ਸਾਲ ਮਿਡਲ ਈਸਟ ਅਤੇ ਅਰਬ ਜਗਤ ਵਿੱਚ 74, ਏਸ਼ੀਆ ਪੈਸੇਫ਼ਿਕ ਵਿੱਚ 15, ਯੂਰਪ ਵਿੱਚ 10, ਅਫ਼ਰੀਕਾ ਵਿੱਚ 18 ਅਤੇ ਅਮਰੀਕਾ ਰੀਜਨ ਵਿੱਚ 11 ਪੱਤਰਕਾਰ ਬੇਰਹਿਮੀ ਨਾਲ਼ ਬਲੀ ਚੜ੍ਹਾ ਦਿੱਤੇ ਗਏ, ਕਤਲ ਕਰ ਦਿੱਤੇ ਗਏ।

ਇਸ ਸੰਸਥਾ ਨੇ 1990 ਤੋਂ ਹੁਣ ਤੱਕ ਦੀ ਵਰ੍ਹੇਵਾਰ ਰਿਪੋਰਟ 'ਚ ਦੱਸਿਆ ਹੈ ਕਿ ਵਿਸ਼ਵ ਭਰ ਵਿੱਚ 3173 ਪੱਤਰਕਾਰ, ਔਸਤਨ 91 ਪੱਤਰਕਾਰ ਹਰ ਵਰ੍ਹੇ, ਪਰ ਪਿਛਲੇ ਦਸ ਸਾਲਾਂ ਵਿੱਚ ਹੀ 876 ਪੱਤਰਕਾਰਾਂ ਨੂੰ ਮਾਰ ਦਿੱਤਾ ਗਿਆ। ਫੈਡਰੇਸ਼ਨ ਨੇ 533 ਉਹਨਾਂ ਪੱਤਰਕਾਰਾਂ ਦੀ ਵਿਸ਼ਵ ਪੱਧਰੀ ਰਿਪੋਰਟ ਵੀ ਜਾਰੀ ਕੀਤੀ ਹੈ, ਜਿਹੜੇ ਅੱਜ ਵੀ ਵਿਸ਼ਵ ਭਰ ਦੀਆਂ ਜੇਲ੍ਹਾਂ ਵਿੱਚ ਕੈਦ ਹਨ। ਚੀਨ ਅਤੇ ਮਿਡਲ ਈਸਟ-ਅਰਬ ਜਗਤ ਵਿੱਚ ਇਹਨਾਂ ਪੱਤਰਕਾਰਾਂ ਦੀ ਗਿਣਤੀ ਸਭ ਤੋਂ ਵੱਧ ਹੈ।

ਜਿਹੜੇ ਪੱਤਰਕਾਰ, ਮੀਡੀਆ ਕਰਮੀ 2025 ਵਿੱਚ ਮਾਰ ਦਿੱਤੇ ਗਏ ਜਾਂ ਦੁਰਘਟਨਾਵਾਂ ਦੀ ਬਲੀ ਚੜ੍ਹਾ ਦਿੱਤੇ ਗਏ, ਉਹਨਾਂ ਪੱਤਰਕਾਰਾਂ ਵਿੱਚ 10 ਔਰਤ ਪੱਤਰਕਾਰ ਵੀ ਸ਼ਾਮਲ ਹਨ। 128 ਪੱਤਰਕਾਰਾਂ ਵਿੱਚੋਂ 9 ਦੀ ਮੌਤ ਨੂੰ ਸੜਕੀ ਦੁਰਘਟਨਾ ਕਰਾਰ ਦਿੱਤਾ ਗਿਆ। ਫ਼ਲਸਤੀਨ ਉਹ ਦੇਸ਼ ਬਣ ਕੇ ਉਭਰਿਆ ਹੈ, ਜਿੱਥੇ ਕੁੱਲ ਮਾਰੇ ਗਏ ਪੱਤਰਕਾਰਾਂ ਵਿੱਚੋਂ 44 ਫ਼ੀਸਦੀ ਦੀ ਹੱਤਿਆ ਹੋਈ।

ਵਿਸ਼ਵ ਭਰ ਦੇ ਲੋਕ-ਹਿਤੈਸ਼ੀ ਪੱਤਰਕਾਰਾਂ ਸਾਹਮਣੇ ਵੱਡੀਆਂ ਚੁਣੌਤੀਆਂ ਰਹਿੰਦੀਆਂ ਹਨ। ਉਹ ਭੈੜੀਆਂ ਮੌਸਮੀ ਹਾਲਤਾਂ, ਜੰਗ ਦੇ ਮੈਦਾਨਾਂ ਅਤੇ ਦੰਗਿਆਂ ਵਿਚਕਾਰ ਕੰਮ ਕਰਦੇ ਨਜ਼ਰ ਆਉਂਦੇ ਹਨ। ਇਹ ਪੱਤਰਕਾਰ ਆਮ ਲੋਕਾਂ ਦੇ ਦੁੱਖਾਂ-ਦਰਦਾਂ, ਮਨੁੱਖੀ ਅਧਿਕਾਰਾਂ, ਮਜ਼ਦੂਰਾਂ ਦੇ ਹੱਕਾਂ ਅਤੇ ਤਰਕਸ਼ੀਲ ਸਮਾਜ ਦੀ ਉਸਾਰੀ ਲਈ ਦਿਨ-ਰਾਤ ਕੰਮ ਕਰਦੇ ਹਨ ਅਤੇ ਕਈ ਵਾਰ ਆਪਣੀ ਜਾਨ ਤੱਕ ਵਾਰ ਦਿੰਦੇ ਹਨ।

ਜਿਹਨਾਂ ਸਥਿਤੀਆਂ ਵਿੱਚ ਉਹ ਕੰਮ ਕਰਦੇ ਹਨ, ਉਹ ਬੇਹੱਦ ਜੋਖ਼ਮ ਭਰੀਆਂ ਹੁੰਦੀਆਂ ਹਨ। ਹਰ ਕੁਰਬਾਨੀ ਦਾ ਜਜ਼ਬਾ ਤਾਂ ਉਹਨਾਂ ਦੇ ਮਨਾਂ ਵਿੱਚ ਹੁੰਦਾ ਹੀ ਹੈ, ਉਹ ਲੋਕਾਂ ਲਈ ਰਾਹ ਦਿਖਾਵੇ ਵੀ ਬਣਦੇ ਹਨ, ਪਰ ਇਹ ਸਾਰੀਆਂ ਗੱਲਾਂ ਉਹਨਾਂ ਹਾਕਮਾਂ ਨੂੰ ਪਸੰਦ ਨਹੀਂ, ਉਹਨਾਂ ਨੂੰ ਨਹੀਂ ਭਾਉਂਦੀਆਂ, ਜਿਹੜੇ ਸਮਾਜ ਵਿੱਚ ਹਨੇਰਾ ਪੈਦਾ ਕਰਕੇ ਲੋਕਾਂ ਨੂੰ ਭਰਮਜਾਲ ਅਤੇ ਅਨਪੜ੍ਹਤਾ ਵਿੱਚ ਰੱਖ ਕੇ ਆਪਣੀਆਂ ਸ਼ਾਤਰ ਚਾਲਾਂ ਨਾਲ਼ ਰਾਜ ਕਰਨ ਦੇ ਅਧਿਕਾਰੀ ਬਣੇ ਰਹਿਣਾ ਚਾਹੁੰਦੇ ਹਨ। ਉਹਨਾਂ ਨੂੰ ਅਸਲੋਂ ਸਮਾਜ ਵਿੱਚ ਚਾਨਣ ਪਸੰਦ ਨਹੀਂ ਹੁੰਦਾ, ਇਸੇ ਲਈ ਉਹ ਪਰੇਸ਼ਾਨ ਹਨ, ਉਹਨਾਂ ਦੇ ਢਕੇ ਪਰਦੇ ਉਧੜ ਰਹੇ ਹਨ। ਉਹਨਾਂ ਵੱਲੋਂ ਸੱਚ ਉਜਾਗਰ ਕਰਨ ਵਾਲੀਆਂ ਰਿਪੋਰਟਾਂ ਦਬਾਉਣ ਲਈ ਜਤਨ ਹੋ ਰਹੇ ਹਨ।

ਫ਼ਰੀ ਸਪੀਚ ਕੁਲੈਕਟਿਵ ਦੀ ਛਾਪੀ ਇੱਕ ਰਿਪੋਰਟ ਪ੍ਰੈੱਸ ਦੀ ਅਜ਼ਾਦੀ ਦੇ ਭਰਮ ਖੋਲ੍ਹਦੀ ਹੈ। ਸਾਲ 2025 ਵਿੱਚ ਭਾਰਤ ਵਿੱਚ ਬੋਲਣ ਦੀ ਅਜ਼ਾਦੀ ਦੀ ਉਲੰਘਣਾ ਤਹਿਤ 14,875 ਮਾਮਲੇ ਦਰਜ ਕੀਤੇ ਗਏ, ਜਿਨ੍ਹਾਂ ਵਿੱਚੋਂ 11,785 ਮਾਮਲੇ ਪੱਤਰਕਾਰਾਂ, ਸੋਸ਼ਲ ਮੀਡੀਆ ਇਨਫਲੂਐਂਸਰਾਂ ਅਤੇ ਇੰਟਰਨੈੱਟ ਉਪਭੋਗਤਾਵਾਂ ਨਾਲ਼ ਸੰਬੰਧਿਤ ਹਨ। ਇਹ ਮਾਮਲੇ ਸਿਰਫ਼ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਹੀ ਨਹੀਂ, ਸਗੋਂ ਗ਼ੈਰ-ਭਾਜਪਾ ਸਰਕਾਰਾਂ ਵੱਲੋਂ ਵੀ ਦਰਜ ਕੀਤੇ ਗਏ।

ਅਸਲ ਵਿੱਚ ਇਹ ਸਰਕਾਰੀ ਕਾਰਵਾਈ ਅਜ਼ਾਦ ਕਲਮ ਦੀ ਹੱਤਿਆ ਦੇ ਬਰਾਬਰ ਹੈ। ਭਾਵੇਂ ਕਿ ਵੱਖੋ-ਵੱਖਰੇ ਦੇਸ਼ਾਂ ਦੇ ਸੰਵਿਧਾਨ, ਨਿਯਮ, ਪ੍ਰੈੱਸ ਨੂੰ ਬੋਲਣ, ਲਿਖਣ ਅਤੇ ਆਪਣੇ ਵਿਚਾਰ ਦੇਣ ਦੀ ਅਜ਼ਾਦੀ ਦਿੰਦੇ ਹਨ। ਉਹਨਾਂ ਦੀਆਂ ਲਿਖਤਾਂ, ਛਪਾਈ, ਆਡੀਓ, ਵੀਡੀਓ ਮਧਿਅਮਾਂ ਜਾਂ ਕਿਸੇ ਹੋਰ ਮਾਧਿਅਮ ਰਾਹੀਂ ਵਿਚਾਰਾਂ ਨੂੰ ਪ੍ਰਗਟਾਉਣ ਦਾ ਹੱਕ ਦਿੰਦੇ ਹਨ, ਪਰ ਜਦੋਂ ਇਸ ਅਧਿਕਾਰ ਉੱਤੇ ਵਾਜਬ ਪਾਬੰਦੀਆਂ ਜੜ੍ਹ ਦਿੱਤੀਆਂ ਜਾਂਦੀਆਂ ਹਨ ਅਤੇ ਜਦੋਂ ਪੱਤਰਕਾਰ ਇਹ ਪਾਬੰਦੀਆਂ ਤੋੜਦਾ ਹੈ, ਉਹ ਹਾਕਮਾਂ, ਮਾਫੀਏ ਦੇ ਗੁੱਸੇ ਦਾ ਸ਼ਿਕਾਰ ਹੋ ਜਾਂਦੇ ਹਨ।

ਪੰਜਾਬ 'ਚ ਅੱਤਵਾਦ ਦੇ ਦਿਨਾਂ 'ਚ ਇਹਨਾਂ ਪੱਤਰਕਾਰਾਂ ਨੂੰ ਦੋਹਾਂ ਪਾਸਿਆਂ ਤੋਂ ਖ਼ਤਰਾ ਰਿਹਾ ਅਤੇ ਹੁਣ ਵੀ ਨਕਸਲ ਖਿੱਤਿਆਂ 'ਚ ਹੋ ਰਹੇ ਸੰਘਰਸ਼ 'ਚ ਇਹ ਖ਼ਤਰਾ ਦਿਸਦਾ ਹੈ।

ਇਸ ਕਿਸਮ ਦਾ ਖ਼ਤਰਾ ਉਦੋਂ ਹੋਰ ਵੀ ਵਧ ਜਾਂਦਾ ਹੈ, ਜਦੋਂ ਸ਼ਰੇਆਮ ਪੱਤਰਕਾਰਾਂ ਨੂੰ ਧਮਕੀਆਂ ਅਤੇ ਉਹ ਵੀ ਅਜੀਬ ਕਿਸਮ ਦੀਆਂ ਧਮਕੀਆਂ ਮਿਲਦੀਆਂ ਹਨ। ਤੇਲਗੂ ਦੇਸ਼ਮ ਦੇ ਵਿਧਾਇਕ ਗੁਮਾਨੂਰ ਜੈ ਰਾਮ ਵੱਲੋਂ ਦਿੱਤੀ ਪੱਤਰਕਾਰਾਂ ਲਈ ਧਮਕੀ ਅਸਧਾਰਨ ਹੈ। ਪੜ੍ਹੋ: ਜੇਕਰ ਪੱਤਰਕਾਰ ਉਹਨਾ ਬਾਰੇ ਗ਼ਲਤ ਜਾਣਕਾਰੀ ਪ੍ਰਕਾਸ਼ਤ ਕਰਨਗੇ ਤਾਂ ਉਹ ਉਹਨਾਂ ਨੂੰ ਰੇਲ ਦੀਆਂ ਪਟੜੀਆਂ 'ਤੇ ਸਵਾਉਣਗੇ।

ਇਹੋ ਜਿਹੇ ਹਾਲਾਤ ਵਿੱਚ ਪੱਤਰਕਾਰਾਂ ਲਈ ਰਿਪੋਰਟਿੰਗ ਦਾ ਖ਼ਤਰਾ ਵੱਡਾ ਹੈ। ਇਹ ਖ਼ਤਰਾ ਸਿਰਫ਼ ਜਿਸਮਾਨੀ ਹੀ ਨਹੀਂ, ਮਾਨਸਿਕ ਵੀ ਹੈ। ਡਿਜੀਟਲ ਵੀ ਹੈ, ਕਨੂੰਨੀ ਵੀ ਹੈ ਅਤੇ ਧਮਕੀਆਂ ਭਰਪੂਰ ਵੀ ਹੈ। ਯੂਨੈਸਕੋ ਦੀ ਇੱਕ ਰਿਪੋਰਟ ਅਨੁਸਾਰ 2018 ਤੋਂ ਹੁਣ ਤੱਕ ਲਤੀਨੀ ਅਮਰੀਕਾ ਅਤੇ ਕੈਰੇਬੀਅਨ ਦੇ ਦੇਸ਼ਾਂ ਦੇ 900 ਪੱਤਰਕਾਰਾਂ ਨੂੰ ਦੇਸ਼ ਨਿਕਾਲਾ ਸਿਰਫ਼ ਇਸ ਕਰਕੇ ਮਿਲਿਆ ਕਿ ਉਹ ਲੋਕ-ਹਿੱਤ 'ਚ ਰਿਪੋਰਟਿੰਗ ਕਰਦੇ ਸਨ।

ਅੱਜ ਦੁਨੀਆ ਵਿੱਚ ਖੋਜੀ ਪੱਤਰਕਾਰਤਾ ਲਈ ਖ਼ਤਰੇ ਵਧੇਰੇ ਹਨ। ਦੁਨੀਆ ਭਰ ਵਿੱਚ ਅਜ਼ਾਦ ਪੱਤਰਕਾਰਤਾ, ਲੋਕਤੰਤਰ, ਮਾਨਵ ਅਧਿਕਾਰਾਂ ਅਤੇ ਨਾਗਰਿਕ ਸਮਾਜ ਦੇ ਖ਼ਿਲਾਫ਼ ਕਈ ਤਰ੍ਹਾਂ ਦੇ ਹਮਲੇ ਦੇਖੇ ਜਾ ਰਹੇ ਹਨ। ਇਹ ਹਮਲੇ ਉਸ ਵੇਲੇ ਹੋਰ ਵੀ ਵਧ ਗਏ ਹਨ, ਜਦੋਂ ਤੋਂ ਕੁਲੀਨ ਵਰਗ ਸੱਤਾ ਦੀ ਦੁਰਵਰਤੋਂ ਵਧੇਰੇ ਕਰ ਰਿਹਾ ਹੈ, ਪਰ ਬਾਵਜੂਦ ਇਸ ਸਭ ਕੁਝ ਦੇ ਖੋਜੀ ਪੱਤਰਕਾਰਤਾ ਦਾ ਵਿਸਥਾਰ ਹੋ ਰਿਹਾ ਹੈ ਅਤੇ ਪੱਤਰਕਾਰ ਲਗਾਤਾਰ ਚੈਲਿੰਜ ਕਬੂਲ ਕਰ ਰਹੇ ਹਨ।

ਪੁਲਸ ਅਤੇ ਸਰਕਾਰੀ ਸੁਰੱਖਿਆ ਬਲਾਂ ਦਾ ਦਬਾਅ ਪੱਤਰਕਾਰਤਾ 'ਤੇ ਵੱਧ ਹੈ। ਪੱਤਰਕਾਰ ਗੌਰੀ ਲੰਕੇਸ਼ ਦੀ ਭਾਰਤ ਦੇ ਸ਼ਹਿਰ ਬੰਗਲੌਰ 'ਚ ਹੱਤਿਆ ਨਾਲ ਦੇਸ਼, ਦੁਨੀਆ 'ਚ ਲੱਖਾਂ ਲੋਕਾਂ ਨੂੰ ਗਹਿਰਾ ਸਦਮਾ ਪੁੱਜਿਆ। ਜਦੋਂ ਉਹਨਾ ਦੀ ਹੱਤਿਆ ਦੀ ਖ਼ਬਰ ਪ੍ਰਕਾਸ਼ਤ ਹੋਈ ਤਾਂ ਪੂਰਾ ਦੇਸ਼ ਤ੍ਰਬਕ ਉੱਠਿਆ। ਉਹਨਾ ਦੇ ਕਾਤਲਾਂ ਖ਼ਿਲਾਫ਼ ਜ਼ੋਰਦਾਰ ਪ੍ਰਦਰਸ਼ਨ ਹੋਏ। ਭਾਰਤ ਸਰਕਾਰ ਨੂੰ ਵੀ ਸ਼ਰਮਿੰਦਗੀ ਉਠਾਉਣੀ ਪਈ।

ਸਿਰਫ਼ ਇਹ ਨਹੀਂ ਕਿ ਰਾਸ਼ਟਰੀ ਪੱਧਰ 'ਤੇ ਵੱਡੀਆਂ ਅਖ਼ਬਾਰਾਂ ਵਾਲੇ ਪੱਤਰਕਾਰ ਹੀ ਨਿਸ਼ਾਨੇ 'ਤੇ ਰਹਿੰਦੇ ਹਨ, ਸਗੋਂ ਸਥਾਨਕ ਪੱਤਰਕਾਰਾਂ ਨੂੰ ਵੀ ਵੱਡੇ ਲੋਕਾਂ ਦੀ ਗੁੰਡਾਗਰਦੀ ਦਾ ਸ਼ਿਕਾਰ ਹੋਣਾ ਪੈਂਦਾ ਹੈ, ਜਿਹਨਾਂ ਦੇ ਕੁਕਰਮਾਂ ਨੂੰ ਉਹ ਲੋਕਾਂ ਸਾਹਮਣੇ ਲਿਆਉਂਦੇ ਹਨ। 2015 'ਚ ਇੱਕ ਸਥਾਨਕ ਪੱਤਰਕਾਰ ਸੰਦੀਪ ਕੋਠਾਰੀ ਦੀ ਹੱਤਿਆ ਇਸ ਕਰਕੇ ਕਰ ਦਿੱਤੀ ਗਈ ਕਿ ਉਸ ਨੇ ਖਣਨ ਮਾਮਲਾ (ਰੇਤ-ਬਜਰੀ) ਲੋਕਾਂ ਸਾਹਵੇਂ ਲਿਆਂਦਾ ਸੀ।

ਪੱਤਰਕਾਰਾਂ ਦੀ ਹੱਤਿਆ ਦੇ ਮਾਮਲੇ ਅਸਲ ਅਰਥਾਂ ਵਿੱਚ ਮਨੁੱਖ ਦੇ ਮੁਢਲੇ ਅਧਿਕਾਰਾਂ ਨਾਲ਼ ਜੁੜੇ ਹੋਏ ਹਨ। ਦੁਨੀਆ ਭਰ ਦੇ ਦੇਸ਼ਾਂ ਵਿੱਚ ਪ੍ਰੈੱਸ ਦੀ ਅਜ਼ਾਦੀ ਗੰਭੀਰ ਸੰਕਟ ਵਿੱਚ ਹੈ। ਇੱਕ ਕੀਤੇ ਸਰਵੇ ਅਨੁਸਾਰ 180 ਦੇਸ਼ਾਂ ਵਿੱਚ ਪ੍ਰੈੱਸ ਦੀ ਅਜ਼ਾਦੀ 'ਚ ਚੀਨ ਦਾ ਸਥਾਨ 178ਵਾਂ ਹੈ, ਈਰਾਨ ਦਾ 176 ਵਾਂ, ਅਫ਼ਗਾਨਿਸਤਾਨ ਦਾ 175 ਵਾਂ ਅਤੇ ਭਾਰਤ ਦਾ 151ਵਾਂ ਸਥਾਨ ਹੈ। ਪ੍ਰੈੱਸ ਅਜ਼ਾਦੀ 'ਚ ਨਾਰਵੇ ਪਹਿਲੇ ਸਥਾਨ 'ਤੇ ਹੈ। ਪਿਛਲੇ 50 ਸਾਲਾਂ 'ਚ ਪ੍ਰੈੱਸ ਦੀ ਅਜ਼ਾਦੀ ਲਾਗਾਤਾਰ ਖੋਹੀ ਗਈ ਹੈ, ਜਿਹੜੀ ਕਿ ਗਲੋਬਲ ਲੋਕਤੰਤਰ ਲਈ ਵੱਡਾ ਖ਼ਤਰਾ ਬਣੀ ਦਿਸਦੀ ਹੈ। ਘਰੇਲੂ-ਯੁੱਧ, ਗ਼ਰੀਬੀ ਅਤੇ ਸਿਆਸੀ ਅਸਥਿਰਤਾ ਇਸ ਅਜ਼ਾਦੀ 'ਚ ਵੱਡਾ ਯੋਗਦਾਨ ਪਾਉਂਦੇ ਹਨ। ਵੱਧ ਰਹੀਂ ਡਿਕਟੇਟਰਾਨਾ ਸੋਚ ਨੇ ਪ੍ਰੈੱਸ ਦੀ ਅਜ਼ਾਦੀ ਅਤੇ ਪੱਤਰਕਾਰਾਂ ਲਈ ਵੱਡੇ ਖ਼ਤਰੇ ਖੜ੍ਹੇ ਕੀਤੇ ਹਨ।

ਰੂਸ 'ਚ ਇਕੋ ਵਿਅਕਤੀ ਦਾ ਰਾਜ ਅਤੇ ਧੱਕੇਸ਼ਾਹੀ, ਭਾਰਤ ਅਤੇ ਅਮਰੀਕਾ 'ਚ ਰਾਸ਼ਟਰਵਾਦ ਨੂੰ ਉਤਸ਼ਾਹਤ ਕਰਨ ਦੇ ਤੀਬਰ ਯਤਨ, ਯੁੱਧ-ਜੰਗ ਦੀਆਂ ਵੱਡੇ ਧਨ-ਕੁਬੇਰਾਂ ਵੱਲੋਂ ਪੈਦਾ ਕੀਤੀਆਂ ਪ੍ਰਸਥਿਤੀਆਂ ਪੱਤਰਕਾਰਾਂ ਦੀ ਕਲਮ ਖੋਹਣ, ਉਹਨਾਂ ਦੀ ਜੀਭ ਉੱਤੇ ਜਿੰਦਰੇ ਲਗਾਉਣ ਦਾ ਵੱਡਾ ਕਾਰਨ ਬਣਦੀਆਂ ਜਾ ਰਹੀਆਂ ਹਨ।

ਫਿਰ ਵੀ ਤਸੱਲੀ ਦੀ ਗੱਲ ਇਹ ਹੈ ਕਿ ਸੁਚੇਤ ਅਤੇ ਨਿਡਰ ਪੱਤਰਕਾਰ ਅਜੇ ਵੀ ਸੀਸ ਤਲੀ 'ਤੇ ਧਰ ਕੇ ਆਪਣਾ ਫਰਜ਼ ਨਿਭਾ ਰਹੇ ਹਨ ਅਤੇ ਸੋਸ਼ਲ ਮੀਡੀਆ 'ਤੇ ਸਾਰਥਕ ਸੋਚ ਵਾਲੇ ਲੋਕ ਪ੍ਰੈੱਸ ਦੀ ਅਜ਼ਾਦੀ ਦਾ ਸਹਾਰਾ ਬਣੇ ਹੋਏ ਹਨ।

**# ਸੰਪਰਕ : 98158-02070**

# ਭਲੇ ਲੋਕ

**ਡਾ. ਬਿਹਾਰੀ ਮੰਡੇਰ**

ਮੈਂ, 13 ਅਕਤੂਬਰ 1982 ਨੂੰ ਸੰਗਰੂਰ ਜ਼ਿਲ੍ਹੇ ਦੇ ਪਿੰਡ ਲੇਹਲ ਕਲਾਂ ਵਿਖੇ ਸਿਵਲ ਪਸ਼ੂ ਹਸਪਤਾਲ ਵਿੱਚ ਆਪਣੀ ਪਹਿਲੀ ਹਾਜ਼ਰੀ ਲਗਾਈ। ਉਹਨਾਂ ਵੇਲਿਆਂ ਵਿੱਚ ਆਵਾਜਾਈ ਦੇ ਸਾਧਨ ਬਹੁਤ ਹੀ ਸੀਮਤ ਸਨ। ਮੈਨੂੰ ਲੇਹਲ ਕਲਾਂ ਵਿਖੇ ਹੀ ਰਿਹਾਇਸ਼ ਰੱਖਣੀ ਪੈਣੀਂ ਸੀ। ਮੇਰੇ ਲਈ ਪਿੰਡ ਪੂਰੀ ਤਰਾਂ ਓਪਰਾ ਸੀ। ਉਹਨਾਂ ਦੀ ਬੋਲੀ ਵੀ ਅਲੱਗ ਸੀ। ਹਸਪਤਾਲ ਵਿੱਚ ਉਸ ਵੇਲੇ ਡਾਕਟਰ ਮੋਹਨ ਸਿੰਘ ਲਿੱਦੜਾਂ ਇੰਚਾਰਜ ਸਨ। ਉਹਨਾ ਇਹ ਕਹਿ ਕੇ ਮੇਰਾ ਮਸਲਾ ਹੱਲ ਕਰ ਦਿੱਤਾ ਕਿ ਤੂੰ ਸਾਡੇ ਨਾਲ ਹੀ ਰਹਿ ਲਵੀਂ। ਉਹਨਾ ਨਾਲ ਹਰਦੇਵ ਸਿੰਘ ਡਰਾਇੰਗ ਮਾਸਟਰ ਜੀ ਵੀ ਰਹਿੰਦੇ ਸਨ। ਮੈਂ ਉਹਨਾਂ ਦੇ ਨਾਲ ਹੀ ਰਹਿਣਾ ਸ਼ੁਰੂ ਕਰ ਦਿੱਤਾ। ਮੈਂ ਸਾਰਿਆਂ ਵਿੱਚੋਂ ਛੋਟੀ ਉਮਰ ਦਾ ਸਾਂ। ਪਿੰਡ ਦਾ ਇੱਕ ਗੁੱਡੂ ਨਾਂਅ ਦਾ ਬੰਦਾ ਵੀ ਸਾਡੇ ਕੋਲ ਹਰ ਰੋਜ਼ ਆਉਂਦਾ। ਉੱਥੇ ਹੀ ਰੋਟੀ-ਪਾਣੀ ਖਾ-ਪੀ ਲੈਂਦਾ। ਕਈ ਵਾਰ ਸਾਡੇ ਕੋਲ ਹੀ ਰਾਤ ਰਹਿ ਜਾਂਦਾ। ਉਹ ਮੈਨੂੰ ਬਹੁਤ ਟਿੱਚਰਾਂ ਕਰਦਾ। ਸ਼ੁਰੂ-ਸ਼ੁਰੂ ਵਿੱਚ ਮੈਂ ਕਾਫੀ ਕੋਫ਼ਤ ਮਹਿਸੂਸ ਕੀਤੀ, ਪ੍ਰੰਤੂ ਮੈਂ ਜਲਦ ਹੀ ਮਾਹੌਲ ਵਿੱਚ ਰਚ-ਮਿਚ ਗਿਆ, ਕਿਉਂਕਿ ਉਹ ਸਾਰੇ ਮੈਨੂੰ ਮੋਹ ਵੀ ਬਹੁਤ ਕਰਦੇ ਸਨ। ਅਸੀਂ ਕਈ ਵਾਰ ਸਾਰੇ ਦੇ ਸਾਰੇ ਗੁੱਡੂ ਕੇ ਘਰ ਵੀ ਰੋਟੀ ਖਾਣ ਚਲੇ ਜਾਂਦੇ। ਬਾਅਦ ਵਿਚ ਗੁੱਡੂ ਵੋਟਾਂ ਦੇ ਭਾਰੀ ਫ਼ਰਕ ਦੇ ਨਾਲ ਪਿੰਡ ਦਾ ਸਰਪੰਚ ਵੀ ਬਣਿਆ।

ਲੇਹਲ ਕਲਾਂ ਦਾ ਪਸ਼ੂ ਹਸਪਤਾਲ ਉਹਨਾਂ ਵੇਲਿਆਂ ਵਿੱਚ ਡਾਕਟਰ ਮੋਹਨ ਸਿੰਘ ਦੀਆਂ ਵਧੀਆ ਸੇਵਾਵਾਂ ਕਾਰਨ ਬਹੁਤ ਮਸ਼ਹੂਰ ਸੀ। ਨੇੜੇ ਦੇ ਆਲੇ-ਦੁਆਲੇ ਦੇ ਸਾਰੇ ਪਿੰਡਾਂ ਦੇ ਲੋਕ ਇਲਾਜ ਲਈ ਆਪਣੇ ਪਸ਼ੂਆਂ ਨੂੰ ਲੇਹਲ ਕਲਾਂ ਹਸਪਤਾਲ ਵਿੱਚ ਲੈ ਕੇ ਆਉਂਦੇ। ਹਸਪਤਾਲ ਵਿੱਚ ਸਾਰਾ ਦਿਨ ਮੇਲਾ ਲੱਗਿਆ ਰਹਿੰਦਾ। ਲੋਕਾਂ ਨਾਲ ਰਗ ਮਿਲਦੀ ਹੋਣ ਕਾਰਨ ਸਾਰਾ ਦਿਨ ਹਾਸਾ-ਠੱਠਾ, ਟਿੱਚਰ, ਮਖੌਲ ਚਲਦੇ ਰਹਿੰਦੇ। ਲਹਿਲ ਕਲਾਂ ਦਾ ਬਾਸ਼ਿੰਦਾ ਜੋ ਵੀ ਕੋਈ ਆਪਣਾ ਪਸ਼ੂ ਹਸਪਤਾਲ ਲੈ ਕੇ ਆਉਂਦਾ, ਉਸ ਦੇ ਹੱਥ ਵਿੱਚ ਚਾਹ, ਦੁੱਧ ਜਾਂ ਲੱਸੀ ਦਾ ਡੋਲੂ ਜ਼ਰੂਰ ਹੁੰਦਾ, ਜਿਸ ਕਾਰਨ ਇਹ ਸਾਰਾ ਸਮਾਨ ਬਾਫ਼ਰ ਰਹਿੰਦਾ। ਬਾਹਰੋਂ ਆਏ ਪਸ਼ੂ ਪਾਲਕ ਵੀ ਅਕਸਰ ਛਕ ਕੇ ਜਾਂਦੇ।

ਉਹਨਾਂ ਵੇਲਿਆਂ ਵਿੱਚ ਹਸਪਤਾਲ ਵਿੱਚ ਦਵਾਈਆਂ ਵੀ ਕਾਫੀ ਮਾਤਰਾ ਵਿੱਚ ਉਪਲੱਬਧ ਹੁੰਦੀਆਂ ਸਨ। ਬਹੁਤੇ ਪਸ਼ੂਆਂ ਦਾ ਮਰਜ਼ ਹਸਪਤਾਲ ਦੀ ਦਵਾਈ ਨਾਲ ਹੀ ਸੌਰ ਜਾਂਦਾ। ਕਦੇ-ਕਦਾਈਂ ਹੀ ਕਿਸੇ ਕੇਸ ਵਿੱਚ ਸ਼ਹਿਰੋਂ ਲਿਆਉਣ ਲਈ ਦਵਾਈ ਲਿਖਦੇ। ਇਸ ਤਰਾਂ ਕਿਸੇ ਦਾ ਪਰਚੀ ਫੀਸ (ਜੋ ਕਿ ਪਹਿਲਾਂ 25 ਪੈਸੇ ਫਿਰ 50 ਪੈਸੇ ਹੋ ਗਈ ਸੀ) ਤੋਂ ਬਿਨਾਂ ਕੋਈ ਖਰਚਾ ਨਾ ਹੁੰਦਾ। ਹੁਣ ਜਗਦੀਸ਼ ਪਾਪੜਾ ਵੀ ਲਹਿਲ ਕਲਾਂ ਆ ਹਾਜ਼ਰ ਹੋਇਆ ਸੀ। ਉਸ ਦਾ ਪਿੰਡ ਪਾਪੜਾ ਲਹਿਲ ਕਲਾਂ ਦਾ ਗੁਆਂਢੀ ਪਿੰਡ ਹੈ। ਲਹਿਲ ਕਲਾਂ ਵਿੱਚ ਪੰਡਤਾਂ ਦੇ ਦੋ ਘਰਾਂ ਦੇ ਮੁੰਡਿਆਂ ਦਾ ਨਾਂਅ ਵੀ ਜਗਦੀਸ਼ ਸੀ। ਲਹਿਲ ਕਲਾਂ ਦੇ ਲੋਕ ਜਗਦੀਸ਼ ਨੂੰ ਵੀ ਪੰਡਤ ਸਮਝ ਕੇ ਸਤਿ ਸ੍ਰੀ ਅਕਾਲ ਦੀ ਥਾਂ ਪੰਡਤ ਜੀ ਮਹਾਰਾਜ ਬੁਲਾ ਦਿੰਦੇ। ਡਾਕਟਰ ਮੋਹਨ ਸਿੰਘ ਤੇ ਜਗਦੀਸ਼ ਪਾਪੜਾ ਯੂਨੀਵਰਸਿਟੀ ਵੇਲੇ ਦੇ ਆੜੀ ਸਨ।

ਡਾਕਟਰ ਮੋਹਨ ਸਿੰਘ ਪਸ਼ੂਆਂ ਦਾ ਇਲਾਜ ਦੇ ਨਾਲ-ਨਾਲ ਪਸ਼ੂਆਂ ਦੀ ਸਰਜਰੀ ਵਿੱਚ ਵੀ ਹੱਥ ਸਾਫ ਸੀ, ਜਿਸ ਕਾਰਨ ਪਿੰਡ ਅਤੇ ਬਾਹਰਲੇ ਪਿੰਡਾਂ ਦੇ ਅਨੇਕ ਲਾਚਾਰ ਪਸ਼ੂਆਂ ਦਾ ਇਲਾਜ ਹਸਪਤਾਲ ਵਿੱਚ ਹੀ ਹੋ ਜਾਂਦਾ। ਵਧੀਆ ਕੰਮ ਅਤੇ ਵਰਤਾਓ ਕਾਰਨ ਹਸਪਤਾਲ ਦਾ ਸੋਸ਼ਲ ਔਰਾ ਬਹੁਤ ਹੀ ਪ੍ਰਭਾਵਸ਼ਾਲੀ ਬਣਿਆ ਹੋਇਆ ਸੀ। ਜਦੋਂ ਕਿਸੇ ਮਰਨ ਕਿਨਾਰੇ ਪਸ਼ੂ ਨੂੰ ਇਲਾਜ ਨਾਲ ਬਚਾ ਲਿਆ ਜਾਂਦਾ ਤਾਂ ਲੋਕ ਚਰਚਾ ਕਰਦੇ ਬਾਈ ਡਾਕਟਰ ਮੋਹਨ ਸੂੰ ਤੋ ਦੂਸਰਾ ਰੱਬ ਐ। ਇਲਾਕੇ ਦੇ ਸਾਰੇ ਰਸੂਖਵਾਨ ਬੰਦੇ ਡਾਕਟਰ ਮੋਹਨ ਸਿੰਘ ਕੋਲ ਹਸਪਤਾਲ ਵਿੱਚ ਅਕਸਰ ਆਉਂਦੇ-ਜਾਂਦੇ ਰਹਿੰਦੇ ਸਨ। ਇਸ ਤਰ੍ਹਾਂ ਨਾਲ ਡਾਕਟਰ ਮੋਹਨ ਸਿੰਘ ਦਾ ਲੋਕਾਂ ਵਿੱਚ ਜੇ ਕਹੀਏ ਬਹੁਤ ਹੀ ਸਤਿਕਾਰ ਵਾਲਾ ਅਤੇ ਡਾਕਟਰੀ ਪੇਸ਼ੇ ਕਾਰਨ ਰੱਬੀ ਪ੍ਰਭਾਵ ਬਣਿਆ ਹੋਇਆ ਸੀ।

ਸਾਡੀ ਰਿਹਾਇਸ਼ ਪਿੰਡ ਵਿੱਚ ਸ਼ੀਸ਼ਪਾਲ ਦੀ ਹਵੇਲੀ ਵਿੱਚ ਸੀ। ਕਹਿਣ ਨੂੰ ਤਾਂ ਇਹ ਹਵੇਲੀ ਸੀ, ਪਰ ਹੈ ਇੱਕ ਨਿੱਕਾ ਜਿਹਾ ਛੋਟੀਆਂ ਇੱਟਾਂ ਦਾ ਬਣਿਆ ਹੋਇਆ ਚੁਬਾਰਾ ਸੀ, ਪ੍ਰੰਤੂ ਪਿੰਡ ਵਿੱਚ ਸਾਰੇ ਉਸ ਨੂੰ ਸ਼ੀਸ਼ਪਾਲ ਦੀ ਹਵੇਲੀ ਹੀ ਕਹਿੰਦੇ ਸਨ। ਸ਼ੀਸ਼ਪਾਲ ਦਾ ਨੀਚੇ ਹੀ ਆਪਣਾ ਮਕਾਨ ਸੀ, ਜਿਸ ਵਿੱਚ ਉਸ ਨੇ ਦੁਕਾਨ ਵੀ ਕੀਤੀ ਹੋਈ ਸੀ। ਉਸ ਨੇ ਆਟਾ ਚੱਕੀ ਵੀ ਲਗਾਈ ਹੋਈ ਸੀ। ਹਵੇਲੀ ਨੂੰ ਚੜ੍ਹਨ ਵਾਲੀਆਂ ਪੌੜੀਆਂ ਦਾ ਦਰਵਾਜ਼ਾ ਗਲੀ ਵਿੱਚ ਸੀ। ਪੌੜੀਆਂ ਘੁੰਮ ਕੇ ਚੜ੍ਹਦੀਆਂ ਸਨ ਅਤੇ ਰਸਤੇ ਵਿੱਚ ਇੱਕ ਮੋੜ ਪੈਂਦਾ ਸੀ। ਪੌੜੀਆਂ ਵਿੱਚ ਦਿਨ ਵੇਲੇ ਵੀ ਹਨੇਰਾ ਰਹਿੰਦਾ ਸੀ। ਇੱਕ ਨੁਕਰੇ ਹੋਣ ਕਾਰਨ ਚੁਬਾਰੇ ਅੱਗੇ ਥੋੜ੍ਹਾ ਜਿਹਾ ਛੱਤ ਦਾ ਵਿਹੜਾ ਵੀ ਸੀ, ਜਿੱਥੇ ਅਸੀਂ ਰੋਟੀ-ਟੁੱਕ ਕਰ ਲੈਂਦੇ। ਪੌੜੀਆਂ ਨੂੰ ਗਲੀ ਵਿੱਚ ਕੋਈ ਤਖਤਾ ਨਹੀਂ ਸੀ ਲੱਗਿਆ ਹੋਇਆ। ਉੱਪਰ ਇੱਕ ਲੱਕੜ ਦਾ ਹਲਕਾ ਜਿਹਾ ਤਖਤਾ ਲੱਗਿਆ ਹੋਇਆ ਸੀ, ਜਿਸ ਵਿੱਚ ਸੰਗਲੀ ਵਾਲਾ ਕੁੰਡਾ ਸੀ, ਉਸ ਨੂੰ ਅਸੀਂ ਕਦੇ ਵੀ ਜਿੰਦਾ ਨਹੀਂ ਸਾਂ ਲਾਉਂਦੇ। ਇਸ ਤਰ੍ਹਾਂ ਹੀ ਕੁੰਡਾ ਅੜਾ ਕੇ ਆ ਜਾਂਦੇ। ਬੇਸ਼ੱਕ ਅਸੀਂ ਤਾਂ ਸਾਰੇ ਕੱਛਿਆਂ ਵਾਲੇ ਹੀ ਸਾਂ, ਪਰ ਸਾਡੇ ਵਿੱਚੋਂ ਡਾਕਟਰ ਮੋਹਨ ਸਿੰਘ ਅੰਡਰਵੀਅਰ ਪਹਿਨਦੇ ਸਨ। ਇੱਕ ਦਿਨ ਜਦੋਂ ਅਸੀਂ ਡਿਊਟੀ ਤੋਂ ਵਾਪਸ ਹਵੇਲੀ ਆਏ ਤਾਂ ਡਾਕਟਰ ਮੋਹਨ ਸਿੰਘ ਦਾ ਅੰਡਰਵੀਅਰ ਗਾਇਬ ਮਿਲਿਆ। ਡਾਕਟਰ ਸਾਹਿਬ ਨੇ ਸੁਭਾਵਿਕ ਹੀ ਗੱਲ ਸ਼ੀਸ਼ਪਾਲ ਕੋਲ਼ ਕਰ ਦਿੱਤੀ ਕਿ ਮੇਰਾ ਅੰਡਰਵੀਅਰ ਚੋਰੀ ਹੋ ਗਿਆ ਹੈ। ਸ਼ੀਸ਼ਪਾਲ ਨੂੰ ਅੰਡਰਵੀਅਰ ਸ਼ਬਦ ਦੀ ਕੋਈ ਸਮਝ ਨਹੀਂ ਆਈ ਤਾਂ ਡਾਕਟਰ ਸਾਹਿਬ ਨੇ ਦੱਸਿਆ ਕਿ ਮੇਰਾ ਕੱਛਾ ਚੋਰੀ ਹੋ ਗਿਆ ਹੈ।

ਸ਼ੀਸ਼ਪਾਲ ਨੇ ਇਹ ਗੱਲ ਸੁਣ ਕੇ ਨੀਵੀਂ ਪਾ ਲਈ ਅਤੇ ਆਪਣੀ ਬੋਲੀ ਵਿੱਚ ਕਹਿਣ ਲੱਗਿਆ -ਇਆ ਤੋ ਡਾਕਟਰ ਸਾਬ੍ਹ ਬਹੁਤ ਮਾੜੀ ਬਾਤ ਹੋਈ। ਕੰਜਰ ਕੈ ਨੇ ਗਾਮ ਨੂੰ ਲਾਜ ਲਬਾਦੀ। ਮੈਂ ਈਬ ਏ ਜਾਊਂ। ਰੇੜ੍ਹਏ ਮੈਂ ਬੁਲਾ ਕੇ ਆਊਂ। ਉਸ ਵੇਲੇ ਤਾਂ ਉਹ ਸਾਡੇ ਸਾਰਿਆਂ ਦੇ ਕਹਿਣ 'ਤੇ ਰੁਕ ਗਿਆ। ਦੂਜੇ ਦਿਨ ਸ਼ਹਿਰੋਂ ਡਾਕਟਰ ਮੋਹਨ ਸਿੰਘ ਨੂੰ ਅੰਡਰਵੀਅਰ ( ਕੱਛਾ ) ਲਿਆ ਕੇ ਦਿੱਤਾ, ਪਰ ਪਿੰਡ ਨੂੰ ਲਾਜ ਨਹੀਂ ਲੱਗਣ ਦਿੱਤੀ। ਉਸ ਸਮੇਂ ਇਸ ਤਰ੍ਹਾਂ ਦੇ ਭਲੇਮਾਣਸ ਲੋਕ ਸਨ।

**# ਸੰਪਰਕ : 98144—65017**

# ਅਮਰੀਕਾ ਦਾ ਚੜ੍ਹਦੇ ਵਰ੍ਹੇ ਹੀ ਵੈਨੇਜ਼ੁਏਲਾ 'ਤੇ ਫੌਜੀ ਹਮਲਾ


ਬਿੰਦਰ ਸਿੰਘ ਖੁੱਡੀ ਕਲਾਂ

ਪਿਛਲੇ ਵਰ੍ਹੇ ਭਾਰਤ-ਪਾਕਿ ਤਣਾਅ ਦੇ ਖਾਤਮੇ ਸਮੇਤ ਰੂਸ ਅਤੇ ਯੂਕਰੇਨ ਦੀ ਜੰਗ ਸਮਾਪਤ ਕਰਵਾਉਣ ਦੀਆਂ ਕੋਸ਼ਿਸ਼ਾਂ ਦਾ ਦਾਅਵਾ ਕਰਨ ਵਾਲੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਨਵੇਂ ਵਰ੍ਹੇ ਦੇ ਪਹਿਲੇ ਹਫ਼ਤੇ ਹੀ ਸਨਿੱਚਰਵਾਰ ਦੀ ਰਾਤ ਨੂੰ (ਭਾਰਤੀ ਸਮੇਂ ਅਨੁਸਾਰ ਸਵੇਰੇ 11.30 ਵਜੇ) ਵੈਨੇਜ਼ੁਏਲਾ ਦੇ ਚਾਰ ਸ਼ਹਿਰਾਂ 'ਤੇ ਹਮਲਾ ਕਰਕੇ ਉੱਥੋਂ ਦੇ ਰਾਸ਼ਟਰਪਤੀ ਨਿਕੋਲਸ ਮਾਦੁਰੋ ਅਤੇ ਉਸ ਦੀ ਪਤਨੀ ਨੂੰ ਬੰਧਕ ਬਣਾ ਲਿਆ।ਇਸ ਦੀ ਪੁਸ਼ਟੀ ਕਰਦਿਆਂ ਅਮਰੀਕੀ ਰਾਸ਼ਟਰਪਤੀ ਟਰੰਪ ਨੇ ਕਿਹਾ ਹੈ ਕਿ ਮਾਦੁਰੋ ਅਤੇ ਉਨ੍ਹਾ ਦੀ ਪਤਨੀ ਅਮਰੀਕੀ ਫੌਜ ਦੇ ਕਬਜ਼ੇ ਵਿੱਚ ਹਨ। ਅਮਰੀਕਾ ਦੀ ਅਟਾਰਨੀ ਜਨਰਲ ਪਾਮੇਲਾ ਬੌਂਡੀ ਅਨੁਸਾਰ ਰਾਸ਼ਟਰਪਤੀ ਨਿਕੋਲਸ ਮਾਦੁਰੋ ਅਤੇ ਉਹਨਾ ਦੀ ਪਤਨੀ ਸਿਲੀਆ ਫਲੋਰਸ ਖ਼ਿਲਾਫ਼ ਨਿਊਯਾਰਕ ਦੇ ਦੱਖਣੀ ਜ਼ਿਲ੍ਹੇ ਵਿੱਚ ਦੋਸ਼ ਆਇਦ ਕੀਤੇ ਗਏ ਹਨ। ਅਮਰੀਕਾ ਨੇ ਰਾਸ਼ਟਰਪਤੀ 'ਤੇ ਨਸ਼ਾ ਦਰਾਮਦ ਕਰਨ ਦੀ ਸਾਜ਼ਿਸ਼ ਅਤੇ ਮਸ਼ੀਨਗੰਨਾਂ ਸਮੇਤ ਹਥਿਆਰ ਰੱਖਣ ਸਮੇਤ ਭ੍ਰਿਸ਼ਟ ਤਰੀਕੇ ਨਾਲ ਸਰਕਾਰ ਚਲਾਉਣ ਦੇ ਇਲਜ਼ਾਮ ਲਗਾਏ ਹਨ। ਅਮਰੀਕਾ ਨਿਕੋਲਸ ਮਾਦੁਰੋ ਦੀ ਸਰਕਾਰ ਭੰਗ ਕਰਕੇ ਆਪਣੇ ਤਰੀਕੇ ਨਾਲ ਪ੍ਰਸ਼ਾਸਨ ਚਲਾਉਣ ਦੀ ਫ਼ਿਰਾਕ ਵਿਚ ਦੱਸਿਆ ਜਾ ਰਿਹਾ ਹੈ। ਅਮਰੀਕਾ ਵੱਲੋਂ ਬਕਾਇਦਾ ਇਸ ਦਾ ਐਲਾਨ ਕੀਤਾ ਗਿਆ ਹੈ ਕਿ ਵੈਨੇਜ਼ੁਏਲਾ 'ਚ ਤਖਤਾ ਪਲਟ ਤੱਕ ਅਮਰੀਕਾ ਦਾ ਕਬਜ਼ਾ ਰਹੇਗਾ।ਉਧਰ ਵੈਨੇਜ਼ੁਏਲਾ ਦੇ ਉਪ-ਰਾਸ਼ਟਰਪਤੀ ਡੈਲਸੀ ਰੋਡਰਿਗਜ਼ ਨੇ ਦੇਸ਼ ਦੇ ਰਾਸ਼ਟਰਪਤੀ ਅਤੇ ਉਹਨਾਂ ਦੀ ਪਤਨੀ ਨੂੰ ਅਮਰੀਕੀ ਫੌਜਾਂ ਵੱਲੋਂ ਕਬਜੇ 'ਚ ਲਏ ਜਾਣ ਉਪਰੰਤ ਉਨ੍ਹਾਂ ਬਾਰੇ ਕੋਈ ਪਤਾ ਨਾ ਹੋਣ ਦੀ ਗੱਲ ਕਹੀ ਹੈ। ਬਿਨਾਂ ਸ਼ੱਕ ਰਾਸ਼ਟਰਪਤੀ ਮਾਦੂਰੋ ਨੇ ਦੇਸ਼ ਨੂੰ ਆਰਥਿਕ ਸੰਕਟ ਵੱਲ ਧਕੇਲਿਆ ਹੈ, ਪਰ ਅਮਰੀਕਾ ਦੀ ਇਸ ਸੈਨਿਕ ਕਾਰਵਾਈ ਨੂੰ ਕਦਾਚਿਤ ਵੀ ਦਰੁਸਤ ਨਹੀਂ ਕਿਹਾ ਜਾ ਸਕਦਾ।

ਰੂਸ, ਚੀਨ, ਚਿਲੀ, ਕਿਊਬਾ ਅਤੇ ਈਰਾਨ ਸਮੇਤ ਬਹੁਤ ਸਾਰੇ ਮੁਲਕਾਂ ਨੇ ਅਮਰੀਕਾ ਵੱਲੋਂ ਵੈਨੇਜ਼ੁਏਲਾ 'ਤੇ ਕੀਤੇ ਹਮਲੇ ਦੀ ਨਿਖੇਧੀ ਕੀਤੀ ਹੈ। ਇਹਨਾਂ ਮੁਲਕਾਂ ਦਾ ਕਹਿਣਾ ਹੈ ਕਿ ਟਰੰਪ ਨੇ ਮਨਘੜ੍ਹਤ ਦੋਸ਼ਾਂ ਦੇ ਆਧਾਰ 'ਤੇ ਇਸ ਦੇਸ਼ ਨੂੰ ਨਿਸ਼ਾਨਾ ਬਣਾਇਆ ਹੈ। ਇਹਨਾਂ ਦੇਸ਼ਾਂ ਦਾ ਕਹਿਣਾ ਹੈ ਕਿ ਵਿਸ਼ਵ ਨੂੰ ਸ਼ਾਂਤੀ ਦਾ ਪਾਠ ਪੜ੍ਹਾਉਣ ਦਾ ਡਰਾਮਾ ਕਰਨ ਵਾਲੇ ਟਰੰਪ ਨੇ ਖ਼ੁਦ ਗੱਲਬਾਤ ਦਾ ਰਸਤਾ ਕਿਉਂ ਅਖਤਿਆਰ ਨਹੀਂ ਕੀਤਾ? ਇਨ੍ਹਾਂ ਮੁਲਕਾਂ ਨੇ ਅਮਰੀਕੀ ਰਾਸ਼ਟਰਪਤੀ ਟਰੰਪ 'ਤੇ ਖਿੱਤੇ 'ਚ ਅਸ਼ਾਂਤੀ ਦਾ ਮਾਹੌਲ ਪੈਦਾ ਕਰਨ ਦਾ ਇਲਜ਼ਾਮ ਲਗਾਉਂਦਿਆਂ ਸੰਯੁਕਤ ਰਾਸ਼ਟਰ ਦੀ ਸੁਰੱਖਿਆ ਕੌਂਸਲ ਦੀ ਹੰਗਾਮੀ ਮੀਟਿੰਗ ਬੁਲਾਉਣ ਦੀ ਮੰਗ ਕੀਤੀ ਹੈ। ਭਾਰਤ ਨੇ ਆਪਣੇ ਨਾਗਰਿਕਾਂ ਨੂੰ ਵੈਨੇਜ਼ੁਏਲਾ 'ਚ ਵਿਚਰਨ ਤੋਂ ਗ਼ੁਰੇਜ਼ ਕਰਨ ਤੋਂ ਇਲਾਵਾ ਹਾਲੇ ਹੋਰ ਕੋਈ ਪ੍ਰਤੀਕਰਮ ਨਹੀਂ ਦਿੱਤਾ।ਭਾਰਤ ਦੀਆਂ ਬਹੁਤ ਸਾਰੀਆਂ ਜਨਤਕ ਜਥੇਬੰਦੀਆਂ ਵੱਲੋਂ ਅਮਰੀਕਾ ਦੇ ਵੈਨੇਜ਼ੁਏਲਾ 'ਤੇ ਹਮਲੇ ਦੀ ਨਿਖੇਧੀ ਕੀਤੀ ਗਈ ਹੈ। ਸੰਯੁਕਤ ਰਾਸ਼ਟਰ ਵੱਲੋਂ ਵੀ ਅਮਰੀਕਾ ਦੀ ਇਸ ਕਾਰਵਾਈ ਨੂੰ ਸਮੁੱਚੇ ਵਿਸ਼ਵ ਨੂੰ ਜੰਗ ਵੱਲ ਧਕੇਲਣ ਦੀ ਕਾਰਵਾਈ ਕਹਿੰਦਿਆਂ ਸਖ਼ਤ ਨਿਖੇਧੀ ਕੀਤੀ ਹੈ।

ਵੈਨੇਜ਼ੁਏਲਾ ਨਾਲ ਅਮਰੀਕਾ ਦਾ ਤੇਲ ਕੰਪਨੀਆਂ ਨੂੰ ਲੈ ਕੇ ਵੀ ਇਲਜ਼ਾਮ ਹੈ ਕਿ ਇਸ ਨੇ ਅਮਰੀਕੀ ਤੇਲ ਕੰਪਨੀਆਂ ਦੇ ਤੇਲ ਅਧਿਕਾਰਾਂ 'ਤੇ ਗੈਰਕਾਨੂੰਨੀ ਕਬਜ਼ਾ ਕੀਤਾ ਹੋਇਆ ਹੈ।ਦੱਸ ਦੇਈਏ ਕਿ ਕੱਚਾ ਤੇਲ ਪੈਦਾ ਕਰਨ 'ਚ ਵੈਨੇਜ਼ੁਏਲਾ ਦਾ ਵਿਸ਼ਵ ਭਰ ਵਿੱਚ ਪਹਿਲਾ ਸਥਾਨ ਹੈ।ਤਕਰੀਬਨ 303 ਬਿਲੀਅਨ ਬੈਰਲ ਦੇ ਉਤਪਾਦਨ ਨਾਲ ਵੈਨੇਜ਼ੁਏਲਾ ਵਿਸ਼ਵ ਦਾ ਪ੍ਰਮੁੱਖ ਤੇਲ ਉਤਪਾਦਕ ਦੇਸ਼ ਹੈ, ਜਦਕਿ 267 ਬਿਲੀਅਨ ਬੈਰਲ ਨਾਲ ਸਾਊਦੀ ਅਰਬ ਦਾ ਦੂਜਾ,209 ਬਿਲੀਅਨ ਬੈਰਲ ਨਾਲ ਈਰਾਨ ਦਾ ਤੀਜਾ,164 ਬਿਲੀਅਨ ਬੈਰਲ ਨਾਲ ਕੈਨੇਡਾ ਦਾ ਚੌਥਾ ਅਤੇ 145 ਬਿਲੀਅਨ ਬੈਰਲ ਉਤਪਾਦਨ ਨਾਲ ਇਰਾਕ ਦਾ ਪੰਜਵਾਂ ਸਥਾਨ ਹੈ।ਤੇਲ ਉਤਪਾਦਨ ਹੀ ਵੈਨੇਜ਼ੁਏਲਾ ਦੀ ਆਰਥਿਕਤਾ ਦਾ ਮੁੱਖ ਧੁਰਾ ਹੈ।

ਵੈਨੇਜ਼ੁਏਲਾ ਦਾ ਪੂਰਾ ਨਾਂਅ ਵੈਨੇਜ਼ੁਏਲਾ ਬੋਲੀਵਿਆ ਗਣਰਾਜ ਹੈ।ਦੱਖਣੀ ਅਮਰੀਕਾ ਮਹਾਂਦੀਪ ਦੇ ਉੱਤਰੀ ਤੱਟ 'ਤੇ ਸਥਿਤ ਇਸ ਦੇਸ਼ ਦੀ ਰਾਸ਼ਟਰੀ ਰਾਜਧਾਨੀ ਕਾਰਾਕਾਸ ਹੈ।ਗੁਆਨਾ,ਦੱਖਣੀ ਬ੍ਰਾਜ਼ੀਲ ਅਤੇ ਕੋਲੰਬੀਆ ਇਸ ਦੇ ਗਵਾਂਢੀ ਮੁਲਕ ਹਨ। ਇਸ 'ਚ 23 ਰਾਜ, 11ਦੀਪ ਸਮੂਹ ਅਤੇ ਇੱਕ ਸੰਘੀ ਜ਼ਿਲ੍ਹਾ ਸ਼ਾਮਿਲ ਹਨ। ਸਪੈਨਿਸ਼ ਇੱਥੋਂ ਦੀ ਰਾਸ਼ਟਰ ਭਾਸ਼ਾ ਹੈ,ਜਦਕਿ ਅੰਗਰੇਜੀ, ਫਰੈਂਚ, ਜਰਮਨ ਅਤੇ ਪੁਰਤਗਾਲੀ ਆਦਿ ਬਹੁਤ ਸਾਰੀਆਂ ਹੋਰ ਭਾਸ਼ਵਾਂ ਵੀ ਪ੍ਰਚੱਲਤ ਹਨ। ਵੈਨੇਜ਼ੁਏਲਾ ਦੱਖਣੀ ਅਮਰੀਕਾ ਦਾ ਸਭ ਤੋਂ ਪੁਰਾਣਾ ਲੋਕਤੰਤਰਿਕ ਦੇਸ਼ ਹੈ।ਇਹ ਹਰ ਤਰ੍ਹਾਂ ਦੇ ਅਪਰਾਧਾਂ ਲਈ ਮੌਤ ਦੀ ਸਜ਼ਾ ਖਤਮ ਕਰਨ ਵਾਲਾ ਪਹਿਲਾ ਦੇਸ਼ ਹੈ। ਵੈਨੇਜ਼ੁਏਲਾ'ਚ ਰਾਸ਼ਟਰਪਤੀ ਸਰਕਾਰ ਦਾ ਮੁਖੀਆ ਹੁੰਦਾ ਹੈ, ਜਿਸ ਦੀ ਚੋਣ ਬਕਾਇਦਾ ਲੋਕਤੰਤਰੀ ਤਰੀਕੇ ਨਾਲ ਹਰ ਪੰਜ ਵਰ੍ਹਿਆਂ ਬਾਅਦ ਕੀਤੀ ਜਾਂਦੀ ਹੈ। ਇੱਥੋਂ ਦੀ ਸਰਕਾਰ 1999 ਵਿੱਚ ਬਣਾਏ ਗਏ ਸੰਵਿਧਾਨ ਅਨੁਸਾਰ ਚਲਾਈ ਜਾਂਦੀ ਹੈ। ਹੋਰਨਾਂ ਲੋਕਤੰਤਰੀ ਮੁਲਕਾਂ ਵਾਂਗ ਹੀ ਵੈਨੇਜ਼ੁਏਲਾ ਸਰਕਾਰ ਦੇ ਵੀ ਵਿਧਾਨ ਪਾਲਿਕਾ, ਕਾਰਜ ਪਾਲਿਕਾ ਅਤੇ ਨਿਆਂ ਪਾਲਿਕਾ ਤਿੰਨ ਅੰਗ ਹਨ। ਅਠਾਰਾਂ ਸਾਲ ਜਾਂ ਇਸ ਤੋਂ ਵੱਧ ਉਮਰ ਦੇ ਨਾਗਰਿਕ ਵੋਟ ਅਧਿਕਾਰ ਦਾ ਇਸਤੇਮਾਲ ਕਰ ਸਕਦੇ ਹਨ।

ਕਈ ਮਹੀਨਿਆਂ ਤੋਂ ਚੱਲ ਰਹੇ ਤਣਾਅ ਉਪਰੰਤ ਅਮਰੀਕਾ ਵੱਲੋਂ ਇਸ ਨੂੰ ਨਿਸ਼ਾਨਾ ਬਣਾਉਣ ਲਈ ਬੇਸ਼ੱਕ ਬਹੁਤ ਸਾਰੇ ਤਰਕ-ਵਿਤਰਕ ਦਿੱਤੇ ਜਾ ਰਹੇ ਹਨ,ਪਰ ਹਕੀਕਤ ਇਹ ਹੈ ਕਿ ਇਸ ਹਮਲੇ ਪਿੱਛੇ ਅਮਰੀਕਾ ਵੱਲੋਂ ਆਪਣੀ ਸਰਮਾਏਦਾਰੀ ਦਾ ਝੰਡਾ ਪੂਰੇ ਵਿਸ਼ਵ 'ਤੇ ਬੁਲੰਦ ਕਰਨ ਦੀ ਲਾਲਸਾ ਕੰਮ ਕਰ ਰਹੀ ਹੈ। ਅਮਰੀਕਾ ਤੇਲ ਭੰਡਾਰਾਂ 'ਤੇ ਆਪਣੀ ਇਜ਼ਾਰੇਦਾਰੀ ਸਥਾਪਤ ਕਰਨ ਲਈ ਮੁੱਢ ਤੋਂ ਹੀ ਯਤਨਸ਼ੀਲ ਰਿਹਾ ਹੈ।ਉਹ ਭਾਵੇਂ ਇਰਾਕ ਹੋਵੇ ਜਾਂ ਹੁਣ ਵੈਨੇਜ਼ੁਏਲਾ। ਅਮਰੀਕਾ ਦੀ ਵੈਨੇਜ਼ੁਏਲਾ ਨਾਲ ਅਸਲ ਨਰਾਜ਼ਗੀ ਉੱਥੋਂ ਦੇ ਤੇਲ ਭੰਡਾਰਾਂ ਤੋਂ ਅਮਰੀਕੀ ਕੰਪਨੀਆਂ ਦੀ ਸਰਦਾਰੀ ਖਤਮ ਕਰਨ ਨੂੰ ਲੈ ਕੇ ਹੀ ਹੈ।ਅਮਰੀਕੀ ਰਾਸ਼ਟਰਪਤੀ 'ਵਿਸ਼ਵ ਸਰਪੰਚ' ਵਜੋਂ ਵਿਚਰਨ ਲਈ ਸਾਰੇ ਮੁਲਕਾਂ ਦੇ ਅੰਦਰੂਨੀ ਮਾਮਲਿਆਂ ਵਿੱਚ ਦਖਲ ਦੇਣ ਤੋਂ ਵੀ ਗੁਰੇਜ਼ ਨਹੀਂ ਕਰ ਰਿਹਾ। ਡੋਨਾਲਡ ਟਰੰਪ ਨੇ ਆਮਦ ਤੋਂ ਬਾਅਦ ਆਰਥਿਕ ਪਾਬੰਦੀਆਂ ਨਾਲ ਸਮੁੱਚੇ ਮੁਲਕਾਂ ਨੂੰ ਪ੍ਰੇਸ਼ਾਨ ਕੀਤਾ ਹੋਇਆ ਹੈ।ਉਹ ਕਦੇ ਕੈਨੇਡਾ ਨੂੰ ਆਪਣੇ ਅਧੀਨ ਕਰਨ ਦੀਆਂ ਗੱਲਾਂ ਕਰਦਾ ਹੈ, ਕਦੇ ਯੂਕਰੇਨ ਨੂੰ ਇਸਤੇਮਾਲ ਕਰਕੇ ਰੂਸ ਨੂੰ ਧਮਕਾਉਣ ਦੀਆਂ ਕੋਸ਼ਿਸ਼ਾਂ ਕਰਦਾ ਹੈ।ਮਿੱਤਰ ਦੇਸ਼ਾਂ ਦੀ ਸੂਚੀ ਵਿੱਚ ਰੱਖਣ ਦੇ ਬਾਵਜੂਦ ਭਾਰਤ 'ਤੇ ਟੈਰਿਫ ਵਿਚ ਇਜ਼ਾਫ਼ਾ ਕੀਤਾ ਹੈ।

ਇਹ ਆਉਣ ਵਾਲਾ ਸਮਾਂ ਹੀ ਦੱਸੇਗਾ ਕਿ 'ਵਿਸ਼ਵ ਸਰਪੰਚ' ਦੀਆਂ ਸਾਮਰਾਜੀ ਕਾਰਵਾਈਆਂ ਵਿਸ਼ਵ ਨੂੰ ਕਿਸ ਦਿਸ਼ਾ ਵੱਲ ਲੈ ਕੇ ਜਾਂਦੀਆਂ ਹਨ?

**# ਸੰਪਰਕ : 98786-05965**

# ਅਮਰੀਕਾ ਨੇ ਵੈਨੇਜ਼ੁਏਲਾ 'ਤੇ ਹਮਲਾ ਕਰਕੇ ਅੰਤਰਰਾਸ਼ਟਰੀ ਕਾਨੂੰਨਾਂ ਦੀਆਂ ਧੱਜੀਆਂ ਉਡਾਈਆਂ : ਭੋਲਾ, ਢੁੱਡੀਕੇ

## ਸੀ ਪੀ ਆਈ ਤੇ ਸੀ ਪੀ ਆਈ (ਐੱਮ ਐੱਲ) ਨਿਊ ਡੈਮੋਕ੍ਰੇਸੀ ਦੇ ਕਾਰਕੁਨਾਂ ਨੇ ਸ਼ਹਿਰ 'ਚ ਰੋਸ ਮਾਰਚ ਕਰਦਿਆਂ ਫੂਕਿਆ ਟਰੰਪ ਦਾ ਪੁਤਲਾ




**ਮੋਗਾ (ਇਕਬਾਲ ਸਿੰਘ ਖਹਿਰਾ)**

ਕਮਿਊਨਿਸਟ ਪਾਰਟੀਆਂ ਦੇ ਸੱਦੇ ਤਹਿਤ ਵੈਨੇਜ਼ੁਏਲਾ ਦੇ ਰਾਸ਼ਟਰਪਤੀ ਨਿਕੋਲਸ ਮਾਦੁਰੋ ਤੇ ਉਸ ਦੀ ਪਤਨੀ ਨੂੰ ਅਗਵਾ ਕਰਨ ਵਿਰੁੱਧ ਅਮਰੀਕੀ ਰਾਸ਼ਟਰਪਤੀ ਦਾ ਪੁਤਲਾ ਫੂਕਿਆ ਗਿਆ।ਇਸ ਤੋਂ ਪਹਿਲਾਂ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਮੋਗਾ ਵਿਖੇ ਇਕੱਤਰ ਹੋਏ ਸੈਂਕੜੇ ਵਰਕਰਾਂ ਨੂੰ ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਕੱਤਰ ਕੁਲਦੀਪ ਸਿੰਘ ਭੋਲਾ, ਸੀ.ਪੀ.ਆਈ. (ਐੱਮ ਐੱਲ) ਨਿਊ ਡੈਮੋਕ੍ਰੇਸੀ ਦੇ ਸੂਬਾ ਆਗੂ ਕਾਮਰੇਡ ਨਿਰਭੈ ਸਿੰਘ ਢੁੱਡੀਕੇ ਨੇ ਕਿਹਾ ਕਿ ਅਮਰੀਕੀ ਫ਼ੌਜਾਂ ਵੱਲੋਂ ਅੰਤਰਰਾਸ਼ਟਰੀ ਕਾਨੂੰਨਾਂ ਦੀਆਂ ਧੱਜੀਆਂ ਉਡਾਉਂਦਿਆਂ ਹੋਏ ਦੂਸਰੇ ਦੇਸ਼ ਵੈਨੇਜ਼ੁਏਲਾ ਅੰਦਰ ਘੁਸ ਕੇ ਉਥੋਂ ਦੇ ਰਾਸ਼ਟਰਪਤੀ ਤੇ ਉਸ ਦੀ ਪਤਨੀ ਨੂੰ ਅਗਵਾ ਕਰਨਾ ਜਿੱਥੇ ਸ਼ਰੇਆਮ ਕੀਤੀ ਗਈ ਗੁੰਡਾਗਰਦੀ ਹੈ, ਉੱਥੇ ਜਮਹੂਰੀਅਤ ਦਾ ਵੀ ਕਤਲ ਕੀਤਾ ਗਿਆ ਹੈ।ਬੁਲਾਰਿਆਂ ਨੇ ਕਿਹਾ ਕਿ ਅਮਰੀਕੀ ਰਾਸ਼ਟਰਪਤੀ ਡੌਨਲਡ ਟ੍ਰੰਪ ਦੇ ਇਸ਼ਾਰੇ ਤੇ ਕੀਤੀ ਗੁੰਡਾਗਰਦੀ ਖੁਦ ਅਮਰੀਕੀ ਕਨੂੰਨਾਂ ਦੇ ਵੀ ਉਲਟ ਹੈ।ਆਗੂਆਂ ਨੇ ਰਾਸ਼ਟਰਪਤੀ ਨਿਕੋਲਸ ਮਾਦੁਰੋ ਨੂੰ ਨਸ਼ਿਆਂ ਦਾ ਤਸਕਰ ਕਹਿ ਕੇ ਕੀਤੀ ਕਾਰਵਾਈ ਨੂੰ ਅਸਲ ਵਿੱਚ ਉੱਥੋਂ ਦੇ ਭਰਪੂਰ ਤੇਲ ਭੰਡਾਰਾਂ ਤੇ ਖਣਿਜ ਪਦਾਰਥਾਂ ਦੇ ਭੰਡਾਰਾਂ 'ਤੇ ਕਬਜ਼ਾ ਕਰਨ ਲਈ ਰਚੀ ਗਈ ਸਾਜਿਸ਼ ਕਰਾਰ ਦਿੱਤਾ ਗਿਆ।ਆਗੂਆਂ ਨੇ ਅਮਰੀਕੀ ਗੁੰਡਾਗਰਦੀ ਵਿਰੁੱਧ ਸਾਰੀ ਦੁਨੀਆਂ ਦੇ ਲੱਖਾਂ ਕਰੋੜਾਂ ਇਨਸਾਫ ਪਸੰਦ ਲੋਕਾਂ ਵੱਲੋਂ ਸੜਕਾਂ ਉੱਪਰ ਉਤਰਨ ਦੀ ਸ਼ਲਾਘਾ ਕਰਦਿਆਂ ਭਾਰਤ ਦੀ ਮੋਦੀ ਸਰਕਾਰ ਵੱਲੋਂ ਚੁੱਪ ਵੱਟ ਜਾਣ ਦੀ ਸਖ਼ਤ ਨਿਖੇਧੀ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ [illegible] ਕੱਟ ਵਾਲੀ ਨੀਤੀ ਆਖ਼ਰਕਾਰ ਭਾਰਤੀ ਕਿਸਾਨਾਂ, ਮਜ਼ਦੂਰਾਂ ਮਿਹਨਤਕਸ਼ ਲੋਕਾਂ ਲਈ ਘਾਟੇਵੰਦਾ ਸਾਬਿਤ ਹੋਣ ਜਾ ਰਹੀ ਹੈ।

ਇਸ ਮੌਕੇ ਡਾ. ਇੰਦਰਵੀਰ ਸਿੰਘ ਗਿੱਲ, ਨੌਜਵਾਨ ਆਗੂ ਕਰਮਜੀਤ ਸਿੰਘ ਮਾਣੂੰਕੇ, ਸਾਥੀ ਸਰਬਜੀਤ ਸਿੰਘ ਦੌਧਰ, ਡਾ. ਗੁਰਮੇਲ ਸਿੰਘ ਮਾਛੀਕੇ ਨੇ ਵੀ ਵਿਸ਼ੇਸ਼ ਤੌਰ 'ਤੇ ਸੰਬੋਧਨ ਕੀਤਾ।ਇਸ ਉਪਰੰਤ ਮੋਗਾ ਸ਼ਹਿਰ ਦੇ ਬਜ਼ਾਰਾਂ ਵਿੱਚ ਜ਼ੋਰਦਾਰ ਰੋਸ ਮੁਜ਼ਾਹਰਾ ਕੀਤਾ ਗਿਆ।ਅਮਰੀਕੀ ਰਾਸ਼ਟਰਪਤੀ ਦੀ ਮੁਰਦਾਬਾਦ ਕਰਦੇ ਤਖ਼ਤੀਆਂ, ਬੈਨਰਾਂ ਵਾਲੇ ਮੁਜ਼ਾਹਰੇ ਆਮ ਸ਼ਹਿਰੀਆਂ ਵੱਲੋਂ ਹਾਂਦਰੂ ਹੁੰਗਾਰਾ ਭਰਿਆ ਗਿਆ।ਇਸ ਮੌਕੇ, ਕਿਸਾਨ ਆਗੂ ਹਰਦਿਆਲ ਸਿੰਘ ਘਾਲੀ, ਔਰਤ ਵਿੰਗ ਦੀ ਆਗੂ ਸ਼ਿੰਦਰਪਾਲ ਕੌਰ ਰੋਡੇ, ਮਜ਼ਦੂਰ ਆਗੂ ਸ਼ੇਰ ਸਿੰਘ ਸਰਪੰਚ, ਮੰਗਾ ਸਿੰਘ ਵੈਰੋਕੇ, ਨਰੇਗਾ ਆਗੂ ਜਗਸੀਰ ਸਿੰਘ ਖੋਸਾ, ਵਿਦਿਆਰਥੀ ਆਗੂ ਹਰਪ੍ਰੀਤ ਸਿੰਘ ਢੁੱਡੀਕੇ, ਲਵਪ੍ਰੀਤ ਕੌਰ ਬੱਧਨੀ, ਹਰਮਨ ਤਖਾਣਵੱਧ, ਕਿਸਾਨ ਆਗੂ ਬੇਅੰਤ ਸਿੰਘ ਮੱਲਿਆਣਾ, ਕੁਲਜੀਤ ਸਿੰਘ ਭੋਲਾ, ਬੂਟਾ ਸਿੰਘ ਤਖਾਣ ਵੱਧ, ਕਾਮਰੇਡ ਬਲਰਾਜ ਸਿੰਘ, ਬਲਵਿੰਦਰ ਸਿੰਘ ਬਠੋਨਾ, ਸਰਪੰਚ ਕੁਲਵੰਤ ਸਿੰਘ ਬੱਧਨੀ, ਨੌਜਵਾਨ ਆਗੂ ਸੁਖਜਿੰਦਰ ਸਿੰਘ ਮਹੇਸਰੀ, ਕਰਮਵੀਰ ਕੌਰ ਬੱਧਨੀ, ਬੋਹੜ ਸਿੰਘ ਬੁੱਟਰ, ਰਾਜਦੀਪ ਸਿੰਘ, ਜਸਵਿੰਦਰ ਸਿੰਘ ਭਾਗਾ, ਜਸਪ੍ਰੀਤ ਕੌਰ ਬੱਧਨੀ ਦਰਸ਼ਨ ਸਿੰਘ ਤੂਰ, ਟਹਿਲ ਸਿੰਘ, ਗੁਰਜੰਟ ਸਿੰਘ ਕੋਕਰੀ, ਸੁਰਿੰਦਰ ਸਿੰਘ ਬਰਾੜ, ਪੋਹਲਾ ਸਿੰਘ ਬਰਾੜ ਹਾਜ਼ਰ ਸਨ।ਕਿਸਾਨ ਆਗੂ ਚਮਕੌਰ ਸਿੰਘ ਰੋਡੇ ਨੇ ਸਟੇਜ ਦੀ ਕਾਰਵਾਈ ਚਲਾਈ

# 18 ਆਈਫੋਨ ਤੇ 2 ਮੈਕਬੁੱਕ/ਲੈਪਟੌਪ ਚੋਰੀ ਕਰਨ ਵਾਲੇ ਦੋ ਵਿਅਕਤੀ ਗ੍ਰਿਫਤਾਰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕਪਤਾਨ ਪੁਲਸ ਪਟਿਆਲਾ ਦੇ ਦਿਸ਼ਾ ਨਿਰਦੇਸ਼ਾਂ ਤੇ ਹਦਾਇਤਾਂ ਅਨੁਸਾਰ ਐੱਸ ਆਈ ਸਵਰਨ ਸਿੰਘ ਮੁੱਖ ਅਫ਼ਸਰ ਥਾਣਾ ਸ਼ੰਭੂ ਦੀ ਯੋਗ ਅਗਵਾਈ ਹੇਠ ਸ:ਥ ਜਸਵਿੰਦਰ ਸਿੰਘ ਇੰਚਾਰਜ ਪੁਲਸ ਚੌਕੀ ਤੇਪਲਾ ਨੇ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਵੱਲੋਂ ਚੋਰੀ ਕੀਤੇ ਐਪਲ ਕੰਪਨੀ ਦੇ ਮਹਿੰਗੇ 18 ਆਈਫ਼ੋਨ ਤੇ 2 ਮੈਕਬੁੱਕ/ਲੈਪਟਾਪ ਬਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।ਇਸ ਸਬੰਧੀ ਸ੍ਰੀ ਹਰਮਨਪ੍ਰੀਤ ਸਿੰਘ ਚੀਮਾ ਪੀ ਪੀ ਐੱਸ. ਉਪ ਕਪਤਾਨ ਪੁਲਸ ਸਰਕਲ ਘਨੌਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਵਿਕਰਮਜੀਤ ਸਿੰਘ ਪੁੱਤਰ ਦਲਬੀਰ ਸਿੰਘ ਵਾਸੀ ਪਿੰਡ ਸਰਾਲਾ ਕਲਾਂ ਥਾਣਾ ਘਨੌਰ ਤੇ ਸੁਖਵੀਰ ਸਿੰਘ ਪੁੱਤਰ ਮਨਜੀਤ ਸਿੰਘ ਵਾਸੀ ਪਿੰਡ ਮਰਦਾਂਪੁਰ ਥਾਣਾ ਸ਼ੰਭੂ, ਜੋ ਕਿ ਫਲਿਪਕਾਰਟ ਕੰਪਨੀ ਦੇ ਡਿਲੀਵਰੀ ਗੋਦਾਮ ਵਿੱਚ ਨੌਕਰੀ ਕਰਦੇ ਹਨ ਅਤੇ ਜੋ ਦੋਵੇਂ ਪਾਰਸਲਾਂ ਵਿੱਚੋਂ ਐਪਲ ਕੰਪਨੀ ਦੇ ਮਹਿੰਗੇ ਆਈ ਫੋਨ ਤੇ ਮੈਕਬੁੱਕ/ਲੈਪਟਾਪ ਕੱਢ ਕੇ ਖਾਲੀ ਡੱਬਾ ਦੁਬਾਰਾ ਪੈਕ ਕਰ ਦਿੰਦੇ ਸਨ ਅਤੇ ਜਦੋਂ ਉਹ ਪਾਰਸਲ ਕਸਟਮਰ/ਗ੍ਰਾਹਕ ਕੋਲ ਜਾਂਦੇ ਸਨ ਤਾਂ ਉਨ੍ਹਾਂ ਨੂੰ ਖਾਲੀ ਡੱਬੇ ਮਿਲਦੇ ਸਨ।ਸ:ਥ ਜਸਵਿੰਦਰ ਸਿੰਘ ਨੇ ਫਲਿਪਕਾਰਟ ਕੰਪਨੀ ਦੇ ਸਕਿਉਰਿਟੀ ਮੈਨੇਜਰ ਸੁਨੀਲ ਕੁਮਾਰ ਸ਼ਰਮਾ ਦੇ ਬਿਆਨ 'ਤੇ ਦੋਸ਼ੀਆਨ ਵਿਕਰਮਜੀਤ ਸਿੰਘ ਤੇ ਸੁਖਵੀਰ ਸਿੰਘ ਉਕਤਾਨ ਖਿਲਾਫ ਕੇਸ ਦਰਜ ਕਰਕੇ ਤਫ਼ਤੀਸ਼ ਅਮਲ ਵਿੱਚ ਲਿਆਂਦੀ।ਦੌਰਾਨੇ ਤਫ਼ਤੀਸ਼ ਸ:ਥ ਜਸਵਿੰਦਰ ਸਿੰਘ ਨੇ ਉਕਤ ਦੋਵੇਂ ਦੋਸ਼ੀਆਨ ਨੂੰ ਕਾਬੂ ਕਰਕੇ ਗ੍ਰਿਫ਼ਤਾਰ ਕੀਤਾ ਤੇ ਉਨ੍ਹਾਂ ਪਾਸੋਂ ਚੋਰੀ ਕੀਤੇ ਐਪਲ ਕੰਪਨੀ ਦੇ 18 ਆਈਫੋਨ ਤੇ 2 ਮੈਕਬੁੱਕ/ਲੈਪਟਾਪ ਬਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।ਦੋਸ਼ੀਆਨ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕਰਕੇ ਅੱਗੇ ਹੋਰ ਪੁੱਛਗਿੱਛ ਕੀਤੀ ਜਾਵੇਗੀ, ਜਿਨ੍ਹਾਂ ਪਾਸੋਂ ਹੋਰ ਖੁਲਾਸੇ ਹੋਣ ਦੀ ਉਮੀਦ ਹੈ।

# ਮਨਰੇਗਾ ਕਾਮਿਆਂ ਨੇ ਕੇਂਦਰ ਸਰਕਾਰ ਦਾ ਪਿੱਟ ਸਿਆਪਾ ਕਰਕੇ ਮੋਦੀ ਦਾ ਸਾੜਿਆ ਪੁਤਲਾ

## ਮਨਰੇਗਾ ਦਾ ਨਾਂਅ ਬਦਲਣ ਦੀ ਆੜ 'ਚ ਭਾਜਪਾ ਗਰੀਬਾਂ ਦੇ ਚੁੱਲ੍ਹੇ ਠੰਢੇ ਕਰ ਰਹੀ : ਦੇਵ ਮਾਨ



**ਨਾਭਾ (ਵਰਿੰਦਰ ਵਰਮਾ)**-ਮਨਰੇਗਾ ਨੂੰ ਖਤਮ ਕਰ ਗਰੀਬ ਤੇ ਦਲਿਤ ਸਮਾਜ ਨਾਲ ਭਾਜਪਾ ਦੀ ਕੇਂਦਰ ਸਰਕਾਰ ਨੇ ਧੋਖਾ ਕੀਤਾ ਹੈ, ਜਿਸ ਨੂੰ ਲੈ ਕੇ ਹਲਕਾ ਵਿਧਾਨ ਸਭਾ ਨਾਭਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦੀ ਅਗਵਾਈ ਹੇਠ ਮਨਰੇਗਾ ਕਾਮਿਆਂ ਨੇ ਮਨਰੇਗਾ ਸਕੀਮ ਬਹਾਲ ਕਰਨ ਨੂੰ ਲੈ ਕੇ ਪਟਿਆਲਾ ਗੇਟ ਵਿਖੇ ਕੇਂਦਰ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕਰਦਿਆਂ ਪਿੱਟ ਸਿਆਪਾ ਕੀਤਾ ਅਤੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਸਾੜਿਆ।ਇਸ ਮੌਕੇ ਵਿਧਾਇਕ ਦੇਵ ਮਾਨ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਮਹਾਤਮਾ ਗਾਂਧੀ ਦੇ ਨਾਂਅ ਹੇਠ ਚਲਾਈ ਮਨਰੇਗਾ ਸਕੀਮ ਵਿੱਚ ਗਰੀਬਾਂ ਨੂੰ 100 ਦਿਨਾਂ ਦਾ ਗਰੰਟੀ ਰੁਜ਼ਗਾਰ ਦਿੱਤਾ ਜਾਂਦਾ ਸੀ ਤੇ ਜਿਸ ਨੂੰ ਪਿੰਡਾਂ ਦੀ ਪੰਚਾਇਤਾਂ ਰਾਹੀਂ ਚਲਾਇਆ ਜਾਂਦਾ ਸੀ, ਜਦ ਕਿ 100 ਪ੍ਰਤੀਸ਼ਤ ਅਦਾਇਗੀ ਕੇਂਦਰ ਸਰਕਾਰ ਵੱਲੋਂ ਕੀਤੀ ਜਾਂਦੀ ਸੀ।ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਵੱਲੋਂ ਉਕਤ ਬਿਲ ਨੂੰ ਹਟਾ ਕੇ ਲਿਆਂਦਾ ਬਿਲ 'ਜੀ ਰਾਮ ਜੀ' ਜਿਸ ਵਿੱਚ ਅਦਾਇਗੀ ਲਈ ਕੇਂਦਰ ਸਰਕਾਰ ਦਾ ਹਿੱਸਾ 60 ਪ੍ਰਤੀਸ਼ਤ ਤੇ 40 ਪ੍ਰਤੀਸ਼ਤ ਦਾ ਸੂਬਿਆਂ 'ਤੇ ਬੋਝ ਪਾਇਆ ਗਿਆ ਹੈ ਅਤੇ ਨਾਲ ਹੀ ਗਰੰਟੀ ਨੂੰ ਖ਼ਤਮ ਕਰਕੇ ਰੁਜ਼ਗਾਰ ਦੇ ਦਿਨਾਂ ਨੂੰ ਵਧਾਉਣ ਦਾ ਕੀਤਾ ਗਿਆ ਖੋਖਲਾ ਦਾਅਵਾ ਗ਼ਰੀਬਾਂ ਨਾਲ ਕੋਰਾ ਮਜ਼ਾਕ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਲੋਕਾਂ ਨੂੰ ਕੇਂਦਰ ਸਰਕਾਰ ਦੀਆਂ ਗਰੀਬ ਮਾਰੂ ਸਕੀਮਾਂ ਪ੍ਰਤੀ ਜਾਗਰੂਕ ਕਰਨ ਲਈ ਰੈਲੀਆਂ ਕੀਤੀਆਂ ਜਾਣਗੀਆਂ ਤੇ ਨਾਲ ਹੀ ਪਿੰਡਾਂ ਵਿੱਚ ਘਰ-ਘਰ ਜਾ ਕੇ ਲੋਕਾਂ ਨੂੰ ਇਸ ਬਾਰੇ ਸੁਚੇਤ ਕੀਤਾ ਜਾਵੇਗਾ।

ਉਨ੍ਹਾਂ ਕੇਂਦਰ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਮਨਰੇਗਾ ਕਾਮਿਆਂ ਨਾਲ ਮੋਢੇ ਨਾਲ ਮੋਢਾ ਲਾ ਕੇ ਖੜੀ ਹੈ, ਜੇਕਰ ਮੋਦੀ ਸਰਕਾਰ ਨੇ ਇਸ ਮਸਲੇ ਦਾ ਹੱਲ ਨਾ ਕੀਤਾ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।ਇਸ ਮੌਕੇ ਮਾਰਕੀਟ ਕਮੇਟੀ ਚੇਅਰਮੈਨ ਗੁਰਦੀਪ ਸਿੰਘ ਟਿਵਾਣਾ ਅਤੇ ਦੀਪਾ ਰਾਮਗੜ੍ਹ ਜ਼ਿਲ੍ਹਾ ਪ੍ਰਧਾਨ ਐਸਸੀ ਵਿੰਗ, ਗੁਰਪ੍ਰੀਤ ਸਿੰਘ ਜੀ ਪੀ ਪੰਜਾਬ ਪ੍ਰਧਾਨ ਆਮ ਆਦਮੀ ਪਾਰਟੀ ਐਸਸੀ ਵਿੰਗ ਨੇ ਪ੍ਰਦਰਸ਼ਨ ਵਿੱਚ ਸ਼ਮੂਲੀਅਤ ਕੀਤੀ।ਇਸ ਮੌਕੇ ਐਡ ਅਮਰੀਕ ਸਿੰਘ ਬਾਂਗੜ ਭਾਦਸੋਂ, ਸੀਨੀਅਰ ਯੂਥ ਆਗੂ ਬਲਵੀ ਫਤਿਹਪੁਰ, ਸਰਪੰਚ ਦਵਿੰਦਰ ਸਿੰਘ ਕੁਲਾਰਾਂ, ਸਰਪੰਚ ਰਣਜੀਤ ਸਿੰਘ ਜੱਜ, ਕਪਿਲ ਮਾਨ, ਸੁਖਦੇਵ ਸਿੰਘ ਮਾਨ, ਕਸ਼ਮੀਰ ਸਿੰਘ ਲਾਲਕਾ, ਮੇਵਾ ਸਿੰਘ ਰਾਜਗੜ੍ਹ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਵਰਕਰ ਤੇ ਮਨਰੇਗਾ ਕਾਮੇ ਹਾਜ਼ਰ ਸਨ।

## ਕਾਤਰਾਂ

### 150 ਨਸ਼ੀਲੀਆਂ ਗੋਲੀਆਂ ਸਣੇ 2 ਗ੍ਰਿਫਤਾਰ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਪੰਜਾਬ ਸਰਕਾਰ ਵੱਲੋਂ ਮਾੜੇ ਅਨਸਰਾਂ ਅਤੇ ਨਸ਼ਿਆਂ ਖ਼ਿਲਾਫ਼ ਚਲਾਈ ਗਈ ਮੁਹਿੰਮ ਤਹਿਤ ਪੂਰਨ ਸਿੰਘ ਧਾਲੀਵਾਲ ਮੁੱਖ ਅਫ਼ਸਰ ਥਾਣਾ ਨਿਹਾਲ ਸਿੰਘ ਵਾਲਾ ਦੀ ਅਗਵਾਈ ਹੇਠ ਵੱਡੀ ਕਾਰਵਾਈ ਕਰਦਿਆਂ ਏ ਐਸ ਆਈ ਵਰਿੰਦਰ ਕੁਮਾਰ ਮੋਗਾ ਸਮੇਤ ਪੁਲਿਸ ਪਾਰਟੀ ਨੇ ਬਲਵਿੰਦਰ ਸਿੰਘ ਉਰਫ਼ ਵੱਡਾ ਪੁੱਤਰ ਅਜੈਬ ਸਿੰਘ ਵਾਸੀ ਭਾਰਾ ਪੱਤੀ ਅਤੇ ਅਰਸ਼ਦੀਪ ਸਿੰਘ ਉਰਫ਼ ਠੇਲਾ ਪੁੱਤਰ ਮੰਦਰ ਸਿੰਘ ਵਾਸੀ ਫੂਲੇਵਾਲ ਵਿਹੜਾ ਮਾਣੂੰਕੇ ਨੂੰ ਗ੍ਰਿਫਤਾਰ ਕਰਕੇ ਇਨ੍ਹਾਂ ਕੋਲੋਂ 150 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ। ਇਨ੍ਹਾਂ ਵਿਰੁੱਧ ਥਾਣਾ ਨਿਹਾਲ ਸਿੰਘ ਵਾਲਾ ਵਿਖੇ ਮਾਮਲਾ ਦਰਜ ਕਰ ਲਿਆ ਹੈ।

### 18 ਗ੍ਰਾਮ ਹੈਰੋਇਨ, 2 ਮੋਬਾਇਲ ਫੋਨ ਸਮੇਤ 7 ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ਿਲ੍ਹਾ ਫਿਰੋਜ਼ਪੁਰ ਪੁਲਿਸ ਨੇ ਗਸ਼ਤ ਅਤੇ ਚੈਕਿੰਗ ਦੌਰਾਨ 18 ਗ੍ਰਾਮ ਹੈਰੋਇਨ, 2 ਮੋਬਾਇਲ, ਇਕ ਥਾਰ ਕਾਰ ਅਤੇ ਹੈਰੋਇਨ ਦੀ ਸਮੱਗਰੀ ਸਮੇਤ 7 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਵੱਖ ਵੱਖ ਥਾਣਿਆਂ ਵਿਚ ਐੱਨ ਡੀ ਪੀ ਐੱਸ ਐਕਟ ਤਹਿਤ ਮਾਮਲੇ ਦਰਜ ਕੀਤੇ ਹਨ। ਇਹ ਜਾਣਕਾਰੀ ਸਦਰ ਫਿਰੋਜ਼ਪੁਰ ਦੇ ਐੱਸ ਆਈ ਮੇਜਰ ਸਿੰਘ , ਥਾਣਾ ਮਮਦੋਟ ਪੁਲਿਸ ਦੇ ਹੌਲਦਾਰ ਰਾਜਬੀਰ ਸਿੰਘ ,ਥਾਣਾ ਘੱਲ ਖੁਰਦ ਪੁਲਿਸ ਦੇ ਸਹਾਇਕ ਥਾਣੇਦਾਰ ਬਲਵਿੰਦਰ ਸਿੰਘ ,ਥਾਣਾ ਮੱਲਾਂਵਾਲਾ ਪੁਲਿਸ ਦੇ ਸਹਾਇਕ ਥਾਣੇਦਾਰ ਲਖਵਿੰਦਰ ਸਿੰਘ ਨੇ ਦਿੱਤੀ।

### ਵਸ਼ਿਸ਼ਟ ਪਰਵਾਰ ਨਾਲ ਕੀਤਾ ਦੁੱਖ ਸਾਂਝਾ

**ਲੌਂਗੋਵਾਲ (ਪ੍ਰਦੀਪ ਸੱਪਲ)**-ਸਥਾਨਕ ਪੱਤਰਕਾਰ ਦਵਿੰਦਰ ਵਸ਼ਿਸ਼ਟ, ਡਾ. ਰਮੇਸ਼ ਵਸ਼ਿਸ਼ਟ ਨੂੰ ਉਸ ਸਮੇਂ ਵੱਡਾ ਸਦਮਾ ਪੁੱਜਾ, ਜਦੋਂ ਇਨ੍ਹਾਂ ਦੇ ਜੀਜਾ ਹਰਬੰਸ ਲਾਲ ਸ਼ਰਮਾ ਨਾਭਾ ਦਾ ਦਿਹਾਂਤ ਹੋ ਗਿਆ।ਇਸ ਮੌਕੇ ਸਾਬਕਾ ਮੰਤਰੀ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸਾਬਕਾ ਮੰਤਰੀ ਪਰਮਿੰਦਰ ਸਿੰਘ ਢੀਂਡਸਾ, ਸਲਾਈਟ ਲੌਂਗੋਵਾਲ ਦੇ ਡਾਇਰੈਕਟਰ ਮਣੀਕਾਂਤ ਪਾਸਵਾਨ, ਸ਼ਹੀਦ ਭਾਈ ਦਿਆਲਾ ਜੀ ਪਬਲਿਕ ਸਕੂਲ ਦੇ ਚੇਅਰਮੈਨ ਮਹਿੰਦਰ ਸਿੰਘ ਦੁੱਲਟ, ਪ੍ਰਿੰਸੀਪਲ ਨਰਪਿੰਦਰ ਸਿੰਘ ਢਿੱਲੋਂ, ਨਗਰ ਕੌਂਸਲ ਪ੍ਰਧਾਨ ਪਰਮਿੰਦਰ ਕੌਰ ਬਰਾੜ, ਬਲਵਿੰਦਰ ਸਿੰਘ ਢਿੱਲੋਂ, ਅੰਮ੍ਰਿਤਪਾਲ ਸਿੰਘ ਸਿੱਧੂ, ਸ਼੍ਰੋਮਣੀ ਅਕਾਲੀ ਦਲ (ਅ) ਅਮਰਜੀਤ ਸਿੰਘ ਗਿੱਲ, ਵਿਜੇ ਗੋਇਲ, ਕਾਲਾ ਮਿੱਤਲ, ਸੰਜੇ ਸੈਨ, ਮੇਲਾ ਸਿੰਘ ਸੂਬੇਦਾਰ, ਗੁਰਮੀਤ ਸਿੰਘ ਲੱਲੀ, ਅਕਾਲੀ ਦਲ ਦੇ ਡੈਲੀਗੇਟ ਹਰਜੀਤ ਸਿੰਘ ਗਿੱਲ, ਮੁਨੀਸ਼ ਕੁਮਾਰ ਮੋਨੂੰ, ਆੜ੍ਹਤੀਆ ਯੂਨੀਅਨ ਪ੍ਰਧਾਨ ਪਵਨ ਕੁਮਾਰ ਬਬਲਾ, ਮੰਗਤ ਰਾਏ ਮੰਗੂ, ਨਿਟੂ ਸ਼ਰਮਾ, ਸੁਰਜੀਤ ਸਿੰਘ ਦੁੱਲਟ, ਰਤਨ ਕੁਮਾਰ ਮੰਗੂ, ਗੁਰਜੰਟ ਸਿੰਘ ਦੁੱਲਟ, ਬਲਕਾਰ ਸਿੰਘ, ਮਾ. ਨਰਿੰਦਰਪਾਲ ਸ਼ਰਮਾ, ਗੁਰਪ੍ਰੀਤ ਸਿੰਘ ਵਾਲੀਆ, ਦਲਜੀਤ ਸਿੰਘ ਸਿੱਧੂ ਆਦਿ ਨੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

# ਲੋਕ ਮੋਰਚਾ ਵੱਲੋਂ ਵੈਨੇਜ਼ੁਏਲਾ 'ਤੇ ਅਮਰੀਕਨ ਹਮਲੇ ਦਾ ਵਿਰੋਧ ਕਰਨ ਦਾ ਸੱਦਾ, ਸ਼ਹਿਰ 'ਚ ਕੀਤਾ ਰੋਸ ਪ੍ਰਦਰਸ਼ਨ




**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਸਥਾਨਕ ਟੀਚਰਜ਼ ਹੋਮ ਵਿਖੇ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਲੋਕ ਮੋਰਚਾ ਪੰਜਾਬ ਦੇ ਸੂਬਾ ਸਕੱਤਰ ਮਾਸਟਰ ਜਗਮੇਲ ਸਿੰਘ ਨੇ ਕਿਹਾ ਕਿ ਅਮਰੀਕਾ ਵੱਲੋਂ ਵੈਨੇਜ਼ੁਏਲਾ ਉੱਤੇ ਹਮਲਾ ਕਰਨਾ ਤੇ ਇਸ ਦੇ ਚੁਣੇ ਹੋਏ ਰਾਸ਼ਟਰਪਤੀ ਨੂੰ ਅਗਵਾ ਕਰਨਾ ਸਿਰੇ ਦੀ ਧੱਕੜ ਕਾਰਵਾਈ ਹੈ, ਜਿਸ ਦਾ ਨਿਰੋਲ ਮਕਸਦ ਇਸ ਦੇ ਤੇਲ ਭੰਡਾਰਾ ਉੱਤੇ ਕਬਜ਼ਾ ਕਰਨਾ ਹੈ।ਵੈਨੇਜ਼ੁਏਲਾ ਵੱਡੇ ਤੇਲ ਭੰਡਾਰਾਂ ਵਾਲਾ ਮੁਲਕ ਹੈ।ਸੰਨ 1999 ਵਿੱਚ ਹਿਊਗੋ ਸ਼ਾਵੇਜ਼ ਦੇ ਚੁਣੇ ਜਾਣ ਤੋਂ ਬਾਅਦ ਹੁਣ ਤੱਕ ਅਮਰੀਕਾ ਇੱਥੇ ਆਪਣੇ ਪੱਖੀ ਹਕੂਮਤ ਕਾਇਮ ਕਰਨ ਲਈ ਛਟਪਟਾ ਰਿਹਾ ਹੈ, ਜਦੋਂ ਕਿ ਪਹਿਲਾਂ ਹਿਊਗੋ ਸ਼ਾਵੇਜ਼ ਤੇ ਫਿਰ ਨਿਕੋਲਸ ਮਾਦੁਰੋ ਅਮਰੀਕੀ ਧੌਂਸ ਅੱਗੇ ਝੁਕਣੋਂ ਤੇ ਆਪਣੇ ਦੇਸ਼ ਦੇ ਸੋਮੇ ਸਾਮਰਾਜੀਆਂ ਅੱਗੇ ਨਿਛਾਵਰ ਕਰਨ ਤੋਂ ਇਨਕਾਰੀ ਰਹੇ ਹਨ।ਦੂਜੇ ਪਾਸੇ ਵੈਨੇਜ਼ੁਏਲਾ ਦੇ ਧਨਾਢ ਕਾਰੋਬਾਰੀ, ਖਾਣ ਮਾਫੀਆ, ਭੋਂ ਸਰਦਾਰਾਂ ਤੇ ਅਮੀਰਜ਼ਾਦਿਆਂ ਦੀ ਸਿਆਸੀ ਨੁਮਾਇੰਦਗੀ ਕਰਨ ਵਾਲੀ ਵਿਰੋਧੀ ਧਿਰ ਹੈ, ਜਿਸ ਨੂੰ ਅਮਰੀਕਨ ਸਾਮਰਾਜੀਆਂ ਦੀ ਨੰਗੀ ਚਿੱਟੀ ਤੇ ਡੱਟਵੀਂ ਸਰਪ੍ਰਸਤੀ ਹਾਸਲ ਹੈ।ਇਸ ਦੇ ਰਾਹੀਂ ਅਮਰੀਕਾ ਵਾਰ ਵਾਰ ਪਹਿਲਾਂ ਹਿਊਗੋ ਸ਼ਾਵੇਜ਼ ਤੇ ਹੁਣ ਰਾਸ਼ਟਰਪਤੀ ਮਾਦੁਰੋ ਦੀ ਸਰਕਾਰ ਨੂੰ ਉਲਟਾਉਣ ਲਈ ਸਾਜ਼ਿਸ਼ਾਂ ਰਚਦਾ ਆ ਰਿਹਾ ਸੀ, ਪਰ ਇਨ੍ਹਾਂ ਸਾਜ਼ਿਸ਼ਾਂ ਰਾਹੀਂ ਵੀ ਉਹ ਹਕੂਮਤ ਉਲਟਾਉਣ ਵਿੱਚ ਕਾਮਯਾਬ ਨਹੀਂ ਹੋ ਸਕਿਆ ਸੀ।ਇਸ ਕਰਕੇ ਹੁਣ ਉਸ ਨੇ ਨੰਗੇ ਚਿੱਟੇ ਹਮਲੇ ਦਾ ਰਾਹ ਚੁਣਿਆ ਹੈ।ਹਾਲੇ ਕੁਝ ਹੀ ਦਿਨ ਪਹਿਲਾਂ ਉਹ ਵੈਨੇਜ਼ੁਏਲਾ ਦੇ ਤੇਲ ਜਹਾਜ਼ ਉੱਤੇ ਹਮਲਾ ਕਰਕੇ ਹਟਿਆ ਹੈ।ਸਿਰੇ ਦਾ ਕੂੜ ਪ੍ਰਚਾਰ ਕਰਦਿਆਂ ਅਮਰੀਕਾ ਨੇ ਵੈਨਜ਼ੁਏਲਾ ਉੱਤੇ ਨਸ਼ਿਆਂ ਦੇ ਕਾਰੋਬਾਰ ਦੇ ਦੋਸ਼ ਲਾਏ ਹਨ।ਸੰਸਾਰ ਭਰ ਦੇ ਇਨਸਾਫ ਪਸੰਦ ਲੋਕਾਂ ਨੂੰ ਵੈਨਜ਼ੂਏਲਾ ਦੇ ਲੋਕਾਂ ਨਾਲ ਮਿਲ ਕੇ ਅਮਰੀਕਾ ਦੀ ਇਸ ਧੱਕੜ ਕਾਰਵਾਈ ਦਾ ਜ਼ੋਰਦਾਰ ਵਿਰੋਧ ਕਰਨਾ ਚਾਹੀਦਾ ਹੈ, ਹੋਰਨਾਂ ਦੇਸ਼ਾਂ ਦੇ ਸੋਮੇ ਹਥਿਆਉਣ ਦੀ ਅਮਰੀਕੀ ਸਾਮਰਾਜੀਆਂ ਦੀ ਨੀਤੀ ਖਿਲਾਫ ਡਟਣਾ ਚਾਹੀਦਾ ਹੈ ਤੇ ਵੈਨੇਜ਼ੁਏਲਾ ਤੋਂ ਹੱਥ ਪਰੇ ਰੱਖਣ, ਉਸ ਦੇ ਰਾਸ਼ਟਰਪਤੀ ਤੇ ਉਸ ਦੀ ਪਤਨੀ ਦੀ ਰਿਹਾਈ ਦੀ ਮੰਗ ਜ਼ੋਰਦਾਰ ਤਰੀਕੇ ਨਾਲ ਉਭਾਰਨੀ ਚਾਹੀਦੀ ਹੈ।ਸਥਾਨਕ ਟੀਚਰਜ਼ ਹੋਮ ਤੋਂ ਫਾਇਰ ਬ੍ਰਿਗੇਡ ਚੌਂਕ ਤੱਕ ਮੁਜ਼ਾਹਰਾ ਕੀਤਾ ਗਿਆ।ਸਟੇਜ ਸਕੱਤਰ ਦੀ ਕਾਰਵਾਈ ਗੁਰਮੁੱਖ ਸਿੰਘ ਵੱਲੋਂ ਨਿਭਾਈ ਗਈ ਨਵਜੋਤ ਸਿੰਘ ਤੇ ਹਰਮੀਤ ਕੋਟਗੁਰੂ ਵੱਲੋਂ ਇਨਕਲਾਬੀ ਗੀਤ ਪੇਸ਼ ਕੀਤੇ ਗਏ।

# ਨਵੀਂ ਦਿੱਲੀ-ਸ੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਸਪੈਸ਼ਲ ਟਰੇਨਾਂ ਦੀ ਮਿਆਦ 'ਚ ਵਾਧਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਰੇਲ ਯਾਤਰੀਆਂ ਦੀ ਸਹੂਲਤ ਤੇ ਯਾਤਰਾ ਦੌਰਾਨ ਵਧਦੀ ਭੀੜ ਨੂੰ ਮੁੱਖ ਰੱਖਦੇ ਹੋਏ ਉੱਤਰ ਰੇਲਵੇ ਨੇ ਇੱਕ ਅਹਿਮ ਫੈਸਲਾ ਲਿਆ ਹੈ। ਰੇਲਵੇ ਵਿਭਾਗ ਵੱਲੋਂ ਜਾਰੀ ਜਾਣਕਾਰੀ ਅਨੁਸਾਰ ਨਵੀਂ ਦਿੱਲੀ ਤੋਂ ਸ੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਵਿਚਕਾਰ ਚੱਲਣ ਵਾਲੀਆਂ ਵਿਸ਼ੇਸ਼ ਰੇਲ ਗੱਡੀਆਂ ਦੀ ਚੱਲਣ ਦੀ ਮਿਆਦ ਨੂੰ ਵਧਾਉਣ ਦਾ ਐਲਾਨ ਕੀਤਾ ਗਿਆ ਹੈ। ਇਹ ਫੈਸਲਾ ਸ਼ਰਧਾਲੂਆਂ ਤੇ ਆਮ ਯਾਤਰੀਆਂ ਦੀ ਭਾਰੀ ਮੰਗ ਨੂੰ ਦੇਖਦੇ ਹੋਏ ਲਿਆ ਗਿਆ ਹੈ, ਤਾਂ ਜੋ ਉਨ੍ਹਾਂ ਨੂੰ ਯਾਤਰਾ ਦੌਰਾਨ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਰੇਲਵੇ ਦੇ ਮੁੱਖ ਜਨ ਸੰਪਰਕ ਅਧਿਕਾਰੀ ਹਿਮਾਂਸ਼ੂ ਸ਼ੇਖਰ ਉਪਾਧਿਆਏ ਨੇ ਦੱਸਿਆ ਕਿ ਇਹ ਟਰੇਨਾਂ ਆਪਣੇ ਪੁਰਾਣੇ ਰੂਟ, ਪੁਰਾਣੇ ਸਮੇਂ ਤੇ ਪਹਿਲਾਂ ਤੋਂ ਨਿਰਧਾਰਤ ਦਿਨਾਂ 'ਤੇ ਹੀ ਚੱਲਣਗੀਆਂ। ਰੇਲਵੇ ਵਿਭਾਗ ਨੇ ਯਾਤਰੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੀ ਟਿਕਟ ਬੁੱਕ ਕਰਵਾਉਣ ਤੋਂ ਪਹਿਲਾਂ ਰੇਲਵੇ ਦੀ ਅਧਿਕਾਰਤ ਵੈੱਬਸਾਈਟ ਜਾਂ ਐਪ ਰਾਹੀਂ ਸਮੇਂ ਦੀ ਸਾਰਣੀ ਦੀ ਮੁੜ ਜਾਂਚ ਕਰ ਲੈਣ। ਇਸ ਤੋਂ ਇਲਾਵਾ ਕਿਸੇ ਵੀ ਤਰ੍ਹਾਂ ਦੀ ਪੁੱਛਗਿੱਛ ਜਾਂ ਸਹਾਇਤਾ ਲਈ ਯਾਤਰੀ ਰੇਲਵੇ ਦੇ ਹੈਲਪਲਾਈਨ ਨੰਬਰ 139 'ਤੇ ਵੀ ਸੰਪਰਕ ਕਰ ਸਕਦੇ ਹਨ।

# ਵਰਲਡ 'ਵਰਸਿਟੀ 'ਚ ਵਿਗਿਆਨ ਤੇ ਤਕਨਾਲੋਜੀ ਵਿਸ਼ੇ 'ਤੇ ਕੌਮੀ ਕਾਨਫਰੰਸ ਸੰਬੰਧੀ ਕਿਤਾਬਚਾ ਜਾਰੀ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ 26 ਤੇ 27 ਫਰਵਰੀ 2026 ਨੂੰ ਸਾਇੰਸ, ਇੰਜੀਨੀਅਰਿੰਗ ਤੇ ਟੈਕਨਾਲੋਜੀ ਫਾਰ ਏ ਸਸਟੇਨੇਬਲ ਫਿਊਚਰ ਵਿਸ਼ੇ 'ਤੇ ਦੋ ਦਿਨਾ ਰਾਸ਼ਟਰੀ ਕਾਨਫਰੰਸ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਕਾਨਫਰੰਸ ਦਾ ਮੁੱਖ ਉਦੇਸ਼ ਖੋਜ, ਅਕਾਦਮਿਕਤਾ, ਉਦਯੋਗ ਤੇ ਨੀਤੀ-ਨਿਰਧਾਰਕਾਂ ਨੂੰ ਇਕ ਸਾਂਝੇ ਮੰਚ 'ਤੇ ਲਿਆ ਕੇ ਵਾਤਾਵਰਣ, ਖੇਤੀਬਾੜੀ, ਭੋਜਨ, ਵਿਗਿਆਨ ਤੇ ਤਕਨਾਲੋਜੀ ਨਾਲ ਜੁੜੀਆਂ ਸਮਕਾਲੀ ਗਲੋਬਲ ਚੁਣੌਤੀਆਂ 'ਤੇ ਵਿਚਾਰ-ਵਟਾਂਦਰਾ ਕਰਨਾ ਹੈ।ਇਸ ਕਾਨਫਰੰਸ ਸੰਬੰਧੀ ਜਾਣਕਾਰੀ ਸਾਂਝੀ ਕਰਨ ਲਈ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. ਪਰਿਤ ਪਾਲ ਸਿੰਘ ਤੇ ਡੀਨ ਅਕਾਦਮਿਕ ਮਾਮਲੇ ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ ਦੀ ਨਿਗਰਾਨੀ ਹੇਠ ਪ੍ਰਬੰਧਕੀ ਕਮੇਟੀ ਦੀ ਇਕੱਤਰਤਾ ਹੋਈ, ਜਿਸ ਦੌਰਾਨ ਕਾਨਫਰੰਸ ਦਾ ਕਿਤਾਬਚਾ ਜਾਰੀ ਕੀਤਾ ਗਿਆ।

ਡੀਨ ਅਕਾਦਮਿਕ ਮਾਮਲੇ ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਾਨਫਰੰਸ ਲਈ ਖੋਜ ਪਰਚਿਆਂ ਦੇ ਸੰਖੇਪ 20 ਜਨਵਰੀ 2026 ਤੱਕ ਤੇ ਪੂਰੇ ਪਰਚੇ 2 ਫਰਵਰੀ 2026 ਤੱਕ ਭੇਜੇ ਜਾ ਸਕਦੇ ਹਨ।ਇਸ ਕਾਨਫਰੰਸ ਦੇ ਕਨਵੀਨਰ ਡਾ. ਰੁਪਿੰਦਰ ਕੌਰ (ਮੁਖੀ, ਬਾਇਓਟੈਕਨੋਲੋਜੀ ਵਿਭਾਗ) ਤੇ ਡਾ. ਰਿਚਾ ਬਰਾੜ (ਮੁਖੀ, ਗਣਿਤ ਵਿਭਾਗ) ਹਨ। ਪ੍ਰਬੰਧਕੀ ਸਕੱਤਰਾਂ ਵਿੱਚ ਡਾ. ਪ੍ਰੀਤ ਕੌਰ (ਮੁਖੀ, ਭੌਤਿਕ ਵਿਗਿਆਨ ਵਿਭਾਗ), ਡਾ. ਰਾਹੁਲ ਬਦਰੂ (ਮੁਖੀ, ਰਸਾਇਣ ਵਿਭਾਗ), ਡਾ. ਬ੍ਰਹਿਮੀਤ ਕੌਰ (ਸਹਾਇਕ ਪ੍ਰੋਫੈਸਰ, ਗਣਿਤ ਵਿਭਾਗ), ਡਾ. ਚਰਨ ਕਮਲ ਸੇਖੋਂ (ਮੁਖੀ, ਜੰਤੂ ਵਿਗਿਆਨ ਵਿਭਾਗ), ਡਾ. ਜਸਪ੍ਰੀਤ ਕੌਰ ਢਿੱਲੋਂ (ਮੁਖੀ, ਖੇਤੀਬਾੜੀ ਵਿਭਾਗ), ਡਾ. ਸ਼ੀਨਮ ਮਲਹੋਤਰਾ (ਸਹਾਇਕ ਪ੍ਰੋਫੈਸਰ, ਕੰਪਿਊਟਰ ਸਾਇੰਸ ਵਿਭਾਗ), ਡਾ. ਰੁਪਿੰਦਰ ਪਾਲ ਸਿੰਘ (ਮੁਖੀ, ਫੂਡ ਪ੍ਰੋਸੈਸਿੰਗ ਵਿਭਾਗ) ਤੇ ਡਾ. ਨਵਦੀਪ ਕੌਰ (ਇੰਚਾਰਜ, ਬਨਸਪਤੀ ਵਿਭਾਗ) ਸ਼ਾਮਲ ਹਨ।

# ਭੱਦਲਵੱਡ 'ਚ ਔਰਤ ਤੋਂ ਨਗਦੀ ਤੇ ਮੋਬਾਇਲ ਖੋਹਿਆ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਭੱਦਲਵੱਡ ਵਿਖੇ ਅੱਡੇ 'ਤੇ ਬੱਸ ਦੀ ਉਡੀਕ 'ਚ ਬੈਠੀ ਇੱਕ ਔਰਤ ਤੋਂ ਝਪਟਮਾਰਾਂ ਵੱਲੋਂ ਨਗਦੀ ਤੇ ਮੋਬਾਈਲ ਫੋਨ ਖੋਹਣ ਦੀ ਖਬਰ ਮਿਲੀ ਹੈ। ਜਾਣਕਾਰੀ ਅਨੁਸਾਰ ਪੀੜਤ ਔਰਤ ਦੀਕਸ਼ਾ ਕੌਸ਼ਲ ਪਤਨੀ ਸੁਖਵਿੰਦਰ ਸਿੰਘ ਵਾਸੀ ਭੱਦਲਵੱਡ ਆਪਣੇ ਪਤੀ ਨਾਲ ਬਰਨਾਲਾ ਜਾਣ ਲਈ ਬੱਸ ਦੀ ਉਡੀਕ 'ਚ ਅੱਡੇ 'ਤੇ ਮੌਜੂਦ ਸੀ।ਇਸ ਦੌਰਾਨ ਬਰਨਾਲਾ ਸਾਇਡ ਤੋਂ ਕਾਲੇ ਰੰਗ ਦੇ ਮੋਟਰਸਾਈਕਲ 'ਤੇ ਸਵਾਰ ਦੋ ਨੌਜਵਾਨਾਂ ਨੇ ਤੇਜ਼ੀ ਨਾਲ ਝਪਟ ਮਾਰ ਕੇ ਔਰਤ ਦੇ ਹੱਥ 'ਚ ਫੜਿਆ ਹੋਇਆ ਪਰਸ ਤੇ ਮੋਬਾਇਲ ਫੋਨ ਖੋਹ ਲਿਆ।ਉਹ ਪੀੜਤਾ ਵੱਲੋਂ ਰੌਲਾ ਪਾਉਣ ਦੇ ਬਾਵਜੂਦ ਤੇਜ਼ੀ ਨਾਲ ਮੋਟਰਸਾਈਕਲ ਉੱਪਰ ਠੀਕਰੀਵਾਲ ਲਿੰਕ ਸੜਕ ਵੱਲ ਫਰਾਰ ਹੋ ਗਏ।ਪੀੜਤ ਔਰਤ ਨੇ ਦੱਸਿਆ ਕਿ ਉਹ ਆਪਣੇ ਬੇਟੇ ਤੇ ਪਤੀ ਨਾਲ ਦਵਾਈ ਲੈਣ ਲਈ ਬਰਨਾਲਾ ਜਾ ਰਹੀ ਸੀ।ਪਰਸ 'ਚ ਦਸ ਹਜ਼ਾਰ ਰੁਪਏ ਨਕਦੀ ਤੇ ਜ਼ਰੂਰੀ ਪਛਾਣ ਦਸਤਾਵੇਜ਼ ਸਨ। ਖੋਹਿਆ ਗਿਆ ਮੋਬਾਇਲ ਵੀਵੋ ਕੰਪਨੀ ਦਾ ਦੱਸਿਆ ਗਿਆ ਹੈ।ਇਸ ਸਬੰਧੀ ਥਾਣਾ ਠੁੱਲੀਵਾਲ ਦੀ ਪੁਲਸ ਵੱਲੋਂ ਨਾ-ਮਾਲੂਮ ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕਰ ਲਿਆ ਹੈ।

# ਮੇਲਾ ਮਾਘੀ ਦੇ ਪ੍ਰੋਗਰਾਮਾਂ ਦਾ ਇਸ਼ਤਿਹਾਰ ਜਾਰੀ, 12 ਤੋਂ ਧਾਰਮਿਕ ਸਮਾਗਮ ਸ਼ੁਰੂ

## 15 ਨੂੰ ਨਗਰ ਕੀਰਤਨ ਉਪਰੰਤ ਮੇਲਾ ਮਾਘੀ ਦੀ ਹੋਵੇਗੀ ਰਸਮੀ ਸਮਾਪਤੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਸ੍ਰੀ ਮੁਕਤਸਰ ਸਾਹਿਬ ਵਿਖੇ ਲੱਗਣ ਵਾਲੇ ਮੇਲਾ ਮਾਘੀ ਦਾ ਇਸ਼ਤਿਹਾਰ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਜਾਰੀ ਕੀਤਾ ਗਿਆ ਹੈ।ਇਸ ਇਸ਼ਤਿਹਾਰ ਵਿੱਚ ਮੇਲਾ ਮਾਘੀ ਦੇ ਹੋਣ ਵਾਲੇ ਪ੍ਰੋਗਰਾਮਾਂ ਦਾ ਸਾਰਾ ਵੇਰਵਾ ਵਿਸਥਾਰ ਸਹਿਤ ਦੱਸਿਆ ਗਿਆ ਹੈ।ਇਸ਼ਤਿਹਾਰ ਰਿਲੀਜ਼ ਕਰਨ ਮੌਕੇ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ।ਇਸ ਮੌਕੇ ਜਾਣਕਾਰੀ ਦਿੰਦੇ ਹੋਏ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ ਦੇ ਮੈਨੇਜਰ ਨਿਰਮਲਜੀਤ ਸਿੰਘ ਨੇ ਦੱਸਿਆ ਕਿ ਸ਼ਹੀਦੀ ਜੋੜ ਮਾਘੀ 13, 14 ਤੇ 15 ਜਨਵਰੀ ਨੂੰ ਸੰਗਤਾਂ ਦੇ ਸਹਿਯੋਗ ਨਾਲ ਪੂਰਨ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ।12 ਜਨਵਰੀ ਨੂੰ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ, ਜਿਨ੍ਹਾਂ ਦੇ ਭੋਗ ਮਾਘੀ ਵਾਲੇ ਦਿਨ ਸਵੇਰੇ 7:30 ਵਜੇ ਪਾਏ ਜਾਣਗੇ। ਇਸ ਤੋਂ ਇਲਾਵਾ 13 ਤੇ 14 ਜਨਵਰੀ ਨੂੰ ਭਾਈ ਮਹਾਂ ਸਿੰਘ ਦੀਵਾਨ ਹਾਲ ਵਿਖੇ ਧਾਰਮਿਕ ਦੀਵਾਨ ਸੱਜਣਗੇ, ਜਿਨ੍ਹਾਂ 'ਚ ਰਾਗੀ, ਢਾਡੀ ਤੇ ਵਿਦਵਾਨ ਗੁਰੂ-ਜਸ ਸਿੱਖ ਇਤਿਹਾਸ ਤੇ ਪੰਥਕ ਪ੍ਰੋਗਰਾਮ ਪੇਸ਼ ਕਰਨਗੇ।ਉਨ੍ਹਾਂ ਦੱਸਿਆ ਕਿ 15 ਜਨਵਰੀ ਨੂੰ ਗੁਰਦੁਆਰਾ ਟਿੱਬੀ ਸਾਹਿਬ ਵਿਖੇ ਵਿਸ਼ੇਸ਼ ਢਾਡੀ ਸਮਾਗਮ ਹੋਵੇਗਾ, ਜਿਸ 'ਚ ਪ੍ਰਸਿੱਧ ਢਾਡੀ ਜਥੇ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।ਉਨ੍ਹਾਂ ਕਿਹਾ ਕਿ 15 ਜਨਵਰੀ ਨੂੰ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਤੰਬੂ ਸਾਹਿਬ ਵਿਖੇ 11 ਵਜੇ ਅੰਮ੍ਰਿਤ ਸੰਚਾਰ ਹੋਵੇਗਾ। ਇਸੇ ਦਿਨ ਹੀ ਸ੍ਰੀ ਦਰਬਾਰ ਸਾਹਿਬ ਦੇ ਗੇਟ ਨੰਬਰ 4 ਤੋਂ ਨਗਰ ਕੀਰਤਨ ਆਰੰਭ ਹੋ ਕੇ ਗੁਰਦੁਆਰਾ ਸ੍ਰੀ ਟਿੱਬੀ ਸਾਹਿਬ ਤੋਂ ਗੁਰਦੁਆਰਾ ਦਾਤਨਸਰ ਸਾਹਿਬ ਹੁੰਦਾ ਹੋਇਆ ਵਾਪਸ ਸ੍ਰੀ ਦਰਬਾਰ ਪਹੁੰਚ ਕੇ ਸੰਪਨ ਹੋਵੇਗਾ।ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਮਤਿ ਲਿਟਰੇਚਰ ਸਟਾਲ ਵੀ ਲਾਈ ਜਾਵੇਗੀ।ਉਨ੍ਹਾਂ ਕਿਹਾ ਕਿ ਬਾਹਰ ਤੋਂ ਆਉਣ ਵਾਲੇ ਸ਼ਰਧਾਲੂਆਂ ਦੀ ਰਿਹਾਇਸ਼ ਲਈ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਹਨ।ਇਸ ਮੌਕੇ ਮੈਨੇਜਰ ਨਿਰਮਲਜੀਤ ਸਿੰਘ, ਭਾਈ ਜਗਬੀਰ ਸਿੰਘ ਹੈਡ ਗ੍ਰੰਥੀ, ਮੀਤ ਮੈਨੇਜਰ ਸੁਖਦੇਵ ਸਿੰਘ, ਅਕਾਊਂਟੈਂਟ ਕੁਲਵੰਤ ਸਿੰਘ, ਚਾਨਣ ਸਿੰਘ ਮਾਹਮੂ ਖੇੜਾ, ਗੁਰਮੀਤ ਸਿੰਘ ਖਜ਼ਾਨਚੀ ਆਦਿ ਹਾਜ਼ਰ ਸਨ।

# ਭਾਜਪਾ ਚੋਣ ਕਮਿਸ਼ਨ ਨੂੰ ਸੱਤਾ ਪ੍ਰਾਪਤੀ ਲਈ ਵਰਤ ਰਹੀ ਹੈ : ਸੇਖੋਂ

**ਬਠਿੰਡਾ (ਬਖਤੌਰ ਢਿੱਲੋਂ)**-ਭਾਜਪਾ ਵੱਲੋਂ ਸੱਤਾ ਪ੍ਰਾਪਤੀ ਲਈ ਭਾਰਤੀ ਚੋਣ ਕਮਿਸ਼ਨ ਨੂੰ ਆਪਣੇ ਹਿੱਤਾਂ ਲਈ ਵਰਤ ਕੇ ਦੇਸ਼ ਦੇ ਸੰਵਿਧਾਨ ਤੇ ਲੋਕਤੰਤਰ ਨੂੰ ਢਾਅ ਲਾਈ ਜਾ ਰਹੀ ਹੈ। ਇਹ ਤੱਥ ਨੂੰ ਸਪੱਸ਼ਟ ਕਰਦੀਆਂ ਹਨ 'ਵਿਸ਼ੇਸ਼ ਸੋਧ' ਦੇ ਨਾਂ ਹੇਠ ਜਾਰੀ ਕੀਤੀਆਂ ਖਰੜਾ ਵੋਟਰ ਸੂਚੀਆਂ। ਇਹ ਪ੍ਰਗਟਾਵਾ ਕਰਦਿਆਂ ਸੀ ਪੀ ਆਈ ਐੱਮ ਪੰਜਾਬ ਦੇ ਸਕੱਤਰ ਕਾ: ਸੁਖਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਕੁਰਸੀ ਹਾਸਲ ਵਾਸਤੇ ਭਾਜਪਾ ਵੱਲੋਂ ਲੋਕਤੰਤਰ ਸਰਕਾਰ ਕਾਇਮ ਕਰਨ ਲਈ ਸੰਘਰਸ਼ਾਂ ਰਾਹੀਂ ਬਾਲਗਾਂ ਲਈ ਹਾਸਲ ਕੀਤੇ ਵੋਟ ਦੇ ਹੱਕ ਨੂੰ ਖੋਹਿਆ ਜਾ ਰਿਹਾ ਹੈ। ਵਰਨਣਯੋਗ ਹੈ ਕਿ ਭਾਰਤੀ ਚੋਣ ਕਮਿਸ਼ਨ ਵੱਲੋਂ ਵਿਸ਼ੇਸ਼ ਸੋਧ ਦੇ ਨਾਂ ਹੇਠ ਦੂਜੇ ਪੜਾਅ ਵਜੋਂ ਜਾਰੀ ਕੀਤੀਆਂ 9 ਸੂਬਿਆਂ ਤੇ 3 ਸ਼ਾਸਤ ਪ੍ਰਦੇਸ਼ਾਂ ਦੀਆਂ ਖਰੜਾ ਵੋਟਰ ਸੂਚੀਆਂ ਵਿੱਚੋਂ 6 ਕਰੋੜ 59 ਲੱਖ ਵੋਟਰਾਂ ਦੇ ਨਾਂ ਹਟਾ ਦਿੱਤੇ ਗਏ ਹਨ। ਪਹਿਲਾਂ ਇਹ ਗਿਣਤੀ 50 ਕਰੋੜ 90 ਲੱਖ ਸੀ, ਜੋ ਹੁਣ ਘਟਾ ਕੇ ਕਰੀਬ 44 ਕਰੋੜ 40 ਲੱਖ ਕਰ ਦਿੱਤੀ ਗਈ ਹੈ। ਇਹ ਖਰੜਾ ਸਪੱਸ਼ਟ ਕਰਦਾ ਹੈ ਕਿ ਕਰੀਬ ਸਾਢੇ 6 ਕਰੋੜ ਲੋਕਾਂ ਤੋਂ ਵੋਟ ਦਾ ਹੱਕ ਖੋਹਿਆ ਜਾ ਰਿਹਾ ਹੈ। ਕਾ: ਸੇਖੋਂ ਨੇ ਕਿਹਾ ਕਿ ਜਦੋਂ ਤੋਂ ਕੇਂਦਰ ਵਿੱਚ ਭਾਜਪਾ ਦੀ ਸਰਕਾਰ ਸਥਾਪਤ ਹੋਈ ਹੈ, ਉਸ ਸਮੇਂ ਤੋਂ ਚੋਣ ਧਾਂਦਲੀਆਂ ਵਿਰੁੱਧ ਲੋਕ ਆਵਾਜ਼ ਉਠਾਉਂਦੇ ਰਹੇ ਹਨ। ਲੋਕਤੰਤਰ ਦਾ ਮੂਲ ਆਧਾਰ ਵੋਟ ਹੈ ਤੇ ਸੰਘਰਸ਼ਾਂ ਨਾਲ ਬਾਲਗਾਂ ਨੂੰ ਵੋਟ ਦਾ ਹੱਕ ਪ੍ਰਾਪਤ ਕੀਤਾ ਗਿਆ ਸੀ। ਹੁਣ ਕੇਂਦਰ ਦੀ ਭਾਜਪਾ ਸਰਕਾਰ ਕੁਰਸੀ ਹਾਸਲ ਕਰਨ ਲਈ ਬਾਲਗਾਂ ਤੋਂ ਇਹ ਹੱਕ ਖੋਹ ਕੇ ਲੋਕਤੰਤਰ ਤੇ ਭਾਰਤੀ ਸੰਵਿਧਾਨ ਨੂੰ ਢਾਅ ਲਾਉਣ ਦੀਆਂ ਸਾਜ਼ਿਸ਼ਾਂ ਰਚ ਰਹੀ ਹੈ। ਸੂਬਾ ਸਕੱਤਰ ਨੇ ਕਿਹਾ ਕਿ ਪੰਜਾਬ ਵਿੱਚ ਸਰਕਾਰ ਬਣਾਉਣ ਲਈ ਵੀ ਭਾਜਪਾ ਵੱਡੇ ਵੱਡੇ ਦਾਅਵੇ ਕਰ ਰਹੀ ਹੈ, ਜਿਸ ਤੋਂ ਖਦਸ਼ਾ ਹੈ ਪੰਜਾਬ ਵਿੱਚ ਵੀ ਅਜਿਹੀਆਂ ਚਾਲਾਂ ਚੱਲੀਆਂ ਜਾ ਸਕਦੀਆਂ ਹਨ। ਉਨ੍ਹਾਂ ਭਾਜਪਾ ਵੱਲੋਂ ਸੂਬੇ ਵਿੱਚ ਸੱਤਾ ਹਾਸਲ ਕਰਨ ਲਈ ਰਚੀਆਂ ਜਾਣ ਵਾਲੀਆਂ ਸਾਜ਼ਿਸ਼ਾਂ ਦਾ ਮੂੰਹ ਤੋੜਵਾਂ ਜਵਾਬ ਦੇਣ ਲਈ ਪੰਜਾਬੀਆਂ ਨੂੰ ਸੁਚੇਤ ਰਹਿਣ ਦਾ ਸੱਦਾ ਦਿੱਤਾ।

# ਡੀ ਬੀ ਯੂ ਵਿਖੇ ਨਵੇਂ ਵਿਦਿਆਰਥੀਆਂ ਲਈ ਵ੍ਹਾਈਟ ਕੋਟ ਤੇ ਇੰਡਕਸ਼ਨ ਸਮਾਰੋਹ




**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**

ਦੇਸ਼ ਭਗਤ ਡੈਂਟਲ ਕਾਲਜ ਤੇ ਹਸਪਤਾਲ, ਸਕੂਲ ਆਫ਼ ਨਰਸਿੰਗ, ਸਕੂਲ ਆਫ਼ ਫਾਰਮੇਸੀ ਤੇ ਆਯੁਰਵੈਦਿਕ ਕਾਲਜ ਮੰਡੀ ਗੋਬਿੰਦਗੜ੍ਹ ਵੱਲੋਂ ਦੇਸ਼ ਭਗਤ ਯੂਨੀਵਰਸਿਟੀ ਵਿਖੇ 2025 ਬੈਚ ਦੇ ਨਵੇਂ ਦਾਖਲ ਹੋਏ ਵਿਦਿਆਰਥੀਆਂ ਲਈ ਇੱਕ ਵ੍ਹਾਈਟ ਕੋਟ ਤੇ ਇੰਡਕਸ਼ਨ ਸਮਾਰੋਹ ਕਰਵਾਇਆ ਗਿਆ।

ਇਸ ਸਮਾਰੋਹ ਦਾ ਉਦਘਾਟਨ ਮੁੱਖ ਮਹਿਮਾਨ ਮਾਨਯੋਗ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ, ਪ੍ਰੈਜ਼ੀਡੈਂਟ ਡਾ. ਸੰਦੀਪ ਸਿੰਘ ਤੇ ਵਾਈਸ-ਚਾਂਸਲਰ ਡਾ. ਹਰਸ਼ ਸਦਾਵਰਤੀ ਨੇ ਕੀਤਾ। ਇਸ ਸਮਾਗਮ ਵਿੱਚ ਰਾਸ਼ਟਰੀ ਜਨਰਲ ਸਕੱਤਰ (ਭਾਜਪਾ) ਸ੍ਰੀ ਤਰੁਣ ਚੁੱਘ ਵਿਸ਼ੇਸ਼ ਮਹਿਮਾਨ ਤੇ ਡਾ. ਪੁਨੀਤ ਘਿਰਧਰ, ਸੰਯੁਕਤ ਡੀਆਰਐੱਮਈ, ਪੰਜਾਬ ਗੈਸਟ ਆਫ ਆਨਰ ਵਜੋਂ ਸ਼ਾਮਲ ਹੋਏ।ਦੇਸ਼ ਭਗਤ ਡੈਂਟਲ ਕਾਲਜ ਤੇ ਹਸਪਤਾਲ ਦੇ ਪ੍ਰਿੰਸੀਪਲ ਡਾ. ਵਿਕਰਮ ਬਾਲੀ, ਵਾਈਸ ਪ੍ਰਿੰਸੀਪਲ ਡਾ. ਤੇਜਵੀਰ ਸਿੰਘ, ਸਕੂਲ ਆਫ਼ ਨਰਸਿੰਗ ਦੇ ਡਿਪਟੀ ਡਾਇਰੈਕਟਰ ਡਾ. ਪ੍ਰਭਜੋਤ ਸਿੰਘ, ਦੇਸ਼ ਭਗਤ ਆਯੁਰਵੈਦਿਕ ਕਾਲਜ ਤੇ ਹਸਪਤਾਲ ਦੇ ਪ੍ਰਿੰਸੀਪਲ ਡਾ. ਹੇਮ ਰਾਜ, ਫਾਰਮੇਸੀ ਫੈਕਲਟੀ ਦੀ ਪ੍ਰਿੰਸੀਪਲ ਡਾ. ਪੂਜਾ ਗੁਲਾਟੀ ਤੇ ਨਰਸਿੰਗ ਫੈਕਲਟੀ ਦੀ ਪ੍ਰਿੰਸੀਪਲ ਡਾ. ਲਵਸੰਪੂਰਨਜੋਤ ਕੌਰ ਨੇ ਪਤਵੰਤਿਆਂ ਦਾ ਰਸਮੀ ਸਵਾਗਤ ਕੀਤਾ।

ਸਮਾਰੋਹ ਦੌਰਾਨ 2025 ਬੈਚ ਦੇ ਪਹਿਲੇ ਪੇਸ਼ੇਵਰ ਵਿਦਿਆਰਥੀਆਂ ਨੂੰ ਪਤਵੰਤਿਆਂ ਵੱਲੋਂ ਰਸਮੀ ਤੌਰ 'ਤੇ ਵ੍ਹਾਈਟ ਕੋਟ ਪ੍ਰਦਾਨ ਕੀਤੇ ਗਏ।ਇਸ ਮੌਕੇ ਚਾਂਸਲਰ ਡਾ. ਜ਼ੋਰਾ ਸਿੰਘ ਨੇ ਉੱਭਰ ਰਹੇ ਪੇਸ਼ੇਵਰਾਂ ਨੂੰ ਆਸ਼ੀਰਵਾਦ ਦਿੱਤਾ ਤੇ ਉਨ੍ਹਾਂ ਨੂੰ ਉੱਤਮਤਾ ਲਈ ਯਤਨ ਕਰਨ ਅਤੇ ਸਮਾਜ ਦੀ ਸੇਵਾ ਲਈ ਵਚਨਬੱਧ ਸਮਰਪਿਤ ਪ੍ਰੈਕਟੀਸ਼ਨਰ ਬਣਨ ਲਈ ਉਤਸ਼ਾਹਤ ਕੀਤਾ।

ਇਕੱਠ ਨੂੰ ਸੰਬੋਧਨ ਕਰਦੇ ਹੋਏ ਵਿਸ਼ੇਸ਼ ਮਹਿਮਾਨ ਤਰੁਣ ਚੁੱਘ ਤੇ ਮਹਿਮਾਨ ਡਾ. ਪੁਨੀਤ ਘਿਰਧਰ ਨੇ 2025 ਬੈਚ ਦੇ ਬੀਡੀਐੱਸ, ਬੀਏਐੱਮਐੱਸ, ਫਾਰਮੇਸੀ ਤੇ ਨਰਸਿੰਗ ਦੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।ਉਪਰੰਤ ਪ੍ਰੋ ਵਾਈਸ-ਚਾਂਸਲਰ ਡਾ. ਬੀ.ਐੱਲ. ਭਾਰਦਵਾਜ ਦੁਆਰਾ ਆਏ ਮਹਿਮਾਨਾਂ ਤੇ ਵਿਸ਼ੇਸ਼ ਮਹਿਮਾਨਾਂ ਦਾ ਧੰਨਵਾਦ ਕੀਤਾ।

# 16 ਦੇ ਐਕਸ਼ਨਾਂ 'ਚ ਮੁਲਾਜ਼ਮ ਤੇ ਪੈਨਸ਼ਨਰ ਭਰਵੀਂ ਸ਼ਮੂਲੀਅਤ ਕਰਨਗੇ : ਪ ਸ ਸ ਫ



**ਕੋਟਕਪੂਰਾ (ਰਛਪਾਲ ਭੁੱਲਰ)**-ਕੇਂਦਰੀ ਹੁਕਮਰਾਨ ਮੋਦੀ ਸਰਕਾਰ ਵੱਲੋਂ ਬਿਜਲੀ ਸੋਧ ਬਿੱਲ 2025 ਨੂੰ ਪਾਰਲੀਮੈਂਟ ਵਿੱਚ ਪੇਸ਼ ਕਰਨ, 29 ਕਿਰਤ ਕਾਨੂੰਨਾਂ ਨੂੰ ਖਤਮ ਕਰਕੇ ਚਾਰ ਲੇਬਰ ਕੋਡ ਲਾਗੂ ਕਰਨ, ਮਨਰੇਗਾ ਸਕੀਮ ਨੂੰ ਖਤਮ ਕਰਨ ਦੀਆਂ ਕੋਝੀਆਂ ਚਾਲਾਂ ਚੱਲਣ ਤੇ ਲਗਾਤਾਰ ਕਾਰਪੋਰੇਟ ਘਰਾਣਿਆਂ ਦੇ ਦਬਾਅ ਹੇਠ ਲੋਕ ਵਿਰੋਧੀ ਨੀਤੀਆਂ ਨੂੰ ਲਾਗੂ ਕਰਨ ਖਿਲਾਫ ਆਪਣੇ ਰੋਸ ਤੇ ਗੁੱਸੇ ਦਾ ਪ੍ਰਗਟਾਵਾ ਕਰਨ ਲਈ ਸੰਯੁਕਤ ਕਿਸਾਨ ਮੋਰਚਾ ਤੇ ਦੇਸ਼ ਦੀਆਂ ਹੋਰ ਕੇਂਦਰੀ ਟਰੇਡ ਯੂਨੀਅਨਾਂ ਵੱਲੋਂ 16 ਜਨਵਰੀ ਨੂੰ ਦੇਸ਼ ਭਰ ਦੇ ਸਾਰੇ ਜ਼ਿਲ੍ਹਾ ਹੈੱਡਕੁਆਟਰਾਂ 'ਤੇ ਡਿਪਟੀ ਕਮਿਸ਼ਨਰ ਦੇ ਦਫਤਰਾਂ ਦਾ ਘਿਰਾਓ ਕਰਨ ਦਾ ਐਕਸ਼ਨ ਪ੍ਰੋਗਰਾਮ ਉਲੀਕਿਆ ਗਿਆ ਹੈ।ਇਸ ਤੋਂ ਇਲਾਵਾ ਕੇਂਦਰ ਸਰਕਾਰ ਅਤੇ ਪੰਜਾਬ ਦੀ ਹੁਕਮਰਾਨ ਭਗਵੰਤ ਮਾਨ ਸਰਕਾਰ ਵੱਲੋਂ ਵੀ ਕਾਰਪਰੇਟ ਘਰਾਣਿਆਂ ਦੇ ਦਬਾਅ ਹੇਠ ਲਗਾਤਾਰ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਤੋਂ ਟਾਲਾ ਵੱਟਿਆ ਜਾ ਰਿਹਾ ਹੈ, ਵੱਖ ਵੱਖ ਵਿਭਾਗਾਂ ਵਿੱਚ ਮੁਲਾਜ਼ਮਾਂ ਦੀ ਰੈਗੂਲਰ ਭਰਤੀ ਕਰਨ ਦੀ ਬਜਾਏ ਆਊਟ ਸੋਰਸ ਪ੍ਰਣਾਲੀ ਦਿਨੋਂ ਦਿਨ ਤੇਜ਼ੀ ਨਾਲ ਲਾਗੂ ਕੀਤੀ ਜਾ ਰਹੀ ਹੈ, ਆਸ਼ਾ ਵਰਕਰਾਂ, ਮਿਡ ਡੇ ਮੀਲ ਵਰਕਰਾਂ ਤੇ ਆਂਗਣਵਾੜੀ ਵਰਕਰਾਂ ਦਾ ਆਰਥਿਕ ਸ਼ੋਸ਼ਣ ਬੁਰੀ ਤਰ੍ਹਾਂ ਜਾਰੀ ਹੈ, ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਬਣਦਾ 16 ਫੀਸਦੀ ਮਹਿੰਗਾਈ ਭੱਤਾ ਜਾਰੀ ਨਹੀਂ ਕੀਤਾ ਜਾ ਰਿਹਾ, ਮਾਨਯੋਗ ਅਦਾਲਤਾਂ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਹੱਕ ਵਿੱਚ ਕੀਤੇ ਗਏ ਕਈ ਫੈਸਲੇ ਲਾਗੂ ਨਹੀਂ ਕੀਤੇ ਜਾ ਰਹੇ।ਇਨ੍ਹਾਂ ਸਭ ਮੁੱਦਿਆਂ ਨੂੰ ਲੈ ਕੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿੱਚ ਭਾਰੀ ਰੋਸ ਤੇ ਗੁੱਸਾ ਪਾਇਆ ਜਾ ਰਿਹਾ ਹੈ। ਇਸ ਐਕਸ਼ਨ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22ਬੀ, ਚੰਡੀਗੜ੍ਹ ਦੇ ਸੂਬਾਈ ਆਗੂਆਂ ਦਰਸ਼ਨ ਸਿੰਘ ਲੁਬਾਣਾ, ਚਰਨ ਸਿੰਘ ਸਰਾਭਾ, ਰਣਜੀਤ ਸਿੰਘ ਰਾਣਵਾਂ, ਸੁਰਿੰਦਰ ਕੁਮਾਰ ਪੁਆਰੀ, ਗੁਰਮੇਲ ਸਿੰਘ ਮੈਲਡੇ, ਕਰਤਾਰ ਸਿੰਘ ਪਾਲ, ਪ੍ਰਵੀਨ ਕੁਮਾਰ ਲੁਧਿਆਣਾ, ਸਰੋਜ ਛੱਪੜੀਵਾਲਾ, ਅਮਰਜੀਤ ਕੌਰ ਰਣ ਸਿੰਘ ਵਾਲਾ, ਰਣਦੀਪ ਸਿੰਘ ਫਤਿਹਗੜ੍ਹ ਸਾਹਿਬ, ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਦੇ ਸੂਬਾਈ ਆਗੂ ਗੁਰਦੀਪ ਸਿੰਘ ਮੋਤੀ, ਅਵਤਾਰ ਸਿੰਘ ਗਗੜਾ, ਜਗਦੀਸ਼ ਸਿੰਘ ਚਾਹਲ, ਪ੍ਰੇਮ ਚਾਵਲਾ, ਅਵਤਾਰ ਸਿੰਘ ਤਾਰੀ, ਕਲਾਸ ਫ਼ੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ ਦੇ ਆਗੂ ਸੁਖਦੇਵ ਸਿੰਘ ਸੁਰਤਾਪੁਰੀ, ਜਸਵਿੰਦਰ ਪਾਲ ਉੱਘੀ, ਮੇਲਾ ਸਿੰਘ ਪੁੰਨਾਂਵਾਲ, ਬਲਜਿੰਦਰ ਸਿੰਘ, ਡਿੰਪਲ ਰਹੇਲਾ, ਵੇਦ ਪ੍ਰਕਾਸ਼, ਹੰਸ ਰਾਜ ਦੀਦਾਰਗੜ੍ਹ, ਚੰਦਨ ਸਿੰਘ, ਕ੍ਰਿਸ਼ਨ ਪ੍ਰਸਾਦਿ, ਸੁਰਿੰਦਰ ਸਿੰਘ ਬੈਂਸ ਨੇ ਦੱਸਿਆ ਕਿ 16 ਜਨਵਰੀ ਦੇ ਇਸ ਐਕਸ਼ਨ ਨੂੰ ਸਫਲ ਬਣਾਉਣ ਲਈ ਵੱਖ ਵੱਖ ਜਥੇਬੰਦੀਆਂ ਵੱਲੋਂ ਪੂਰੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਆਗੂਆਂ ਨੇ ਅੱਗੇ ਕਿਹਾ ਕਿ ਇਨ੍ਹਾਂ ਐਕਸ਼ਨਾਂ ਵਿੱਚ ਪੰਜਾਬ ਦੇ ਮੁਲਾਜ਼ਮ ਤੇ ਪੈਨਸ਼ਨਰ ਭਰਵੀਂ ਸ਼ਮੂਲੀਅਤ ਕਰਨਗੇ।

# ਢੁੱਡੀਕੇ 'ਚ ਸ਼ੁਕਰਾਨਾ ਸਮਾਗਮ ਮੌਕੇ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰਾਂ ਦਾ ਸਨਮਾਨ



**ਅਜੀਤਵਾਲ (ਨਛੱਤਰ ਸੰਧੂ)**-ਹਾਲ ਹੀ ਵਿੱਚ ਹੋਈਆਂ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਵਿੱਚ ਜੇਤੂ ਰਹੇ ਉਮੀਦਵਾਰਾਂ ਦੀ ਖ਼ੁਸ਼ੀ ਵਿੱਚ ਸ਼ੁਕਰਾਨੇ ਵਜੋਂ ਪਿੰਡ ਢੁੱਡੀਕੇ ਦੇ ਗੁਰਦੁਆਰਾ ਉੱਚਾ ਡੇਰਾ ਵਿਖੇ ਧਾਰਮਿਕ ਸਮਾਗਮ ਕਰਵਾਏ ਗਏ।ਇਸ ਮੌਕੇ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਅਰਦਾਸ ਉਪਰੰਤ ਹਲਕਾ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ, ਜ਼ਿਲ੍ਹਾ ਪ੍ਰਧਾਨ ਬਰਿੰਦਰ ਸ਼ਰਮਾ ਮਧੇਕੇ, ਸਰਪੰਚ ਦਰਸਵੀਰ ਸਿੰਘ ਵੱਲੋਂ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਉਮੀਦਵਾਰਾਂ ਦਾ ਸਿਰੋਪਾਉ ਦੇ ਕੇ ਸਨਮਾਨ ਕੀਤਾ ਗਿਆ।ਇਸ ਮੌਕੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ, ਬਰਿੰਦਰ ਸ਼ਰਮਾ, ਸੀਨੀਅਰ ਆਪ ਆਗੂ ਜਸਦੀਪ ਸਿੰਘ ਗੈਰੀ ਢੁੱਡੀਕੇ ਤੇ ਜੋਗਿੰਦਰ ਸਿੰਘ ਢੁੱਡੀਕੇ ਨੇ ਕਿਹਾ ਕਿ ਜਿਸ ਉਮੀਦ ਨਾਲ ਵੋਟਰਾਂ ਨੇ ਵੋਟਾਂ ਦਾ ਭੁਗਤਾਨ ਕਰਕੇ ਪਾਰਟੀ ਦੀ ਝੋਲੀ ਵਿੱਚ ਇਹ ਵੱਡੀ ਜਿੱਤ ਪਾਈ ਹੈ, ਉਸ ਲਈ ਉਹ ਵਧਾਈ ਦੇ ਪਾਤਰ ਹਨ।ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਅਮਨਦੀਪ ਕੌਰ ਢੁੱਡੀਕੇ, ਸੁਖਦੇਵ ਸਿੰਘ ਕਿੱਲੀ ਚਾਹਲ, ਕੁਲਵਿੰਦਰ ਕੌਰ ਪਤਨੀ ਮਨਦੀਪ ਸਿੰਘ ਮਾਣੂੰਕੇ, ਕੁਲਦੀਪ ਕੌਰ ਪਤਨੀ ਕਿਸ਼ਨ ਸਿੰਘ ਬਿਲਾਸਪੁਰ, ਬਲਜਿੰਦਰ ਕੌਰ ਢੁੱਡੀਕੇ, ਹਰਜਿੰਦਰ ਸਿੰਘ ਕੋਕਰੀ ਕਲਾਂ, ਹੰਸ ਰਾਜ ਸਿੰਘ ਦੌਧਰ, ਦਲਜੀਤ ਕੌਰ ਡਾਲਾ, ਕਰਮਜੀਤ ਕੌਰ ਤਖਾਣਵੱਧ ਤੇ ਹਰਦੀਪ ਸਿੰਘ ਰਾਮੂ ਵਾਲਾ ਕਲਾ ਆਦਿ ਹਾਜ਼ਰ ਸਨ।

# ਮੋਗਾ ਤੇ ਫਿਰੋਜ਼ਪੁਰ ਕੋਰਟ ਕੰਪਲੈਕਸ ਨੂੰ ਬੰਬ ਨਾਲ ਉਡਾਉਣ ਦੀ ਧਮਕੀ, ਸੁਰੱਖਿਆ ਏਜੰਸੀਆਂ ਅਲਰਟ




**ਮੋਗਾ/ਫਿਰੋਜ਼ਪੁਰ (ਇਕਬਾਲ ਸਿੰਘ ਖਹਿਰਾ/ ਅਸ਼ੋਕ ਸ਼ਰਮਾ)**-ਮੋਗਾ ਤੇ ਫਿਰੋਜ਼ਪੁਰ ਕੋਰਟ ਕੰਪਲੈਕਸਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਮਿਲਣ 'ਤੇ ਸੁਰੱਖਿਆ ਏਜੰਸੀਆਂ ਨੂੰ ਅਲਰਟ ਕਰ ਦਿੱਤਾ ਹੈ। ਮੋਗਾ ਜ਼ਿਲ੍ਹੇ ਦੀ ਕੋਰਟ ਕੰਪਲੈਕਸ ਵਿੱਚ ਵੀਰਵਾਰ ਸਵੇਰੇ ਉਸ ਸਮੇਂ ਅਫ਼ਰਾ-ਤਫ਼ਰੀ ਦਾ ਮਾਹੌਲ ਬਣ ਗਿਆ, ਜਦੋਂ ਹਾਈ ਕੋਰਟ ਤੋਂ ਮਿਲੀਆਂ ਹਦਾਇਤਾਂ ਅਨੁਸਾਰ ਕੋਰਟ ਕੰਪਲੈਕਸ ਨੂੰ ਖਾਲੀ ਕਰਵਾ ਲਿਆ ਗਿਆ।ਇਨ੍ਹਾਂ ਹੀ ਨਹੀਂ ਇਸ ਦੀ ਸੂਚਨਾ ਪੁਲਸ ਨੂੰ ਵੀ ਦਿੱਤੀ ਗਈ, ਜਿਸ ਤੋਂ ਬਾਅਦ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਆਪਣੀ ਕਾਰਵਾਈ ਆਰੰਭੀ ਗਈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਸੁਖਵਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਉਨ੍ਹਾਂ ਨੂੰ ਸੈਸ਼ਨ ਜੱਜ ਨੀਲਮ ਅਰੋੜਾ ਵੱਲੋਂ ਅਗਾਹ ਕੀਤਾ ਗਿਆ ਕਿ ਪੰਜਾਬ ਦੇ ਸਾਰੇ ਕੋਰਟ ਕੰਪਲੈਕਸ ਨੂੰ ਧਮਕੀ ਭਰੀ ਈਮੇਲ ਆਈ ਹੈ।ਇਸ ਦੇ ਮੱਦੇਨਜ਼ਰ ਅਦਾਲਤ ਕੰਪਲੈਕਸ ਵਿੱਚ ਪੂਰਾ ਸੁਰੱਖਿਅਤ ਮਾਹੌਲ ਬਣਾਈ ਰੱਖਣ ਤੇ ਐਡਵੋਕੇਟਾਂ ਦੇ ਚੈਂਬਰਾਂ ਵਿੱਚ ਬਿਨਾਂ ਵਜ੍ਹਾ ਇਕੱਠ ਨਾ ਹੋਣ ਦੇ ਹੁਕਮ ਜਾਰੀ ਕੀਤੇ ਗਏ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਐਸ.ਐਸ. ਪੀ ਮੋਗਾ ਅਜੈ ਗਾਂਧੀ ਨੇ ਦੱਸਿਆ ਕਿ ਅੱਜ ਮੋਗਾ ਦੇ ਡਿਸਟ੍ਰਿਕਟ ਐਂਡ ਸੈਸ਼ਨ ਜੱਜ ਸਾਹਿਬ ਦੇ ਦਫ਼ਤਰ ਦੀ ਅਧਿਕਾਰਿਕ ਈਮੇਲ ਆਈਡੀ 'ਤੇ ਇੱਕ ਸ਼ੱਕੀ ਈਮੇਲ ਪ੍ਰਾਪਤ ਹੋਈ ਹੈ।ਐਸ.ਐਸ.ਪੀ ਨੇ ਸਪੱਸ਼ਟ ਕੀਤਾ ਕਿ ਈਮੇਲ ਕਿਸ ਵੱਲੋਂ ਭੇਜੀ ਗਈ ਹੈ ਤੇ ਇਸ ਵਿੱਚ ਕਿਸ ਕਿਸਮ ਦੀ ਧਮਕੀ ਹੈ, ਇਹ ਸਭ ਜਾਂਚ ਦਾ ਹਿੱਸਾ ਹੈ। ਫਿਲਹਾਲ ਕਿਸੇ ਵੀ ਕਿਸਮ ਦੀ ਅਫ਼ਵਾਹ 'ਤੇ ਧਿਆਨ ਨਾ ਦਿੱਤਾ ਜਾਵੇ।ਜਾਂਚ ਪੂਰੀ ਹੋਣ ਤੋਂ ਬਾਅਦ ਜੋ ਵੀ ਅੱਗੇ ਤਰੱਕੀ ਹੋਵੇਗੀ, ਉਸ ਬਾਰੇ ਮੀਡੀਆ ਨੂੰ ਅਗਾਹ ਕੀਤਾ ਜਾਵੇਗਾ।

ਇਸੇ ਤਰ੍ਹਾਂ ਸਰਹੱਦੀ ਜ਼ਿਲ੍ਹੇ ਫਿਰੋਜ਼ਪੁਰ ਤੋਂ ਇਕ ਖ਼ਬਰ ਸਾਹਮਣੇ ਆਈ ਹੈ, ਜਿੱਥੋ ਜ਼ਿਲ੍ਹਾ ਕਚਹਿਰੀ (ਕੋਰਟ ਕੰਪਲੈਕਸ) ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਹੈ। ਇਸ ਧਮਕੀ ਭਰੀ ਸੂਚਨਾ ਤੋਂ ਬਾਅਦ ਪੂਰੇ ਪ੍ਰਸ਼ਾਸਨਕ ਤੇ ਨਿਆਂਇਕ ਹਲਕੇ ਵਿਚ ਹੜਕੰਪ ਮਚ ਗਿਆ। ਤੁਰੰਤ ਕਾਰਵਾਈ ਕਰਦੇ ਹੋਏ ਅਧਿਕਾਰੀਆਂ ਨੇ ਕੋਰਟ ਕੰਪਲੈਕਸ ਦੇ ਸਾਰੇ ਪ੍ਰਵੇਸ਼ ਦੁਆਰ ਬੰਦ ਕਰ ਦਿੱਤੇ ਹਨ ਅਤੇ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਹਨ। ਈ-ਮੇਲ ਰਾਹੀਂ ਦਿੱਤੀ ਗਈ ਧਮਕੀ ਪ੍ਰਾਪਤ ਜਾਣਕਾਰੀ ਅਨੁਸਾਰ ਇਹ ਸਾਰਾ ਮਾਮਲਾ ਇਕ ਗੁਮਨਾਮ ਈ-ਮੇਲ ਤੋਂ ਸ਼ੁਰੂ ਹੋਇਆ। ਕਿਸੇ ਅਣਪਛਾਤੇ ਵਿਅਕਤੀ ਨੇ ਈ-ਮੇਲ ਭੇਜ ਕੇ ਦੱਸਿਆ ਕਿ ਅਦਾਲਤੀ ਕੰਪਲੈਕਸ ਨੂੰ ਬੰਬ ਨਾਲ ਉਡਾ ਦਿੱਤਾ ਜਾਵੇਗਾ। ਇਸ ਗੰਭੀਰ ਚਿਤਾਵਨੀ ਤੋਂ ਬਾਅਦ ਮਾਨਯੋਗ ਜੱਜ ਸਾਹਿਬਾਨਾਂ ਵੱਲੋਂ ਤੁਰੰਤ ਸੁਰੱਖਿਆ ਨਿਰਦੇਸ਼ ਜਾਰੀ ਕੀਤੇ ਗਏ। ਬਾਰ ਐਸੋਸੀਏਸ਼ਨ ਵੱਲੋਂ ਸਹਿਯੋਗ ਜ਼ਿਲ੍ਹਾ ਬਾਰ ਐਸੋਸੀਏਸ਼ਨ ਫਿਰੋਜ਼ਪੁਰ ਦੇ ਪ੍ਰਧਾਨ ਐਡਵੋਕੇਟ ਲਵਜੀਤਪਾਲ ਸਿੰਘ ਟੁਰਨਾ ਨੇ ਦੱਸਿਆ ਕਿ ਮਾਨਯੋਗ ਜੱਜ ਸਾਹਿਬ ਵੱਲੋਂ ਮਿਲੇ ਸੰਦੇਸ਼ ਤੋਂ ਬਾਅਦ ਉਨ੍ਹਾਂ ਨੇ ਤੁਰੰਤ ਸਾਰੇ ਵਕੀਲਾਂ, ਮੁਨਸ਼ੀਆਂ ਅਤੇ ਕਲਾਇੰਟਾਂ ਨੂੰ ਸੂਚਿਤ ਕੀਤਾ। ਉਨ੍ਹਾਂ ਕਿਹਾ ਕਿ ਮਨੁੱਖੀ ਜਾਨਾਂ ਦੀ ਸੁਰੱਖਿਆ ਸਭ ਤੋਂ ਉੱਪਰ ਹੈ, ਇਸ ਲਈ ਜੁਡੀਸ਼ੀਅਲ ਅਫਸਰ ਦੇ ਹੁਕਮਾਂ ਦੀ ਪਾਲਣਾ ਕਰਦਿਆਂ ਸਾਰੇ ਵਕੀਲ ਤੇ ਕਲਰਕ ਕੰਪਲੈਕਸ ਤੋਂ ਬਾਹਰ ਆ ਗਏ ਤੇ ਕੰਮਕਾਜ ਨੂੰ ਰੋਕ ਦਿੱਤਾ ਗਿਆ। ਸਰਚ ਆਪਰੇਸ਼ਨ ਤੇ ਸੁਰੱਖਿਆ ਮੌਕੇ 'ਤੇ ਪਹੁੰਚੀ ਪੁਲਸ ਫੋਰਸ ਨੇ ਪੂਰੇ ਕੰਪਲੈਕਸ ਨੂੰ ਘੇਰੇ ਵਿੱਚ ਲੈ ਲਿਆ ਹੈ। ਬੰਬ ਨਿਰੋਧਕ ਦਸਤਾ ਤੇ ਡੋਗ ਸਕੁਐਡ ਦੀਆਂ ਟੀਮਾਂ ਵੱਲੋਂ ਚੱਪੇ-ਚੱਪੇ ਦੀ ਬਾਰੀਕੀ ਨਾਲ ਤਲਾਸ਼ੀ ਲਈ ਜਾ ਰਹੀ ਹੈ। ਪੁਲਸ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੀ ਹੈ ਕਿ ਇਹ ਈ-ਮੇਲ ਕਿੱਥੋਂ ਆਈ ਹੈ ਤੇ ਇਸ ਪਿੱਛੇ ਕਿਸ ਸ਼ਰਾਰਤੀ ਅਨਸਰ ਦਾ ਹੱਥ ਹੈ।

# ਗੰਦੇ ਪਾਣੀ ਦਾ ਨਿਕਾਸ ਨਾ ਹੋਣ ਕਾਰਨ ਲੋਕ ਪ੍ਰੇਸ਼ਾਨ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਗਦਰ ਲਹਿਰ ਦੇ ਅਨਮੋਲ ਹੀਰੇ ਗਦਰੀ ਸ਼ਹੀਦ ਰਹਿਮਤ ਅਲੀ ਵਜੀਦਕੇ ਦੇ ਜੱਦੀ ਪਿੰਡ ਵਜੀਦਕੇ ਕਲਾਂ ਦੇ ਵਾਸੀ ਅਜੇ ਵੀ ਮੁੱਢਲੀਆਂ ਸਹੂਲਤਾਂ ਤੋਂ ਵਾਂਝੇ ਮੁਸ਼ਕਲਾਂ ਦਾ ਸਾਹਮਣਾ ਕਰਨ ਲਈ ਮਜਬੂਰ ਹਨ।

ਪਿੰਡ ਦੀ ਪੰਚਾਇਤ ਵੱਲੋਂ ਡਿਪਟੀ ਕਮਿਸ਼ਨਰ ਬਰਨਾਲਾ ਦੇ ਨਾਂਅ ਭੇਜੇ ਗਏ ਮੰਗ ਪੱਤਰ ਵਿੱਚ ਲਿਖਿਆ ਗਿਆ ਕਿ ਇਹ ਪਿੰਡ ਨੂੰ ਗਦਰੀ ਸੂਰਬੀਰ ਸ਼ਹੀਦ ਰਹਿਮਤ ਅਲੀ ਦੀ ਜਨਮ ਭੂਮੀ ਹੋਣ ਦਾ ਮਾਣ ਪ੍ਰਾਪਤ ਹੈ।ਆਜ਼ਾਦੀ ਤੋਂ ਲੰਬਾ ਸਮਾਂ ਬੀਤ ਜਾਣ ਦੇ ਬਾਵਜੂਦ ਸਮੇਂ ਸਮੇਂ ਦੀਆਂ ਸਰਕਾਰਾਂ ਨੇ ਇਥੋਂ ਦੇ ਵਸਨੀਕਾਂ ਲਈ ਮੁੱਢਲੀਆਂ ਸਹੂਲਤਾਂ ਦਾ ਅੱਜ ਤੱਕ ਵੀ ਪ੍ਰਬੰਧ ਨਹੀਂ ਕੀਤਾ।ਪਿੰਡ ਦੇ ਸਰਪੰਚ ਸੁਖਵੀਰ ਕੌਰ, ਪੰਚ ਜਗਰਾਜ ਸਿੰਘ, ਪੰਚ ਕੁਲਵਿੰਦਰ ਕੌਰ, ਅਮਰਜੀਤ ਸਿੰਘ ਸਾਬਕਾ ਪੰਚ, ਨਰਿੰਦਰ ਸਿੰਘ ਪੰਚ ਆਦਿ ਨੇ ਦੱਸਿਆ ਕਿ ਲੰਬੇ ਸਮੇਂ ਤੋਂ ਪਿੰਡ ਦੇ ਗੰਦੇ ਪਾਣੀ ਦਾ ਕੋਈ ਨਿਕਾਸ ਨਾ ਹੋਣ ਕਰਕੇ ਗੰਦਾ ਪਾਣੀ ਰਸਤਿਆਂ ਵਿੱਚ ਹੀ ਛੱਪੜ ਦਾ ਰੂਪ ਧਾਰਨ ਕਰਨ ਉਪਰੰਤ ਬਿਮਾਰੀਆਂ ਨੂੰ ਸੱਦਾ ਦੇ ਰਿਹਾ ਹੈ।ਆਗੂਆਂ ਦਾ ਕਹਿਣਾ ਹੈ ਕਿ ਇਸ ਰਸਤੇ ਉੱਪਰ ਪ੍ਰਾਇਮਰੀ ਸਕੂਲ, ਪੀ ਐੱਨ ਬੀ ਬੈਂਕ, ਗੁਰਦੁਆਰਾ ਸਾਹਿਬ ਆਉਂਦੇ ਹਨ, ਪਰ ਅਫਸੋਸ ਕਿ ਰਸਤੇ ਵਿੱਚ ਹਰ ਵੇਲੇ ਗੰਦਾ ਪਾਣੀ ਖੜਾ ਰਹਿਣ ਕਰਕੇ ਆਮ ਲੋਕਾਂ, ਖਾਸ ਸਕੂਲ ਜਾਣ ਵੇਲੇ ਵਿਦਿਆਰਥੀਆਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਮੁਹਤਬਰਾਂ ਦਾ ਕਹਿਣਾ ਹੈ ਕਿ ਇਸ ਗੰਭੀਰ ਸਮੱਸਿਆ ਨੂੰ ਲੈ ਕੇ ਕਈ ਵਾਰ ਹਲਕੇ ਦੇ ਆਗੂਆਂ, ਡਿਪਟੀ ਕਮਿਸ਼ਨਰ ਬਰਨਾਲਾ ਨੂੰ ਲਿਖਤੀ ਤੌਰ 'ਤੇ ਜਾਣੂੰ ਕਰਵਾ ਚੁੱਕੇ ਹਨ, ਪਰ ਕਿਸੇ ਨੇ ਵੀ ਪਿੰਡ ਵਾਸੀਆਂ ਦੀ ਇਸ ਗੰਭੀਰ ਸਮੱਸਿਆ ਵੱਲ ਧਿਆਨ ਦੇਣ ਦੀ ਲੋੜ ਮਹਿਸੂਸ ਨਹੀਂ ਕੀਤੀ।ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ, ਸ਼ਹੀਦ ਰਹਿਮਤ ਅਲੀ ਯਾਦਗਾਰ ਕਮੇਟੀ, ਵੱਖ-ਵੱਖ ਕਿਸਾਨ, ਮਜ਼ਦੂਰ ਜਥੇਬੰਦੀਆਂ ਨੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ, ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਪਾਸੋਂ ਪਿੰਡ ਵਾਸੀਆਂ ਦੀਆਂ ਭਾਵਨਾਵਾਂ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਾਉਣ ਦੀ ਮੰਗ ਕੀਤੀ ਹੈ।

# ਏ ਡੀ ਸੀ ਨੇ ਸਫ਼ਾਈ ਤੇ ਸੁਚਾਰੂ ਟ੍ਰੈਫ਼ਿਕ 'ਤੇ ਧਿਆਨ ਦੇਣ ਦੀ ਕੀਤੀ ਅਪੀਲ



I, Krishna Chauhan D/o Madan Singh R/o Masjid Chowk, Lovely Autos Shakti Nagar, Kapurthala. Punjab, India declare that Krishna Chauhan and Krishna Kumari are the name of one and same person i.e me. Concerned please note

I, Santosh Kaur w/o Parvinder Kumar Raju r/o 39, Urban Estate, Near Swami Sant Dass School Phagwara, Distt. Kapurthala-144401 I have changed my name from Santosh Kaur to Santosh Raju. All Please Note.

I, Gagandeep Singh s/o Amrik Singh r/o Vill. Chak Bamu, Po. Alampur, Tehsil Dasuya, Distt. Hoshiarpur-144204, Punjab have changed my name as Gurdeep Singh. All Please Note.

I, Ajaynavin Singh S/o Ranjit Singh R/o Dhariwal, Tehsil/Distt. Gurdaspur, Punjab-143530, India, have changed my name from Ajaynavin Singh to Ajay Navin Singh.

I, Darshna Devi W/o Parmjit Singh R/o Beant College of Engg & Tech. Gurdaspur, Tehsil/Distt. Gurdaspur, Punjab, India have changed my name from Darshna Devi to Darshana Devi.

I, Deepak Attri S/o Gurinder Attari R/o 818/3 Ravi Dass Road Hall Bazar Amritsar have changed the name of my minor Son from Aadvik to Aadvik Attri

I, Manish Kumar S/o Sita Ram R/o E-5/3079 Old Lal Mill Subash Road Po Chheharta Amritsar have changed my name from Manish Kumar to Given name Manish Surname Kumar

I, Palpreet Kaur D/o Harpreet Singh R/o Ward No.7 Near Power House Ajnala Distt. Amritsar have changed my name from Palpreet Kaur to Given Name Palpreet Surname Kaur

I, Parminderjit Singh Virk S/o Partap Singh R/o H.no 199 Gali No.7-B Sahibzada Jujhar Singh Avenue Airport Road Amritsar have changed the name of my minor son Gurnoor Singh Gurnoor is his Given name and Singh is his Surname

I, Satwinder Singh S/o Dilbagh Singh R/o VPO Jagdev Kalan Teh. Distt Amritsar have declare that Satwinder is my Given name and Singh is my Surname

I, Rubbina W/o Karanbir Singh Baneiwal R/o H.No.65, Golden Avenue, Maqsudan Jalandhar have changed my name from Rubbina to Rubbina Kaur

I, Jagjeet Singh S/o Tota Singh R/o Village Gehri Mandi Distt Amritsar have changed my name from Jagjeet Singh to Jagjit Singh

I, Anmoldeep Singh S/o Gurbaljit Singh R/o Sidhu Avenue, Jandiala Guru Distt Amritsar Punjab have declare that Singh is my Surname Anmoldeep is my given name.

I, Jaspreet Singh Son Of Sarabjit Singh Resident Of Vill Sarkuli Distt Hoshiarpur, Punjab Have Changed My Name To Jaspreet Singh Sangha. All Concerned Please Note.

## PUBLIC NOTICE

I Ram Piari wife of Joginder Singh and D/O Inder Kaur Wife of Inder Singh resident of village Rampur Sainian Tehsil Garhshankar District Hoshiarpur Punjab do hereby declare that Ram Piari alias Piari are one and the same person and now treat my name Piari alias Ram Piari wife of Joginder Singh and D/O Inder Kaur Wife of Inder Singh for all official and legal purposes.

## ਨਾਂਅ ਦੀ ਬਦਲੀ

ਗਿਆਨ ਸਿੰਘ ਸੈਣੀ ਪੁੱਤਰ ਕਰਤਾਰ ਸਿੰਘ ਵਾਸੀ ਚੀਮਾ ਪੱਤੀ, ਸਾਫੂਵਾਲਾ, ਮੋਗਾ ਨੇ ਆਪਣਾ ਨਾਂਅ ਗਿਆਨ ਸਿੰਘ ਰੱਖ ਲਿਆ ਹੈ।

ਮੈਂ, ਹੰਸ਼ ਰਾਜ ਪੁੱਤਰ ਲਾਲ ਚੰਦ ਵਾਸੀ ਮਕਾਨ ਨੰਬਰ 455, ਤਿਲਕ ਨਗਰ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਦਾ ਨਾਮ ਚੇਤਨ ਤੋਂ ਬਦਲ ਕੇ ਚੇਤਨ ਠਾਕੁਰ ਰੱਖ ਲਿਆ ਹੈ। ਸਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈ ਰਮੇਸ਼ ਕੁਮਾਰ ਪੁੱਤਰ ਝੰਡਾ ਰਾਮ ਵਾਸੀ ਮਕਾਨ ਨੰਬਰ 3925/15, ਛੋਟਾ ਹਰੀਪੁਰਾ ਗਲੀ ਚੱਕੀ ਵਾਲੀ ਡਾਕਖਾਨਾ ਜਵਾਲਾ ਫਲੋਰ ਮਿਲਜ ਜਿਲਾ ਅੰਮ੍ਰਿਤਸਰ ਬਿਆਨ ਕਰਦਾ ਹਾ ਕਿ ਮੇਰਾ ਲੜਕਾ ਆਕਾਸ਼ ਤੇ ਉਸਦੀ ਪਤਨੀ ਪੂਜਾ ਮੇਰੇ ਕਹਿਣੇ ਤੋ ਬਾਹਰ ਹਨ, ਤੇ ਆਪਣੀ ਮਨ-ਮਰਜੀ ਕਰਦੇ ਹਨ ਇਸ ਲਈ ਮੈ ਇਹਨਾ ਨੂੰ ਆਪਣੀ ਚੱਲ-ਅੱਚਲ ਜਾਇਦਾਦ ਤੋ ਬੇਦਖਲ ਕਰਦਾ ਹਾਂ। ਇਹਨਾ ਨਾਲ ਕਿਸੇ ਵੀ ਕਿਸਮ ਦਾ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ ਮੇਰਾ ਇਹਨਾ ਨਾਲ ਖੂਨੀ ਰਿਸ਼ਤਾ ਖਤਮ ਹੋ ਗਿਆ ਹੈ।

ਮੈਂ ਰਾਮ ਸਿੰਘ ਪੁੱਤਰ ਜਸਵੰਤ ਸਿੰਘ ਵਾਸੀ ਵਾਰਡ ਨੰਬਰ 9, ਭੱਖਾ ਤਾਰਾ ਸਿੰਘ ਅਜਨਾਲਾ ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਤੇਜ ਪਾਲ ਸਿੰਘ ਜੋ ਕਿ ਮੇਰੇ ਕਹਿਣੇ, ਸੁਣਨੇ ਤੋਂ ਬਾਹਰ ਹੈ, ਆਪਣੀ ਮਨ ਮਰਜੀ ਕਰਦਾ ਹੈ ਅਤੇ ਬਹੁਤ ਤੰਗ ਪਰੇਸ਼ਾਨ ਕਰਦਾ ਹੈ। ਮੈਂ ਉਸਨੂੰ ਆਪਣੀ ਹਰ ਕਿਸਮ ਦੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਵੇਗਾ। ਮੇਰਾ ਅਤੇ ਮੇਰੇ ਪਰਿਵਾਰ ਦਾ ਉਸ ਨਾਲ ਕੋਈ ਤਲਕਵਾਸਤਾ ਨਹੀਂ ਹੈ।

ਮੈਂ ਤਿਲਕ ਰਾਜ ਸ਼ਰਮਾ ਪੁੱਤਰ ਸ੍ਰੀ ਬਾਲ ਮੁਕੰਦ ਸ਼ਰਮਾਂ ਵਾਸੀ ਕੋਟ ਬੁੱਢਾ, ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾ। ਮੇਰਾ ਲੜਕਾ ਜਤਿੰਦਰ ਕੁਮਾਰ ਉਰਫ ਸੋਨੂੰ ਅਤੇ ਮੇਰੀ ਨੂੰਹ ਤਰੁਣਾ ਸ਼ਰਮਾਂ ਜੋ ਕਿ ਦੋਨੋ ਮੇਰੇ ਕਹਿਣੇ ਤੋਂ ਬਾਹਰ ਸਨ। ਇਹਨਾਂ ਨੂੰ ਮੈਂ ਬੇਦਖਲ ਕੀਤਾ ਸੀ ਹੁਣ ਮੇਰੀ ਨੂੰਹ ਤਰੁਣਾ ਸ਼ਰਮਾ ਮੇਰੇ ਕਹਿਣੇ ਵਿੱਚ ਹੈ। ਮੈ ਆਪਣੀ ਨੂੰਹ ਤਰੁਣਾ ਸ਼ਰਮਾ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਵਿਚੋਂ ਦਿੱਤੀ ਬੇਦਖਲੀ ਨੂੰ ਰੱਦ ਕਰਦਾ ਹਾਂ।

ਮੈ ਗੁਰਦੀਪ ਸਿੰਘ ਪੁੱਤਰ ਸ੍ਰੀ ਠਾਕਰ ਸਿੰਘ ਵਾਸੀ ਪਿੰਡ ਤੇਜਾ ਰੁਹੇਲਾ, ਤਹਿਸੀਲ ਤੇ ਜਿਲਾ ਫਾਜਿਲਕਾ ਦਾ ਰਹਿਣ ਵਾਲਾ ਹਾਂ। ਮੇਰੇ 4 ਬੱਚੇ ਹਨ, 3 ਲੜਕੀਆਂ ਅਤੇ ਸਭ ਤੋ ਛੋਟਾ ਲੜਕਾ ਹੈ। ਮੇਰੀ ਛੋਟੀ ਲੜਕੀ ਅੰਜੂ ਰਾਣੀ ਉਮਰ ਕਰੀਬ 21 ਸਾਲ ਮੇਰੇ ਕਹਿਣੇ ਕੱਥਨੇ ਤੋ ਬਾਹਰ ਹੈ। ਮੈਂ ਆਪਣੀ ਲੜਕੀ ਅੰਜੂ ਰਾਣੀ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋ ਬੇਦਖਲ ਕਰਦਾ ਹਾਂ। ਮੇਰੀ ਸਾਰੀ ਜਾਇਦਾਦ ਦੇ ਜੋ ਲਾਭ ਹੋਣਗੇ, ਉਨਾਂ ਨਾਲ ਮੇਰੀ ਲੜਕੀ ਅੰਜੂ ਰਾਣੀ ਦਾ ਕੋਈ ਹੱਕ ਹਕੂਕ ਅਤੇ ਤਾਲੂਕ ਵਾਸਤਾ ਨਹੀ ਹੋਵੇਗਾ। ਜੋ ਵੀ ਸ਼ਖਸ਼ ਨਾਲ ਅੰਜੂ ਰਾਣੀ ਨਾਲ ਕਿਸੇ ਤਰਾਂ ਦੀ ਕੋਈ ਲੈਣਦਾਰੀ ਜਾਂ ਦੇਣਦਾਰੀ ਕਰੇਗਾ ਉਸ ਨਾਲ ਮੇਰਾ ਅਤੇ ਮੇਰੇ ਬਾਕੀ ਪਰਿਵਾਰ ਦਾ ਕੋਈ ਤਾਲੂਕ ਵਾਸਤਾ ਨਹੀ ਹੋਵੇਗਾ। ਜੇਕਰ ਮੇਰੀ ਲੜਕੀ ਅੰਜੂ ਰਾਣੀ ਆਪਣਾ ਜਾਂ ਕਿਸੇ ਹੋਰ ਦਾ ਬੁਰਾ ਭਲਾ ਕਰਦੀ ਹੈ ਤਾਂ ਉਹ ਉਸਦੀ ਖੁੱਦ ਹੀ ਜਿੰਮੇਵਾਰ ਹੋਵੇਗੀ।

ਅਸੀਂ ਸੁਨੀਲ ਕੁਮਾਰ ਚਾਵਲਾ ਪੁੱਤਰ ਸ੍ਰੀ ਦਰਸ਼ਨ ਲਾਲ ਵਾ ਵਿਜੈ ਚਾਵਲਾ ਪਤਨੀ ਸ਼੍ਰੀ ਸੁਨੀਲ ਕੁਮਾਰ ਚਾਵਲਾ ਵਾਸੀਆਨ ਮਕਾਨ ਨੰ: 49-ਬੀ, ਅਕਾਸ਼ ਕਲੋਨੀ, ਇੰਡਸਟਰੀਅਲ ਟਾਊਨ, ਜਲੰਧਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਪ੍ਰਿਯੰਕਲ ਚਾਵਲਾ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਪ੍ਰਗਟ ਸਿੰਘ ਪੁੱਤਰ ਜੀਤ ਸਿੰਘ ਵਾਸੀ ਪਿੰਡ ਮੰਡ ਮੁਬਾਰਕਪੁਰ, ਡਾਕਖਾਨਾ ਕਬੀਰਪੁਰ, ਤਹਿਸੀਲ ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਜਸਪਾਲ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਵਾ ਮੇਰੇ ਪਰਿਵਾਰ ਦਾ ਇਸ ਨਾ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਮੈਂ ਅਮਨਦੀਪ ਕੌਰ ਪਤਨੀ ਲੇਟ ਇੰਦਰਜੀਤ ਸਿੰਘ ਵਾਸੀ ਦਿਆਲਪੁਰਾ, ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦੀ ਰਹਿਣ ਵਾਲੀ ਹਾ।ਇਹ ਕਿ ਮੇਰਾ ਲੜਕਾ ਅਰਸ਼ਦੀਪ ਸਿੰਘ ਅਤੇ ਲੜਕੀ ਲਵਦੀਪ ਕੌਰ ਜੋ ਕਿ ਦੋਨੋਂ ਮੇਰੇ ਕਹਿਣੇ ਤੋ ਬਾਹਰ ਹਨ। ਮੈ ਆਪਣੇ ਲੜਕੇ ਅਤੇ ਆਪਣੀ ਲੜਕੀ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜੁੰਮੇਵਾਰ ਹੋਵੇਗਾ।

ਮੈ ਸੁਰਜੀਤ ਸਿੰਘ ਪੁੱਤਰ ਅਮਰੀਕ ਸਿੰਘ ਵਾਸੀ ਵਾਰਡ ਨੰ: 10 ਪੱਟੀ, ਤਹਿਸੀਲ ਪੱਟੀ ਜਿਲਾ ਤਰਨਤਾਰਨ ਦਾ ਰਹਿਣ ਵਾਲਾ ਹਾ । ਮੇਰਾ ਪੁੱਤਰ ਬਲਰਾਜ ਸਿੰਘ ਅਤੇ ਮੇਰੀ ਨੂਹ ਰਮਨਦੀਪ ਕੌਰ ਜੋ ਕਿ ਦੋਨੋ ਮੇਰੇ ਕਹਿਣੇ ਤੋ ਬਾਹਰ ਹਨ। ਮੈ ਆਪਣੇ ਲੜਕੇ ਅਤੇ ਆਪਣੀ ਨੂੰਹ ਦੋਹਾਂ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਵਿਚੋ ਬੇਦਖਲ ਕਰਦਾ ਹਾਂ। ਇਹਨਾ ਨਾਲ ਲੈਣ ਦੇਣ ਕਰਨ ਵਾਲਾ ਖੁਦ ਜੁੰਮੇਵਾਰ ਹੋਵੇਗਾ।

ਅਸੀਂ ਬਚਿੱਤਰ ਸਿੰਘ ਪੁੱਤਰ ਸੁਰੈਣ ਸਿੰਘ ਅਤੇ ਸੁਸ਼ਮਾ ਪਤਨੀ ਬਚਿੱਤਰ ਸਿੰਘ , ਵਾਸੀ ਮਕਾਨ ਨੰਬਰ 376, ਨਿਊ ਬਲਦੇਵ ਨਗਰ , ਨੇੜੇ ਕਲਿਕਾ ਧਾਮ ਮੰਦਿਰ, ਜਲੰਧਰ ਇਹ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਰਾਮ ਸਿੰਘ ਉੱਪਲ ਸਾਡੇ ਕਹਿਣੇ ਤੋਂ ਬਾਹਰ ਹੈ । ਇਸ ਲਈ ਅਸੀਂ ਉਸ ਨੂੰ ਆਪਣੀ ਚੱਲ - ਅੱਚਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਹਨਾ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

ਮੈਂ, ਸੁਖਵਿੰਦਰ ਸਿੰਘ ਪੁੱਤਰ ਸੰਗਾਰਾ ਸਿੰਘ ਵਾਸੀ ਪਿੰਡ ਧੁੰਦਾ ਤਹਿਸੀਲ ਖਡੂਰ ਸਾਹਿਬ ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਲਵਪ੍ਰੀਤ ਸਿੰਘ ਮੇਰੇ ਕਹਿਣੇ ਸੁਣਨੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ। ਇਸ ਨਾਲ ਕਿਸੇ ਵੀ ਕਿਸਮ ਦਾ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

## ਆਮ ਸੂਚਨਾ

ਬਲਵਿੰਦਰ ਕੌਰ ਪਤਨੀ ਦਲਵੀਰ ਸਿੰਘ ਸੁਰਜਨ ਭੈਣੀ ਏਪੀ 24-2151 ਦੇ ਨਾਮ ਮੋਟਰ ਕੁਨੈਕਸ਼ਨ ਹੈ। ਇਸ ਨੂੰ ਬਦਲ ਕੇ ਗੁਰਦਿਆਲ ਸਿੰਘ ਪੁੱਤਰ ਸੁਖਰਾਮ ਸਿੰਘ ਢੇਰ ਰਕਬਾ ਸੁਰਜਨ ਭੈਣੀ ਦੇ ਨਾਮ ਬਦਲੀ ਕਰਨ ਦੀ ਅਰਜੀ ਆਈ ਹੈ। ਜੇਕਰ ਕਿਸੇ ਨੂੰ ਇਤਰਾਜ ਹੈ ਤਾਂ 7 ਦਿਨਾ ਵਿੱਚ ਕਰ ਸਕਦਾ ਹੈ ਵੱਲੋਂ:- ਐਸ.ਡੀ.ਓ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮ: ਬੰਗਾਂ।

ਖੇਮ ਸਿੰਘ ਪੁੱਤਰ ਬਸੰਤ ਸਿੰਘ ਰਾਜਲਹੇੜੀ ਏਆਰ-07 ਦੇ ਨਾਮ ਮੋਟਰ ਕੁਨੈਕਸ਼ਨ ਹੈ। ਇਸ ਨੂੰ ਬਦਲ ਕੇ ਬਲਵੀਰ ਸਿੰਘ ਪੁੱਤਰ ਮੁਖਤਿਆਰ ਸਿੰਘ ਰਾਜਲਹੇੜੀ ਦੇ ਨਾਮ ਬਦਲੀ ਕਰਨ ਦੀ ਅਰਜੀ ਆਈ ਹੈ। ਜੇਕਰ ਕਿਸੇ ਨੂੰ ਇਤਰਾਜ ਹੈ ਤਾਂ 7 ਦਿਨਾ ਵਿੱਚ ਕਰ ਸਕਦਾ ਹੈ। ਵੱਲੋਂ:- ਐਸ.ਡੀ.ਓ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮ: ਬੰਗਾਂ

ਖੇਮ ਸਿੰਘ ਪੁੱਤਰ ਬਸੰਤ ਸਿੰਘ ਰਾਜਲਹੇੜੀ ਏ ਆਰ-145 ਦੇ ਨਾਮ ਮੋਟਰ ਕੁਨੈਕਸ਼ਨ ਹੈ। ਇਸ ਨੂੰ ਬਦਲ ਕੇ ਜਗਵੀਰ ਸਿੰਘ ਪੁੱਤਰ ਗੁਰਚਰਨ ਸਿੰਘ ਰਾਜਲਹੇੜੀ ਦੇ ਨਾਮ ਬਦਲੀ ਕਰਨ ਦੀ ਅਰਜੀ ਆਈ ਹੈ। ਜੇਕਰ ਕਿਸੇ ਨੂੰ ਇਤਰਾਜ ਹੈ ਤਾਂ 7 ਦਿਨਾ ਵਿੱਚ ਕਰ ਸਕਦਾ ਹੈ ਵੱਲੋਂ:- ਐਸ.ਡੀ.ਓ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮ: ਬੰਗਾਂ

ਸ਼ਰੋਜ ਬਾਲਾ ਪਤਨੀ ਜਗਦੀਸ਼ ਰਾਏ ਡੂਡੀਆਂ ਏਪੀ 11-559 ਦੇ ਨਾਮ ਮੋਟਰ ਕੁਨੈਕਸ਼ਨ ਹੈ। ਇਸ ਨੂੰ ਬਦਲ ਕੇ ਕੁਸਮ ਗੋਇਲ ਪਤਨੀ ਸੁਰਿੰਦਰ ਕੁਮਾਰ ਪਾਤੜਾਂ ਰਕਬਾ ਡੂਡੀਆਂ ਦੇ ਨਾਮ ਬਦਲੀ ਕਰਨ ਦੀ ਅਰਜੀ ਆਈ ਹੈ। ਜੇਕਰ ਕਿਸੇ ਨੂੰ ਇਤਰਾਜ ਹੈ ਤਾਂ 7 ਦਿਨਾ ਵਿੱਚ ਕਰ ਸਕਦਾ ਹੈ ਵੱਲੋਂ:- ਐਸ.ਡੀ.ਓ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮ: ਬੰਗਾਂ।

ਖਾਤਾ ਨੰਬਰ GPAP/80 ਜੋ ਕਿ ਪਿੰਡ ਗੋਬਿੰਦਪੁਰਾ ਵਿਖੇ ਮਨਜੀਤ ਕੌਰ ਉਰਫ ਰਣਜੀਤ ਕੌਰ ਪਤਨੀ ਰਣ ਸਿੰਘ ਉਰਫ ਰਾਣਾ ਸਿੰਘ ਵਾਸੀ ਗੋਬਿੰਦਪੁਰਾ ਦੇ ਨਾਂਅ ’ਤੇ ਚਲਦਾ ਹੈ। ਇਸ ਕੁਨੈਕਸ਼ਨ ਨੂੰ ਗੁਰਤੇਜ ਸਿੰਘ ਪੁੱਤਰ ਰਣ ਸਿੰਘ ਉਰਫ ਰਾਣਾ ਸਿੰਘ ਵਾਸੀ ਗੋਬਿੰਦਪੁਰਾ ਆਪਣੇ ਨਾਂਅ ਕਰਵਾਉਣਾ ਚਾਹੁੰਦਾ ਹੈ । ਇਸ ਸੰਬੰਧੀ ਜੇਕਰ ਕਿਸੇ ਵਿਅਕਤੀ ਨੂੰ ਇਤਰਾਜ਼ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ - ਅੰਦਰ PSPCL ਦਫਤਰ ਬਰੇਟਾ ਵਿਖੇ ਸੰਪਰਕ ਕਰ ਸਕਦਾ ਹੈ।

ਮੈਂ, ਪਵਨ ਕੁਮਾਰ ਵਰਮਾ ਪੁੱਤਰ ਹੇਮ ਰਾਜ, ਵਾਸੀ ਮਕਾਨ ਨੰ: 146-ਏ, ਰਾਣੀ ਕਾ ਬਾਗ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਇਕ ਪਲਾਟ, ਜਿਸ ਦਾ ਪ੍ਰਾਈਵੇਟ ਨੰ: ਐੱਫ ਐੱਚ 28, ਖਸਰਾ ਨੰ: 37//21/1, ਕੁੱਲ ਰਕਬਾ 952.83 ਵਰਗ ਗਜ਼, ਵਾਕਿਆ ਰਕਬਾ ਹੇਰ, ਜ਼ਿਲ੍ਹਾ ਅੰਮ੍ਰਿਤਸਰ, ਇਸ ਪਲਾਟ ਦਾ ਆਮ ਮੁਖਤਾਰਨਾਮਾ, ਜਿਸ ਦਾ ਵਸੀਕਾ ਨੰ: 6346, ਜਾਇਦ ਵਹੀ ਨੰ: 4, ਜਿਲਦ ਨੰ: 1496, ਸਫਾ ਨੰਬਰ 23, ਤਸਦੀਕ ਮਿਤੀ 22.3.2010, ਜੋ 26.12.2025 ਨੂੰ ਕਿੱਧਰੇ ਗੁੰਮ ਹੋ ਗਈ ਹੈ। ਜਿਸ ਦੀ ਡੀ ਡੀ ਆਰ 31.12.2025 ਨੂੰ ਥਾਣਾ ਕੰਟੋਨਮੈਂਟ ਅੰਮ੍ਰਿਤਸਰ ਵਿਖੇ ਦਰਜ ਕਰਵਾ ਦਿੱਤੀ ਹੈ, ਜਿਸ ਦਾ ਜੀ. ਡੀ. ਨੰ. 023 ਹੈ।

ਮੈਂ ਮਨਜੀਤ ਕੌਰ ਪਤਨੀ ਸੁਰੇਸ਼ ਕੁਮਾਰ ਵਾਸੀ ਖੇੜੀ ਗੁਲਾਮ ਅਲੀ ਤਹਿਸੀਲ ਸੀਵਨ ਜ਼ਿਲ੍ਹਾ ਕੈਂਥਲ (ਹਰਿਆਣਾ) ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਸਕੀਨਾ ਦੀ ਸੀਬੀਐਸਈ ਦੇ ਦਸਵੀਂ ਦੇ ਸਰਟੀਫਿਕੇਟ ਵਿੱਚ ਮੇਰੀ ਲੜਕੀ ਸੁਕੀਨਾ ਮੇਰਾ ਨਾਂ ਮਨਜੀਤ ਅਤੇ ਮੇਰੇ ਪਤੀ ਦਾ ਨਾਮ ਸੁਰੇਸ਼ ਗਲਤ ਦਰਜ ਹੋ ਗਿਆ ਹੈ। ਮੇਰੀ ਲੜਕੀ ਦਾ ਨਾਂ ਸਕੀਨਾ, ਮੇਰਾ ਨਾਮ ਮਨਜੀਤ ਕੌਰ ਅਤੇ ਮੇਰੇ ਪਤੀ ਦਾ ਨਾਂ ਸੁਰੇਸ਼ ਕੁਮਾਰ ਹੈ।

ਮੈਂ ਮੰਗਤ ਸਿੰਘ ਪੁੱਤਰ ਸੁਖਵੰਤ ਸਿੰਘ ਪਿੰਡ ਲੰਗਿਆਵਾਲੀ ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੈਂ ਆਪਣਾ ਨਾਮ ਮੰਗਤ ਸਿੰਘ ਤੋਂ ਬਦਲਕੇ ਮੰਗਤ ਸਿੰਘ ਭਿੰਡਰ ਰੱਖ ਲਿਆ ਹੈ। ਮੰਗਤ ਸਿੰਘ ਤੇ ਮੰਗਤ ਸਿੰਘ ਭਿੰਡਰ ਦੋਵੇਂ ਮੇਰੇ ਨਾਮ ਹਨ। ਹੁਣ ਮੈਨੂੰ ਮੇਰੇ ਨਵੇਂ ਤੇ ਸਹੀ ਨਾਮ ਮੰਗਤ ਸਿੰਘ ਭਿੰਡਰ ਨਾਲ ਜਾਣਿਆ ਜਾਵੇ।

ਮੈਂ ਬੰਟੀ ਸਿੰਘ ਬਾਜ ਪੁੱਤਰ ਸ਼੍ਰੀ ਇੰਦਰਜੀਤ ਸਿੰਘ ਵਾਸੀ ਠਾਕੁਰ ਕਲੋਨੀ ਤਲਵਾੜਾ ਤਹਿਸੀਲ ਮੁਕੇਰੀਆਂ ਜ਼ਿਲਾ ਹੁਸ਼ਿਆਰਪੁਰ ਏ ਬਿਆਨ ਕਰਦਾ ਹਾਂ ਕਿ ਮੈਂ ਆਪਣਾ ਨਾਮ ਅਰੁਣ ਕੁਮਾਰ ਪੁੱਤਰ ਇੰਦਰਜੀਤ ਸਿੰਘ ਤੋਂ ਬਦਲ ਕੇ ਬੰਟੀ ਸਿੰਘ ਬਾਜ ਪੁੱਤਰ ਇੰਦਰਜੀਤ ਸਿੰਘ ਰੱਖ ਲਿਆ ਹੈ। ਅਰੁਣ ਕੁਮਾਰ ਪੁੱਤਰ ਇੰਦਰਜੀਤ ਸਿੰਘ ਅਤੇ ਬੰਟੀ ਸਿੰਘ ਬਾਜ ਪੁੱਤਰ ਇੰਦਰਜੀਤ ਸਿੰਘ ਇੱਕੋ ਵਿਅਕਤੀ ਦੇ ਨਾਮ ਹਨ ਜੋ ਕਿ ਮੈਂ ਖੁਦ ਹਾਂ ਸਾਰੇ ਸੰਬੰਧਿਤ ਨੋਟ ਕਰਨ।

ਮੈਂ, ਬੋਧ ਰਾਜ ਪੁੱਤਰ ਰਤਨ ਚੰਦ ਵਾਸੀ ਘੁੱਗੀ ਦਾ ਮੁਹੱਲਾ, ਬਹਿਰਾਮਪੁਰ ਰੋਡ, ਗੁਰਦਾਸਪੁਰ/ ਤਹਿਸੀਲ/ ਜ਼ਿਲ੍ਹਾ ਗੁਰਦਾਸਪੁਰ। ਮੇਰਾ ਭਾਣਜਾ ਵਿਜੇ ਕੁਮਾਰ ਉਰਫ ਬੰਨੂ ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੇਰਾ ਇਸ ਨਾਲ ਕੋਈ ਰਿਸ਼ਤਾ ਨਹੀਂ ਰਿਹਾ। ਜੋ ਕੋਈ ਇਸ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ ਰਾਕੇਸ਼ ਕੁਮਾਰ ਪੁੱਤਰ ਸਵਰਗਵਾਸੀ ਸ੍ਰੀ ਹੁਕਮ ਚੰਦ ਵਾਸੀ ਮਕਾਨ ਨੰ. 1447/12, ਗਲੀ ਹਰੀ ਕ੍ਰਿਸ਼ਨਾ, ਬੈਕਸਾਈਡ ਮਸਜਿਦ, ਹਾਲ ਬਜ਼ਾਰ, ਅੰਮ੍ਰਿਤਸਰ (ਹਾਲ) ਗਲੀ ਨੰਬਰ 4, ਰਾਮ ਨਗਰ ਕਾਲੋਨੀ, ਇਸਲਾਮਾਬਾਦ ਅੰਮ੍ਰਿਤਸਰ ਅਤੇ ਸੱਤਪਾਲ ਪੁੱਤਰ ਸਵਰਗਵਾਸੀ ਸ੍ਰੀ ਹੁਕਮ ਚੰਦ ਵਾਸੀ ਮਕਾਨ ਨੰ. 1447/12, ਗਲੀ ਹਰੀ ਕ੍ਰਿਸ਼ਨਾ ਬੈਕਸਾਈਡ, ਮਸਜਿਦ, ਹਾਲ ਬਜ਼ਾਰ, ਅੰਮ੍ਰਿਤਸਰ (ਹਾਲ) ਵਾਸੀ ਗਲੀ ਸੀਤਾ ਰਾਮ ਸਾਹਮਣੇ ਗੋਲ ਬਾਗ, ਅੰਮ੍ਰਿਤਸਰ ਸੂਚਿਤ ਕਰਦੇ ਹਾਂ ਕਿ ਸਾਡਾ ਭਰਾ ਪਵਨ ਕੁਮਾਰ (ਕੁਆਰਾ) ਸਾਡੇ ਕਹਿਣੇ ਤੋਂ ਬਾਹਰ ਹੈ। ਉਸ ਨਾਲ ਸੰਬੰਧ ਰੱਖਣ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਇਸ ਪਬਲਿਕ ਨੋਟਿਸ ਰਾਹੀਂ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੀ ਮਲੋਟ ਸਿਟੀ ਸਬ-ਡਵੀਜ਼ਨ ਦੁਆਰਾ ਇਹ ਸੂਚਿਤ ਕੀਤਾ ਜਾਂਦਾ ਹੈ ਕਿ ਬਲਜੀਤ ਸਿੰਘ ਪੁੱਤਰ ਬਲਵੀਰ ਸਿੰਘ ਵਾਸੀ ਮਲੋਟ ਪਿੰਡ ਦੇ ਨਾਂਅ ’ਤੇ ਬਿਜਲੀ ਦਾ ਮੀਟਰ ਜਗ੍ਹਾ ਪ੍ਰੀਤ ਵੈਲਡਿੰਗ ਵਰਕਸ, ਜੀ. ਟੀ. ਰੋਡ ’ਤੇ ਲਗਾਇਆ ਜਾ ਰਿਹਾ ਹੈ। ਜੇ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਤਿੰਨ ਦਿਨਾਂ ਵਿਚ ਮਲੋਟ ਸਿਟੀ ਸਬ-ਡਵੀਜ਼ਨ ਨਾਲ ਰਾਬਤਾ ਕਰ ਸਕਦਾ ਹੈ। ਦਿੱਤੇ ਸਮੇਂ ਤੋਂ ਬਾਅਦ ਕਿਸੇ ਵੀ ਇਤਰਾਜ਼ ਨੂੰ ਕੋਈ ਤਰਜੀਹ ਨਹੀਂ ਦਿੱਤੀ ਜਾਵੇਗੀ।

## ਦਰੱਖਤਾਂ ਦੀ ਨਿਲਾਮੀ

ਗ੍ਰਾਮ ਪੰਚਾਇਤ ਪਿੰਡ ਅਕਲੀਆ ਜਿਲ੍ਹਾ ਮਾਨਸਾ, ਵਲੋਂ ਤਿੰਨ ਦਰੱਖਤ ਪੁੱਟਣ ਸੰਬੰਧੀ ਖੁੱਲੀ ਬੋਲੀ, ਮਿਤੀ. 15.01.2026 ਨੂੰ ਦਿਨ ਵੀਰਵਾਰ ਨੂੰ ਪਿੰਡ ਦੇ ਹੈਲਥ ਸੈਂਟਰ ਅਕਲੀਆ ਵਿਖੇ ਸਵੇਰੇ 10 ਵਜੇ ਕੀਤੀ ਜਾਵੇਗੀ, ਸ਼ਰਤਾ ਮੌਕੇ ਤੇ ਦੱਸੀਆ ਜਾਣਗੀਆ। ਚਾਹਵਾਨ ਸੰਪਰਕ ਕਰਨ।
ਸੰਪਰਕ ਨੰਬਰ 9779483004
ਵੱਲੋਂ:- ਗ੍ਰਾਮ ਪੰਚਾਇਤ ਪਿੰਡ ਅਕਲੀਆ (ਮਾਨਸਾ)

## COURT NOTICE

In The Court of
Sh. Amrinder Pal Singh
Additional Principal Judge
Family Court Dhuri
Priyanka Sharma
Vs.
Lovepreet Sharma
CNR No.:- PBSGF3-000299-2024
Next Date:-17-01-2026
Detail of offence:-
Notice To:
Lovepreet Sharma
R/o Q.no 503, Police Colony, Jamalpura Chandigarh Road Ludhiana.
In above titled case, the accused could not be served. It is ordered that accused should appear in person or through counsel on 17-01-2026 at 10.00 a.m.
For details logon to https://highcourtchd.gov.in/?mod=district_notice&district=Sangrur
Additional Principal Judge Family Court Dhuri
Dated, this day of 08-01-2026

## COURT NOTICE

(U/o 5 Rule 20 CPC)
In The Court of
Ms. Geeta Rani
Additional Civil Judge (Senior Division), Phul
CNR No. PBBTB0-001049-2025
Next Date:- 16-02-2026
Babita Garg
Vs.
General Public
Publication Issued To:
General Public
:- General Public
In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 16-02-2026 at 10:00 a.m.
For details logon to https://highcourtchd.gov.in/?mod=district_notice&district=Bathinda
Additional Civil Judge (Senior Division) Phul
Dated, this day of 07-01-2026

## COURT NOTICE

(U/o 5 Rule 20 CPC)
In The Court of
Ms. Amanpreet Kaur
Civil Judge Junior Division - 10, Patiala
CNR No. PBPT02-001370-2025
Next Date:- 23-02-2026
Sanjay S/o Ram Pher
Vs.
Usha Rani
Publication Issued To:
Usha Rani
Spouse: :-not Known
R/o H. No. Kala Kabutran Wala, Near Nagar Khera, and Papi Drycleaner, Passi Road, Patiala
In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 23-02-2026 at 10:00 a.m.
For details logon to https://highcourtchd.gov.in/?mod=district_notice&district=patiala
Civil Judge Junior Division-10 Patiala
Dated, this day of 07-01-2026

## COURT NOTICE

(U/o 5 Rule 20 CPC)
In the Court of Sh. Sanjiv Joshi
District and Sessions Judge, Faridkot
CNR No. PBFD01-001166-2023
Next Date:- 13-01-2026
Gundeep Kaur
Vs.
Gurjaipal Singh
Claim Petition U/S 163-A of the Motor Vehicles Act.
Publication Issued To:
6. Chola Mandalam MS General Insurance Company, 417, Rani Jhansi Road, Mall Enclave Civil Lines Ludhiana
In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 13-01-2026 at 10:00 a.m.
For details logon to https://highcourtchd.gov.in/?mod=district_notice&district=mogacourt
District and Sessions Judge Faridkot
Dated, this day of 07-01-2026

## ਉੱਤਰ ਰੇਲਵੇ

### ਈ-ਨੀਲਾਮੀ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ/ ਮਾਲਭਾੜਾ, ਉੱਤਰ ਰੇਲਵੇ, ਫਿਰੋਜਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

| ਨੀਲਾਮੀ ਸੂਚੀ ਨੰ. | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-SLR 26-05 | 24.01.2026 ਨੂੰ 11:00 ਵਜੇ | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਜ ’ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ): 11906/F1, 22480/F1, 15212/R1, 14508/F1 & 14508/R1. |

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ, ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in ’ਤੇ ਜਾਓ।
90/2026
ਗਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## CRIMINAL COURTS, LUDHIANA

In the Court of Ms. Chandan
Judicial Magistrate -1st Class Ludhiana
CNR NO.PBLD03-032573-2024
COMA/9737/2024
Peshi: 13-02-2026
Bectors Food Vs
Vijay Lakshmi Traders
Complaint R/w Sec- 138 of N.I ACT
Publication Notice For Proclamation Under Section 82 Cr.pc
Notice To 1. M/S Vijay Laxmi Traders, Khidirpur, Bisaihiya, Kunra, Partapgarh, Kunda, Through Its Prop Nagendra Mishra
2. Nagendra Mishra, Prop M/S Vijay Laxmi Traders, Khidirpur, Bisaihiya, Kunra, Partapgarh, Kunda
Whereas it has been proved to the satisfaction of the Court that You, the accused above named cannot be served in the ordinary way of service. Hence, this proclamation under section 82 CRPC is hereby issued against you with a direction that you should appear personally before the court on 13-02-2026 at 10.00 am or within 30 days from the date of publication of this proclamation.
Take notice that, in default of your part to appear as directed above, the above said case will be heard and determined as per law, in your absence.
Given under my hand and the seal of the Court, this For Details
Login To https://highcourtchd.gov.in /?trs=district_notice&district=ludhiana
Judicial Magistrate -1st Class Ludhiana

## ਅਦਾਲਤੀ ਇਸ਼ਤਿਹਾਰ

ਬਾ: ਅਦਾਲਤ ਸ੍ਰੀ ਰਵਿੰਦਰ ਸਿੰਘ ਸਹਾਇਕ ਕੁਲੈਕਟਰ ਦਰਜਾ ਪਹਿਲਾ (ਨਾਇਬ ਤਹਿਸੀਲਦਾਰ), ਮਹਿਲ ਕਲਾਂ
ਪਬਲਿਕ ਨੋਟਿਸ
ਦਰਖਾਸਤ ਵੱਲੋਂ ਚਰਨ ਸਿੰਘ ਪੁੱਤਰ ਗੁਰਦਿਆਲ ਸਿੰਘ, ਵਾਸੀ ਬਾਹਮਣੀਆਂ, ਤਹਿਸੀਲ ਮਹਿਲ ਕਲਾਂ, ਜ਼ਿਲ੍ਹਾ ਬਰਨਾਲਾ।
ਬਨਾਮ : ਆਮ ਪਬਲਿਕ
ਵਿਸ਼ਾ :- ਮਾਲ ਰਿਕਾਰਡ ਵਿੱਚ ਨਾਂਅ ਦੀ ਤਬਦੀਲੀ ਕਰਨ ਸੰਬੰਧੀ।

ਹਰ ਆਮ ਵਾ ਖਾਸ ਨੂੰ ਇਸ ਅਖਬਾਰ ਇਸ਼ਤਿਹਾਰ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਦਰਖਾਸਤ ਕਰਤਾ ਚਰਨ ਸਿੰਘ ਪੁੱਤਰ ਗੁਰਦਿਆਲ ਸਿੰਘ ਵਾਸੀ ਬਾਹਮਣੀਆਂ, ਤਹਿਸੀਲ ਮਹਿਲ ਕਲਾਂ, ਜ਼ਿਲ੍ਹਾ ਬਰਨਾਲਾ ਵੱਲੋਂ ਦਰਖਾਸਤ ਪੇਸ਼ ਕੀਤੀ ਗਈ ਹੈ ਕਿ ਉਸ ਦਾ ਅਤੇ ਉਸ ਦੇ ਪਿਤਾ ਦਾ ਨਾਂਅ ਪਿੰਡ ਬਾਹਮਣੀਆਂ ਦੇ ਰਿਕਾਰਡ ਮਾਲ ਵਿੱਚ ਚਰਨਜੀਤ ਸਿੰਘ ਪੁੱਤਰ ਦਿਆਲ ਸਿੰਘ ਪੁੱਤਰ ਦੀਵਾਨ ਸਿੰਘ ਚਲਿਆ ਆ ਰਿਹਾ ਹੈ, ਜਦ ਕਿ ਪਿੰਡ ਵਿੱਚ ਦਰਖਾਸਤ ਕਰਤਾ ਨੂੰ ਦੋਵੇਂ ਨਾਵਾਂ ਨਾਲ ਜਾਣਿਆ ਜਾਂਦਾ ਹੈ।

ਦਰਖਾਸਤ ਦੇਹਿੰਦਾ ਦੀ ਦਰਖਾਸਤ ਦੇ ਸੰਬੰਧ ਵਿੱਚ ਪਿੰਡ ਦੇ ਮੋਹਤਬਰ ਵਿਅਕਤੀਆਂ ਵੱਲੋਂ ਆਪਣੀ ਤਸਦੀਕ ਦਿੱਤੀ ਗਈ ਹੈ ਕਿ ਚਰਨਜੀਤ ਸਿੰਘ ਅਤੇ ਚਰਨ ਸਿੰਘ ਇੱਕ ਹੀ ਵਿਅਕਤੀ ਹੈ। ਦਰਖਾਸਤ ਕਰਤਾ ਵੱਲੋਂ ਦਿੱਤੀ ਗਈ ਦਰਖਾਸਤ ਮੁਤਾਬਿਕ ਉਸ ਦਾ ਨਾਂਅ ਰਿਕਾਰਡ ਮਾਲ ਪਿੰਡ ਬਾਹਮਣੀਆਂ ਵਿੱਚ ਚਰਨਜੀਤ ਸਿੰਘ ਉਰਫ ਚਰਨ ਸਿੰਘ ਪੁੱਤਰ ਦਿਆਲ ਸਿੰਘ ਉਰਫ ਗੁਰਦਿਆਲ ਸਿੰਘ ਪੁੱਤਰ ਦੀਵਾਨ ਸਿੰਘ ਦਰਜ ਕੀਤਾ ਜਾਵੇ। ਜੇਕਰ ਇਸ ਨਾਂਅ ਦੀ ਤਬਦੀਲੀ ਸੰਬੰਧੀ ਕਿਸੇ ਵੀ ਵਿਅਕਤੀ ਨੂੰ ਕੋਈ ਵੀ ਉਜ਼ਰ ਵਾ ਇਤਰਾਜ਼ ਹੋਵੇ ਤਾਂ ਉਹ ਨਿਮਨਹਸਤਾਖਰ ਦੀ ਅਦਾਲਤ ਵਿੱਚ ਅਸਾਲਤਨ ਜਾਂ ਵਕਾਲਤਨ ਇਸ ਨੋਟਿਸ ਦੇ ਛਪਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਹਾਜ਼ਰ ਆ ਕਰ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕੋਈ ਵੀ ਉਜ਼ਰ ਵਾ ਇਤਰਾਜ਼ ਕਾਬਲੇ ਸਮਾਇਤ ਨਹੀਂ ਹੋਵੇਗਾ।

ਇਹ ਇਸ਼ਤਿਹਾਰ ਅੱਜ ਮਿਤੀ 7/01/2026 ਨੂੰ ਅਦਾਲਤ ਹਜਾ ਦੀ ਮੋਹਰ ਵਾ ਮੇਰੇ ਦਸਤਖਤਾਂ ਅਧੀਨ ਜਾਰੀ ਕੀਤਾ ਜਾਂਦਾ ਹੈ।

ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ-ਕਮ-ਨਾਇਬ ਤਹਿਸੀਲਦਾਰ, ਮਹਿਲ ਕਲਾਂ।
ਨੰਬਰ-327 ਰੀਡਰ-2 ਮਿਤੀ 7/01/2026

## ਅਦਾਲਤੀ ਇਸ਼ਤਿਹਾਰ

ਬਾ: ਅਦਾਲਤ ਸ੍ਰੀ ਰਵਿੰਦਰ ਸਿੰਘ ਸਹਾਇਕ ਕੁਲੈਕਟਰ ਦਰਜਾ ਦੂਜਾ (ਨਾਇਬ ਤਹਿਸੀਲਦਾਰ), ਮਹਿਲ ਕਲਾਂ
ਪਬਲਿਕ ਨੋਟਿਸ
ਦਰਖਾਸਤ ਵੱਲੋਂ ਤਰਨਪ੍ਰੀਤ ਸਿੰਘ ਪੁੱਤਰ ਰਣਜੀਤ ਸਿੰਘ ਪੁੱਤਰ ਨਿਰਮਲ ਸਿੰਘ ਵਾਸੀ ਗੰਗੋਹਰ, ਤਹਿਸੀਲ ਮਹਿਲ ਕਲਾਂ, ਜ਼ਿਲ੍ਹਾ ਬਰਨਾਲਾ
ਬਨਾਮ : ਆਮ ਪਬਲਿਕ
ਵਿਸ਼ਾ :- ਮਾਲ ਰਿਕਾਰਡ ਵਿੱਚ ਨਾਂਅ ਦੀ ਤਬਦੀਲੀ ਕਰਨ ਸੰਬੰਧੀ।

ਹਰ ਆਮ ਵਾ ਖਾਸ ਨੂੰ ਇਸ ਅਖਬਾਰ ਇਸ਼ਤਿਹਾਰ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਦਰਖਾਸਤ ਕਰਤਾ ਤਰਨਪ੍ਰੀਤ ਸਿੰਘ ਪੁੱਤਰ ਰਣਜੀਤ ਸਿੰਘ ਪੁੱਤਰ ਨਿਰਮਲ ਸਿੰਘ ਵਾਸੀ ਗੰਗੋਹਰ, ਤਹਿਸੀਲ ਮਹਿਲ ਕਲਾਂ, ਜ਼ਿਲ੍ਹਾ ਬਰਨਾਲਾ ਵੱਲੋਂ ਦਰਖਾਸਤ ਪੇਸ਼ ਕੀਤੀ ਗਈ ਹੈ ਕਿ ਉਸ ਦਾ ਨਾਂਅ ਪਿੰਡ ਗੰਗੋਹਰ ਦੇ ਰਿਕਾਰਡ ਮਾਲ ਵਿੱਚ ਗੁਰਜੰਟ ਸਿੰਘ ਪੁੱਤਰ ਰਣਜੀਤ ਸਿੰਘ ਪੁੱਤਰ ਨਿਰਮਲ ਸਿੰਘ ਚੱਲਿਆ ਆ ਰਿਹਾ ਹੈ, ਜਦ ਕਿ ਪਿੰਡ ਵਿੱਚ ਦਰਖਾਸਤ ਕਰਤਾ ਨੂੰ ਦੋਵੇਂ ਨਾਵਾਂ ਨਾਲ ਜਾਣਿਆ ਜਾਂਦਾ ਹੈ।

ਦਰਖਾਸਤ ਦੇਹਿੰਦਾ ਦੀ ਦਰਖਾਸਤ ਦੇ ਸੰਬੰਧ ਵਿੱਚ ਪਿੰਡ ਦੇ ਮੋਹਤਬਰ ਵਿਅਕਤੀਆਂ ਵੱਲੋਂ ਆਪਣੀ ਤਸਦੀਕ ਦਿੱਤੀ ਗਈ ਹੈ ਕਿ ਗੁਰਜੰਟ ਸਿੰਘ ਅਤੇ ਤਰਨਪ੍ਰੀਤ ਸਿੰਘ ਇੱਕ ਹੀ ਵਿਅਕਤੀ ਹੈ। ਦਰਖਾਸਤ ਕਰਤਾ ਵੱਲੋਂ ਦਿੱਤੀ ਗਈ ਦਰਖਾਸਤ ਮੁਤਾਬਿਕ ਉਸ ਦਾ ਨਾਂਅ ਰਿਕਾਰਡ ਮਾਲ ਪਿੰਡ ਗੰਗੋਹਰ ਵਿੱਚ ਗੁਰਜੰਟ ਸਿੰਘ ਉਰਫ ਤਰਨਪ੍ਰੀਤ ਸਿੰਘ ਪੁੱਤਰ ਰਣਜੀਤ ਸਿੰਘ ਪੁੱਤਰ ਨਿਰਮਲ ਸਿੰਘ ਦਰਜ ਕੀਤਾ ਜਾਵੇ। ਜੇਕਰ ਇਸ ਨਾਂਅ ਦੀ ਤਬਦੀਲੀ ਸੰਬੰਧੀ ਕਿਸੇ ਵੀ ਵਿਅਕਤੀ ਨੂੰ ਕੋਈ ਵੀ ਉਜ਼ਰ ਵਾ ਇਤਰਾਜ਼ ਹੋਵੇ ਤਾਂ ਉਹ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਅਸਾਲਤਨ ਜਾਂ ਵਕਾਲਤਨ ਇਸ ਨੋਟਿਸ ਦੇ ਛਪਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਹਾਜ਼ਰ ਆ ਕਰ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕੋਈ ਵੀ ਉਜ਼ਰ ਵਾ ਇਤਰਾਜ਼ ਕਾਬਲੇ ਸਮਾਇਤ ਨਹੀ ਹੋਵੇਗਾ।

ਇਹ ਇਸ਼ਤਿਹਾਰ ਅੱਜ ਮਿਤੀ 7/01/2026 ਨੂੰ ਅਦਾਲਤ ਹਜਾ ਦੀ ਮੋਹਰ ਵਾ ਮੇਰੇ ਦਸਤਖਤਾਂ ਅਧੀਨ ਜਾਰੀ ਕੀਤਾ ਜਾਂਦਾ ਹੈ।

ਸਹੀ/-ਸਹਾਇਕ ਕੁਲੈਕਟਰ ਦਰਜਾ ਦੂਜਾ-ਕਮ- ਨਾਇਬ ਤਹਿਸੀਲਦਾਰ, ਮਹਿਲ ਕਲਾਂ।
ਨੰਬਰ-326 ਰੀਡਰ-2 ਮਿਤੀ 7/01/2026

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ-ਕਮ-ਨਾਇਬ ਤਹਿਸੀਲਦਾਰ ਮਹਿਲ ਕਲਾਂ।
(Publication Notice Under Order 5 Rule 20 CPC)
ਮਿਸਲ ਨੰ:-06/ਪੀ ਰਜੂਆ :-22/1/2025 ਤਾਰੀਖ ਪੇਸ਼ੀ :-16/01/2026
ਅਜੈਬ ਸਿੰਘ ਪੁੱਤਰ ਪਾਲਾ ਸਿੰਘ ਪੁੱਤਰ ਚੰਨਣ ਸਿੰਘ ਵਾਸੀ ਪੰਡੋਰੀ, ਤਹਿਸੀਲ ਮਹਿਲ ਕਲਾਂ, ਜ਼ਿਲ੍ਹਾ ਬਰਨਾਲਾ।
......ਸਾਇਲ
ਬਨਾਮ
ਨਿਰਮਲ ਸਿੰਘ ਪੁੱਤਰ ਮੇਵਾ ਸਿੰਘ ਪੁੱਤਰ ਬੀਰਾ ਸਿੰਘ ਵਗੈਰਾ ਵਾਸੀ ਪੰਡੋਰੀ, ਤਹਿਸੀਲ ਮਹਿਲ ਕਲਾਂ, ਜ਼ਿਲ੍ਹਾ ਬਰਨਾਲਾ।
......ਮਸੂਲਾਨ
ਦਰਖਾਸਤ ਤਕਸੀਮ ਜ਼ੇਰ ਦਫਾ 111 ਪੰਜਾਬ ਲੈਂਡ ਰੈਵਿਨਿਊ ਐਕਟ 1887 ਕੇਸ ਤਕਸੀਮ ਅਰਾਜੀ ਖੇਵਟ ਨੰਬਰ-221/214 ਖਤੌਨੀ ਨੰ. 278-283 ਤੈਦਾਦੀ 34 ਬਿਘੇ 3 ਬਿਸਵੇ ਵਾਕਾ ਰਕਬਾ-ਪੰਡੋਰੀ, ਤਹਿਸੀਲ ਮਹਿਲ ਕਲਾਂ, ਜ਼ਿਲ੍ਹਾ ਬਰਨਾਲਾ।
ਨੋਟਿਸ ਬਨਾਮ
ਮਸੂਲਇਲਮ ਨੰ: (ਸਰਵ ਸ੍ਰੀ) 6) ਜਗਸੀਰ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਨਛੱਤਰ ਸਿੰਘ, 10) ਸਪਿੰਦਰ ਸਿੰਘ ਉਰਫ ਸਤਿੰਦਰ ਸਿੰਘ ਪੁੱਤਰ ਸੁਰਜੀਤ ਸਿੰਘ, 14) ਹਰਪ੍ਰੀਤ ਸਿੰਘ ਪੁੱਤਰ ਬਲਵਿੰਦਰ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀਆਨ ਪੰਡੋਰੀ, ਤਹਿਸੀਲ ਮਹਿਲ ਕਲਾਂ, ਜ਼ਿਲ੍ਹਾ ਬਰਨਾਲਾ।

ਸਾਇਲ ਧਿਰ ਵੱਲੋਂ ਵਿਸ਼ੇ ਵਿੱਚ ਦਰਜ ਅਰਾਜੀ ਦੀ ਤਕਸੀਮ ਲਈ ਕੇਸ ਇਸ ਅਦਾਲਤ ਵਿੱਚ ਦਾਇਰ ਕੀਤਾ ਹੋਇਆ ਹੈ। ਇਸ ਕੇਸ ਵਿੱਚ ਉਪਰੋਕਤ ਮਸੂਲਾਨ ਨੂੰ ਮਾਮੂਲੀ ਤਰੀਕੇ ਨਾਲ ਸੰਮਨ ਰਾਹੀਂ ਇਤਲਾਹ ਤਾਮੀਲ ਹੋਣੀ ਮੁਸ਼ਕਿਲ ਹੈ, ਇਸ ਲਈ ਇਸ ਇਸ਼ਤਿਹਾਰ ਰਾਹੀਂ ਉਪਰੋਕਤ ਮਸੂਲਾਨ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਇਸ਼ਤਿਹਾਰ ਦੀ ਪਬਲੀਕੇਸ਼ਨ ਦੇ ਪੰਦਰਾਂ (15) ਦਿਨਾਂ ਦੇ ਅੰਦਰ-ਅੰਦਰ ਅਸਾਲਤਨ ਜਾਂ ਵਕਾਲਤਨ ਇਸ ਅਦਾਲਤ ਵਿੱਚ ਪੇਸ਼ ਹੋਵੇ, ਨਹੀਂ ਤਾਂ ਆਪ ਦੇ ਖਿਲਾਫ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਬਾਅਦ ਗੁਜ਼ਰਨੇ ਮਿਆਦ ਕੋਈ ਉਜ਼ਰਾਤ ਕਾਬਲੇ ਸਮਾਇਤ ਨਹੀਂ ਹੋਵੇਗਾ। ਇਹ ਨੋਟਿਸ ਪਬਲੀਕੇਸ਼ਨ ਅੱਜ ਮਿਤੀ 26/12/2025 ਨੂੰ ਮੇਰੇ ਦਸਤਖਤਾਂ ਤੇ ਮੋਹਰ ਅਦਾਲਤ ਨਾਲ ਜਾਰੀ ਕੀਤਾ ਗਿਆ।

ਸਹਾਇਕ ਕੁਲੈਕਟਰ ਦਰਜਾ ਪਹਿਲਾ -ਕਮ-ਨਾਇਬ ਤਹਿਸੀਲਦਾਰ ਮਹਿਲ ਕਲਾਂ
ਨੰਬਰ : 318 ਰੀਡਰ-2 ਮਿਤੀ:- 26/12/2025

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

‘ਨਵਾਂ ਜ਼ਮਾਨਾ’ ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਦੀ ਸੱਚਾਈ ਦੀ ਜ਼ਿੰਮੇਵਾਰੀ ਇਸ਼ਤਿਹਾਰ ਦੇਣ ਵਾਲੇ ਦੀ ਹੋਵੇਗੀ। ਸਾਡਾ ਅਖ਼ਬਾਰ ਇਹਨਾਂ ਤੱਥਾਂ ਦੀ ਪੁਸ਼ਟੀ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ ’ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

9 Jan Page 8.qxd 1/8/2026 11:08 PM Page 1



## ਚੋਰੀ ਦੀਆਂ ਵਾਰਦਾਤਾਂ ਕਰਨ ਵਾਲਾ ਮੋਟਰਸਾਈਕਲ ਸਮੇਤ ਕਾਬੂ

**ਮੇਹਟੀਆਣਾ (ਜਗਤਾਰ ਸਿੰਘ ਡੂੰਗਰਨੀ)**- ਸੰਦੀਪ ਮਲਿਕ ਸੀਨੀਅਰ ਪੁਲਸ ਕਪਤਾਨ ਹੁਸ਼ਿਆਰਪੁਰ ਵੱਲੋਂ ਦਿੱਤੇ ਦਿਸ਼ਾ ਨਿਰਦੇਸ਼ਾਂ ਅਤੇ ਪਰਮਿੰਦਰ ਸਿੰਘ ਡੀ ਐਸ ਪੀ ਤਫਤੀਸ਼ ਹੁਸ਼ਿਆਰਪੁਰ ਦੀ ਰਹਿਨੁਮਾਈ ਹੇਠ ਚੋਰੀ ਦੀਆਂ ਵਾਰਦਾਤਾਂ ਕਰਨ ਵਾਲੇ ਵਿਅਕਤੀਆਂ ਦੇ ਖ਼ਿਲਾਫ ਮੁਹਿੰਮ ਸ਼ੁਰੂ ਕੀਤੀ



ਗਈ ਸੀ। ਇਸ ਮੁਹਿੰਮ ਤਹਿਤ ਪਰਮਿੰਦਰ ਸਿੰਘ ਉਪ ਪੁਲਿਸ ਕਪਤਾਨ ਚੱਬੇਵਾਲ ਵਲੋਂ ਦਿੱਤੇ ਦਿਸ਼ਾ ਨਿਰਦੇਸ਼ਾ ਤੇ ਇਸ? ਰਜਿੰਦਰ ਸਿੰਘ ਮੁੱਖ ਅਫਸਰ ਥਾਣਾ ਮੇਹਟੀਆਣਾ ਵੱਲੋਂ ਉਚ ਅਫਸਰਾਂ ਦੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦੇ ਹੋਏ ਮਿਤੀ 05.01.2026 ਨੂੰ ਏ ਐੱਸ ਆਈ ਕੋਸ਼ਲ ਚੰਦਰ ਇੰਚਾਰਜ ਚੋਕੀ ਅਜਨੋਹਾ ਸਮੇਤ ਸਾਥੀ ਕਰਮਚਾਰੀਆਂ ਨੇ ਸ਼ਾਮ ਸਮੇਂ ਸਪੈਸਲ ਨਾਕਾਬੰਦੀ ਦੇ ਸਬੰਧ ਵਿੱਚ ਪੁਲ ਨਹਿਰ ਅਜਨੋਹਾ ਮੋਜੂਦ ਸਨ ਤਾਂ ਇੱਕ ਮੋਟਰਸਾਈਕਲ ਕੋਟਫਤੂਹੀ ਸਾਈਡ ਤੋਂ ਮੇਹਟੀਆਣਾ ਸਾਈਡ ਨੂੰ ਆ ਰਿਹਾ ਸੀ ਜਿਸ ਨੂੰ ਏ ਐੱਸ ਆਈ ਕੋਸ਼ਲ ਚੰਦਰ ਨੇ ਟਾਰਚ ਦੀ ਰੋਸ਼ਨੀ ਨਾਲ ਰੁੱਕਣ ਦਾ ਇਸ਼ਾਰਾ ਕੀਤਾ ਜੋ ਮੋਟਰਸਾਈਕਲ ਤੋਂ ਉਤਰ ਕੇ ਭੱਜਣ ਲੱਗਾ ਤਾਂ ਉਸ ਨੂੰ ਕਾਬੂ ਕਰਕੇ ਉਸ ਦਾ ਨਾਂਅ ,ਪਤਾ ਪੁੱਛਿਆ ਜਿਸ ਨੇ ਆਪਣਾ ਨਾਮ ਭੁਪਿੰਦਰ ਸਿੰਘ ਉਰਫ ਦੀਪੂ ਪੁੱਤਰ ਪਿਆਰਾ ਸਿੰਘ ਵਾਸੀ ਪਿੰਡ ਅਜਨੋਹਾ ਦੱਸਿਆ ਜਿਸ ਨੂੰ ਮੋਟਰਸਾਈਕਲ ਦੇ ਕਾਗਜਾਤ ਦਿਖਾਉਣ ਲਈ ਕਿਹਾ ਗਿਆ ਜਿਸ ਨੇ ਦੱਸਿਆ ਕਿ ਮੈਂ ਇਹ ਮੋਟਰ ਸਾਇਕਲ ਸਾਲੂ ਵਾਸੀ ਪੀਪਾ ਰੰਗੀ ਫਗਵਾੜਾ ਨਾਲ ਰਲ ਕੇ ਜਲੰਧਰ ਤੋਂ ਚੋਰੀ ਕੀਤਾ ਜਿਸ ਤੇ ਮੋਟਰਸਾਈਕਲ ਨੰਬਰੀ ਪੀ ਬੀ ਸੀ ਜੀ ਈ 7098 ਨੂੰ ਚੈੱਕ ਕਰਨ ਤੇ ਉਸ ਦਾ ਚੈਸੀ ਨੰਬਰ ਵੀ ਘਿਸਿਆ ਹੋਇਆ ਸੀ ਤੇ ਕਾਗਜਾਤ ਵੀ ਨਹੀ ਹਨ ਜਿਸ ਤੇ ਭੁਪਿੰਦਰ ਸਿੰਘ ਸਿਰਫ ਦੀਪੂ ਅਤੇ ਸੀਲੂ ਮੁਕਦਮਾ ਦਰਜ ਕਰਕੇ ਤਫਤੀਸ਼ ਲਈ ਦੋਸ਼ੀ ਭੁਪਿੰਦਰ ਸਿੰਘ ਉਰਫ ਦੀਪੂ ਉਕਤ ਨੂੰ ਗ੍ਰਿਫਤਾਰ ਕੀਤਾ ਗਿਆ ਤੇ ਮਿਤੀ 06.01.2026 ਨੂੰ ਦੋਸ਼ੀ ਭੁਪਿੰਦਰ ਸਿੰਘ ਉਰਫ ਦੀਪੂ ਉਕਤ ਦੀ ਨਿਸ਼ਾਨਦੇਹੀ ਤੇ ਪੀ ਬੀ -08-43-7816 ਸਪਲੈਂਡਰ ਨੂੰ ਮੁਕੱਦਮਾ ਵਿੱਚ ਬਰਾਮਦ ਕਰਵਾਇਆ ਗਿਆ ਹੈ।

## ਜਨਤਕ ਜਥੇਬੰਦੀਆਂ ਨੇ ਟਰੰਪ ਦਾ ਪੁਤਲਾ ਫੂਕਿਆ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਗੜ੍ਹਸ਼ੰਕਰ ਦੀਆਂ ਜਮਹੂਰੀ ਤੇ ਜਨਤਕ ਜਥੇਬੰਦੀਆਂ ਵੱਲੋਂ ਸਥਾਨਕ ਗਾਂਧੀ ਪਾਰਕ ਵਿੱਚ ਅਮਰੀਕਾ ਦੇ ਡੋਨਾਲਡ ਟਰੰਪ ਦੀ ਸਰਕਾਰ ਵੱਲੋਂ



ਵੈਨੇਜ਼ੁਏਲਾ ਦੇ ਰਾਸ਼ਟਰਪਤੀ ਤੇ ਉਸ ਦੀ ਪਤਨੀ ਨੂੰ ਅਗਵਾ ਕਰਕੇ ਆਪਣੇ ਦੇਸ਼ ਵਿੱਚ ਨਜ਼ਰਬੰਦ ਕਰਨ ਖਿਲਾਫ ਰੋਸ ਰੈਲੀ ਕਰਕੇ ਸ਼ਹਿਰ 'ਚ ਰੋਹ ਭਰਪੂਰ ਮਾਰਚ ਕਰਨ ਉਪਰੰਤ ਬਾਬਾ ਗੁਰਦਿੱਤ ਸਿੰਘ ਪਾਰਕ ਦੇ ਚੌਂਕ ਵਿੱਚ ਹੈਂਕੜਬਾਜ ਡੋਨਾਲਡ ਟਰੰਪ ਦਾ ਪੁਤਲਾ ਫੂਕ ਫੂਕਿਆ ਗਿਆ। ਇਸ ਸਮੇਂ ਕਿਰਤੀ ਕਿਸਾਨ ਯੂਨੀਅਨ, ਜਮਹੂਰੀ ਕਿਸਾਨ ਸਭਾ, ਪੰਜਾਬ ਕਿਸਾਨ ਯੂਨੀਅਨ, ਡੈਮੋਕਰੇਟਿਕ ਟੀਚਰਜ ਫਰੰਟ, ਡੈਮੋਕਰੇਟਿਕ ਪੈਨਸ਼ਨਰ ਫਰੰਟ,ਤਰਕਸ਼ੀਲ ਸੁਸਾਇਟੀ ਪੰਜਾਬ,ਗੌਰਮਿੰਟ ਟੀਚਰ ਯੂਨੀਅਨ,ਦੁਆਬਾ ਸਾਹਿਤ ਸਭਾ,ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਅਤੇ ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂਆਂ ਹਰਮੇਸ਼ ਢੇਸੀ, ਰਾਮਜੀ ਦਾਸ ਚੌਹਾਨ, ਮੁਕੇਸ਼ ਕੁਮਾਰ, ਸ਼ੇਰ ਜੰਗ ਬਹਾਦਰ, ਬਲਵੀਰ ਖਾਨਪੁਰੀ, ਪ੍ਰਿੰਸੀਪਲ ਡਾ.ਬਿੱਕਰ ਸਿੰਘ, ਸ਼ਾਮ ਸੁੰਦਰ ਸੁਖਦੇਵ ਡਾਨਸੀਵਾਲ,ਡਾ. ਜੋਗਿੰਦਰ ਕੁੱਲੇਵਾਲ ਨੇ ਕਿਹਾ ਕਿ ਅਮਰੀਕਾ ਦੀ ਡੋਨਾਲਡ ਟਰੰਪ ਦੀ ਸੈਨਾ ਵਲੋਂ ਵੈਨਜ਼ੂਏਲਾ ਦੇ ਰਾਸ਼ਟਰਪਤੀ ਅਤੇ ਉਸਦੀ ਪਤਨੀ ਨੂੰ ਅਗਵਾ ਕਰਕੇ ਟਰੰਪ ਸਰਕਾਰ ਦੁਨੀਆਂ ਭਰ ਦੇ ਮਨੁੱਖੀ ਕਾਨੂੰਨਾਂ ਨੂੰ ਦਰੜਿਆ ਹੈ। ਪ੍ਰਦਰਸ਼ਨਕਾਰੀਆਂ ਵੱਲੋਂ ਅਮਰੀਕੀ ਸਾਮਰਾਜੀਏ ਵੈਨਜ਼ੂਏਲਾ 'ਚੋਂ ਬਾਹਰ ਆਓ, ਰਾਸ਼ਟਰਪਤੀ ਮਾਦੂਰੋ ਤੇ ਉਸਦੀ ਪਤਨੀ ਨੂੰ ਰਿਹਾਅ ਕਰੋ, ਸਾਮਰਾਜਵਾਦ ਮੁਰਦਾਬਾਦ ਦੇ ਨਾਅਰੇ ਲਗਾਏ। ਵੱਖ-ਵੱਖ ਜਥੇਬੰਦੀਆਂ ਦੇ ਆਗੂ ਇੰਦਰ ਭੱਟੀ ਧਮਾਈ, ਹਰਜਿੰਦਰ ਸਿੰਘ ਸੂੰਨੀ,ਗੋਪੀ ਰਾਮ,ਹਰਬਲਨ ਸਿੰਘ, ਸ਼ਮਸ਼ੇਰ ਸਿੰਘ ਚੱਕ ਸਿੰਘਾ,ਮਨਦੀਪ ਕੁਮਾਰ,ਜਰਨੈਲ ਸਿੰਘ,ਸੁਖਦੇਵ ਅਲੀਪੁਰ, ਪਰਮਜੀਤ ਸਿੰਘ, ਸਰਪੰਚ ਰਾਮਜੀਤ ਸਿੰਘ ਦੇਨੋਵਾਲ ਕਲਾਂ,ਪ੍ਰੋ ਕੁਲਵੰਤ ਸਿੰਘ ਗੋਲੇਵਾਲ,ਗੁਰਮੇਲ ਸਿੰਘ, ਵਿਕਰਮ ਵਿਕੀ, ਪਵਨ ਗੋਇਲ,ਜਸਵਿੰਦਰ ਸਿੰਘ,ਰਾਜ ਕੁਮਾਰ, ਅਵਤਾਰ ਸਿੰਘ ਗਿਆਨੀ, ਬਲਭੱਦਰ ਸਿੰਘ,ਪਰਵਿੰਦਰ ਸਿੰਘ,ਸੰਤੋਖ ਸਿੰਘ ,ਚਾਨਣ ਰਾਮ,ਰਜਿੰਦਰ ਕੁਮਾਰ,ਕਮਲਜੀਤ ਸਿੰਘ, ਗੁਰਮੇਲ ਸਿੰਘ ਪੀ ਟੀ ਆਈ,ਅਮਰਜੀਤ ਸਿੰਘ ਪੀ ਟੀ ਆਈ ਤੇ ਮਨਜੀਤ ਸਿੰਘ ਰੋਸ ਪ੍ਰਦਰਸ਼ਨ ਵਿੱਚ ਹਾਜ਼ਰ ਸਨ।

## ਸੜਕ ਸੁਰੱਖਿਆ ਮਹੀਨੇ ਤਹਿਤ ਗੱਡੀਆਂ ਉਪਰ ਰਿਫਲੈਕਟਰ ਲਗਾਏ

**ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਰੋਡ ਸੇਫਟੀ ਮਹੀਨੇ ਤਹਿਤ ਉਲੀਕੇ ਗਏ ਵੱਖ-ਵੱਖ ਪ੍ਰੋਗਰਾਮਾਂ ਦੌਰਾਨ ਨੇੜੇ ਸ਼ੂਗਰ ਮਿੱਲ ਨਵਾਂਸ਼ਹਿਰ ਰੋਡ 'ਤੇ ਗੱਡੀਆਂ ਦੇ ਪਿਛਲੇ ਪਾਸੇ ਰਿਫਲੈਕਟਰ ਲਗਾਉਣ ਦੇ ਨਾਲ ਨਾਲ ਆਰ ਟੀ ਏ ਆਫਿਸ ਵੱਲੋਂ ਟ੍ਰੈਫਿਕ ਪੁਲਸ ਦੇ ਸਹਿਯੋਗ ਨਾਲ ਇੱਕ ਪ੍ਰੋਗਰਾਮ ਕਰਵਾਇਆ ਗਿਆ। ਜਿਸ ਵਿੱਚ ਖੇਤਰੀ ਟਰਾਂਸਪੋਰਟ ਅਫਸਰ ਇੰਦਰਪਾਲ ਵੱਲੋਂ ਕੌਮੀ ਮਾਰਗ ਤੋਂ ਲੰਘਦੇ ਵਾਹਨਾਂ ਨੂੰ ਰੋਕ ਕੇ ਉਨ੍ਹਾਂ 'ਤੇ ਰਿਫਲੈਕਟਰ ਲਗਾਏ ਤੇ ਟ੍ਰੈਫਿਕ ਨਿਯਮਾਂ ਬਾਰੇ ਜਾਣਕਾਰੀ ਦਿੱਤੀ। ਖੇਤਰੀ ਟਰਾਂਸਪੋਰਟ ਅਫਸਰ ਨੇ



ਦੱਸਿਆ ਕਿ ਸੜਕ ਸੁਰੱਖਿਆ ਮਹੀਨਾ 1 ਜਨਵਰੀ ਤੋਂ 31 ਜਨਵਰੀ ਤੱਕ ਮਨਾਇਆ ਜਾ ਰਿਹਾ ਹੈ। ਜਿਸ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਖ-ਵੱਖ ਵਿਭਾਗਾਂ ਦੇ ਸਹਿਯੋਗ ਨਾਲ ਵੱਖ-ਵੱਖ ਸਕੂਲਾਂ ਕਾਲਜਾਂ, ਯੂਨੀਵਰਸਿਟੀ, ਟਰੱਕ ਯੂਨੀਅਨ, ਟੈਕਸੀ ਸਟੈਂਡ ਵਿਖੇ ਜਾ ਕੇ ਨੌਜਵਾਨਾਂ ਤੇ ਪਬਲਿਕ ਨੂੰ ਟ੍ਰੈਫਿਕ ਨਿਯਮਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਧੁੰਦ ਦੇ ਮੌਸਮ ਨੂੰ ਵੇਖਦਿਆਂ ਟਰੈਕਟਰ ਟਰਾਲੀਆਂ, ਟਰੱਕਾਂ, ਕਾਰਾਂ ਅਤੇ ਹੋਰ ਵਹੀਕਲਜ਼ ਉਪਰ ਰਿਫ਼ਲੈਕਟਰ ਲਗਾਏ ਜਾ ਰਹੇ ਹਨ ਤਾਂ ਜੋ ਧੁੰਦ ਕਾਰਨ ਕੋਈ ਹਾਦਸਾ ਨਾ ਵਾਪਰੇ।

## ਸ੍ਰੀ ਮਦ ਭਾਗਵਤ ਕਥਾ ਦੌਰਾਨ ਕੁਲਜੀਤ ਸਿੰਘ ਰੰਧਾਵਾ ਹੋਏ ਨਤਮਸਤਕ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਨਿਕੋਲ ਹਲਕਾ (ਗੁਜਰਾਤ) ਵਿੱਚ ਰੋਜ਼ਾਨਾ ਆਯੋਜਿਤ ਕੀਤੀ ਜਾ ਰਹੀ ਸ਼੍ਰੀ ਮਦ ਭਾਗਵਤ ਕਥਾ ਦੇ ਪਾਵਨ ਸਮਾਗਮ ਵਿੱਚ ਡੇਰਾਬੱਸੀ ਹਲਕੇ ਤੋਂ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰਕੇ ਕਥਾ ਦਾ ਆਤਮਕ ਆਨੰਦ ਮਾਣਿਆ ਅਤੇ ਸੰਤ ਮਹਾਪੁਰਸ਼ਾਂ ਤੋਂ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਧਾਰਮਿਕ ਸਮਾਗਮ ਦੌਰਾਨ ਉਨ੍ਹਾਂ ਨੇ ਇਕੱਠੇ ਹੋਏ ਸ਼ਰਧਾਲੂਆਂ ਨੂੰ ਸੰਬੋਧਨ ਵੀ ਕੀਤਾ।ਵਿਧਾਇਕ ਰੰਧਾਵਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸ਼੍ਰੀ ਮਦ ਭਾਗਵਤ ਕਥਾ ਵਰਗੇ



ਧਾਰਮਿਕ ਪ੍ਰੋਗਰਾਮ ਮਨੁੱਖ ਨੂੰ ਸੱਚਾਈ, ਧਰਮ, ਸੇਵਾ ਅਤੇ ਸਹਿਣਸ਼ੀਲਤਾ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਦਿੰਦੇ ਹਨ। ਉਨ੍ਹਾਂ ਕਿਹਾ ਕਿ ਅਜਿਹੇ ਆਯੋਜਨ ਸਮਾਜ ਵਿੱਚ ਆਤਮਕ ਸ਼ਾਂਤੀ, ਭਾਈਚਾਰੇ ਦੀ ਭਾਵਨਾ ਅਤੇ ਨੈਤਿਕ ਮੁੱਲਾਂ ਨੂੰ ਮਜ਼ਬੂਤ ਕਰਦੇ ਹਨ, ਜੋ ਅੱਜ ਦੇ ਸਮੇਂ ਵਿੱਚ ਬਹੁਤ ਜ਼ਰੂਰੀ ਹਨ।ਇਸ ਮੌਕੇ ਵਿਧਾਇਕ ਰੰਧਾਵਾ ਨੇ ਕਥਾ ਦੇ ਸੁਚੱਜੇ ਪ੍ਰਬੰਧਾਂ ਲਈ ਆਯੋਜਕ ਕਮੇਟੀ ਦਾ ਵਿਸ਼ੇਸ਼ ਧੰਨਵਾਦ ਕੀਤਾ ਅਤੇ ਆਪਣੇ ਸਨਮਾਨ ਲਈ ਕਮੇਟੀ ਦੇ ਮੈਂਬਰਾਂ ਪ੍ਰਤੀ ਕ੍ਰਿਤੱਗਤਾ ਜਤਾਈ।ਕਥਾ ਦੌਰਾਨ ਵੱਡੀ ਗਿਣਤੀ ਵਿੱਚ ਸ਼ਰਧਾਲੂ ਹਾਜ਼ਰ ਰਹੇ ਤੇ ਭਗਵਾਨ ਕ੍ਰਿਸ਼ਨ ਦੀ ਲੀਲਾਵਾਂ ਸੰਬੰਧੀ ਉਪਦੇਸ਼ ਸੁਣ ਕੇ ਆਤਮਕ ਲਾਭ ਪ੍ਰਾਪਤ ਕੀਤਾ।

## ਜ਼ਿਲ੍ਹੇ ਅੰਦਰ 1035 ਕਿਲੋਮੀਟਰ ਸੜਕਾਂ ਦੇ ਨਿਰਮਾਣ 'ਤੇ 400 ਕਰੋੜ ਖ਼ਰਚ ਕਰੇਗੀ ਪੰਜਾਬ ਸਰਕਾਰ : ਡਾ. ਚੱਬੇਵਾਲ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਲੋਕ ਸਭਾ ਹਲਕਾ ਹੁਸ਼ਿਆਰਪੁਰ ਤੋਂ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਦੱਸਿਆ ਕਿ ਜਲਦ ਹੀ ਜ਼ਿਲ੍ਹੇ ਦੇ ਵੱਖ-ਵੱਖ ਵਿਧਾਨ ਸਭਾ ਹਲਕਿਆਂ ਅੰਦਰ 1035 ਕਿਲੋਮੀਟਰ ਲੰਬੀਆਂ ਸੜਕਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ ਅਤੇ ਇਸ ਸਬੰਧੀ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ 400 ਕਰੋੜ ਰੁਪਏ ਖ਼ਰਚ ਕੀਤੇ ਜਾਣ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਡਾ. ਚੱਬੇਵਾਲ ਨੇ ਦੱਸਿਆ ਕਿ ਪੀ.ਡਬਲਿਊ.ਡੀ ਰਾਹੀਂ 344 ਕਰੋੜ ਨਾਲ 975 ਕਿਲੋਮੀਟਰ ਸੜਕਾਂ ਬਣਾਈਆਂ ਜਾਣਗੀਆਂ। ਇਸੇ ਤਰ੍ਹਾਂ ਪੰਜਾਬ ਮੰਡੀ ਬੋਰਡ ਵੱਲੋਂ 60.35 ਕਰੋੜ ਖ਼ਰਚ ਕਰਕੇ ਜ਼ਿਲ੍ਹੇ ਵਿੱਚ 74 ਕਿਲੋਮੀਟਰ ਸੜਕਾਂ ਦਾ ਨਿਰਮਾਣ ਕੀਤਾ ਜਾਵੇਗਾ। ਡਾ. ਚੱਬੇਵਾਲ ਨੇ ਦੱਸਿਆ ਕਿ ਜ਼ਰੂਰਤ ਮੁਤਾਬਿਕ ਜਿੱਥੇ ਨਵੀਆਂ ਸੜਕਾਂ ਦਾ ਨਿਰਮਾਣ ਹੋਵੇਗਾ, ਉੱਥੇ ਹੀ ਕੰਕਰੀਟ ਦੀਆਂ ਸੜਕਾਂ ਵੀ ਬਣਾਈਆਂ ਜਾਣਗੀਆਂ ਅਤੇ ਨਾਲ ਹੀ ਕਈ ਸੜਕਾਂ ਨੂੰ 18 ਫੁੱਟ ਚੌੜਾ ਕਰਕੇ ਨਵੀਂ ਦਿੱਖ ਪ੍ਰਦਾਨ ਕੀਤੀ ਜਾਵੇਗੀ ਅਤੇ ਕਈ ਥਾਵਾਂ 'ਤੇ ਲੋਕਾਂ ਦੀ ਲੋੜ ਦੇ ਅਨੁਸਾਰ ਨਵੀਆਂ ਸੜਕਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸੜਕਾਂ ਦੇ ਇਸ



ਨੈੱਟਵਰਕ ਦਾ ਕਾਰਜ 31 ਮਾਰਚ 2026 ਤੱਕ ਮੁਕੰਮਲ ਕਰ ਦਿੱਤਾ ਜਾਵੇਗਾ। ਡਾ. ਚੱਬੇਵਾਲ ਨੇ ਕਿਹਾ ਕਿ ਵਿਕਾਸ ਦੇ ਇਸ ਵੱਡੇ ਕਾਰਜ ਵਿੱਚ ਕਿਸੇ ਵੀ ਤਰ੍ਹਾਂ ਦੀ ਊਣਤਾਈ ਨਹੀਂ ਰਹਿਣ ਦਿੱਤੀ ਜਾਵੇਗੀ। ਇਸ ਲਈ ਜਿਹੜੀ ਵੀ ਕੰਪਨੀ ਜਿਸ ਵੀ ਸੜਕ ਦਾ ਨਿਰਮਾਣ ਕਰੇਗੀ, ਉਹ ਹੀ ਆਉਣ ਵਾਲੇ 5 ਸਾਲਾਂ ਤੱਕ ਉਸ ਸੜਕ ਦੀ ਰਿਪੇਅਰ ਲਈ ਜ਼ਿੰਮੇਵਾਰ ਵੀ ਹੋਵੇਗੀ। ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਪੰਜਾਬ ਲੈਂਡ ਲਾਕ ਸਟੇਟ ਹੈ, ਇਸ ਲਈ ਇੱਥੇ ਸੜਕਾਂ ਦਾ ਮਜ਼ਬੂਤ ਨੈੱਟਵਰਕ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਹੁਸ਼ਿਆਰਪੁਰ ਦੀ ਤਰਜ਼ ਉੱਪਰ ਹੀ ਸੂਬੇ ਦੇ ਦੂਜੇ ਜ਼ਿਲ੍ਹਿਆਂ ਅੰਦਰ ਵੀ ਪੰਜਾਬ ਸਰਕਾਰ ਵੱਲੋਂ ਸੜਕਾਂ ਦੇ ਨਿਰਮਾਣ ਉੱਪਰ ਕਰੋੜਾਂ ਰੁਪਏ ਖ਼ਰਚ ਕੀਤੇ ਜਾ ਰਹੇ ਹਨ।

## ਬੇਟੀ-ਬੇਟਾ ਸਮਾਨਤਾ ਦਿਵਸ 11 ਨੂੰ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਨਿਰਵਾਣੁ ਕੁਟੀਆ ਮਾਹਿਲਪੁਰ ਵਿਖੇ ਹਰ ਸਾਲ ਦੀ ਤਰ੍ਹਾਂ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜਿ. ਮਾਹਿਲਪੁਰ ਦੇ ਸਹਿਯੋਗ ਨਾਲ 11 ਜਨਵਰੀ ਦਿਨ ਐਤਵਾਰ ਨੂੰ ਦੁਪਹਿਰ 12 ਤੋਂ 3 ਵਜੇ ਤੱਕ ਬੇਟੀ-ਬੇਟਾ ਸਮਾਨਤਾ ਦਿਵਸ ਉਤਸਾਹ ਪੂਰਵਕ ਢੰਗ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਮਾਹਿਲਪੁਰ ਦੀ ਪ੍ਰਧਾਨ ਰੇਖਾ ਰਾਣੀ ਨੇ ਦੱਸਿਆ ਕਿ ਇਸ ਮੌਕੇ ਸਭ ਤੋਂ ਪਹਿਲਾਂ ਬੁੱਧ ਮਹਾਂਪੁਰਸ਼ਾਂ ਦੀਆਂ ਤਸਵੀਰਾਂ ਅੱਗੇ ਗਿਆਨ ਦੇ ਪ੍ਰਤੀਕ ਵਜੋਂ ਅਗਰਬੱਤੀ ਅਤੇ ਮੋਮਬੱਤੀ ਬਾਲੀ ਜਾਵੇਗੀ। ਉਸ ਤੋਂ ਬਾਅਦ ਸਮੂਹਿਕ ਤੌਰ ਤੇ ਮੈਡੀਟੇਸ਼ਨ ਕਰਕੇ ਕੁਦਰਤ ਅਤੇ ਕੁਦਰਤ ਵਿਚਲੇ ਵਰਤਾਰਿਆਂ ਨੂੰ ਸਮਝਣ ਦਾ ਯਤਨ ਕਰਦੇ ਹੋਏ ਆਪਣੀ ਸਰੀਰਕ ਤੰਦਰੁਸਤੀ ਅਤੇ ਮਾਨਸਿਕ ਖ਼ੁਸ਼ੀ ਲਈ ਬੇਲੋੜੀਆਂ ਤ੍ਰਿਸ਼ਨਾਵਾਂ ਤੋਂ ਦੂਰ ਰਹਿਣ ਦਾ ਸੰਕਲਪ ਕੀਤਾ ਜਾਵੇਗਾ।ਡਾ. ਪਰਮਿੰਦਰ ਸਿੰਘ ਅਪਥੈਲਮਿਕ ਅਫਸਰ ਅਤੇ ਸਾਬਕਾ ਲੈਕਚਰਾਰ ਦਵਿੰਦਰ ਕੌਰ ਦੇ ਪਰਵਾਰ ਵੱਲੋਂ ਸੰਗਤਾਂ ਲਈ ਚਾਹ ਪਾਣੀ ਅਤੇ ਹੋਰ ਖਾਣ ਪੀਣ ਦਾ ਪ੍ਰਬੰਧ ਕੀਤਾ ਗਿਆ ਹੈ। ਡਾਕਟਰ ਕੁਲਵਿੰਦਰ ਬਿੱਟੂ ਸੈਲਾ ਖੁਰਦ ਤੇ ਸਰਿਤਾ ਸ਼ਰਮਾ ਵੱਲੋਂ ਹਾਜ਼ਰ ਸੰਗਤਾਂ ਨੂੰ ਮੂੰਗਫਲੀ ਰਿਉੜੀਆਂ ਵੰਡੀਆਂ ਜਾਣਗੀਆਂ। ਸਮਾਗਮ ਦੇ ਆਯੋਜਕਾਂ ਵੱਲੋਂ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜਿਸਟਰਡ ਮਾਹਿਲਪੁਰ ਦੇ ਸਮੂਹ ਮੈਂਬਰਾਂ, ਸਮੱਰਥਕਾਂ ਅਤੇ ਹੋਰ ਸਹਿਯੋਗੀ ਸੱਜਣਾ ਨੂੰ ਇਸ ਸਮਾਗਮ ਵਿੱਚ ਪਹੁੰਚ ਕੇ ਗਿਆਨਵਾਨ ਅਤੇ ਤਰਕਵਾਦੀ ਵਿਚਾਰ ਸੁਣਨ ਦਾ ਸੱਦਾ ਦਿੱਤਾ ਗਿਆ ਹੈ।

## ਕੇਂਦਰ ਸਰਕਾਰ ਮਨਰੇਗਾ ਨੂੰ ਜਾਣਬੁਝ ਕੇ ਖਤਮ ਕਰ ਰਹੀ : ਡਾ. ਸੁੱਖੀ



**ਬੰਗਾ (ਅਵਤਾਰ ਕਲੇਰ)**- ਹਲਕਾ ਬੰਗਾ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਨੇ ਮੋਦੀ ਸਰਕਾਰ 'ਤੇ ਤਿੱਖਾ ਵਾਰ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਮਨਰੇਗਾ ਵਰਗੀ ਜੀਵਨ-ਰੇਖਾ ਯੋਜਨਾ ਨੂੰ ਜਾਨਬੁਝ ਕੇ ਖਤਮ ਕਰ ਰਹੀ ਹੈ, ਤਾਂ ਜੋ ਗਰੀਬ, ਦਲਿਤ ਅਤੇ ਮਜ਼ਦੂਰ ਵਰਗ ਨੂੰ ਬੇਰੁਜ਼ਗਾਰ ਕਰਕੇ ਮਜਬੂਰ ਕੀਤਾ ਜਾ ਸਕੇ। ਡਾ. ਸੁੱਖੀ ਨੇ ਕਿਹਾ ਕਿ ਜਿਸ ਸਰਕਾਰ ਨੇ ਕਾਰਪੋਰੇਟਾਂ ਦੇ ਕਰਜ਼ੇ ਮਾਫ਼ ਕਰ ਦਿੱਤੇ, ਉਹੀ ਸਰਕਾਰ ਗਰੀਬਾਂ ਦੇ ਰੁਜ਼ਗਾਰ ਲਈ ਪੈਸਾ ਨਹੀਂ ਦੇ ਰਹੀ। ਐੱਸ ਸੀ ਵਿੰਗ ਦੇ ਪੰਜਾਬ ਪ੍ਰਧਾਨ ਜੀ ਪੀ ਸਿੰਘ ਦੋਸ਼ ਲਗਾਇਆ ਕਿ ਧਰਮ ਦੇ ਨਾਂਅ 'ਤੇ ਲੋਕਾਂ ਨੂੰ ਭੜਕਾ ਕੇ ਰੋਟੀ ਤੇ ਰੁਜ਼ਗਾਰ ਖੋਹਣ ਦੀ ਸਾਜ਼ਿਸ਼ ਰਚੀ ਜਾ ਰਹੀ ਹੈ।ਦੋਆਬਾ ਜ਼ੋਨ ਇੰਚਾਰਜ ਜਰਨੈਲ ਨੰਗਲ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇ ਮਨਰੇਗਾ 'ਤੇ ਹਮਲੇ ਬੰਦ ਨਾ ਕੀਤੇ ਗਏ ਤਾਂ ਆਮ ਆਦਮੀ ਪਾਰਟੀ ਗਲੀ-ਗਲੀ, ਪਿੰਡ-ਪਿੰਡ ਸੰਘਰਸ਼ ਛੇੜੇਗੀ ਅਤੇ ਗਰੀਬਾਂ ਦੇ ਹੱਕਾਂ ਲਈ ਸੜਕਾਂ 'ਤੇ ਉਤਰੇਗੀ। ਇਸ ਮੌਕੇ ਤੇ ਹਲਕਾ ਸੰਗਠਨ ਇੰਚਾਰਜ ਪਵਨਜੀਤ ਸਿੰਘ ਸਿੱਧੂ, ਜ਼ਿਲ੍ਹਾ ਪ੍ਰਧਾਨ ਮਹਿਲਾ ਵਿੰਗ ਕੁਲਵੀਰ ਕੌਰ, ਮੀਡੀਆ ਇੰਚਾਰਜ ਮਨਜੀਤ ਸਿੰਘ ਨਾਮਧਾਰੀ, ਸਹਿ ਇੰਚਾਰਜ ਖੁਸ਼ਵਿੰਦਰ ਸਿੰਘ,ਹਲਕਾ ਯੂਥ ਵਿੰਗ ਇੰਚਾਰਜ ਵਿਪਨ ਰਾਣਾ, ਹਲਕਾ ਐਸ ਸੀ ਵਿੰਗ ਇੰਚਾਰਜ ਦਾਰਾ ਸਿੰਘ, ਸ਼ੋਸ਼ਲ ਮੀਡੀਆ ਇੰਚਾਰਜ ਸੋਮ ਨਾਥ, ਹਲਕਾ ਇੰਚਾਰਜ ਮਹਿਲਾ ਵਿੰਗ ਗੁਰਪ੍ਰੀਤ ਕੌਰ, ਬਲਾਕ ਪ੍ਰਧਾਨ,ਸੀਨੀਅਰ ਆਗੂ ਅਤੇ ਵਰਕਰ ਹਾਜ਼ਰ ਸਨ।

## ਫ੍ਰੀ ਮੈਡੀਕਲ, ਫਿਜ਼ਿਓਥਰੈਪੀ ਤੇ ਬਲੱਡ ਡੋਨੇਸ਼ਨ ਕੈਂਪ 11 ਨੂੰ

**ਫਗਵਾੜਾ (ਡਾ. ਰਮਨ)**- ਜੱਖੂ ਹਸਪਤਾਲ ਫਗਵਾੜਾ ਵੱਲੋਂ ਬੇਗਮਪੁਰਾ ਖਾਲਸਾ ਮਿਸ਼ਨ ਦੇ ਸਹਿਯੋਗ ਨਾਲ ਬਾਪੂ ਪ੍ਰੀਤਮ ਚੰਦ ਜੱਖੂ, ਮਾਤਾ ਬਿਮਲਾ ਰਾਣੀ ਜੱਖੂ ਅਤੇ ਭਰਾ ਜਸਵਿੰਦਰ ਸਿੰਘ



ਜੱਖੂ ਵੇਟ ਲਿਫ਼ਟਰ ਦੀ ਨਿੱਘੀ ਯਾਦ ਨੂੰ ਸਮਰਪਿਤ ਵਿਸ਼ਾਲ ਫ੍ਰੀ ਮੈਡੀਕਲ, ਫਿਜਿਓਥਰੈਪੀ ਅਤੇ ਬਲੱਡ ਡੋਨੇਸ਼ਨ ਕੈਂਪ ਮਿਤੀ 11 ਜਨਵਰੀ ਨੂੰ ਸਵੇਰੇ 10 ਵਜੇ ਤੋਂ ਬਾਦ ਦੁਪਹਿਰ 3 ਵਜੇ ਤੱਕ ਜੱਖੂ ਹਸਪਤਾਲ ਚਾਹਲ ਨਗਰ ਫਗਵਾੜਾ ਵਿਖੇ ਲਗਾਇਆ ਜਾ ਰਿਹਾ ਹੈ। ਡਾ. ਹਰਜਿੰਦਰ ਸਿੰਘ ਜੱਖੂ ਤੇ ਡਾ. ਅਵਨੀਤ ਕੌਰ ਜੱਖੂ ਨੇ ਕੈਂਪ ਸਬੰਧੀ ਜਾਣਕਾਰੀ ਦਿੰਦਿਆ ਦੱਸਿਆ ਕਿ ਕੈਂਪ ਦੌਰਾਨ ਮਾਹਿਰ ਡਾਕਟਰ ਦੀ ਟੀਮ ਮਰੀਜ਼ਾਂ ਦਾ ਫ੍ਰੀ ਚੈਕਅੱਪ ਕਰੇਗੀ ਅਤੇ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਜਾਣਗੀਆਂ ਅਤੇ ਲੈਬ ਟੈਸਟ ਮੁਫ਼ਤ ਕੀਤੇ ਜਾਣਗੇ।

## ਇਲਾਕੇ 'ਚ ਅਮਨ-ਸ਼ਾਂਤੀ ਤੇ ਕਾਨੂੰਨ ਵਿਵਸਥਾ ਨੂੰ ਹਰ ਕੀਮਤ 'ਤੇ ਬਹਾਲ ਰੱਖਿਆ ਜਾਵੇਗਾ : ਚੌਕੀ ਇੰਚਾਰਜ

**ਅੱਡਾ ਸਰਾਂ (ਜਸਵੀਰ ਕਾਜਲ)**- ਗਣਤੰਤਰ ਦਿਵਸ ਨੂੰ ਮੁੱਖ ਰੱਖਦਿਆਂ ਇਲਾਕੇ ਵਿੱਚ ਜ਼ਿਲ੍ਹਾ ਹੁਸ਼ਿਆਰਪੁਰ ਦੇ ਪੁਲਸ ਮੁਖੀ ਸੰਦੀਪ ਮਲਿਕ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਟਾਂਡਾ ਦੇ ਡੀ ਐਸ ਪੀ ਦਵਿੰਦਰ ਸਿੰਘ ਬਾਜਵਾ ਤੇ ਥਾਣਾ ਮੁਖੀ ਗੁਰਿੰਦਰਜੀਤ ਸਿੰਘ ਨਾਗਰਾ ਦੇ ਹੁਕਮਾਂ ਤਹਿਤ ਅੱਡਾ ਸਰਾਂ ਇਲਾਕੇ ਵਿੱਚ ਪੁਲਸ ਗਸ਼ਤ ਤੇਜ਼ ਕਰ ਦਿੱਤੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਅੱਡਾ ਸਰਾਂ ਚੌਕੀ ਇੰਚਾਰਜ ਸਰਬਜੀਤ ਸਿੰਘ ਨੇ ਸਥਾਨਕ ਪੱਤਰਕਾਰਾਂ ਨਾਲ ਕੀਤਾ। ਉਨ੍ਹਾਂ ਕਿਹਾ ਇਲਾਕੇ ਵਿੱਚ ਅਮਨ ਸ਼ਾਂਤੀ ਅਤੇ ਕਾਨੂੰਨ ਵਿਵਸਥਾ ਨੂੰ ਹਰ



ਕੀਮਤ 'ਤੇ ਬਹਾਲ ਰੱਖਿਆ ਜਾਵੇਗਾ ਅਤੇ ਸਮਾਜ ਵਿਰੋਧੀ ਸ਼ਰਾਰਤੀ ਅਨਸਰਾਂ ਅਤੇ ਨਸ਼ੇ ਦੇ ਸੌਦਾਗਾਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਬਸੰਤ ਪੰਚਵੀ ਜਿਥੇ ਖੁਸ਼ੀਆਂ ਅਤੇ ਆਪਸੀ ਭਾਈਚਾਰੇ ਦਾ ਪ੍ਰਤੀਕ ਹੈ ਉਥੇ ਹੀ ਕੁਝ ਲਾਲਚੀ ਲੋਕਾਂ ਨੇ ਆਪਣੇ ਨਿੱਜੀ ਫਾਇਦੇ ਲਈ ਮਨੁੱਖੀ ਜਾਨਾਂ ਅਤੇ ਪੰਛੀਆਂ ਲਈ ਘਾਤਕ ਬਣਾ ਦਿੱਤਾ ਹੈ। ਜੇ ਕੋਈ ਵੀ ਚਾਇਨਾ ਡੋਰ ਵੇਚਦਾ ਫੜਿਆ ਗਿਆ ਉਸ ਦੁਕਾਨਦਾਰ ਵਿਰੁੱਧ ਵੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਹਰੇਕ ਵਿਅਕਤੀ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਅਤੇ ਆਪਣੇ ਵਾਹਨਾਂ ਦੇ ਪੂਰੇ ਕਾਗਜ਼ਾਤ ਰੱਖਣ। ਉਨ੍ਹਾਂ ਇਲਾਕਾ ਵਾਸੀਆਂ ਤੋਂ ਇਲਾਕੇ ਵਿੱਚ ਅਮਨ ਸ਼ਾਂਤੀ ਬਣਾਈ ਰੱਖਣ ਲਈ ਸਹਿਯੋਗ ਮੰਗਿਆ ਹੈ। ਇਸ ਮੌਕੇ ਏ ਐੱਸ ਆਈ ਗੁਰਮੀਤ ਸਿੰਘ, ਏ ਐੱਸ ਆਈ ਬੁੱਧ ਸਿੰਘ, ਹੈਡਕਾਂਸਟੇਬਲ ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।

## ਸੀਚੇਵਾਲ ਵੱਲੋਂ ਹੜ੍ਹ ਪ੍ਰਭਾਵਤ ਇਲਾਕੇ ਦਾ ਦੌਰਾ

**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ)**- ਬਾਊਪੁਰ ਮੰਡ ਇਲਾਕੇ ਹੜ੍ਹਾਂ ਨਾਲ ਹੋਈ ਜ਼ਬਰਦਸਤ ਤਬਾਹੀ ਤੋਂ ਬਾਅਦ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਪਿਛਲੇ ਪੰਜ ਮਹੀਨਿਆਂ ਤੋਂ ਹੜ੍ਹ ਪੀੜਤਾਂ ਦੀ ਮਦਦ ਵਿੱਚ ਡਟੇ ਹੋਏ ਹਨ। ਹੜ੍ਹ ਪ੍ਰਭਾਵਿਤ ਲੋਕਾਂ ਦੀਆਂ ਸਮੱਸਿਆਵਾਂ ਨੂੰ ਬਹੁਤ ਨੇੜੇ ਤੋਂ ਜਾਣ ਰਹੇ ਸੰਤ ਸੀਚੇਵਾਲ ਨੇ ਮੰਡ ਦੇ ਬਾਊਪੁਰ ਕਦੀਮ, ਬਾਊਪੁਰ ਜਦੀਦ, ਭੈਣੀ ਕਾਦਰ ਬਖ਼ਸ਼ ਅਤੇ ਸਾਗਰਾਂ ਪਿੰਡਾਂ ਦੇ ਲੋਕਾਂ ਨਾਲ ਸਾਂਝੀਆਂ ਬੈਠਕਾਂ ਕੀਤੀਆਂ। ਪੀੜਤ ਲੋਕਾਂ ਨੇ ਹੜ੍ਹਾਂ ਕਾਰਨ ਬਿਜਲੀ ਸਪਲਾਈ ਵਿੱਚ ਆਈ ਰੁਕਾਵਟ, ਮੁਆਵਜ਼ੇ ਦੀ ਅਦਾਇਗੀ ਵਿੱਚ ਦੇਰੀ ਅਤੇ ਹੋਰ ਬੁਨਿਆਦੀ ਸਮੱਸਿਆਵਾਂ ਬਾਰੇ ਜਾਣੂ ਕਰਵਾਇਆ ਗਿਆ। ਸੰਤ ਸੀਚੇਵਾਲ ਨੇ ਮੌਕੇ 'ਤੇ ਹੀ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਤੁਰੰਤ ਅਤੇ ਪ੍ਰਾਥਮਿਕਤਾ ਅਧਾਰ 'ਤੇ ਸਮੱਸਿਆਵਾਂ ਦੇ ਹੱਲ ਲਈ ਨਿਰਦੇਸ਼ ਜਾਰੀ ਕੀਤੇ। ਸੰਤ ਸੀਚੇਵਾਲ ਨੇ ਕਿਹਾ ਕਿ ਪ੍ਰਭਾਵਿਤ ਕਿਸਾਨਾਂ ਨੂੰ ਮੁਆਵਜ਼ਾ ਦਿਵਾਉਣਾ, ਬਿਜਲੀ ਸਪਲਾਈ ਬਹਾਲ ਕਰਵਾਉਣਾ ਅਤੇ ਇਲਾਕੇ ਦੀ ਮੁੜ



ਵਸੋਂ ਸਰਕਾਰ ਅਤੇ ਪ੍ਰਸ਼ਾਸਨ ਦੀ ਸਾਂਝੀ ਜ਼ਿੰਮੇਵਾਰੀ ਹੈ, ਜਿਸ ਲਈ ਉਹ ਯਤਨਸ਼ੀਲ ਵਿੱਚ ਹਨ। ਕਿਸਾਨ ਸਤਵਿੰਦਰ ਸਿੰਘ ਨੇ ਕਿਹਾ ਕਿ ਸੰਤ ਸੀਚੇਵਾਲ ਦੀ ਅਗਵਾਈ ਹੇਠ ਜੰਗੀ ਪੱਧਰ 'ਤੇ ਚੱਲ ਰਹੀ ਕਾਰਸੇਵਾ ਸਦਕਾ ਨਵੰਬਰ ਮਹੀਨੇ ਤੱਕ ਲਗਭਗ 200 ਏਕੜ ਜ਼ਮੀਨ ਵਾਹੀਯੋਗ ਬਣਾ ਕੇ ਉੱਥੇ ਕਣਕ ਦੀ ਬਿਜਾਈ ਕੀਤੀ ਗਈ ਸੀ। ਹੁਣ ਵੀ ਜਿਹੜੇ ਕਿਸਾਨ ਕਣਕ ਦੀ ਬਿਜਾਈ ਤੋਂ ਰਹਿ ਗਏ ਸੀ, ਉਹਨਾਂ 25 ਛੋਟੇ ਕਿਸਾਨਾਂ ਦੇ ਖੇਤ ਮੱਕੀ ਦੀ ਬਿਜਾਈ ਲਈ ਤਿਆਰ ਕੀਤੇ ਗਏ ਹਨ। ਕਿਸਾਨਾਂ ਨੇ ਦੱਸਿਆ ਕਿ ਇਲਾਕੇ ਵਿੱਚ ਵੱਡੇ ਪੱਧਰ ਤੇ ਅਜੇ ਵੀ ਕਈ ਖੇਤ 5 ਤੋਂ 6 ਫੁੱਟ ਰੇਤ ਅਤੇ ਗਾਰ ਨਾਲ ਭਰੇ ਹੋਏ ਹਨ, ਜਿਨ੍ਹਾਂ ਦੀ ਸਫਾਈ ਲਈ ਵੱਡੇ ਪੱਧਰ ਤੇ ਮਸ਼ੀਨਰੀ ਤੇ ਡੀਜ਼ਲ ਦੀ ਲੋੜ ਹੈ। ਉਹਨਾਂ ਕਿਹਾ ਕਿ ਪਾਣੀ ਨਾਲ ਆਈ ਰੇਤ ਨੇ ਕਿਸਾਨਾਂ ਦੀ ਜ਼ਮੀਨਾਂ ਨੂੰ ਪੂਰੀ ਤਰ੍ਹਾਂ ਨਾਲ ਰੇਤਾਂ ਨਾਲ ਭਰ ਦਿੱਤਾ ਹੈ, ਜੋ ਕੇ ਕਿਸਾਨਾਂ ਲਈ ਸਾਫ ਕਰਨਾ ਨਾ-ਮੁਮਕਿਨ ਹੈ। ਸੰਤ ਸੀਚੇਵਾਲ ਨੇ ਸਹਿਯੋਗ ਕਰਨ ਵਾਲੀਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਜਿਹੜੇ ਕਿਸਾਨ ਕਣਕ ਦੀ ਬਿਜਾਈ ਨਹੀਂ ਕਰ ਸਕੇ, ਫਰਵਰੀ ਤੱਕ ਮੱਕੀ ਦੀ ਬਿਜਾਈ ਯਕੀਨੀ ਬਣਾਉਣ ਲਈ ਉਹਨਾਂ ਕਿਸਾਨਾਂ ਦੀ ਵੱਧ ਚੜ੍ਹ ਕੇ ਮਦਦ ਕੀਤੀ ਜਾਵੇ।

## ਸੱਤ ਰੋਜ਼ਾ ਐੱਨ ਐੱਸ ਐੱਸ ਕੈਂਪ ਲਗਾਇਆ

**ਜਲੰਧਰ (ਇਕਬਾਲ ਸਿੰਘ ਉਭੀ)**- ਸੇਂਟ ਸੋਲਜਰ ਕਾਲਜ ਬਸਤੀ ਦਨਿਸ਼ਮੰਦਾ ਵਿਖੇ ਸੱਤ ਰੋਜ਼ਾ ਐੱਨ ਐੱਸ ਐੱਸ. ਕੈਂਪ ਦਾ ਅਯੋਜਨ ਕੀਤਾ ਗਿਆ। ਇਸ ਮੌਕੇ ਡੀ ਏ.ਵੀ. ਕਾਲਜ, ਅੰਮ੍ਰਿਤਸਰ ਤੋਂ ਰਸਾਇਣ ਵਿਗਿਆਨ ਦੇ ਪ੍ਰੋ. ਰਾਜੇਸ਼ ਮਿੱਤਰ ਮੁੱਖ ਮਹਿਮਾਨ ਦੇ ਤੌਰ ਤੇ ਪਹੁੰਚੇ ।ਉਹਨਾ ਨੇ ਵਿਦਿਆਰਥੀਆਂ ਨੂੰ ਸਵੱਛ ਵਾਤਾਵਰਨ ਅਤੇ ਇਸ ਨੂੰ ਸਤੁਲਿਤ ਹੋਣ ਦੀ ਜੀਵਨ ਵਿਚ ਮਹੱਤਤਾ ਬਾਰੇ ਦਸਿਆ। ਉਹਨਾਂ ਨੇ ਬੱਚਿਆਂ ਨੂੰ ਲਗਨ ਅਤੇ ਮਿਹਨਤ ਨਾਲ ਕੈਂਪ ਵਿਚ ਕੰਮ ਕਰਨ ਲਈ ਪ੍ਰੇਰਿਆ। ਕਾਲਜ ਦੇ ਪ੍ਰਿੰਸੀਪਲ ਡਾ. ਸੁਨੀਲ ਕੁਮਾਰ ਅਰੋੜਾ ਨੇ ਐਨ. ਐੱਸ ਐੱਸ ਕੈਂਪ ਦੇ ਆਪਣੇ ਅਨੁਭਵਾਂ ਨੂੰ ਸਾਂਝਾ ਕਰਦਿਆਂ ਹੋਇਆਂ ਵਿਦਿਆਰਥੀਆਂ ਨੂੰ ਕੈਂਪ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ। ਇਸ ਤੋਂ ਬਾਅਦ ਪ੍ਰੋ: ਧਰੁਵ ਨੇ ਬੱਚਿਆਂ ਨੂੰ ਕੈਂਪ 'ਤੇ ਸਹੁੰ ਚੁਕਵਾਈ, ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਅਕਵੀਰ ਕੌਰ ਨੇ ਆਏ ਹੋਏ ਮਹਿਮਾਨਾਂ ਦਾ, ਪ੍ਰਿੰਸੀਪਲ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ। ਸਟੇਜ ਸਕੱਤਰ ਦੀ ਭੂਮਿਕਾ ਪ੍ਰੋ. ਹਿਮਾਨੀ ਨੇ ਬੜੇ ਹੀ ਸੁਚੱਜੇ ਢੰਗ ਨਾਲ ਨਿਭਾਈ। ਐਨ ਐੱਸ ਐੱਸ. ਦੇ ਕੋ-ਆਰਡੀਨੇਟਰ ਡਾ. ਮਮਤਾ ਰਾਈ ਨੇ ਵਿਦਿਆਰਥੀਆਂ ਨੂੰ ਐੱਨ ਐੱਸ ਐੱਸ ਬਾਰੇ ਜਾਣਕਾਰੀ ਦਿੱਤੀ । ਸੇਂਟ ਸੋਲਜਰ ਗਰੁੱਪ ਦੇ ਚੇਅਰਮੈਨ ਅਨਿਲ ਚੋਪੜਾ ਅਤੇ ਵਾਈਸ ਚੇਅਰਪਰਸਨ ਸੰਗੀਤਾ ਚੋਪੜਾ ਨੇ ਇਸ ਮੌਕੇ ਸਾਰਿਆਂ ਨੂੰ ਇਸ ਕੈਂਪ ਰਾਹੀਂ ਨਵੀਆਂ ਤੇ ਚੰਗੀਆਂ ਆਦਤਾਂ ਆਪਣੇ ਜੀਵਨ 'ਚ ਲੈ ਕੇ ਆਉਣ ਦਾ ਸੰਦੇਸ਼ ਦਿੱਤਾ।

## ਪੱਤਰਕਾਰਾਂ 'ਤੇ ਕੀਤੇ ਨਾਜਾਇਜ਼ ਪਰਚੇ ਤੁਰੰਤ ਰੱਦ ਕੀਤੇ ਜਾਣ : ਅਜੇ ਪੰਡਿਤ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਹਲਕਾ ਗੜ੍ਹਸ਼ੰਕਰ ਤੋ ਯੂਥ ਅਕਾਲੀ ਦਲ ਦੇ ਮੈਂਬਰ ਪੰਡਿਤ ਅਜੇ ਕੁਮਾਰ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੱਤਰਕਾਰਾਂ, ਆਰ ਟੀ ਆਈ ਕਾਰਕੁੰਨਾਂ ਅਤੇ ਹੋਰ ਵਿਅਕਤੀਆਂ ਖਿਲਾਫ ਦਰਜ ਝੂਠੇ ਪਰਚੇ ਤੁਰੰਤ ਵਾਪਸ ਲਏ ਜਾਣੇ ਚਾਹੀਦੇ ਹਨ, ਕਿਉਂਕਿ ਭਾਰਤ ਇਕ ਲੋਕਤੰਤਰ ਦੇਸ਼ ਹੈ ਤੇ ਲੋਕਤੰਤਰ ਵਿੱਚ ਹਰ ਕਿਸੇ ਨੂੰ ਬੋਲਣ ਦਾ ਅਧਿਕਾਰ ਹੈ। ਉਨਾਂ ਕਿਹਾ ਕਿ ਮੀਡੀਆ ਲੋਕਤੰਤਰ ਦਾ ਚੌਥਾ ਥੰਮ ਹੈ ਜੋ ਸਰਕਾਰ ਦੇ ਚੰਗੇ ਮਾੜੇ ਕੰਮਾਂ ਨੂੰ ਲੋਕਾਂ ਸਾਹਮਣੇ ਰੱਖਦਾ ਹੈ ਤੇ ਲੋਕਾਂ ਦੀਆਂ ਸਮੱਸਿਆਵਾਂ ਸਰਕਾਰ ਸਾਹਮਣੇ ਰੱਖਣ ਵਿੱਚ ਮਦਦ ਕਰਦਾ ਹੈ।ਇਸ ਮੌਕੇ ਪਰਮਜੀਤ ਸਿੰਘ, ਹਰਦੀਪ ਸਿੰਘ, ਬਿੰਦਰ, ਅਸ਼ਵਨੀ ਤੇ ਹੋਰ ਹਾਜ਼ਰ ਸਨ।

## ਕਰਨਵੀਰ ਕਟਾਰੀਆ ਨੇ ਬਲਾਕ ਪ੍ਰਧਾਨਾਂ ਤੇ ਯੂਥ ਬਲਾਕ ਪ੍ਰਧਾਨਾਂ ਨਾਲ ਕੀਤੀ ਮੀਟਿੰਗ

**ਬਲਾਚੌਰ (ਜਸਵਿੰਦਰ ਬੈਂਸ)**- ਹਲਕਾ ਯੂਥ ਪ੍ਰਧਾਨ ਕਰਨਵੀਰ ਕਟਾਰੀਆ ਵੱਲੋਂ ਅੱਜ ਬਲਾਕ ਪ੍ਰਧਾਨਾਂ ਅਤੇ ਯੂਥ ਬਲਾਕ ਪ੍ਰਧਾਨਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ, ਜਿਸ ਵਿੱਚ ਸਰਕਾਰ ਦੀਆਂ ਲੋਕ-ਭਲਾਈ ਸਕੀਮਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਬਾਰੇ ਰਣਨੀਤੀ ਉਲੀਕੀ ਗਈ। ਮੀਟਿੰਗ ਦੌਰਾਨ ਮੁੱਖ ਤੌਰ 'ਤੇ ਸਰਕਾਰ ਵੱਲੋਂ ਜਾਰੀ ਕੀਤੇ ਜਾ ਰਹੇ 10 ਲੱਖ ਰੁਪਏ ਤੱਕ ਦੇ ਮੁਫ਼ਤ ਸਿਹਤ ਬੀਮਾ ਕਾਰਡਾਂ ਬਾਰੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਕਰਨਵੀਰ ਕਟਾਰੀਆ ਨੇ ਕਿਹਾ ਕਿ ਸਰਕਾਰ ਵੱਲੋਂ ਆਮ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣ ਲਈ 10 ਲੱਖ ਰੁਪਏ ਤੱਕ



ਦਾ ਮੁਫ਼ਤ ਇਲਾਜ ਯਕੀਨੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਬਲਾਕ ਪ੍ਰਧਾਨਾਂ ਅਤੇ ਯੂਥ ਬਲਾਕ ਪ੍ਰਧਾਨਾਂ ਨੂੰ ਹਦਾਇਤ ਕੀਤੀ ਕਿ ਇਸ ਯੋਜਨਾ ਦਾ ਲਾਭ ਹਰ ਇੱਕ ਯੋਗ ਵਿਅਕਤੀ ਤੱਕ ਪਹੁੰਚਾਉਣ ਲਈ ਪਿੰਡਾਂ ਅਤੇ ਵਾਰਡਾਂ ਵਿੱਚ ਵਿਸ਼ੇਸ਼ ਮੁਹਿੰਮ ਚਲਾਈ ਜਾਵੇ। ਉਨ੍ਹਾਂ ਕਿਹਾ ਕਿ ਕੋਈ ਵੀ ਗਰੀਬ ਜਾਂ ਲੋੜਵੰਦ ਪਰਵਾਰ ਜਾਣਕਾਰੀ ਦੀ ਘਾਟ ਕਾਰਨ ਇਸ ਸੁਵਿਧਾ ਤੋਂ ਵਾਂਝਾ ਨਹੀਂ ਰਹਿਣਾ ਚਾਹੀਦਾ।ਮੀਟਿੰਗ ਵਿੱਚ ਫੈਸਲਾ ਲਿਆ ਗਿਆ ਕਿ ਬਲਾਕ ਪ੍ਰਧਾਨ ਅਤੇ ਯੂਥ ਵਿੰਗ ਦੇ ਵਰਕਰ ਘਰ-ਘਰ ਜਾ ਕੇ ਲੋਕਾਂ ਨੂੰ ਕਾਰਡ ਬਣਵਾਉਣ ਦੇ ਤਰੀਕੇ ਅਤੇ ਇਸ ਦੇ ਫਾਇਦਿਆਂ ਬਾਰੇ ਜਾਗਰੂਕ ਕਰਨਗੇ। ਇਸ ਮੌਕੇ ਵੱਖ-ਵੱਖ ਬਲਾਕਾਂ ਦੇ ਪ੍ਰਧਾਨ ਅਤੇ ਯੂਥ ਆਗੂ ਹਾਜ਼ਰ ਸਨ।

## ਮੋਨੂੰ ਦੀ 'ਪੈਰਾ ਰੈਜ਼ੀਮੈਂਟ' 'ਚ ਚੋਣ

**ਮਾਹਿਲਪੁਰ, (ਸ.ਫਰੀ)**- ਸ੍ਰੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ, ਮਾਹਿਲਪੁਰ ਦੀ ਐੱਨ ਸੀ ਸੀ ਯੂਨਿਟ ਦੇ ਹੋਣਹਾਰ ਕੈਡਿਟ ਸਾਰਜੈਂਟ ਮੋਨੂੰ ਦੀ ਚੋਣ ਭਾਰਤੀ ਸੈਨਾ ਦੀ 'ਪੈਰਾ ਰੈਜੀਮੈਂਟ' ਵਿੱਚ ਹੋਈ ਹੈ।ਵਿਦਿਆਰਥੀ ਮੋਨੂੰ ਦੀ ਇਸ ਸ਼ਾਨਦਾਰ ਪ੍ਰਾਪਤੀ



'ਤੇ ਕਾਲਜ ਦੀ ਪ੍ਰਬੰਧਕੀ ਕਮੇਟੀ ਤੇ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਨੇ ਮਾਣ ਮਹਿਸੂਸ ਕਰਦਿਆਂ ਕਿਹਾ ਕਿ ਇਹ ਨਾ ਸਿਰਫ਼ ਕਾਲਜ ਲਈ ਸਗੋਂ ਪੂਰੇ ਇਲਾਕੇ ਲਈ ਮਾਣ ਵਾਲੀ ਗੱਲ ਹੈ। ਇਸ ਮੌਕੇ ਕੈਡਿਟ ਮੋਨੂੰ ਨੇ ਆਪਣੀ ਸਫਲਤਾ ਦਾ ਸਿਹਰਾ ਐੱਨ ਸੀ ਸੀ ਅਫ਼ਸਰ ਲੈਫਟੀਨੈਂਟ ਡਾ. ਦੀਪਕ ਦੀ ਕੁਸ਼ਲ ਰਹਿਨੁਮਾਈ ਅਤੇ ਕਾਲਜ ਵੱਲੋਂ ਦਿੱਤੀ ਗਈ ਸਿਖਲਾਈ ਨੂੰ ਦਿੱਤਾ। ਲੈਫਟੀਨੈਂਟ ਡਾ. ਦੀਪਕ ਨੇ ਦੱਸਿਆ ਕਿ ਮੋਨੂੰ ਇੱਕ ਸਮਰਪਿਤ ਅਤੇ ਅਨੁਸ਼ਾਸਿਤ ਕੈਡਿਟ ਰਿਹਾ ਹੈ, ਜਿਸ ਦੀ ਸਖ਼ਤ ਮਿਹਨਤ ਅਤੇ ਸਰੀਰਕ ਯੋਗਤਾ ਨੇ ਉਸ ਨੂੰ ਫ਼ੌਜ ਦੀ ਇਸ ਵਿਸ਼ੇਸ਼ ਇਕਾਈ ਵਿੱਚ ਥਾਂ ਦਿਵਾਉਣ ਵਿੱਚ ਮਦਦ ਕੀਤੀ ਹੈ।ਇਸ ਮੌਕੇ ਕਾਲਜ ਸਟਾਫ਼ ਅਤੇ ਸਮੂਹ ਐੱਨ ਸੀ ਸੀ ਕੈਡਿਟਾਂ ਨੇ ਮੋਨੂ ਨੂੰ ਵਧਾਈ ਦਿੰਦਿਆਂ ਉਸ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ।

## ਘਟਨਾਵਾਂ ਹੋਣ ਤੋਂ ਪਹਿਲਾਂ ਚਾਈਨਾ ਡੋਰ 'ਤੇ ਪਾਬੰਦੀ ਜ਼ਰੂਰੀ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਸਮਾਜ ਸੇਵੀ ਐਡਵੋਕੇਟ ਗੌਰਵ ਨਾਗਰਾਜ ਅਤੇ ਰਾਜੂ ਭੰਡਾਲ ਬਲਾਕ ਪ੍ਰਧਾਨ ਨੂਰਮਹਿਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਇਆ ਕਿਹਾ ਕਿ ਅੱਜ ਕਲ ਪਤੰਗ ਉਡਾਉਣ ਦਾ ਮੌਸਮ ਤੇ ਸੀਜ਼ਨ ਆ ਗਿਆ ਹੈ। ਸਾਡੇ ਬੱਚੇ ਜਿਆਦਾਤਰ ਚਾਈਨਾ ਡੋਰ ਦੇ ਨਾਲ ਹੀ ਪਤੰਗ ਚੜ੍ਹਾਉਂਦੇ ਹਨ, ਜਿਸ ਡੋਰ ਦੇ ਨਾਲ ਬਹੁਤ ਜਿਆਦਾ ਕੀਮਤੀ ਜਾਨਾਂ ਚਲੀਆਂ ਜਾਂਦੀਆਂ ਹਨ ਅਤੇ ਕਈ ਵਾਰ ਪੰਛੀ ਵੀ ਇਸ ਡੋਰ ਦੀ ਚਪੇਟ ਵਿੱਚ ਆ ਜਾਂਦੇ ਹਨ ਤੇ ਉਹਨਾਂ ਦੀ ਮੌਤ ਹੋ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇਹ ਡੋਰ ਇੰਨੀ ਸਖਤ ਹੁੰਦੀ ਹੈ ਕਿ ਕਿਸੇ ਦੇ ਗਲ ਜਾਂ ਹੋਰ ਅੰਗ ਦੇ ਵਿੱਚ ਫਸਣ ਨਾਲ ਵਿਅਕਤੀ ਸਦਾ ਲਈ ਅਪੰਗ ਹੋ ਸਕਦਾ ਹੈ ਤੇ ਕਈ ਵਾਰੀ ਉਸ ਦੀ ਮੌਤ ਵੀ ਹੋ ਸਕਦੀ ਹੈ। ਜਦਕਿ ਕੁਝ ਘਟਨਾਵਾਂ ਹੋਣ ਤੋਂ ਬਾਅਦ ਹੀ ਸਰਕਾਰ ਤੇ ਪ੍ਰਸ਼ਾਸ਼ਨ ਹਰਕਤ ਵਿੱਚ ਆਉਂਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਸਮਾਂ ਰਹਿੰਦਿਆਂ ਇਸ ਡੋਰ ਤੇ ਪੂਰਨ ਤੌਰ ਤੇ ਪਾਬੰਦੀ ਲਗਾਈ ਜਾਵੇ ਤਾਂ ਇਹਨਾਂ ਘਟਨਾਵਾਂ ਅਤੇ ਅਜਾਈਂ ਮੌਤਾਂ ਤੋਂ ਬਚਿਆ ਜਾ ਸਕਦਾ ਹੈ।ਪ੍ਰਸ਼ਾਸ਼ਨ ਤੇ ਸਰਕਾਰ ਨੂੰ ਚਾਹੀਦਾ ਹੈ ਕਿ ਇਸ ਡੋਰ ਤੇ ਪੂਰਨ ਤੌਰ ਤੇ ਰੋਕ ਲਗਾ ਦਿੱਤੀ ਜਾਵੇ ਅਤੇ ਚਾਈਨਾ ਡੋਰ ਰੱਖਣ ਵਾਲਿਆਂ ਦੇ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕਰਨੀ ਚਾਹੀਦੀ ਹੈ ਜੋ ਇਸ ਡੋਰ ਨੂੰ ਵੇਚਦੇ ਹਨ ਜਾਂ ਜਿਨ੍ਹਾਂ ਕੋਲ ਸਟੋਕ ਪਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੇ ਨਾਲ ਨਾਲ ਆਮ ਪਬਲਿਕ ਨੂੰ ਵੀ ਇਸ ਡੋਰ ਪ੍ਰਤੀ ਸੁਚੇਤ ਹੋਣ ਦੀ ਸਖਤ ਜ਼ਰੂਰਤ ਹੈ ਤੇ ਆਪਣੇ ਬੱਚਿਆਂ ਨੂੰ ਇਹ ਚਾਈਨਾ ਡੋਰ ਬਿਲਕੁਲ ਖਰੀਦ ਕੇ ਨਹੀਂ ਦੇਣੀ ਚਾਹੀਦੀ।



## ਝਾਂਸੀ ਰਾਣੀ ਚੌਕ 'ਚ ਮੁੜ ਲੱਗੇ ਕੂੜੇ ਦੇ ਡੰਪ 'ਤੇ ਜ਼ਬਰਦਸਤ ਹੰਗਾਰਾ

### ਸ਼ਹਿਰ ਵਾਸੀਆਂ ਵੱਲੋਂ ਧਰਨਾ, ਜਾਮ ਤੇ ਬਾਜ਼ਾਰ ਹੋਏ ਬੰਦ

**ਜਗਰਾਉਂ (ਸੰਜੀਵ ਅਰੋੜਾ)** : ਨਗਰ ਕੌਂਸਲ ਕੋਲ ਕੂੜੇ ਦੇ ਡੰਪ ਲਈ ਕੋਈ ਢੁਕਵੀਂ ਜਗ੍ਹਾ ਨਾ ਹੋਣ ਕਾਰਨ ਪਿਛਲੇ ਕਈ ਦਿਨਾਂ ਤੋਂ ਹਰ ਮੁਹੱਲੇ, ਗਲੀ ਤੇ ਸੜਕਾਂ 'ਤੇ ਕੂੜੇ ਦੇ ਢੇਰ ਲੱਗੇ ਹੋਏ ਹਨ। ਸਥਾਨਕ ਝਾਂਸੀ ਰਾਣੀ ਚੌਕ, ਜਿੱਥੇ ਕੂੜੇ ਦਾ ਡੰਪ



ਬਣ ਗਿਆ ਸੀ, ਉਥੋਂ ਦੇ ਲੋਕਾਂ ਵੱਲੋਂ ਮਾਣਯੋਗ ਅਦਾਲਤ ਦਾ ਸਹਾਰਾ ਲੈ ਕੇ ਤੇ ਧਰਨੇ, ਮੁਜ਼ਾਹਰੇ ਲਗਾ ਕੇ ਡੰਪ ਬੰਦ ਕਰਵਾਇਆ ਸੀ, ਪ੍ਰੰਤੂ ਅੱਜ ਫਿਰ ਨਗਰ ਕੌਂਸਲ ਨੇ ਉਸੇ ਜਗ੍ਹਾ 'ਤੇ ਕੂੜਾ ਸੁੱਟ ਕੇ ਸ਼ਹਿਰ 'ਚ ਹਾਹਾਕਾਰ ਮਚਾ ਦਿੱਤੀ। ਕੂੜੇ ਦੇ ਢੇਰ ਦੇਖ ਭੜਕੇ ਲੋਕਾਂ ਝਾਂਸੀ ਰਾਣੀ ਚੌਕ 'ਚ ਧਰਨਾ ਲਗਾ ਦਿੱਤਾ, ਜਿਸ ਕਾਰਨ ਪੂਰੇ ਸ਼ਹਿਰ 'ਚ ਜਾਮ ਲੱਗ ਗਏ। ਇਸ ਤੋਂ ਇਲਾਵਾ ਸਥਾਨਕ ਲੋਕਾਂ ਨੇ ਬਾਜ਼ਾਰ ਬੰਦ ਕਰਕੇ ਨਗਰ ਕੌਂਸਲ ਖਿਲਾਫ਼ ਤੇ ਸਰਕਾਰ ਖਿਲਾਫ਼ ਜੰਮ ਕੇ ਭੜਾਸ ਕੱਢੀ। ਧਰਨੇ ਦੌਰਾਨ ਕੌਂਸਲਰ ਰਵਿੰਦਰਪਾਲ ਰਾਜੂ ਕਾਮਰੇਡ ਨੇ ਕਿਹਾ ਕਿ ਜਦੋਂ ਪ੍ਰਧਾਨ ਜਤਿੰਦਰਪਾਲ ਰਾਣਾ ਸੀ, ਉਦੋਂ ਵਿਰੋਧੀ ਇਸ ਡੰਪ ਨੂੰ ਸ਼ਹਿਰ ਦੇ ਮੱਥੇ 'ਤੇ ਕਲੰਕ ਦੱਸਦੇ ਸਨ, ਪਰ ਅੱਜ ਖੁਦ ਉਸੇ ਕਲੰਕ ਨੂੰ ਮੁੜ ਸਥਾਪਤ ਕਰਨ ਦੀਆਂ ਸਾਜ਼ਿਸ਼ਾਂ ਰਚ ਰਹੇ ਹਨ, ਜਿਸ ਨੂੰ ਕਿਸੇ ਕੀਮਤ 'ਤੇ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ। ਇਸ ਮੌਕੇ ਦੁਕਾਨਦਾਰਾਂ ਰਾਕੇਸ਼ ਖੁਰਾਣਾ, ਅਮਨ ਤਿਹਾੜਾ ਜਿਊਲਰਜ਼ ਤੇ ਸੁਨੀਲ ਕੁਮਾਰ ਨੇ ਕਿਹਾ ਕਿ ਇਹ ਡੰਪ ਬੜੀ ਮੁਸ਼ਕਲ ਨਾਲ ਬੰਦ ਕਰਵਾਇਆ ਸੀ, ਕਿਉਂਕਿ ਇਸ ਦੀ ਬਦਬੂ ਕਾਰਨ ਇੱਥੋਂ ਲੰਘਣਾ, ਸਾਹ ਲੈਣਾ ਤੇ ਦੁਕਾਨਦਾਰਾਂ ਦਾ ਜੀਣਾ ਦੁੱਭਰ ਹੋ ਚੁੱਕਾ ਸੀ। ਸਕੂਲੀ ਬੱਚੇ ਵੀ ਇਸ ਤੋਂ ਬੇਹੱਦ ਪ੍ਰੇਸ਼ਾਨ ਹਨ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਇਸ ਡੰਪ ਨੂੰ ਮੁੜ ਚਾਲੂ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਸੰਘਰਸ਼ ਤੇਜ਼ ਜਾਵੇਗਾ। ਧਰਨੇ ਦੌਰਾਨ ਸਥਾਨਕ ਤਹਿਸੀਲਦਾਰ ਤੇ ਡੀ. ਐੱਸ. ਪੀ. ਪਹੁੰਚੇ ਤੇ ਧਰਨਾਕਾਰੀਆਂ ਨੂੰ ਸਮਝਾਉਣ ਦੀ ਕੋਸ਼ਿਸ਼ ਕੀਤੀ। ਲੰਬੀ ਜੱਦੋਂ-ਜਹਿਦ ਤੇ ਝਾਂਸੀ ਰਾਣੀ ਚੌਕ 'ਚ ਕੂੜਾ ਨਾ ਸੁੱਟਣ ਦੀ ਸ਼ਰਤ 'ਤੇ ਧਰਨਾ ਸਮਾਪਤ ਹੋਇਆ।

## ਇੰਟਰਨੈਸ਼ਨਲ ਕਰਾਟੇ ਚੈਂਪੀਅਨਸ਼ਿਪ ਕਰਵਾਈ

**ਬੰਗਾ (ਅਵਤਾਰ ਕਲੇਰ)**- ਬੀਤੇ ਦਿਨੀ ਦੇਹਰਾਦੂਨ ਵਿਖੇ 'ਇੰਟਰਨੈਸ਼ਨਲ ਕਰਾਟੇ ਚੈਂਪੀਅਨਸ਼ਿਪ' ਕਰਵਾਈ ਗਈ ਜਿਸ ਵਿੱਚ ਵੀਰ ਫਾਈਟਰ ਕਰਾਟੇ ਕਲੱਬ ਬੰਗਾ ਦੀ ਟੀਮ ਨੇ ਕਰਾਟੇ ਕੋਚ ਰਾਜਵੀਰ ਸਿੰਘ ਕੈਂਥ ਦੀ ਅਗਵਾਈ ਹੇਠ ਭਾਗ ਲਿਆ ਤੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਚਾਰ ਗੋਲਡ ਅਤੇ ਤਿੰਨ ਸਿਲਵਰ ਮੈਡਲ ਜਿੱਤ ਕੇ ਪੰਜਾਬ ਦਾ ਨਾਂਅ ਰੌਸ਼ਨ ਕੀਤਾ।



ਪ੍ਰਭਵੀਰ ਸਿੰਘ ਕੈਂਥ, ਮਨਕੀਰਤ ਕੌਰ ਕੈਂਥ, ਮਹਿਲਦੀਪ ਸਿੰਘ ਤੇ ਕਬੀਰ ਸਿੰਘ ਨੇ ਗੋਲਡ ਮੈਡਲ ਜਿੱਤੇ ਜਸਮੀਤ ਕੌਰ, ਮਾਨਵੀਰ ਸਿੰਘ ਅਤੇ ਏਕਮ ਵੀਰ ਸਿੰਘ ਨੇ ਸਿਲਵਰ ਮੈਡਲ ਜਿੱਤੇ ਸਮਾਗਮ ਦੌਰਾਨ ਜੇਤੂ ਖਿਡਾਰੀਆਂ ਨੂੰ ਸਨਮਾਨਤ ਕੀਤਾ ਗਿਆ। ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਪਹੁੰਚੇ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਦੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਨੇ ਜੇਤੂ ਖਿਡਾਰੀਆਂ ਨੂੰ ਸਨਮਾਨਤ ਕੀਤਾ। ਉਨਾਂ ਨੇ ਜੇਤੂ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਤੇ ਕਰਾਟੇ ਕੋਚ ਰਾਜਵੀਰ ਸਿੰਘ ਕੈਂਥ ਨੂੰ ਮੁਬਾਰਕਾਂ ਦਿੱਤੀਆਂ।ਇਸ ਮੌਕੇ ਮਹਿੰਦਰ ਪਾਲ ਸਿੰਘ ਡਾ ਹਰੀ ਕ੍ਰਿਸ਼ਨ, ਕੁਲਦੀਪ ਸਿੰਘ ਰਾਣਾ, ਜਸਵਿੰਦਰ ਸਿੰਘ, ਮਾਸਟਰ ਅਸ਼ੋਕ ਕੁਮਾਰ, ਕੁਸਮ ਭੰਡਾਰੀ, ਸੁਦੇਸ਼ ਕੁਮਾਰ, ਗੋਬਿੰਦ ਰਾਮ, ਥਾਣੇਦਾਰ ਮਨਜੀਤ ਕੁਮਾਰ ਆਦਿ ਹਾਜ਼ਰ ਸਨ।

## ਮਨਰੇਗਾ ਕਾਮਿਆਂ ਨੇ ਵੀ ਬੀ ਜੀ ਰਾਮ ਜੀ ਸਕੀਮ ਵਿਰੁੱਧ ਕੱਢਿਆ ਰੋਸ ਮਾਰਚ

**ਕਾਲਾ ਸੰਘਿਆਂ (ਮਨਜੀਤ ਮਾਨ)**- ਜ਼ਿਲ੍ਹਾ ਕਪੂਰਥਲਾ ਦੇ ਇਤਿਹਾਸਕ ਕਸਬਾ ਕਾਲਾ ਸੰਘਿਆਂ ਵਿਖੇ ਕਿਰਤੀ ਕਿਸਾਨ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਬਾਜਵਾ ਤੇ ਇਲਾਕਾ ਕਮੇਟੀ ਕਾਲਾ ਸੰਘਿਆਂ ਦੇ



ਪ੍ਰਧਾਨ ਪਲਵਿੰਦਰ ਸਿੰਘ ਸੰਘਾ ਦੀ ਅਗਵਾਈ ਹੇਠ ਕਾਲਾ ਸੰਘਿਆਂ ਵਿਖੇ ਕੇਂਦਰ ਸਰਕਾਰ ਵੱਲੋਂ ਮਨਰੇਗਾ ਸਕੀਮ ਦੇ ਬਦਲ 'ਚ ਲਿਆਂਦੀ ਜਾ ਰਹੀ ਵਿਕਸਿਤ ਭਾਰਤ ਗਰੰਟੀ ਫਾਰ ਰੋਜ਼ਗਾਰ ਐਂਡ ਅਜੀਵੀਕਾ ਮਿਸ਼ਨ (ਵੀ ਬੀ ਜੀ ਰਾਮ ਜੀ ਸਕੀਮ) ਦੇ ਵਿਰੋਧ ਵਿੱਚ ਰੋਸ ਮਾਰਚ ਕੱਢਿਆ ਗਿਆ। ਨੇੜਲੇ ਪਿੰਡਾਂ ਤੋਂ ਲੋਕਾਂ ਨੇ ਰੋਸ ਮਾਰਚ ਵਿੱਚ ਹਿੱਸਾ ਲਿਆ। ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਬਾਜਵਾ ਤੇ ਇਲਾਕਾ ਕਮੇਟੀ ਦੇ ਪ੍ਰਧਾਨ ਪਲਵਿੰਦਰ ਸਿੰਘ ਸੰਘਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੋਦੀ ਸਰਕਾਰ ਵੱਲੋਂ ਪੰਜਾਬ ਨਾਲ ਹਮੇਸ਼ਾ ਤੋਂ ਮਤਰੇਆ ਸਲੂਕ ਕੀਤਾ ਜਾਂਦਾ ਹੈ ਉਹਨਾਂ ਕਿਹਾ ਕਿ ਜੇਕਰ ਸਰਕਾਰ ਵਾਕਿਆ ਹੀ ਮਜ਼ਦੂਰਾਂ ਦਾ ਭਲਾ ਚਾਹੁੰਦੀ ਹੈ ਤਾਂ ਮਨਰੇਗਾ ਮਜ਼ਦੂਰਾਂ ਦੀ ਦਿਹਾੜੀ ਵਿੱਚ ਵਾਧਾ ਕਰੇ ਅਤੇ ਕੰਮ ਦੇ ਦਿਨ ਵਧਾਵੇ ਸਕੀਮ ਦਾ ਨਾਂਅ ਬਦਲ ਕੇ ਲੋਕਾਂ ਨੂੰ ਮੂਰਖ ਨਾ ਬਣਾਵੇ। ਆਗੂਆਂ ਨੇ ਕਿਹਾ ਕਿ ਕਿਰਤੀ ਕਿਸਾਨ ਯੂਨੀਅਨ ਵੱਲੋਂ ਮਨਰੇਗਾ ਸਕੀਮ ਦੇ ਬਦਲ ਵਾਲੀ ਸਕੀਮ ਦਾ ਡੱਟ ਕੇ ਵਿਰੋਧ ਕਰੇਗੀ। ਉਨ੍ਹਾਂ ਕਿਹਾ ਕਿ ਸਰਕਾਰ ਬਿਜਲੀ ਸੋਧ ਬਿਲ, ਚਿੱਪ ਵਾਲੇ ਮੀਟਰ ਤੇ ਵੀ ਬੀ ਜੀਰਾਮ ਜੀ ਸਕੀਮ ਨੂੰ ਇਥੇ ਹੀ ਬੰਦ ਕਰੇ। ਜੇਕਰ ਸਰਕਾਰ ਅਜਿਹਾ ਨਹੀਂ ਕਰਦੀ ਤਾਂ ਕਿਸਾਨ ਤੇ ਮਜ਼ਦੂਰ ਜੱਥੇਬੰਦੀਆਂ ਮੋਦੀ ਸਰਕਾਰ ਵਿਰੁੱਧ ਸੰਘਰਸ਼ ਦਾ ਬਿਗੁਲ ਵਜਾਉਣ ਲਈ ਮਜਬੂਰ ਹੋਣਗੀਆਂ। ਇਕੱਤਰ ਲੋਕਾਂ ਨੇ ਕੇਂਦਰ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ।ਸਥਾਨਕ ਆਗੂ ਸਰਬਣ ਸਿੰਘ ਸੰਘਾ ਸਮੇਤ ਵੱਡੀ ਗਿਣਤੀ ਵਿੱਚ ਨੇੜਲੇ ਪਿੰਡਾਂ ਦੇ ਲੋਕ ਹਾਜ਼ਰ ਸਨ।

## ਪੰਜਾਬ ਸਰਕਾਰ ਨੇ ਬਾਲ ਵਿਆਹ ਵਿਰੁੱਧ ਜੰਗ ਕੀਤੀ ਤੇਜ਼ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਬਾਲ ਵਿਆਹ ਦੀ ਸਮਾਜਿਕ ਬੁਰਾਈ ਨੂੰ ਸੂਬੇ ਵਿੱਚੋਂ ਮੁਕੰਮਲ ਰੂਪ ਵਿੱਚ ਖ਼ਤਮ ਕਰਨ ਲਈ ਨਿਰੰਤਰ, ਮਜ਼ਬੂਤ ਅਤੇ ਨਤੀਜਾ-ਮੁਖੀ ਯਤਨ ਕੀਤੇ ਜਾ ਰਹੇ ਹਨ । ਇਹ ਜਾਣਕਾਰੀ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਸਰਕਾਰ ਦੀ ਬਾਲ-ਕੇਂਦ੍ਰਿਤ ਅਤੇ ਨੀਤੀਗਤ ਪਹੁੰਚ ਦਾ ਹਵਾਲਾ ਦਿੰਦਿਆਂ ਸਾਂਝੀ ਕੀਤੀ।ਇਸ ਸਬੰਧੀ ਵੇਰਵੇ ਸਾਂਝੇ ਕਰਦਿਆਂ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਮੌਜੂਦਾ ਵਿੱਤੀ ਸਾਲ 2025-26 ਦੌਰਾਨ ਬੱਚਿਆਂ ਦੀ ਸੁਰੱਖਿਆ ਅਤੇ ਹਿੱਤਾਂ ਨੂੰ ਬਰਕਰਾਰ ਰੱਖਣ ਲਈ ਸਮੇਂ ਸਿਰ ਕਾਰਵਾਈ ਯਕੀਨੀ ਬਣਾਉਂਦਿਆਂ ਪੰਜਾਬ ਸਰਕਾਰ ਦੇ ਦਖ਼ਲ ਨਾਲ ਬਾਲ ਵਿਆਹਾਂ ਦੇ 64 ਮਾਮਲਿਆਂ ਨੂੰ ਸਫਲਤਾਪੂਰਵਕ ਰੋਕਿਆ ਗਿਆ ਹੈ।ਇਸ ਸਮਾਜਿਕ ਉਪਰਾਲੇ ਵਿੱਚ ਲੋਕਾਂ ਨੂੰ ਵਧ-ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕਰਦਿਆਂ ਮੰਤਰੀ ਨੇ ਕਿਹਾ, ਬਾਲ ਵਿਆਹ ਦੀ ਕਿਸੇ ਵੀ ਘਟਨਾ ਦੀ ਰਿਪੋਰਟ ਬਿਨਾਂ ਕਿਸੇ ਝਿਜਕ ਤੋਂ ਨਜ਼ਦੀਕੀ ਬਾਲ ਵਿਆਹ ਰੋਕਥਾਮ ਅਧਿਕਾਰੀ ਨਾਲ ਸੰਪਰਕ ਕਰਕੇ ਜਾਂ ਚਾਈਲਡ ਹੈਲਪਲਾਈਨ 1098 'ਤੇ ਕਾਲ ਕਰਕੇ ਦਿੱਤੀ ਜਾ ਸਕਦੀ ਹੈ ਤਾਂ ਜੋ ਸਮੇਂ ਸਿਰ ਕਾਰਵਾਈ ਨੂੰ ਯਕੀਨੀ ਬਣਾ ਕੇ ਬੱਚਿਆਂ ਦੀ ਸੁਰੱਖਿਆ ਕੀਤੀ ਜਾ ਸਕੇ।ਮੰਤਰੀ ਡਾ. ਬਲਜੀਤ ਕੌਰ ਨੇ ਅੱਗੇ ਦੱਸਿਆ ਕਿ ਪੰਜਾਬ ਵਿੱਚ ਬਾਲ ਵਿਆਹ ਰੋਕਥਾਮ ਲਈ ਨਿਯੁਕਤ ਸਾਰੇ ਅਧਿਕਾਰੀਆਂ ਦੇ ਵੇਰਵੇ ਭਾਰਤ ਸਰਕਾਰ ਦੇ ਰਾਸ਼ਟਰੀ ਬਾਲ ਵਿਆਹ ਮੁਕਤੀ ਪੋਰਟਲ 'ਤੇ ਅਪਲੋਡ ਕੀਤੇ ਗਏ ਹਨ ।ਸੂਬੇ ਵੱਲੋਂ ਚੁੱਕੇ ਗਏ ਪ੍ਰਸ਼ਾਸਕੀ ਉਪਾਵਾਂ ਨੂੰ ਉਜਾਗਰ ਕਰਦਿਆਂ ਮੰਤਰੀ ਨੇ ਕਿਹਾ ਕਿ ਬੱਚਿਆਂ ਦੇ ਸੰਪੂਰਨ ਵਿਕਾਸ ਨੂੰ ਯਕੀਨੀ ਬਣਾਉਣ ਅਤੇ ਬਾਲ ਵਿਆਹ ਨੂੰ ਪੂਰੀ ਤਰ੍ਹਾਂ ਖਤਮ ਕਰਨ ਲਈ ਪੰਜਾਬ ਭਰ ਵਿੱਚ ਜ਼ਿਲ੍ਹਾ ਅਤੇ ਬਲਾਕ ਪੱਧਰ 'ਤੇ 2,076 ਬਾਲ ਵਿਆਹ ਰੋਕਥਾਮ ਅਧਿਕਾਰੀ ਨਿਯੁਕਤ ਕੀਤੇ ਗਏ ਹਨ। ਉਨ੍ਹਾਂ ਕਿਹਾ, ਇਹ ਅਧਿਕਾਰੀ ਸਰਗਰਮੀ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾ ਰਹੇ ਹਨ ਅਤੇ ਇਸ ਸਮਾਜਿਕ ਬੁਰਾਈ ਨੂੰ ਰੋਕਣ ਲਈ ਜ਼ਮੀਨੀ ਪੱਧਰ 'ਤੇ ਸੁਹਿਰਦਤਾ ਨਾਲ ਕੰਮ ਕਰ ਰਹੇ ਹਨ ।ਉਨ੍ਹਾਂ ਇਹ ਵੀ ਕਿਹਾ ਕਿ ਸਮਾਜਿਕ ਸੁਰੱਖਿਆ ਵਿਭਾਗ ਅਧੀਨ ਸਾਰੇ ਜ਼ਿਲ੍ਹਿਆਂ ਦੇ ਬਾਲ ਵਿਕਾਸ ਪ੍ਰੋਜੈਕਟ ਅਧਿਕਾਰੀਆਂ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਦੇ ਪ੍ਰਿੰਸੀਪਲਾਂ ਨੂੰ ਬਾਲ ਵਿਆਹ ਰੋਕਥਾਮ ਅਧਿਕਾਰੀ ਵਜੋਂ ਨਾਮਜ਼ਦ ਕੀਤਾ ਗਿਆ ਹੈ।

## ਸ਼ੋਕ ਸਮਾਚਾਰ

**ਜਲੰਧਰ (ਰਾਜੇਸ਼ ਥਾਪਾ)**- ਰੇਲ ਮੁਲਾਜ਼ਮਾਂ ਦੇ ਉੱਘੇ ਆਗੂ 'ਨਾਰਦਰਨ ਰੇਲਵੇ ਮੈਨਜ਼ ਯੂਨੀਅਨ' ਦੀ ਫਿਰੋਜ਼ਪੁਰ ਡਿਵੀਜਨ ਦੇ ਸਕੱਤਰ ਕਾਮਰੇਡ ਸ਼ਿਵ ਦੱਤ ਸ਼ਰਮਾ ਦੇ ਪੂਜਨੀਕ ਮਾਤਾ ਸ਼ਕੁੰਤਲਾ ਦੇਵੀ (84) ਸੁਪਤਨੀ ਮਰਹੂਮ ਕੁਲਦੀਪ ਰਾਜ ਸ਼ਰਮਾ ਦਾ ਦਿਹਾਂਤ ਹੋ ਗਿਆ ਹੈ। ਦੇਸ਼ ਦੀ ਜਮਹੂਰੀ ਲਹਿਰ ਦੇ ਨਾਮਵਰ ਆਗੂ ਮੰਗਤ ਰਾਮ ਪਾਸਲਾ, ਜੇ ਪੀ ਐੱਮ ਓ ਦੇ ਸੂਬਾਈ ਆਗੂ ਪ੍ਰਗਟ ਸਿੰਘ ਜਾਮਾਰਾਏ, ਸੀ ਟੀ ਯੂ ਪੰਜਾਬ ਦੇ ਜਨਰਲ ਸਕੱਤਰ ਤੇ ਕੈਸ਼ੀਅਰ ਕਾਮਰੇਡ ਨੱਥਾ ਸਿੰਘ ਤੇ ਸ਼ਿਵ ਕੁਮਾਰ, ਪ ਸ ਸ ਫ (1406- 22 ਬੀ ਚੰਡੀਗੜ੍ਹ) ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ, ਜਮਹੂਰੀ ਕਿਸਾਨ ਸਭਾ ਪੰਜਾਬ ਦੇ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ, ਦਿਹਾਤੀ ਮਜ਼ਦੂਰ ਸਭਾ ਪੰਜਾਬ ਦੇ ਪ੍ਰਧਾਨ ਦਰਸ਼ਨ ਨਾਹਰ, ਟੀ ਐੱਸਯੂ (ਵਿਗਿਆਨਕ ਧੜਾ) ਦੇ ਆਗੂ ਜਗਤਾਰ ਸਿੰਘ ਉੱਪਲ, ਥੀਨ ਡੈਮ ਵਰਕਰਸ ਯੂਨੀਅਨ ਦੇ ਆਗੂ ਹਰਿੰਦਰ ਸਿੰਘ ਰੰਧਾਵਾ ਨੇ ਮਾਤਾ ਦੀਆਂ ਘਾਲਣਾਵਾਂ ਨੂੰ ਸਲਾਮ ਕਰਦਿਆਂ ਪਰਵਾਰ ਦਾ ਦੁੱਖ ਵੰਡਾਇਆ ਹੈ। ਮਾਤਾ ਨਮਿੱਤ ਸ਼ੋਕ ਸਭਾ 17 ਜਨਵਰੀ ਨੂੰ ਪਠਾਨਕੋਟ ਵਿਖੇ ਕਬਾੜੀਆਂ ਦੀ ਧਰਮਸ਼ਾਲਾ 'ਚ ਹੋਵੇਗੀ।

## ਬੀ ਐੱਸ ਐੱਫ ਵੱਲੋਂ ਬੇਹਤਰੀਨ ਸੇਵਾਵਾਂ ਲਈ ਪੁਲਸ ਮੈਡਲ ਪ੍ਰਦਾਨ ਕਰਨ ਸੰਬੰਧੀ ਸਮਾਰੋਹ



**ਮੋਹਾਲੀ, (ਕ੍ਰਿਸ਼ਨ ਗਰਗ)**- ਬਾਰਡਰ ਸੁਰੱਖਿਆ ਫੋਰਸ (ਬੀ ਐੱਸ ਐੱਫ) ਦੇ ਵੈਸਟਰਨ (ਪੱਛਮੀ) ਕਮਾਂਡ ਵੱਲੋਂ ਬੀ ਐੱਸ ਐੱਫ ਵੈਸਟਰਨ ਕਮਾਂਡ, ਲਖਨੌਰ ਕੈਂਪਸ, ਮੋਹਾਲੀ (ਪੰਜਾਬ) ਵਿੱਚ ਮੈਡਲ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਦੌਰਾਨ ਸੇਵਾ ਕੇ ਰਹੇ ਅਤੇ ਸੇਵਾ ਮੁਕਤ ਬੀ ਐੱਸ ਐੱਫ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਬੇਹਤਰੀਨ ਸੇਵਾਵਾਂ ਲਈ ਪੁਲਸ ਮੈਡਲਾਂ ਨਾਲ ਸਨਮਾਨਤ ਕੀਤਾ ਗਿਆ।ਇਸ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਗੁਲਾਬ ਚੰਦ ਕਟਾਰੀਆ, ਰਾਜਪਾਲ ਪੰਜਾਬ ਅਤੇ ਪ੍ਰਸ਼ਾਸਕ ਚੰਡੀਗੜ੍ਹ ਨੇ ਸ਼ਿਰਕਤ ਕੀਤੀ। ਇਸ ਮੌਕੇ ਮੋਹਾਲੀ, ਚੰਡੀਗੜ੍ਹ ਅਤੇ ਪੰਚਕੂਲਾ ਦੀ ਸਿਵਲ ਤੇ ਪੁਲਸ ਪ੍ਰਸ਼ਾਸਨ ਨਾਲ ਸੰਬੰਧਿਤ ਕਈ ਮਾਣਯੋਗ ਹਸਤੀਆਂ ਵੀ ਹਾਜ਼ਰ ਸਨ।ਸਮਾਰੋਹ ਦੌਰਾਨ ਕੁੱਲ 24 ਅਧਿਕਾਰੀਆਂ, ਸੁਬਾਰਡੀਨੇਟ ਅਧਿਕਾਰੀਆਂ ਅਤੇ ਹੋਰ ਰੈਂਕਾਂ, ਜਿਨ੍ਹਾਂ ਵਿੱਚ ਸੇਵਾ ਮੁਕਤ ਬੀ ਐਸ ਐਫ ਅਧਿਕਾਰੀ ਅਤੇ ਕਰਮਚਾਰੀ ਵੀ ਸ਼ਾਮਲ ਸਨ, ਨੂੰ ਮੇਰਿਟੋਰੀਅਸ ਸਰਵਿਸ ਲਈ ਪੁਲਿਸ ਮੈਡਲ ਪ੍ਰਦਾਨ ਕੀਤੇ ਗਏ। ਸਤੀਸ਼ ਐੱਸ ਖੰਡਾਰੇ ਏ ਡੀ ਜੀ ਬੀ ਐਸ ਐਫ ਵੈਸਟਰਨ ਕਮਾਂਡ ਨੇ ਮੁੱਖ ਮਹਿਮਾਨ ਤੇ ਹੋਰ ਮਹਿਮਾਨਾਂ ਦਾ ਸਵਾਗਤ ਕੀਤਾ।

# ਸਾਬਕਾ ਮੰਤਰੀ ਗਿਲਜੀਆਂ ਨੇ ਕੀਤਾ ਮਨਰੇਗਾ ਬਚਾਓ ਸੰਗਰਾਮ ਰੈਲੀ ਲਈ ਵਰਕਰਾਂ ਨੂੰ ਲਾਮਬੰਦ

**ਅੱਡਾ ਸਰਾਂ/ ਟਾਂਡਾ ਉੜਮੁੜ, (ਜਸਵੀਰ ਕਾਜਲ , ਉਂਕਾਰ ਸਿੰਘ)**

ਕਾਂਗਰਸ ਪਾਰਟੀ ਵੱਲੋਂ ਅਨਾਜ ਮੰਡੀ ਟਾਂਡਾ ਵਿਚ 8 ਜਨਵਰੀ ਨੂੰ ਕਰਵਾਈ ਜਾ ਰਹੀ ਮਨਰੇਗਾ ਬਚਾਓ ਜ਼ਿਲਾ ਪੱਧਰੀ ਸੰਗਰਾਮ ਰੈਲੀ ਲਈ ਸਾਬਕਾ ਕੈਬਨਿਟ ਮੰਤਰੀ ਸੰਗਤ ਸਿੰਘ ਗਿਲਜੀਆਂ ਨੇ ਵਰਕਰਾਂ ਅਤੇ ਮਨਰੇਗਾ ਕਾਮਿਆਂ ਨੂੰ ਲਾਮਬੰਦ ਕੀਤਾ ਹੈ। ਇਸ ਮੌਕੇ ਸਾਬਕਾ ਮੰਤਰੀ ਗਿਲਜੀਆਂ ਨੇ ਆਖਿਆ ਕਿ ਕੇਂਦਰ ਸਰਕਾਰ ਵੱਲੋਂ ਮਨਰੇਗਾ (ਮਹਾਤਮਾ ਗਾਂਧੀ ਰਾਸ਼ਟਰੀ ਰੋਜ਼ਗਾਰ ਗਾਰੰਟੀ ਕਾਨੂੰਨ) ਵਿੱਚ ਕੀਤੇ ਜਾ ਰਹੇ ਬਦਲਾਅ ਦੇ ਖ਼ਿਲਾਫ ਕਾਂਗਰਸ ਪਾਰਟੀ ਨੇ ਤਿੱਖਾ ਵਿਰੋਧ ਦਰਜ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੋਸ਼ ਲਗਾਇਆ ਹੈ ਕਿ ਕੇਂਦਰ ਸਰਕਾਰ ਜਾਣ ਬੁੱਝ ਕੇ ਮਨਰੇਗਾ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਕਰ ਰਹੀ ਹੈ, ਜਿਸ ਨਾਲ ਪਿੰਡਾਂ ਦੇ ਗਰੀਬ, ਮਜ਼ਦੂਰ ਅਤੇ ਬੇਰੋਜ਼ਗਾਰ ਲੋਕਾਂ ਨੂੰ ਭਾਰੀ ਨੁਕਸਾਨ ਹੋਵੇਗਾ। ਉਨ੍ਹਾਂ ਕਿਹਾ ਕਿ ਮਨਰੇਗਾ ਕਾਨੂੰਨ ਪਿੰਡਾਂ ਦੇ ਗਰੀਬ ਮਜ਼ਦੂਰਾਂ ਲਈ ਸਿਰਫ਼ ਰੋਜ਼ਗਾਰ ਨਹੀਂ, ਸਗੋਂ ਇੱਜ਼ਤ ਨਾਲ ਜੀਊਣ ਦਾ ਹੱਕ ਹੈ। ਕੇਂਦਰ ਸਰਕਾਰ ਵੱਲੋਂ ਮਨਰੇਗਾ ਵਿਚ ਕੀਤੇ ਜਾ ਰਹੇ ਬਦਲਾਅ ਗਰੀਬ ਵਿਰੋਧੀ ਹਨ, ਜਿਸ ਨਾਲ ਲੱਖਾਂ ਮਜ਼ਦੂਰਾਂ ਦੇ ਹੱਕ ਖੋਹੇ ਜਾ ਰਹੇ ਹਨ।ਉਨ੍ਹਾਂ ਆਖਿਆ ਕਿ ਮਨਰੇਗਾ ਗਰੀਬ ਪਰਿਵਾਰਾਂ ਲਈ ਰੋਜ਼ਗਾਰ ਦੀ ਗਾਰੰਟੀ ਦਾ ਸਭ ਤੋਂ ਵੱਡਾ ਸਹਾਰਾ ਹੈ, ਪਰ ਮੌਜੂਦਾ ਸਰਕਾਰ ਵੱਲੋਂ ਫੰਡ ਘਟਾਉਣ, ਕੰਮ ਦੇ ਦਿਨਾਂ 'ਚ ਕਟੌਤੀ ਅਤੇ ਆਨਲਾਈਨ ਪ੍ਰਕਿਰਿਆ ਨੂੰ ਜ਼ਬਰਦਸਤੀ ਲਾਗੂ ਕਰਨ ਨਾਲ ਮਜ਼ਦੂਰਾਂ ਨੂੰ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਨ੍ਹਾਂ ਹਲਾਤਾਂ ਵਿਚ ਬਹੁਤ ਸਾਰੇ ਮਜ਼ਦੂਰਾਂ ਦੀ ਮਜ਼ਦੂਰੀ ਸਮੇਂ 'ਤੇ ਨਹੀਂ ਮਿਲ ਰਹੀ, ਜਿਸ ਨਾਲ ਉਨ੍ਹਾਂ ਦੀ ਆਰਥਿਕ ਹਾਲਤ ਹੋਰ ਖਰਾਬ ਹੋ ਰਹੀ ਹੈ।ਮਨਰੇਗਾ ਸਿਰਫ਼ ਇਕ ਯੋਜਨਾ ਨਹੀਂ, ਸਗੋਂ ਗਰੀਬਾਂ ਦੇ ਜੀਵਨ ਨਾਲ ਜੁੜਿਆ ਕਾਨੂੰਨ ਹੈ ਅਤੇ ਇਸ ਨਾਲ ਕਿਸੇ ਵੀ ਤਰ੍ਹਾਂ ਦਾ ਖਿਲਵਾੜ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨ੍ਹਾਂ ਮੰਗ ਕੀਤੀ ਕਿ ਮਨਰੇਗਾ ਅਧੀਨ ਹਰ ਪਰਵਾਰ ਨੂੰ ਪੂਰੇ 100 ਦਿਨਾਂ ਦਾ ਕੰਮ ਦਿੱਤਾ ਜਾਵੇ ਅਤੇ ਮਜ਼ਦੂਰੀ ਦੀ ਰਕਮ ਤੁਰੰਤ ਖਾਤਿਆਂ ਵਿੱਚ ਜਮ੍ਹਾਂ ਕਰਵਾਈ ਜਾਵੇ। ਉਨ੍ਹਾਂ ਨੇ ਕਿਹਾ ਕਿ ਜੇਕਰ ਕੇਂਦਰ ਸਰਕਾਰ ਨੇ ਮਨਰੇਗਾ ਵਿਰੋਧੀ ਨੀਤੀਆਂ ਵਾਪਸ ਨਾ ਲਈਆਂ ਤਾਂ ਕਾਂਗਰਸ ਪਾਰਟੀ ਸੜਕਾਂ 'ਤੇ ਉਤਰ ਕੇ ਸੰਘਰਸ਼ ਕਰੇਗੀ।ਇਸ ਮੌਕੇ ਬਲਾਕ ਪ੍ਰਧਾਨ ਅਵਤਾਰ ਸਿੰਘ ਖੋਖਰ, ਰਵਿੰਦਰ ਪਾਲ ਸਿੰਘ ਗੋਰਾ, ਨਗਰ ਕੌਂਸਲ ਪ੍ਰਧਾਨ ਗੁਰਸੇਵਕ ਮਾਰਸ਼ਲ, ਰਾਜੇਸ਼ ਲਾਡੀ, ਨੰਬਰਦਾਰ ਜਗਜੀਵਨ ਜੱਗੀ, ਰਾਕੇਸ਼ ਬਿੱਟੂ, ਕ੍ਰਿਸ਼ਨ ਬਿੱਟੂ, ਦੇਸ ਰਾਜ ਡੋਗਰਾ , ਜਗਦੀਸ਼ ਸੈਣੀ, ਪੰਕਜ ਸਚਦੇਵਾ, ਬਾਬੂ ਰੂਪ ਲਾਲ, ਗੁਰਮੁਖ ਸਿੰਘ, ਜਸਵਿੰਦਰ ਕਾਕਾ, ਸੁੰਦਰੀ ਖੋਸਲਾ, ਦਵਿੰਦਰ ਬਿੱਲੂ, ਆਸ਼ੂ ਵੈਦ, ਡਾ. ਬਲਦੇਵ ਰਾਜ, ਡਿੰਪੀ ਖੋਸਲਾ, ਮਾਸਟਰ ਮਲਕੀਤ ਸਿੰਘ, ਅਨਿਲ ਪਿੰਕਾ ਆਦਿ ਮੌਜੂਦ ਸਨ।



# ਸੁੱਖ ਚਮਕੀਲਾ ਦਾ ਸਿੰਗਲ ਟਰੈਕ "ਗੁਰਪੁਰਬ ਗੁਰਾਂ ਦਾ" ਦੀ ਰਿਕਾਰਡਿੰਗ ਬਹੁਤ ਜਲਦ : ਗੀਤਕਾਰ ਸੂਬਾ ਉਦੇਸੀਆਂ ਵਾਲਾ



**ਆਦਮਪੁਰ (ਪਰਮਜੀਤ ਸਿੰਘ)**- ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 649 ਵੇ ਆਗਮਨ ਗੁਰਪੁਰਬ ਤੇ ਸੁੱਖ ਚਮਕੀਲਾ, ਦੀ ਅਵਾਜ਼ 'ਚ ਸ੍ਰੀ ਗੁਰੂ ਰਵਿਦਾਸ ਜੀ ਦਾ ਸ਼ਬਦ "ਗੁਰਪੁਰਬ ਗੁਰਾਂ ਦਾ" ਦੀ ਰਿਕਾਰਡਿੰਗ ਬਹੁਤ ਜਲਦ ਕੀਤੀ ਜਾ ਰਹੀ ਹੈ। ਇਸ ਸਿੰਗਲ ਟਰੈਕ ਨੂੰ ਕਲਮਬੱਧ ਗੀਤਕਾਰ ਸੂਬਾ ਉਦੇਸੀਆ ਵਾਲਾ (ਆਦਮਪੁਰ) ਵਲੋਂ ਕੀਤਾ ਗਿਆ ਹੈ ਤੇ ਪ੍ਰੋਡਿਊਸਰ ਜਵਾਹਰ ਭਰੋਲੀ ਵਲੋਂ ਰਿਲੀਜ਼ ਕੀਤਾ ਜਾਵੇਗਾ। ਗੀਤਕਾਰ ਸੂਬਾ ਉਦੇਸੀਆ ਵਾਲਾ ਨੇ ਦੱਸਿਆ ਕਿ ਇਸ ਸਿੰਗਲ ਟਰੈਕ ਦਾ ਮਿਊਜ਼ਿਕ ਜਵਾਹਰ ਭਰੋਲੀ ਵਲੋਂ ਤਿਆਰ ਕੀਤਾ ਗਿਆ ਹੈ। ਇਸ ਦਾ ਵੀਡੀਓ ਬਿੱਟੂ ਅਰੋੜਾ ਵੱਲੋਂ ਧਾਰਮਿਕ ਸਥਾਨਾਂ ਤੇ ਸ਼ੂਟ ਕੀਤਾ ਜਾਵੇਗਾ। ਇਸ ਧਾਰਮਿਕ ਗੀਤ ਨੂੰ ਕੰਪਨੀ ਜੇ ਆਰ ਸੀ ਵੱਲੋਂ ਰਿਲੀਜ਼ ਕੀਤਾ ਜਾਵੇਗਾ, ਇਸ ਗੀਤ ਨੂੰ ਯੂ ਟਿਊਬ ਦੇ ਨਾਲ ਨਾਲ ਧਾਰਮਿਕ ਚੈਨਲਾਂ ਤੇ ਚਲਾਇਆ ਜਾਵੇਗਾ।

# ਮਨਰੇਗਾ ਕਾਨੂੰਨ ਦੀ ਬਹਾਲੀ ਲਈ 20 ਨੂੰ ਹਜ਼ਾਰਾਂ ਕਿਰਤੀ ਕੇਂਦਰੀ ਮੰਤਰੀ ਬਿੱਟੂ ਨੂੰ ਦੇਣਗੇ ਮੰਗ ਪੱਤਰ

**ਬਲਾਚੌਰ (ਜਸਵਿੰਦਰ ਬੈਂਸ)**

ਮਨਰੇਗਾ ਅਧਿਕਾਰ ਅੰਦੋਲਨ ਪੰਜਾਬ ਦੀ ਕਾਠਗੜ੍ਹ ਜ਼ੋਨ ਦੇ ਆਗੂਆਂ ਦੀ ਮੀਟਿੰਗ ਸਾਥੀ ਮਨੋਹਰ ਲਾਲ ਟੌਂਸਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਮਨਰੇਗਾ ਕਾਨੂੰਨ ਨੂੰ ਖਤਮ ਕਰਨ ਅਤੇ ਉਸ ਦੀ ਜਗ੍ਹਾ ਨਵਾਂ ਕਾਨੂੰਨ ਲਿਆਉਣ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਮੀਟਿੰਗ ਨੇ ਫੈਸਲਾ ਕੀਤਾ ਕਿ ਕੇਂਦਰੀ ਸਰਕਾਰ ਕਾਰਪੋਰੇਟਾਂ ਨਾਲ ਮਿਲ ਕੇ ਜੋ ਨਵੇਂ ਕਾਨੂੰਨ ਦੇ ਹੱਕ ਵਿੱਚ ਕੂੜ ਪ੍ਰਚਾਰ ਕਰ ਰਹੀ ਹੈ ਉਸ ਦਾ ਮੋੜਵਾਂ ਜਵਾਬ ਮਨਰੇਗਾ ਕਿਰਤੀਆਂ ਦੀਆਂ ਮੀਟਿੰਗਾਂ ਵਿੱਚ ਦਿੱਤਾ ਜਾਵੇਗਾ। ਮੀਟਿੰਗ ਨੇ ਤਸੱਲੀ ਪ੍ਰਗਟ ਕੀਤੀ ਕਿ ਪਿੰਡਾਂ ਵਿੱਚ ਮਨਰੇਗਾ ਕਿਰਤੀਆਂ ਦੀਆਂ ਲਗਾਤਾਰ ਮੀਟਿੰਗਾਂ ਹੋ ਰਹੀਆਂ ਹਨ ਜਿਸ ਵਿੱਚ ਕੇਂਦਰ ਸਰਕਾਰ ਦੇ ਪੁਤਲੇ ਫੂਕੇ ਜਾ ਰਹੇ ਹਨ ਅਤੇ ਕੇਂਦਰ ਸਰਕਾਰ ਦੇ ਵਿਰੁੱਧ ਜ਼ੋਰਦਾਰ ਰੋਸ ਹੈ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸਾਥੀ ਕਰਨ ਸਿੰਘ ਰਾਣਾ ਜਨਰਲ ਸਕੱਤਰ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਨੇ ਦੱਸਿਆ ਕਿ 20 ਜਨਵਰੀ ਨੂੰ ਹਜ਼ਾਰਾਂ ਮਨਰੇਗਾ ਕਿਰਤੀ ਇਕੱਠੇ ਹੋ ਕੇ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਮਨਰੇਗਾ ਕਾਨੂੰਨ ਨੂੰ ਬਹਾਲ ਕਰਨ ਲਈ ਮੰਗ ਪੱਤਰ ਲੁਧਿਆਣਾ ਵਿਖੇ ਦੇਣਗੇ। ਉਹਨਾਂ ਕਿਹਾ ਕਿ ਕੇਂਦਰ ਸਰਕਾਰ ਅਮਰੀਕਾ ਸਾਮਰਾਜ ਦੇ ਇਸ਼ਾਰੇ 'ਤੇ ਦੇਸ਼ ਦੇ ਕਾਰਪੋਰੇਟਾਂ ਨਾਲ ਮਿਲ ਕੇ ਲਗਾਤਾਰ ਕਿਸਾਨਾਂ ਮਜ਼ਦੂਰਾਂ ਅਤੇ ਮੁਲਾਜ਼ਮਾਂ 'ਤੇ ਹਮਲੇ ਕਰ ਰਹੀ ਹੈ। ਬਿਜਲੀ ਐਕਟ 2025, ਚਾਰ ਲੇਬਰ ਕੋਡ ਅਤੇ ਸੀਡ ਬਿੱਲ ਦੇ ਵਿਰੋਧ ਵਿੱਚ ਐਸ ਕੇ ਐਮ ਅਤੇ ਵੱਡੀਆਂ ਟਰੇਡ ਯੂਨੀਅਨਾਂ ਦੀ ਅਗਵਾਈ ਹੇਠ 12 ਫਰਵਰੀ ਨੂੰ ਦੇਸ਼ ਵਿਆਪੀ ਆਮ ਹੜਤਾਲ ਕੀਤੀ ਜਾ ਰਹੀ ਹੈ ਅਤੇ 16 ਜਨਵਰੀ ਨੂੰ ਜ਼ਿਲ੍ਹਾ ਪੱਧਰ 'ਤੇ ਧਰਨੇ ਦਿੱਤੇ ਜਾ ਰਹੇ ਹਨ। ਉਹਨਾਂ ਸਮੂਹ ਕਿਸਾਨਾਂ, ਮਜ਼ਦੂਰਾਂ ਅਤੇ ਮੁਲਾਜ਼ਮਾਂ ਨੂੰ ਅਪੀਲ ਕੀਤੀ ਕਿ ਇਹਨਾਂ ਸੰਘਰਸ਼ਾਂ ਵਿੱਚ ਵਧ ਚੜ੍ਹ ਕੇ ਹਿੱਸਾ ਲਿਆ ਜਾਵੇ। ਮੀਟਿੰਗ ਨੇ ਇਹ ਵੀ ਫੈਸਲਾ ਕੀਤਾ ਕਿ ਕਾਠਗੜ੍ਹ ਜ਼ੋਨ ਤੋਂ ਦਸ ਗੱਡੀਆਂ ਦਾ ਕਾਫਲਾ 20 ਜਨਵਰੀ ਨੂੰ ਮੰਗ ਪੱਤਰ ਦੇਣ ਲਈ ਰਵਾਨਾ ਹੋਵੇਗਾ। ਇਸ ਮੌਕੇ ਅਵਤਾਰ ਲਾਲ ਬਲਾਕ ਸੰਮਤੀ ਮੈਂਬਰ, ਸ਼ਸ਼ੀ ਰਾਣਾ ਸਾਬਕਾ ਸਰਪੰਚ ਟੌਂਸਾ, ਮਾਸਟਰ ਮੋਹਨ ਲਾਲ ਰੱਤੇਵਾਲ, ਮੋਹਨ ਸਿੰਘ ਪ੍ਰਧਾਨ, ਬੀਬੀ ਆਸ਼ਾ ਦੇਵੀ, ਕਰਨੈਲ ਸਿੰਘ ਭੱਲਾ, ਰਾਮ ਕਿਸ਼ਨ, ਮਨੋਹਰ ਲਾਲ, ਪ੍ਰਤਾਪ ਰਾਣਾ, ਅਵਤਾਰ ਚੰਦ ਅਤੇ ਬੰਤ ਰਾਮ ਨੇ ਵੀ ਵਿਚਾਰ ਪੇਸ਼ ਕੀਤੇ।



# ਸੰਤੋਸ਼ ਕਟਾਰੀਆ ਵੱਲੋਂ ਐੱਸ ਸੀ ਵਿੰਗ ਦੇ ਅਹੁਦੇਦਾਰਾਂ ਨਾਲ ਅਹਿਮ ਮੀਟਿੰਗ

**ਬਲਾਚੌਰ (ਜਸਵਿੰਦਰ ਬੈਂਸ)** - ਹਲਕਾ ਬਲਾਚੌਰ ਦੇ ਵਿਧਾਇਕਾ ਸੰਤੋਸ਼ ਕਟਾਰੀਆ ਵੱਲੋਂ ਪਾਰਟੀ ਦੀਆਂ ਗਤੀਵਿਧੀਆਂ ਨੂੰ ਤੇਜ਼ ਕਰਨ ਅਤੇ ਸੰਗਠਨ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਦੇ ਮਕਸਦ ਨਾਲ ਇਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਐਸ ਸੀ ਵਿੰਗ ਦੇ ਦੁਆਬਾ ਜੋਨ ਦੇ ਇੰਚਾਰਜ, ਜ਼ਿਲਾ ਪ੍ਰਧਾਨ, ਹਲਕਾ ਪ੍ਰਧਾਨ ਅਤੇ ਵੱਖ-ਵੱਖ ਬਲਾਕ ਪ੍ਰਧਾਨਾਂ ਨੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਵਿਧਾਇਕਾ ਕਟਾਰੀਆ ਨੇ ਆਗੂਆਂ ਨਾਲ ਪਾਰਟੀ ਢਾਂਚੇ ਨੂੰ ਹੋਰ ਸਰਗਰਮ ਕਰਨ ਬਾਰੇ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਕਿਹਾ ਕਿ ਵਰਕਰ ਪਾਰਟੀ ਦੀ ਰੀੜ੍ਹ ਦੀ ਹੱਡੀ ਹਨ ਤੇ ਐਸ ਸੀ ਵਿੰਗ ਦੀ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਹੈ। ਉਨ੍ਹਾਂ ਅਹੁਦੇਦਾਰਾਂ ਨੂੰ ਅਪੀਲ ਕੀਤੀ ਕਿ ਉਹ ਲੋਕਾਂ ਦੀਆਂ ਮੁਸ਼ਕਿਲਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਵਾਉਣ ਲਈ ਤਤਪਰ ਰਹਿਣ। ਪਾਰਟੀ ਸੰਗਠਨ ਦੇ ਨਾਲ-ਨਾਲ ਹਲਕੇ ਦੇ ਵਿਕਾਸ ਕਾਰਜਾਂ ਬਾਰੇ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ। ਵਿਧਾਇਕਾ ਨੇ ਕਿਹਾ ਕਿ ਇਲਾਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਨੂੰ ਸੁਚੱਜੇ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇਗਾ। ਵਿਕਾਸ ਦੇ ਕੰਮਾਂ ਵਿੱਚ ਪਾਰਦਰਸ਼ਤਾ ਅਤੇ ਗੁਣਵੱਤਾ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ।ਹਲਕੇ ਦੇ ਹਰ ਵਰਗ ਦੀ ਭਲਾਈ ਲਈ ਸਰਕਾਰ ਵਚਨਬੱਧ ਹੈ। ਇਸ ਮੌਕੇ ਹਾਜ਼ਰ ਅਹੁਦੇਦਾਰਾਂ ਨੇ ਵਿਧਾਇਕਾ ਨੂੰ ਭਰੋਸਾ ਦਿਵਾਇਆ ਕਿ ਉਹ ਪਾਰਟੀ ਦੀ ਮਜ਼ਬੂਤੀ ਲਈ ਦਿਨ-ਰਾਤ ਇੱਕ ਕਰ ਦੇਣਗੇ ਅਤੇ ਸਰਕਾਰ ਦੀਆਂ ਲੋਕ-ਪੱਖੀ ਸਕੀਮਾਂ ਦਾ ਲਾਭ ਹਰ ਲੋੜਵੰਦ ਤੱਕ ਪਹੁੰਚਾਉਣਗੇ।ਇਸ ਮੌਕੇ ਦੁਆਬਾ ਜੋਨ ਦੇ ਪ੍ਰਧਾਨ ਜਰਨੈਲ ਨੰਗਲ ਜਿਲਾ ਪ੍ਰਧਾਨ ਸੋਹਣ ਲਾਲ ਢੰਡਾ ,ਹਲਕਾ ਪ੍ਰਧਾਨ ਕੁਲਦੀਪ ਸਿੰਘ ਬਲਾਕ ਮਨਜੀਤ ਬੇਦੀ,ਪ੍ਰੇਮ ਚੋਪੜਾ, ਕੁਲਵਿੰਦਰ ਕੁਮਾਰ ,ਲਖਵੀਰ ਸਿੰਘ, ਸੁਰਿੰਦਰ ਭੱਟੀ ,ਮਨਦੀਪ ਕੁਮਾਰ,ਨਵਜੋਤ ਕੁਮਾਰ ਆਦਿ ਹਾਜ਼ਰ ਸਨ।



# ਖੇਡਾਂ ਨੂੰ ਉਤਸ਼ਾਹਤ ਕਰਨ ਲਈ 32 ਸਟੇਡੀਅਮ ਬਣਾਏ ਜਾ ਰਹੇ : ਕੁਲਵੰਤ ਸਿੰਘ



**ਮੋਹਾਲੀ (ਗੁਰਜੀਤ ਬਿੱਲਾ)**

ਪੰਜਾਬ ਵਿੱਚ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਅਲਾਮਤਾਂ ਤੋਂ ਦੂਰ ਰੱਖ ਕੇ ਖੇਡ ਮੈਦਾਨਾਂ ਨਾਲ ਜੋੜਨ ਲਈ ਸੂਬਾ ਸਰਕਾਰ ਵੱਲੋਂ ਵੱਡੇ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਮੋਹਾਲੀ ਤੋਂ ਵਿਧਾਇਕ ਕੁਲਵੰਤ ਸਿੰਘ ਨੇ ਪਿੰਡ ਸੈਦਪੁਰਾ ਵਿਖੇ ਬਣ ਰਹੇ ਨਵੇਂ ਖੇਡ ਸਟੇਡੀਅਮ ਦਾ ਦੌਰਾ ਕੀਤਾ ਅਤੇ ਚੱਲ ਰਹੇ ਕੰਮ ਦਾ ਜਾਇਜ਼ਾ ਲਿਆ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਇਆ ਹੈ ਕਿ ਕਿਸੇ ਸਰਕਾਰ ਨੇ ਬੱਚਿਆਂ ਦੇ ਭਵਿੱਖ ਅਤੇ ਉਨ੍ਹਾਂ ਦੀ ਸਿਹਤ ਨੂੰ ਮੁੱਖ ਰੱਖਦਿਆਂ ਪਿੰਡ-ਪਿੰਡ ਸਟੇਡੀਅਮ ਬਣਾਉਣ ਦੀ ਯੋਜਨਾ ਉਲੀਕੀ ਹੈ। ਉਨ੍ਹਾਂ ਦੱਸਿਆ ਕਿ ਪੂਰੇ ਪੰਜਾਬ ਵਿੱਚ ਲਗਭਗ 3300 ਦੇ ਕਰੀਬ ਖੇਡ ਸਟੇਡੀਅਮ ਬਣਾਏ ਜਾ ਰਹੇ ਹਨ, ਜਿਨ੍ਹਾਂ ਵਿੱਚੋਂ ਇਕੱਲੇ ਮੋਹਾਲੀ ਹਲਕੇ ਵਿੱਚ 32 ਸਟੇਡੀਅਮਾਂ ਦੀ ਉਸਾਰੀ ਕੀਤੀ ਜਾ ਰਹੀ ਹੈ। ਉਨ੍ਹਾਂ ਮਾਣ ਮਹਿਸੂਸ ਕਰਦਿਆਂ ਕਿਹਾ ਕਿ ਸਟੇਡੀਅਮ ਬਣਾਉਣ ਦੀ ਰਫ਼ਤਾਰ ਵਿੱਚ ਮੋਹਾਲੀ ਜ਼ਿਲ੍ਹਾ ਪੂਰੇ ਸੂਬੇ ਵਿੱਚੋਂ ਸਭ ਤੋਂ ਅੱਗੇ ਚੱਲ ਰਿਹਾ ਹੈ।ਪਿੰਡ ਸੈਦਪੁਰਾ ਵਿੱਚ ਬਣ ਰਹੇ ਸਟੇਡੀਅਮ ਬਾਰੇ ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਪਿੰਡ ਦੀ ਪੰਚਾਇਤ ਵੱਲੋਂ ਇਸ ਕਾਰਜ ਲਈ ਵੱਡਾ ਸਹਿਯੋਗ ਦਿੱਤਾ ਗਿਆ ਹੈ। ਪੰਚਾਇਤ ਨੇ ਸਟੇਡੀਅਮ ਲਈ ਪੌਣੇ ਦੋ ਏਕੜ ਅਤੇ ਪਾਰਕਿੰਗ ਵਾਸਤੇ ਅਲੱਗ ਤੋਂ ਇੱਕ ਏਕੜ, ਯਾਨੀ ਕੁੱਲ ਪੌਣੇ ਤਿੰਨ ਏਕੜ ਜ਼ਮੀਨ ਮੁਹੱਈਆ ਕਰਵਾਈ ਹੈ। ਇਸ ਸਟੇਡੀਅਮ ਦੀ ਉਸਾਰੀ 'ਤੇ ਲਗਭਗ 35 ਲੱਖ ਰੁਪਏ ਦੀ ਲਾਗਤ ਆਵੇਗੀ, ਜਿਸ ਵਿੱਚ ਇੱਕ ਸਾਂਝਾ ਕਮਰਾ ਅਤੇ ਤਿੰਨ ਵੱਖ-ਵੱਖ ਬਾਥਰੂਮਾਂ (ਮਰਦਾਂ, ਔਰਤਾਂ ਅਤੇ ਦਿਵਿਆਂਗਾਂ ਲਈ) ਦੀ ਸਹੂਲਤ ਦਿੱਤੀ ਗਈ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਇਹ ਸਟੇਡੀਅਮ ਅਗਲੇ 6 ਮਹੀਨਿਆਂ ਦੇ ਅੰਦਰ ਬਣ ਕੇ ਪੂਰੀ ਤਰ੍ਹਾਂ ਤਿਆਰ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਸਟੇਡੀਅਮ ਦੇ ਬਣਨ ਨਾਲ ਨਾ ਸਿਰਫ਼ ਸੈਦਪੁਰਾ ਦੇ ਬੱਚੇ ਸਗੋਂ ਆਲੇ-ਦੁਆਲੇ ਦੇ ਪਿੰਡਾਂ ਦੇ ਨੌਜਵਾਨ ਵੀ ਇੱਥੇ ਖੇਡ ਕੇ ਆਪਣੀ ਸਿਹਤ ਬਣਾ ਸਕਣਗੇ ਅਤੇ ਪੰਜਾਬ ਦਾ ਨਾਂਅ ਰੌਸ਼ਨ ਕਰਨਗੇ। ਇਸ ਮੌਕੇ ਤੇ ਕੁਲਦੀਪ ਸਿੰਘ ਸਮਾਣਾ, ਡਾ. ਕੁਲਦੀਪ ਸਿੰਘ, ਜਸਪਾਲ ਸਿੰਘ ਐਮ ਸੀ ਮਟੌਰ, ਹਰਮੇਸ਼ ਸਿੰਘ ਕੁੰਭੜਾ, ਜਸਪ੍ਰੀਤ ਸਿੰਘ ਸਰਪੰਚ, ਸੁਖਚੈਨ ਸਿੰਘ, ਅਰੁਣ ਗੋਇਲ, ਅਵਤਾਰ ਸਿੰਘ ਸਰਪੰਚ ਮੌਲੀ, ਗੁਰਪ੍ਰੀਤ ਸਿੰਘ ਕੁਰੜਾ, ਹਰਪਾਲ ਸਿੰਘ ਚੰਨਾ, ਤਰਲੋਚਨ ਸਿੰਘ, ਮਨਦੀਪ ਮਟੌਰ, ਅਕਵਿੰਦਰ ਸਿੰਘ ਗੋਸਲ, ਦਰਸ਼ਣ ਸਿੰਘ ਮਟੌਰ, ਹਰਪਾਲ ਸਿੰਘ ਬਰਾੜ , ਗੁਰਜੰਟ ਸਿੰਘ ਸਰਪੰਚ ਭਾਗੋ ਮਾਜਰਾ ਵੀ ਹਾਜ਼ਰ ਸਨ।

# ਜਾਗਰੂਕਤਾ ਕੈਂਪ ਲਗਾਇਆ

**ਮੋਹਾਲੀ, (ਗੁਰਜੀਤ ਬਿੱਲਾ)**-ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਫਾਰਮ ਸਲਾਹਕਾਰ ਸੇਵਾ ਕੇਂਦਰ ਮੋਹਾਲੀ ਅਤੇ ਯੂਨੀਵਰਸਿਟੀ ਦੀ ਸਬਜੀ ਵਿਭਾਗ ਦੀ ਟੀਮ ਵੱਲੋਂ ਪਿੰਡ ਘਟੌਰ ਦਾ ਦੌਰਾ ਕਰਕੇ ਜਾਗਰੂਕਤਾ ਕੈਂਪ ਲਾਇਆ ਗਿਆ। ਇਹ ਦੌਰਾ ਪਿੰਡ ਵਿੱਚ ਸਬਜ਼ੀ ਦੀ ਕਾਸ਼ਤ ਕਰਦੇ ਕਿਸਾਨਾਂ ਵੱਲੋਂ ਮੂਲੀ ਤੇ ਚੁਕੰਦਰ ਉੱਤੇ ਭੂਰੇ ਰੰਗ ਦੇ ਧੱਬੇ ਆਉਣ ਅਤੇ ਉਹਨਾਂ ਦਾ ਆਕਾਰ ਵੀ ਬੇਢੱਬਾ ਹੋਣ ਦੀ ਚਿੰਤਾ ਜ਼ਾਹਿਰ ਕਰਨ ਦੇ ਮੱਦੇਨਜ਼ਰ ਕੀਤਾ ਗਿਆ।ਟੀਮ ਵੱਲੋਂ ਵੱਖ ਵੱਖ ਕਿਸਾਨਾਂ ਦੇ ਖੇਤਾਂ ਵਿੱਚ ਜਾ ਕੇ ਉਹਨਾਂ ਨਾਲ ਗੱਲਬਾਤ ਕੀਤੀ ਗਈ। ਕਿਸਾਨਾਂ ਨੂੰ ਇਸ ਸਮੱਸਿਆ ਦਾ ਹੱਲ ਦਿੱਤਾ ਗਿਆ। ਮਿੱਟੀ ਦੇ ਨਮੂਨੇ ਵੀ ਲਏ ਗਏ। ਨਿਰੀਖਣ ਦੌਰਾਨ ਕਣਕ ਦੇ ਕਾਫੀ ਖੇਤਾਂ ਵਿੱਚ ਮੈਂਗਨੀਜ਼ ਦੀ ਘਾਟ ਵੀ ਪਾਈ ਗਈ। ਕਣਕ ਵਿੱਚ ਆ ਰਹੀ ਮੈਂਗਨੀਜ਼ ਦੀ ਘਾਟ ਬਾਰੇ ਜਾਗਰੂਕ ਕਰਨ ਲਈ ਫਾਰਮ ਸਲਾਹਕਾਰ ਸੇਵਾ ਕੇਂਦਰ, ਮੋਹਾਲੀ ਵੱਲੋਂ ਪਿੰਡ ਘਟੌਰ ਵਿਖੇ ਕੈਂਪ ਲਗਾਇਆ ਗਿਆ ਜਿਸ ਵਿੱਚ ਲਗਭਗ 50 ਕਿਸਾਨਾਂ ਨੇ ਭਾਗ ਲਿਆ।



# ਸੂਬੇ ਦੇ ਬਜਟ ਨੂੰ ਰੁਜ਼ਗਾਰਪਰਕ ਤੇ ਉਦਯੋਗਾਂ ਦੇ ਅਨੁਕੂਲ ਬਣਾਉਣਾ ਸਰਕਾਰ ਦਾ ਟੀਚਾ : ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਉਦਯੋਗ ਅਤੇ ਮੈਨੂਫੈਕਚਰਿੰਗ ਖੇਤਰ ਦਾ ਸੂਬੇ ਦੀ ਅਰਥਵਿਵਸਥਾ ਵਿੱਚ ਮਹਤੱਵਪੂਰਣ ਯੋਗਦਾਨ ਹੈ। ਵੱਧ ਵਿਕਾਸ ਦੇ ਮੱਦੇਨਜ਼ਰ ਸੂਬੇ ਦੇ ਅਗਾਮੀ ਬਜਟ ਵਿੱਚ ਉਦਯੋਗਿਕ ਖੇਤਰ 'ਤੇ ਪੂਰਾ ਧਿਆਨ ਦਿੱਤਾ ਜਾਵੇਗਾ। ਸੂਬਾ ਸਰਕਾਰ ਨੇ ਅਗਾਮੀ ਬਜਟ ਲਈ ਇਹ ਟੀਚਾ ਰੱਖਿਆ ਹੈ ਕਿ ਬਜਟ ਵੱਧ ਤੋਂ ਵੱਧ ਰੁਜ਼ਗਾਰਪਰਕ ਅਤੇ ਉਦਯੋਗਾਂ ਅਨੁਕੂਲ ਹੋਵੇ ਤਾਂ ਜੋ ਸੂਬੇ ਦੀ ਅਰਥਵਿਵਸਥਾ ਨੂੰ ਮਜਬੂਤੀ ਮਿਲੇ ਤੇ 2047 ਤੱਕ ਵਿਕਸਿਤ ਭਾਰਤ ਦੀ ਯਾਤਰਾ ਵਿੱਚ ਹਰਿਆਣਾ ਦਾ ਯੋਗਦਾਨ ਮੋਹਰੀ ਹੈ।ਮੁੱਖ ਮੰਤਰੀ ਗੁਰੂਗ੍ਰਾਮ ਵਿੱਚ ਪ੍ਰੀ ਬਜਟ ਕੰਸਲਟੇਸ਼ਨ ਮੀਟਿੰਗ ਵਿੱਚ ਉਦਮੀਆਂ ਨਾਲ ਸਿੱਧਾ ਸੰਵਾਦ ਕਰ ਰਹੇ ਸਨ।

# ਹਰਮਿੰਦਰ ਸਿੰਘ ਸੰਧੂ ਅਕਾਲੀ ਦਲ 'ਚ ਸ਼ਾਮਲ



**ਹੁਸ਼ਿਆਰਪੁਰ (ਓ ਪੀ ਰਾਣਾ)**

ਵਿਧਾਨ ਸਭਾ ਹਲਕਾ ਚੱਬੇਵਾਲ ਦੇ ਨੌਜਵਾਨ ਆਗੂ ਹਰਮਿੰਦਰ ਸਿੰਘ ਸੰਧੂ ਆਮ ਆਦਮੀ ਪਾਰਟੀ ਨੂੰ ਅਲਵਿਦਾ ਕਹਿਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋ ਗਏ ਜਿਥੇ ਪੰਜਾਬ ਤੇ ਜ਼ਿਲ੍ਹੇ ਦੀ ਸਮੁੱਚੀ ਲੀਡਰਸ਼ਿਪ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਹਾਜ਼ਰੀ ਵਿੱਚ ਸੰਧੂ ਨੂੰ ਪਾਰਟੀ ਵਿਚ ਸ਼ਾਮਲ ਕੀਤਾ ਗਿਆ ਤੇ ਜ਼ਿਲ੍ਹਾ ਜਥੇਬੰਦੀ ਦੀ ਸਿਫਾਰਸ਼ 'ਤੇ ਹਰਮਿੰਦਰ ਸਿੰਘ ਸੰਧੂ ਨੂੰ ਚੱਬੇਵਾਲ ਵਿਧਾਨ ਸਭਾ ਹਲਕੇ ਦਾ ਹਲਕਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਹਰਮਿੰਦਰ ਸਿੰਘ ਸੰਧੂ ਨੇ 2022 ਵਿੱਚ ਆਮ ਆਦਮੀ ਪਾਰਟੀ ਦੀ ਟਿਕਟ 'ਤੇ ਚੱਬੇਵਾਲ ਵਿਧਾਨ ਸਭਾ ਸੀਟ ਤੋਂ ਚੋਣ ਲੜੀ ਸੀ ਅਤੇ ਕਾਂਗਰਸ ਦੇ ਉਮੀਦਵਾਰ ਡਾ. ਰਾਜ ਕੁਮਾਰ ਨੂੰ ਪੋਲ ਹੋਈਆਂ 47 ਹਜਾਰ 375 ਦੇ ਮੁਕਾਬਲੇ ਤਕੜੀ ਟੱਕਰ ਦਿੰਦਿਆਂ 39 ਹਜਾਰ 729 ਵੋਟਾਂ ਪ੍ਰਾਪਤ ਕੀਤੀਆਂ ਸਨ। ਸੰਧੂ ਦੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਣ ਨਾਲ ਅਕਾਲੀ ਦਲ ਨੂੰ ਵੱਡਾ ਹੁੰਗਾਰਾ ਮਿਲਿਆ ਹੈ।ਹਰਮਿੰਦਰ ਸੰਧੂ ਦਾ ਆਪ ਛੱਡ ਕੇ ਅਕਾਲੀ ਦਲ ਵਿੱਚ ਘਰ ਵਾਪਸੀ ਕਰਨਾ ਸਿਰਫ ਇੱਕ ਪਾਰਟੀ ਬਦਲਣਾ ਨਹੀਂ, ਬਲਕਿ ਹਲਕੇ ਵਿੱਚ ਅਕਾਲੀ ਦਲ ਦੇ ਕੇਡਰ ਨੂੰ ਮੁੜ ਸੁਰਜੀਤ ਕਰਨ ਵੱਲ ਵੱਡੀ ਪਹਿਲਕਦਮੀ ਹੈ ਕਿਉਂਕਿ ਹਲਕਾ ਚੱਬੇਵਾਲ ਅੰਦਰ ਹਰਮਿੰਦਰ ਸੰਧੂ ਦਾ ਆਪਣਾ ਨਿੱਜੀ ਮਜ਼ਬੂਤ ਆਧਾਰ ਹੈ। ਭਵਿੱਖ ਵਿੱਚ ਅਕਾਲੀ ਦਲ ਵੱਲੋਂ ਸੰਧੂ ਤੇ ਪ੍ਰਗਟਾਏ ਵਿਸ਼ਵਾਸ ਨਾਲ ਅਕਾਲੀ ਦਲ ਮਜ਼ਬੂਤ ਧਿਰ ਬਣਕੇ ਉੱਭਰ ਸਕਦਾ ਹੈ।ਚੱਬੇਵਾਲ ਰਵਾਇਤੀ ਤੌਰ 'ਤੇ ਇੱਕ ਅਜਿਹਾ ਹਲਕਾ ਰਿਹਾ ਹੈ ਜਿੱਥੇ ਜਿਆਦਾਤਰ ਕਾਂਗਰਸ ਅਤੇ ਅਕਾਲੀ ਦਲ ਦਾ ਦਬਦਬਾ ਰਿਹਾ ਹੈ ਆਪ ਪਾਰਟੀ ਦੇ ਆਉਣ ਨਾਲ ਇਹ ਸੀਟ ਆਪ ਦੇ ਖਾਤੇ ਚਲੀ ਗਈ। ਸੰਧੂ ਦੀ ਅਕਾਲੀ ਦਲ ਵਿੱਚ ਘਰ ਵਾਪਸੀ ਨਾਲ ਆਪ ਅਤੇ ਕਾਂਗਰਸ ਦੀ ਵੋਟ ਬੈਂਕ ਨੂੰ ਵੱਡਾ ਖੋਰਾ ਲੱਗ ਸਕਦਾ ਹੈ।

# ਸਰਕਾਰੀ ਹਸਪਤਾਲ 'ਚ ਕੀਤਾ ਪਹਿਲਾ ਲਿਵਰ ਟਰਾਂਸਪਲਾਂਟ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪੰਜਾਬ ਸਰਕਾਰ ਨੇ ਪੰਜਾਬ ਇੰਸਟੀਚਿਊਟ ਆਫ਼ ਲਿਵਰ ਐਂਡ ਬਿਲੀਅਰੀ ਸਾਇੰਸਜ਼ (ਪੀ ਆਈ ਐੱਲ ਬੀ ਐੱਸ), ਐੱਸ ਏ ਐੱਸ ਨਗਰ ਵਿਖੇ ਸੂਬੇ ਵਿੱਚ ਪਹਿਲਾ ਸਫਲਤਾਪੂਰਵਕ ਲਿਵਰ ਟ੍ਰਾਂਸਪਲਾਂਟ ਕਰਵਾ ਕੇ ਇੱਕ ਨਿਰਣਾਇਕ ਪ੍ਰਸ਼ਾਸਨ ਮੀਲ ਪੱਥਰ ਸਥਾਪਤ ਕੀਤਾ ਹੈ। ਆਜ਼ਾਦੀ ਤੋਂ ਬਾਅਦ ਪਹਿਲੀ ਵਾਰ, ਪੰਜਾਬ ਸਰਕਾਰ ਵੱਲੋਂ ਸਭ ਤੋਂ ਗੁੰਝਲਦਾਰ ਅਤੇ ਮਹਿੰਗੀਆਂ ਜੀਵਨ-ਰੱਖਿਅਕ ਡਾਕਟਰੀ ਪ੍ਰਕਿਰਿਆਵਾਂ ਵਿੱਚੋਂ ਇੱਕ ਪ੍ਰਕਿਰਿਆ ਨੂੰ ਸੂਬੇ ਦੀ ਸਰਕਾਰੀ ਸੰਸਥਾ ਵਿੱਚ ਉਪਲਬਧ ਕਰਵਾਉਣਾ ਯਕੀਨੀ ਬਣਾਇਆ ਗਿਆ ਹੈ ਜੋ ਕਿ ਪਹਿਲਾਂ ਮਹਾਨਗਰ ਦੇ ਨਿੱਜੀ ਹਸਪਤਾਲਾਂ ਤੱਕ ਹੀ ਸੀਮਤ ਸੀ।ਇਹ ਪ੍ਰਾਪਤੀ ਕੋਈ ਇਕੱਲੀ ਡਾਕਟਰੀ ਉਪਲੱਬਧੀ ਨਹੀਂ ਹੈ। ਇਹ ਦ੍ਰਿੜ ਇਰਾਦੇ ਨੂੰ ਬਿਆਨ ਕਰਦੀ ਹੈ। ਇਹ ਪ੍ਰਾਪਤੀ ਦਹਾਕਿਆਂ ਦੀ ਅਣਗਹਿਲੀ ਤੋਂ ਸਪੱਸ਼ਟ ਰਾਹਤ ਪ੍ਰਦਾਨ ਕਰਦੀ ਹੈ, ਜਿਸ ਤਹਿਤ ਪਿਛਲੀਆਂ ਸੂਬਾ ਸਰਕਾਰਾਂ ਨੇ ਅਹਿਮ ਤੀਜੇ ਦਰਜੇ ਦੀ ਸਿਹਤ ਸੰਭਾਲ ਨੂੰ ਦਿੱਲੀ, ਮੁੰਬਈ ਜਾਂ ਚੇਨਈ ਤੱਕ ਸੀਮਿਤ ਰੱਖਿਆ ਅਤੇ ਜਿਸ ਨਾਲ ਪੰਜਾਬ ਦੇ ਮਰੀਜ਼ਾਂ ਨੂੰ ਭਾਰੀ ਵਿੱਤੀ ਅਤੇ ਭਾਵਨਾਤਮਕ ਖਰਚੇ ਝੱਲਣੇ ਪਏ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬਾ ਨਿਰਭਰਤਾ ਤੋਂ ਸਮਰੱਥਾ ਵੱਲ ਵਧਿਆ ਹੈ।

# ਈ-ਵੇਸਟ ਜਾਗਰੂਕਤਾ 'ਤੇ ਭਾਸ਼ਣ ਕਰਵਾਇਆ




**ਜਲੰਧਰ (ਇਕਬਾਲ ਸਿੰਘ ਉੱਭੀ)** ਲਾਇਲਪੁਰ ਖ਼ਾਲਸਾ ਕਾਲਜ ਫਾਰ ਵਿਮੈਨ, ਜਲੰਧਰ ਵਿਖੇ ਚੱਲ ਰਹੇ ਸੱਤ-ਰੋਜ਼ਾ ਵਿਸ਼ੇਸ਼ ਐੱਨ ਐੱਸ ਐੱਸ ਕੈਂਪ ਦੇ ਹਿੱਸੇ ਵਜੋਂ ਈ-ਵੇਸਟ ਜਾਗਰੂਕਤਾ 'ਤੇ ਇੱਕ ਭਾਸ਼ਣ ਦਾ ਆਯੋਜਨ ਕੀਤਾ ਗਿਆ। ਇਹ ਸੈਸ਼ਨ ਬਿਪਨ ਸੁਮਨ, ਪ੍ਰੋਜੈਕਟ ਮੈਨੇਜਰ, ਈ-ਵੇਸਟ ਜਾਗਰੂਕਤਾ ਪ੍ਰੋਜੈਕਟ, ਪਹਿਲ ਐੱਨ ਜੀ ਓ ਜਲੰਧਰ ਦੁਆਰਾ ਦਿੱਤਾ ਗਿਆ। ਉਨ੍ਹਾਂ ਨੇ ਈ-ਵੇਸਟ ਦੀ ਧਾਰਨਾ, ਇਸ ਦੇ ਵਧ ਰਹੇ ਖ਼ਤਰੇ ਅਤੇ ਮਨੁੱਖੀ ਸਿਹਤ ਅਤੇ ਵਾਤਾਵਰਣ 'ਤੇ ਇਸ ਦੇ ਮਾੜੇ ਪ੍ਰਭਾਵ ਬਾਰੇ ਜਾਣਕਾਰੀ ਪ੍ਰਦਾਨ ਕੀਤੀ। ਇੱਕ ਵਿਹਾਰਕ ਪਹਿਲਕਦਮੀ ਦੇ ਤੌਰ 'ਤੇ, ਐੱਨ ਐੱਸ ਐੱਸ ਵਲੰਟੀਅਰਾਂ ਤੋਂ ਈ-ਵੇਸਟ ਵੀ ਇਕੱਠਾ ਕੀਤਾ ਗਿਆ, ਜਿਸ ਨਾਲ ਜ਼ਿੰਮੇਵਾਰ ਨਿਪਟਾਰੇ ਨੂੰ ਉਤਸ਼ਾਹਿਤ ਕੀਤਾ ਗਿਆ ਅਤੇ ਟਿਕਾਊ ਅਭਿਆਸਾਂ ਦੀ ਮਹੱਤਤਾ ਨੂੰ ਮਜ਼ਬੂਤ ਕੀਤਾ ਗਿਆ। ਵਲੰਟੀਅਰਾਂ ਨੇ ਸਰਗਰਮੀ ਨਾਲ ਹਿੱਸਾ ਲਿਆ ਅਤੇ ਈ-ਵੇਸਟ ਪ੍ਰਬੰਧਨ ਬਾਰੇ ਅਰਥਪੂਰਨ ਜਾਗਰੂਕਤਾ ਪ੍ਰਾਪਤ ਕੀਤੀ। ਪ੍ਰੋਗਰਾਮ ਦਾ ਅੰਤ ਕਾਲਜ ਪ੍ਰਿੰਸੀਪਲ ਡਾ. ਸਰਬਜੀਤ ਕੌਰ ਰਾਏ ਦੁਆਰਾ ਜਾਣਕਾਰੀ ਭਰਪੂਰ ਅਤੇ ਪ੍ਰਭਾਵਸ਼ਾਲੀ ਸੈਸ਼ਨ ਨੂੰ ਸਫ਼ਲਤਾਪੂਰਵਕ ਆਯੋਜਿਤ ਕਰਨ ਲਈ ਐੱਨ ਐੱਸ ਐੱਸ ਅਧਿਕਾਰੀਆਂ ਦੇ ਸਮਰਪਿਤ ਯਤਨਾਂ ਦੀ ਸ਼ਲਾਘਾ ਕਰਨ ਦੇ ਨਾਲ ਹੋਇਆ।

# ਰੋਜ਼ਗਾਰ ਦੇ ਖੇਤਰ 'ਚ ਵਰਦਾਨ ਸਾਬਤ ਹੋ ਰਹੀ ਹੈ ਰੋਜ਼ਗਾਰ ਬਿਊਰੋ ਦੀ ਮੋਬਾਇਲ ਐਪ : ਰਮਨਦੀਪ ਕੌਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ ਰਮਨਦੀਪ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਹੁਸ਼ਿਆਰਪੁਰ ਵੱਲੋਂ ਬੇਰੋਜ਼ਗਾਰ ਪ੍ਰਾਰਥੀਆਂ ਦੇ ਰੋਜ਼ਗਾਰ ਸੰਬਧੀ ਬਹੁਤ ਸਾਰੇ ਉਪਰਾਲੇ ਕੀਤੇ ਜਾ ਰਹੇ। ਲੋੜ ਹੀ ਕਾਢ ਦੀ ਜਨਣੀ ਹੈ, ਇਸ ਕਹਾਵਤ ਨੂੰ ਰੋਜ਼ਗਾਰ ਦਫ਼ਤਰ ਦੀ ਰੋਜ਼ਗਾਰ ਮੋਬਾਇਲ ਐਪ ਨੇ ਸੱਚ ਕਰ ਦਿਖਾਇਆ ਹੈ। ਰੋਜ਼ਗਾਰ ਹਰ ਘਰ ਦੀ ਜ਼ਰੂਰਤ ਹੈ ਜਿਸ ਨੂੰ ਹਾਸਲ ਕਰਨ ਦੀ ਚਾਹ ਹਰੇਕ ਨੌਜਵਾਨ ਦੇ ਦਿਲ ਵਿੱਚ ਹੁੰਦੀ ਹੈ, ਪਰ ਉਸਨੂੰ ਨੌਕਰੀ ਕਿੱਥੇ ਅਤੇ ਕਿਵੇਂ ਮਿਲ ਸਕਦੀ ਹੈ, ਇਸ ਦੀ ਜਾਣਕਾਰੀ ਨਹੀਂ ਹੁੰਦੀ, ਪਰ ਪਿਛਲੇ ਕੁਝ ਸਾਲਾਂ ਤੋਂ ਰੋਜ਼ਗਾਰ ਮੋਬਾਇਲ ਐਪ ਨੇ ਇਸ ਕਮੀ ਨੂੰ ਵੀ ਪੂਰਾ ਕਰ ਦਿੱਤਾ ਹੈ।ਹਰ ਰੋਜ਼ ਪ੍ਰਾਈਵੇਟ ਤੇ ਸਰਕਾਰੀ ਨੌਕਰੀਆਂ ਨੂੰ ਇਸ ਐਪ 'ਤੇ ਚੜ੍ਹਾਇਆ ਜਾਂਦਾ ਹੈ। ਇਸ ਤੋਂ ਇਲਾਵਾ ਘੱਟ ਪੜ੍ਹੇ-ਲਿਖੇ ਨੌਜਵਾਨਾਂ ਨੂੰ ਮੁਫ਼ਤ ਸਕਿੱਲ ਕੋਰਸਾਂ ਵਿੱਚ ਦਾਖ਼ਲਾ ਦੇਣ ਲਈ ਆਪਣਾ ਕੰਮ-ਧੰਦਾ ਸ਼ੁਰੂ ਕਰਨ ਦੇ ਵਾਸਤੇ ਲੋਨ ਲੈਣ ਦੇ ਲਈ ਸੁਵਿਧਾ ਵੀ ਦੇ ਰਿਹਾ ਹੈ। ਹੁਣ ਤੱਕ ਇਸ ਰੋਜ਼ਗਾਰ ਮੋਬਾਇਲ ਐਪ ਨੂੰ ਵੱਡੀ ਗਿਣਤੀ ਵਿੱਚ ਪ੍ਰਾਰਥੀ ਡਾਊਨਲੋਡ ਕਰ ਚੁੱਕੇ ਹਨ ਅਤੇ ਇਨ੍ਹਾਂ ਵਿੱਚੋਂ ਬਹੁਤ ਸਾਰੇ ਨੌਜਵਾਨ ਇਸ ਐਪ ਦੀ ਮਦਦ ਨਾਲ ਨੌਕਰੀਆਂ ਪ੍ਰਾਪਤ ਕਰ ਚੁੱਕੇ ਹਨ।ਜ਼ਿਲ੍ਹਾ ਰੋਜ਼ਗਾਰ ਅਫ਼ਸਰ ਨੇ ਦੱਸਿਆ ਕਿ ਰੋਜ਼ਗਾਰ ਮੋਬਾਇਲ ਐਪ ਉਮੀਦ ਤੋਂ ਜਿਆਦਾ ਵਧੀਆ ਕਾਰਗੁਜ਼ਾਰੀ ਦੇ ਰਹੀ ਹੈ, ਪਿਛਲੇ ਕੁਝ ਸਮੇਂ ਤੋਂ ਇਸ ਰੋਜ਼ਗਾਰ ਮੋਬਾਇਲ ਐਪ ਦੀ ਮਦਦ ਨਾਲ ਬਹੁਤ ਸਾਰੀਆਂ ਨਾਮੀ ਪ੍ਰਾਈਵੇਟ ਕੰਪਨੀਆਂ ਅਤੇ ਨਾਮੀ ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹੇ-ਲਿਖੇ ਵੈੱਲ-ਐਜੂਕੇਟਿਡ ਬੱਚਿਆਂ ਨੇ ਵਧੀਆ ਸਾਲਾਨਾ ਪੈਕੇਜ ਤੇ ਨੌਕਰੀਆਂ ਦਿਵਾਉਣ ਵਿੱਚ ਇਕ ਵੱਡੀ ਕਾਮਯਾਬੀ ਹਾਸਲ ਕੀਤੀ ਹੈ। ਉਹ ਨੌਜਵਾਨ ਜਿਹੜੇ ਦੂਰ-ਦੁਰਾਡੇ ਏਰੀਏ ਨਾਲ ਸਬੰਧ ਰੱਖਦੇ ਸਨ ,ਜਿਵੇਂ ਕਿ ਕੰਢੀ ਏਰੀਏ ਦੇ ਪ੍ਰਾਰਥੀ, ਜਿਹੜੇ ਕਿ ਇਸ ਦਫਤਰ ਤੱਕ ਨਹੀਂ ਪਹੁੰਚ ਸਕਦੇ ਸਨ, ਉਹ ਨੌਜਵਾਨ ਵੀ ਘਰ ਬੈਠੇ ਹੀ ਆਪਣੇ ਮੋਬਾਇਲ ਫੋਨ ਤੋਂ ਰੋਜ਼ਗਾਰ ਦਫਤਰ ਹੁਸ਼ਿਆਰਪੁਰ ਨਾਲ ਜੁੜ ਗਏ ਹਨ। ਉਨ੍ਹਾਂ ਹੁਸ਼ਿਆਰਪੁਰ ਜ਼ਿਲ੍ਹੇ ਦੇ ਸਾਰੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਇਸ ਦਫ਼ਤਰ ਦੀ ਰੋਜ਼ਗਾਰ ਮੋਬਾਇਲ ਐਪ ਡੀ ਬੀ ਈ ਈ ਆਨਲਾਈਨ ਨੂੰ ਗੂਗਲ ਪਲੇਅ ਸਟੋਰ ਰਾਹੀਂ ਡਾਊਨਲੋਡ ਕਰਨ ਤੇ ਇਸ ਐਪ ਰਾਹੀਂ ਘਰ ਬੈਠੇ ਹੀ ਪ੍ਰਾਈਵੇਟ ਨੌਕਰੀਆਂ ਦੀ ਭਰਤੀ ਤੇ ਸਰਕਾਰੀ ਨੌਕਰੀਆਂ ਦੀ ਜਾਣਕਾਰੀ ਲੈਣ ਅਤੇ ਇਸ ਐਪ ਦਾ ਵੱਧ ਤੋਂ ਵੱਧ ਲਾਭ ਪ੍ਰਾਪਤ ਕਰਨ।

# ਸਵਿੱਤਰੀ ਬਾਈ ਫੂਲੇ ਦਾ ਜਨਮ ਦਿਵਸ ਮਨਾਇਆ



**ਫਗਵਾੜਾ (ਡਾ. ਰਮਨ)**

ਡਾ. ਬੀ.ਆਰ ਅੰਬੇਡਕਰ ਵੈਲਫੇਅਰ ਸੁਸਾਇਟੀ ਹਦੀਆਬਾਦ ਫਗਵਾੜਾ ਵੱਲੋਂ ਭਾਰਤ ਦੀ ਪਹਿਲੀ ਮਹਿਲਾ ਅਧਿਆਪਿਕਾ ਤੇ ਸਮਾਜ ਸੁਧਾਰਕ ਮਾਤਾ ਸਵਿਤਰੀ ਬਾਈ ਫੂਲੇ ਦਾ ਜਨਮ ਦਿਵਸ ਡਾ. ਬੀ. ਆਰ. ਅੰਬੇਡਕਰ ਪਾਰਕ ਨਕੋਦਰ ਰੋਡ ਹਦੀਆਬਾਦ ਫਗਵਾੜਾ ਵਿਖੇ ਬੜੀ ਸ਼ਰਧਾ ਤੇ ਉਤਸ਼ਾਹ ਦੇ ਨਾਲ ਮਨਾਇਆ ਗਿਆ। ਜਿਸ ਦੇ ਮੁੱਖ ਮਹਿਮਾਨ ਮਹਾਰਾਜ ਗੁਰਦੀਪ ਗਿਰੀ ਡੇਰਾ ਸਤਿਗੁਰੂ ਰਵਿਦਾਸ ਮਹਾਰਾਜ ਵਰਲਡ ਪੀਸ ਅਸਥਾਨ ਪਠਾਨਕੋਟ ਜਦਕਿ ਵਿਸ਼ੇਸ਼ ਮਹਿਮਾਨਾਂ ਵਜੋਂ ਪੂਜਨੀਕ ਭੀਖਨੀ ਸੁਮੇਤਾ ਜੀ, ਰੂਪ ਲਾਲ ਗੱਡੂ, ਬੀਬੀ ਮਹਿੰਦਰ ਕੌਰ ਰੱਤੂ, ਸਾਂਈ ਪੱਪਲ ਸ਼ਾਹ, ਭਿੱਖੂ ਸਾਹਿਬ ਗਿਆਨ ਸ਼ੀਲ ਝੰਡਾ, ਲਿਖਾਰੀ ਸੋਹਣ ਸਹਿਜਲ, ਅਸ਼ਵਨੀ ਕੁਮਾਰ ਬਲਾਚੌਰ ਪ੍ਰਧਾਨ ਨੇ ਹਾਜ਼ਰੀ ਲਗਵਾਈ। ਸਮੂਹ ਪਤਵੰਤਿਆਂ ਨੇ ਪਾਰਕ ਵਿੱਚ ਸਥਾਪਕ ਬਾਬਾ ਸਾਹਿਬ ਡਾ. ਅੰਬੇਡਕਰ, ਸਵਿੱਤਰੀ ਬਾਈ ਫੂਲੇ ਅਤੇ ਹੋਰਨਾਂ ਮਹਾਰਪੁਰਸ਼ਾਂ ਦੇ ਬੁੱਤਾਂ 'ਤੇ ਫੁੱਲਮਾਲਾਵਾਂ ਅਰਪਣ ਕੀਤੀਆਂ। ਵੱਖ-ਵੱਖ ਬੁਲਾਰਿਆਂ ਨੇ ਰਾਸ਼ਟਰ ਮਾਤਾ ਕ੍ਰਾਂਤੀ ਜੋਤ ਸਵਿੱਤਰੀ ਬਾਈ ਫੂਲੇ ਦੇ ਜੀਵਨ ਬਾਰੇ ਵਿਚਾਰ ਸਾਂਝੇ ਕੀਤੇ। ਮਹਾਰਾਜ ਗੁਰਦੀਪ ਗਿਰੀ ਨੇ ਆਪਣੇ ਪ੍ਰਵਚਨਾਂ ਰਾਹੀਂ ਵਿੱਦਿਆ ਦੇ ਪ੍ਰਸਾਰ ਦੀ ਮਹੱਤਤਾ ਬਾਰੇ ਚਾਨਣਾ ਪਾਉਂਦੇ ਹੋਏ ਕਿਹਾ ਕਿ ਇਨਸਾਨ ਨੂੰ ਖੁਸ਼ਹਾਲੀ ਤੇ ਚੰਗਾ ਜੀਵਨ ਬਤੀਤ ਕਰਨ ਲਈ ਵਿਦਿਆ ਬਹੁਤ ਜ਼ਰੂਰੀ ਹੈ। ਇਸ ਲਈ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਪੜਾਇਆ ਜਾਵੇ। ਸਮਾਗਮ ਦੌਰਾਨ ਛੋਟੇ ਬੱਚਿਆਂ ਦੁਆਰਾ ਕੋਰੀਓਗ੍ਰਾਫੀ ਤੇ ਭਾਸ਼ਣਾਂ ਦੀ ਖੂਬਸੂਰਤ ਪੇਸ਼ਕਾਰੀ ਦਿੱਤੀ ਗਈ। ਬਹੁਜਨ ਪ੍ਰੇਰਨਾ ਰੰਗ ਮੰਚ ਵੱਲੋਂ ਕ੍ਰਾਂਤੀ ਜੋਤ ਮਾਤਾ ਸਵਿਤਰੀ ਬਾਈ ਫੂਲੇ ਦੇ ਜੀਵਨ 'ਤੇ ਅਧਾਰਤ ਨਾਟਕ ਖੇਡਿਆ ਗਿਆ। ਸੁਸਾਇਟੀ ਦੇ ਚੇਅਰਮੈਨ ਰਮੇਸ਼ ਕੌਲ ਅਤੇ ਪ੍ਰਧਾਨ ਸੀਤਾ ਕੌਲ ਦੀ ਅਗਵਾਈ ਹੇਠ ਤਰਸੇਮ ਬੱਧਣ, ਮਾਸਟਰ ਕੁਲਦੀਪ ਸਿੰਘ ਅਤੇ ਦੇਵਰਾਜ ਸੁਮਨ ਨੇ ਆਏ ਹੋਏ ਮਹਿਮਾਨਾਂ ਨੂੰ ਕਿਤਾਬਾਂ, ਸਰੋਪੇ, ਬੁਕੇ ਅਤੇ ਸ਼ਾਲ ਭੇਂਟ ਕਰਕੇ ਸਨਮਾਨਤ ਕੀਤਾ। ਇਸ ਮੌਕੇ ਰਾਧੇ ਸ਼ਾਮ, ਦਲਜੀਤ ਮੇਹਟਾਂ, ਬਲਾਕ ਸੰਮਤੀ ਮੈਂਬਰ ਡਾ. ਸਤਵਿੰਦਰ ਪਾਲ, ਗੁਰਦੀਪ ਪੀਕਾ, ਕਿਸ਼ੋਰੀ ਲਾਲ, ਸੁਰਿੰਦਰ ਕੌਰ, ਜੋਗਿੰਦਰ ਭਟੋਏ, ਅਵਤਾਰ ਕਜਲਾ, ਜੀਵਨ ਕੌਲ, ਰਿਟਾ. ਮੈਨੇਜਰ ਬਲਦੇਵ ਲਾਲ ਬਾਮਣੀ, ਸੋਨੂ ਪਹਿਲਵਾਨ, ਕਸ਼ਮੀਰੀ ਲਾਲ ਮਹਿਮੀ, ਸਰਬਜੀਤ ਕੌਰ, ਬਿੰਦਰ ਕੌਰ, ਬਹੁਜਨ ਪ੍ਰੇਰਨਾ ਰੰਗ ਮੰਚ ਦੇ ਪਾਤਰ ਨਿਰਮਲ ਗੁੜਾ, ਦੇਵ ਵਿਰਕ, ਲੱਖਾ ਧਨੁਸ਼ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

# ਸ੍ਰੀ ਅਨੰਦਪੁਰ ਸਾਹਿਬ ਫਾਊਂਡੇਸ਼ਨ ਨੇ ਲੋੜਵੰਦ ਪਰਵਾਰ ਨੂੰ ਵੰਡੇ 1100 ਕੰਬਲ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਇੱਥੋਂ ਦੀ ਗੁਰਦੁਆਰਾ ਸੀਸਗੰਜ ਸਾਹਿਬ ਲਾਗੇ ਸਥਿਤ ਸੋਢੀਆਂ ਦੀ ਹਵੇਲੀ ਵਿਖੇ ਸ੍ਰੀ ਅਨੰਦਪੁਰ ਸਾਹਿਬ ਫਾਊਂਡੇਸ਼ਨ ਦੇ ਟਿੱਕਾ ਸੋਢੀ ਹਰਕੀਰਤ ਸਿੰਘ ਪੌਤਰਾ ਮਰਹੂਮ ਸੋਢੀ ਹਰਭਜਨ ਸਿੰਘ ਦੀ ਅਗਵਾਈ ਹੇਠ ਲੋੜਵੰਦ ਪਰਿਵਾਰਾਂ ਨੂੰ 1100 ਕੰਬਲ ਦੀ ਵੰਡ ਕੀਤੀ ਗਈ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਸੋਢੀ ਹਰਕੀਰਤ ਸਿੰਘ ਦੀ ਧਰਮ ਪਤਨੀ ਤੇ ਮਰਹੂਮ ਬਾਬਾ ਖੜਕ ਸਿੰਘ ਦੀ ਪੌਤਰੀ ਸੋਢੀ ਅਮ੍ਰਿਤਾ ਸਿੰਘ ਨੇ ਕਿਹਾ ਕਿ ਅਸੀਂ ਇਸ ਸ਼ਹਿਰ ਦੇ ਮੂਲ ਵਸਨੀਕ ਹਾਂ ਅਤੇ ਹੁਣ ਲਗਾਤਾਰ ਇਲਾਕਾ ਵਾਸੀਆਂ ਨਾਲ ਸੰਪਰਕ ਕਰਕੇ ਲੋਕ ਸੇਵਾ ਦੀ ਮੁਹਿੰਮ ਸ਼ੁਰੂ ਕਰਨ ਜਾ ਰਹੇ ਹਾਂ। ਉਨ੍ਹਾਂ ਕਿਹਾ ਕਿ ਸਾਡੇ ਬਜ਼ੁਰਗਾਂ ਵਲੋਂ ਕਿਲ੍ਹਾਂ ਹਵੇਲੀ ਵੱਡੀ ਸਰਕਾਰ ਬਣਾਈ ਗਈ ਸੀ ਜਿਸ ਦੀ ਸਾਭ ਸੰਭਾਲ ਅਤੇ ਮੁਰੰਮਤ ਦਾ ਕੰਮ ਵੀ ਜੰਗੀ ਪੱਧਰ ਤੇ ਸ਼ੁਰੂ ਕੀਤਾ ਹੋਇਆ ਹੈ। ਸੋਢੀ ਅਮ੍ਰਿਤਾ ਸਿੰਘ ਨੇ ਕਿਹਾ ਕਿ ਜਲਦੀ ਹੀ ਫਾਊਂਡੇਸ਼ਨ ਵਲੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਰ ਸਮਾਜ ਭਲਾਈ ਦੇ ਕੰਮ ਸ਼ੁਰੂ ਕੀਤੇ ਜਾਣਗੇ ਤਾਂ ਜੋ ਆਮ ਲੋਕਾਂ ਨੂੰ ਇਸ ਦਾ ਲਾਭ ਮਿਲ ਸਕੇ।ਇਸ ਮੌਕੇ ਵਪਾਰ ਮੰਡਲ ਦੇ ਪ੍ਰਧਾਨ ਇੰਦਰਜੀਤ ਸਿੰਘ ਅਰੋੜਾ, ਠੇਕੇਦਾਰ ਜਗਜੀਤ ਸਿੰਘ ਜੱਗੀ, ਅਰਜਨ ਸਿੰਘ ਸੋਢੀ, ਕਵਿਤਾ ਧਵਨ, ਹਰਭਜਨ ਸਿੰਘ ਲੋਧੀਪੁਰ ਆਦਿ ਵੀ ਹਾਜਰ ਸਨ।




# ਪਦਉੱਨਤ ਹੋਏ ਅਧਿਆਪਕਾਂ ਲਈ ਟੈੱਟ ਦੀ ਸ਼ਰਤ ਨੂੰ ਖ਼ਤਮ ਕੀਤਾ ਜਾਵੇ : ਜੀ ਟੀ ਯੂ

**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**

ਅਧਿਆਪਕ ਜਥੇਬੰਦੀਆਂ ਦੇ ਸੰਘਰਸ਼ ਤੋਂ ਬਾਅਦ ਸਿੱਖਿਆ ਵਿਭਾਗ ਵੱਲੋਂ ਤਿੰਨ ਹਜ਼ਾਰ ਦੇ ਕਰੀਬ ਅਧਿਆਪਕ ਈ ਟੀ ਟੀ ਮਾਸਟਰ ਕੇਡਰ ਵਿੱਚ ਪਦਉੱਨਤ ਹੋਏ ਹਨ, ਜਿਸ ਲਈ ਸਟੇਸ਼ਨ ਚੋਣ ਲਈ ਜ਼ਿਲ੍ਹਾ ਪੱਧਰ ਤੇ ਅਧਿਆਪਕਾਂ ਨੂੰ ਬੁਲਾਇਆ ਹੈ ਅਤੇ ਪਦਉੱਨਤ ਹੋਏ ਹਰ ਅਧਿਆਪਕ ਤੋਂ ਦਸ ਦੇ ਲੱਗਭਗ ਤਰਜੀਹਾਂ ਭਰਵਾਈਆਂ ਜਾ ਰਹੀਆਂ ਹਨ। ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਸਕੱਤਰ ਗੁਰਬਿੰਦਰ ਸਿੰਘ ਸਸਕੌਰ, ਵਿੱਤ ਸਕੱਤਰ ਮਨੋਹਰ ਲਾਲ ਸ਼ਰਮਾ ਤੇ ਪ੍ਰੈੱਸ ਸਕੱਤਰ ਧਰਮਿੰਦਰ ਸਿੰਘ ਭੰਗੂ ਨੇ ਸਰਕਾਰ ਤੋਂ ਮੰਗ ਕੀਤੀ ਕਿ ਮਾਸਟਰ ਕੇਡਰ ਦੀ ਸਟੇਸ਼ਨ ਚੋਣ ਵਿੱਚ ਬਿਲਕੁਲ ਪਾਰਦਰਸ਼ਤਾ ਰੱਖੀ ਜਾਵੇ ਅਤੇ ਮੈਰਿਟ ਅਨੁਸਾਰ ਅਧਿਆਪਕਾਂ ਨੂੰ ਬੁਲਾ ਕੇ ਪਹਿਲੀ ਤਰਜ਼ੀਹ ਦੇ ਸਟੇਸ਼ਨ ਦਿੱਤੇ ਜਾਣ। ਉਨ੍ਹਾਂ ਕਿਹਾ ਕਿ ਸਿੱਖਿਆ ਕ੍ਰਾਂਤੀ ਦਾ ਨਾਅਰਾ ਦੇ ਕੇ ਸੱਤਾ ਵਿੱਚ ਆਈ ਆਪ ਦੀ ਸਰਕਾਰ ਵੱਲੋਂ ਪਹਿਲਾਂ ਪ੍ਰਿੰਸੀਪਲਾਂ ਅਤੇ ਲੈਕਚਰਾਰਾਂ ਦੀਆਂ ਸਟੇਸ਼ਨ ਚੋਣਾਂ ਦੌਰਾਨ ਕੋਈ ਮੈਰਿਟ ਜਾਂ ਪਾਰਦਰਸ਼ਤਾ ਨਹੀਂ ਰੱਖੀ ਗਈ ਤੇ ਅਧਿਆਪਕਾਂ ਨੂੰ ਦੂਰ ਦੂਰ ਸਟੇਸ਼ਨ ਦੇ ਕੇ ਖੱਜਲ ਕੀਤਾ ਗਿਆ। ਇਸ ਕਾਰਨ ਕਈ ਅਧਿਆਪਕ ਦੁਰਾਡੇ ਸਟੇਸ਼ਨ ਮਿਲਣ ਕਾਰਨ ਰਿਵਰਟ ਜਾਂ ਡੀ ਬਾਰ ਹੋ ਗਏ। ਉਕਤ ਆਗੂਆਂ ਨੇ ਹੁਣ ਵੀ ਖ਼ਦਸ਼ਾ ਪ੍ਰਗਟਾਇਆ ਹੈ ਕਿ ਜ਼ਿਲ੍ਹਾ ਪੱਧਰ ਤੇ ਸਟੇਸ਼ਨ ਚੋਣ ਸਮੇਂ ਰਾਜਨੀਤਿਕ ਦਖਲ ਅੰਦਾਜੀ ਹੋ ਸਕਦੀ ਹੈ। ਆਗੂਆਂ ਨੇ ਮੰਗ ਕੀਤੀ ਕਿ ਈ ਟੀ ਟੀ ਤੋਂ ਮਾਸਟਰ ਕੇਡਰ ਵਿੱਚ ਪਦਉੱਨਤ ਹੋਏ ਅਧਿਆਪਕਾਂ ਤੇ ਦੋ ਸਾਲ ਵਿੱਚ ਟੈੱਟ ਪਾਸ ਕਰਨ ਦੀ ਲਾਈ ਬੇਲੋੜੀ ਸ਼ਰਤ ਨੂੰ ਖ਼ਤਮ ਕੀਤਾ ਜਾਵੇ ਕਿਉਂਕਿ ਦਸ ਤੋਂ ਵੱਧ ਸਾਲ ਬਤੌਰ ਅਧਿਆਪਕ ਸੇਵਾ ਨਿਭਾ ਰਹੇ ਅਧਿਆਪਕਾਂ ਤੋਂ ਟੈੱਟ ਟੈਸਟ ਦੀ ਸ਼ਰਤ ਬਿਲਕੁਲ ਹੀ ਤਰਕਹੀਣ ਹੈ। ਅਧਿਆਪਕ ਆਗੂਆਂ ਨੇ ਕਿਹਾ ਕਿ ਤਰੱਕੀ ਤੋਂ ਵਾਂਝੇ ਰਹਿ ਗਏ ਯੋਗ ਉਮੀਦਵਾਰਾਂ ਨੂੰ ਵੀ ਵਿਚਾਰਿਆ ਜਾਵੇ। ਇਸ ਮੌਕੇ ਗੁਰਪ੍ਰੀਤ ਸਿੰਘ ਹੀਰਾ, ਕੁਲਵੀਰ ਸਿੰਘ ਕੰਧੋਲਾ, ਅਵਨੀਤ ਚੱਢਾ, ਗੁਰਚਰਨ ਸਿੰਘ, ਇਕਬਾਲ ਸਿੰਘ, ਰੂਪ ਚੰਦ ਅਤੇ ਦਵਿੰਦਰ ਸਿੰਘ ਆਦਿ ਹਾਜ਼ਰ ਸਨ।



# ਸੀ ਟੀ ਗਰੁੱਪ ਵੱਲੋਂ ਅਪਸਾਈਕਲਿੰਗ ਮੁਹਿੰਮ ਨਾਲ ਨਵੇਂ ਸਾਲ ਦੀ ਸ਼ੁਰੂਆਤ

**ਜਲੰਧਰ (ਸ਼ੈਲੀ ਐਲਬਰਟ)**

ਨਵੇਂ ਸਾਲ ਦੀ ਸ਼ੁਰੂਆਤ ਨੂੰ ਅਰਥਪੂਰਨ ਅਤੇ ਜ਼ਿੰਮੇਵਾਰ ਰੁਖ ਦਿੰਦਿਆਂ, ਸੀ ਟੀ ਗਰੁੱਪ ਆਫ਼ ਇੰਸਟੀਟਿਊਸ਼ਨਜ਼ ਦੇ ਵਿਦਿਆਰਥੀਆਂ ਵੱਲੋਂ ਇੱਕ ਸਰਾਹਣਯੋਗ ਅਤੇ ਸਥਿਰਤਾ-ਕੇਂਦਰਿਤ ਅਪਸਾਈਕਲਿੰਗ ਪਹਲ ਦੀ ਸ਼ੁਰੂਆਤ ਕੀਤੀ ਗਈ। ਇਸ ਮੁਹਿੰਮ ਤਹਿਤ ਬਿਨਾਂ ਵਰਤੋਂ ਰਹਿ ਗਈਆਂ ਪ੍ਰੀਖਿਆਵਾਂ ਦੀਆਂ ਉੱਤਰ ਪੁਸਤਿਕਾਵਾਂ ਨੂੰ ਅਪਸਾਈਕਲ ਕਰਕੇ ਪਰਿਆਵਰਣ-ਮਿਤਰ ਨੋਟਪੈਡ ਤਿਆਰ ਕੀਤੇ ਗਏ।ਵਿਦਿਆਰਥੀਆਂ ਨੇ ਬੇਕਾਰ ਪਏ ਕਾਗਜ਼ ਨੂੰ ਜ਼ਾਇਆ ਹੋਣ ਤੋਂ ਬਚਾਉਂਦਿਆਂ ਉਸ ਨੂੰ ਲਾਭਕਾਰੀ ਸਟੇਸ਼ਨਰੀ ਵਿੱਚ ਤਬਦੀਲ ਕਰਕੇ ਟਿਕਾਊ ਵਿਕਾਸ, ਨਵੀਨ ਸੋਚ ਅਤੇ ਵਾਤਾਵਰਣੀ ਜਾਗਰੂਕਤਾ ਦਾ ਮਜ਼ਬੂਤ ਸੰਦੇਸ਼ ਦਿੱਤਾ। ਇਹ ਉਪਰਾਲਾ ਸੰਯੁਕਤ ਰਾਸ਼ਟਰ ਦੇ ਸਥਿਰ ਵਿਕਾਸ ਲਕਸ਼ਾਂ—ਐੱਸ ਡੀ ਜੀ 4 (ਗੁਣਵੱਤਾਪੂਰਣ ਸਿੱਖਿਆ), ਐੱਸ ਡੀ ਜੀ 12 (ਜ਼ਿੰਮੇਵਾਰ ਖਪਤ ਅਤੇ ਉਤਪਾਦਨ) ਤੇ ਐੱਸ ਡੀ ਜੀ 13 (ਜਲਵਾਯੂ ਕਾਰਵਾਈ) ਨਾਲ ਸਿੱਧੀ ਤਰ੍ਹਾਂ ਸੰਬੰਧਿਤ ਹੈ।ਇਸ ਸੋਚਵੀਂ ਅਪਸਾਈਕਲਿੰਗ ਮੁਹਿੰਮ ਨਾਲ ਨਾ ਕੇਵਲ ਕਾਗਜ਼ ਦੇ ਵਿਅਰਥ ਜਾਣ ਦੀ ਸੰਭਾਵਨਾ ਘੱਟੀ, ਸਗੋਂ ਇਹ ਗੱਲ ਵੀ ਸਾਫ਼ ਹੋਈ ਕਿ ਸਥਿਰਤਾ ਕੋਈ ਇਕ-ਵਾਰਗੀ ਕਿਰਿਆ ਨਹੀਂ, ਬਲਕਿ ਲਗਾਤਾਰ ਅਪਣਾਈ ਜਾਣ ਵਾਲੀ ਜੀਵਨ ਸ਼ੈਲੀ ਹੈ। ਨਵੇਂ ਸਾਲ ਦੀ ਸ਼ੁਰੂਆਤ ਇਸ ਹਰੇ-ਭਰੇ ਉਪਰਾਲੇ ਨਾਲ ਕਰਕੇ ਵਿਦਿਆਰਥੀਆਂ ਨੇ ਸਾਬਤ ਕੀਤਾ ਕਿ ਛੋਟੇ-ਛੋਟੇ ਸੂਚੇਤ ਕਦਮ ਮਿਲ ਕੇ ਲੰਬੇ ਸਮੇਂ ਦੇ ਵਾਤਾਵਰਣੀ ਲਾਭ ਪੈਦਾ ਕਰ ਸਕਦੇ ਹਨ। ਅਪਸਾਈਕਲਿੰਗ ਰਾਹੀਂ ਕੁਦਰਤੀ ਸਰੋਤਾਂ ਦੀ ਸੰਭਾਲ ਹੁੰਦੀ ਹੈ, ਲੈਂਡਫ਼ਿਲ 'ਤੇ ਦਬਾਅ ਘਟਦਾ ਹੈ, ਊਰਜਾ ਦੀ ਬਚਤ ਹੁੰਦੀ ਹੈ ਅਤੇ ਪ੍ਰਦੂਸ਼ਣ ਵਿੱਚ ਕਮੀ ਆਉਂਦੀ ਹੈ। ਇਸ ਪਹਿਲ ਰਾਹੀਂ ਵਿਦਿਆਰਥੀਆਂ ਨੇ ਖਾਸ ਕਰਕੇ ਨੌਜਵਾਨ ਪੀੜ੍ਹੀ ਨੂੰ ਜ਼ਿੰਮੇਵਾਰ ਆਦਤਾਂ ਅਪਣਾਉਣ ਅਤੇ ਰੋਜ਼ਾਨਾ ਜੀਵਨ ਵਿੱਚ ਪਰਿਆਵਰਣ-ਮਿਤਰ ਚੋਣਾਂ ਸ਼ਾਮਲ ਕਰਨ ਲਈ ਪ੍ਰੇਰਿਤ ਕੀਤਾ।ਇਸ ਉਪਰਾਲੇ ਦੀ ਪ੍ਰਸ਼ੰਸਾ ਕਰਦਿਆਂ ਸੀਟੀ ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ ਨੇ ਕਿਹਾ, ਇਹ ਪਹਲ ਸੀਟੀ ਗਰੁੱਪ ਦੀਆਂ ਮੂਲ ਕਦਰਾਂ—ਨਵੀਨਤਾ, ਜ਼ਿੰਮੇਵਾਰੀ ਅਤੇ ਸਥਿਰਤਾ ਦੀ ਪ੍ਰਤੀਕ ਹੈ। ਮੈਨੂੰ ਮਾਣ ਹੈ ਕਿ ਸਾਡੇ ਵਿਦਿਆਰਥੀਆਂ ਨੇ ਨਵੇਂ ਸਾਲ ਦੀ ਸ਼ੁਰੂਆਤ ਇੰਨੀ ਮਕਸਦਪੂਰਣ ਗਤੀਵਿਧੀ ਨਾਲ ਕੀਤੀ। ਇਹ ਸਪੱਸ਼ਟ ਕਰਦੀ ਹੈ ਕਿ ਸਿੱਖਿਆ ਸਿਰਫ਼ ਕਲਾਸਰੂਮ ਜਾਂ ਪ੍ਰੀਖਿਆਵਾਂ ਤੱਕ ਸੀਮਿਤ ਨਹੀਂ, ਸਗੋਂ ਵਾਤਾਵਰਣ-ਸਚੇਤ ਅਤੇ ਸਮਾਜਿਕ ਤੌਰ 'ਤੇ ਜ਼ਿੰਮੇਵਾਰ ਨਾਗਰਿਕ ਤਿਆਰ ਕਰਨ ਦੀ ਪ੍ਰਕਿਰਿਆ ਹੈ।'




# ਜੁਡੀਸ਼ੀਅਲ ਕੋਰਟ ਕੰਪਲੈਕਸ 'ਚ ਬੰਬ ਦੀ ਧਮਕੀ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸ੍ਰੀ ਅਨੰਦਪੁਰ ਸਾਹਿਬ ਦੀ ਜੁਡੀਸ਼ਅਲ ਕੋਰਟ ਕੰਪਲੈਕਸ ਵਿੱਚ ਅਚਾਨਕ ਬੰਬ ਮਿਲਣ ਦੀ ਧਮਕੀ ਹੋਣ ਨਾਲ ਹੜਕੰਪ ਮਚ ਗਿਆ। ਧਮਕੀ ਵਾਲੀ ਮੇਲ ਦੇ ਆਉਣ ਤੋਂ ਬਾਅਦ ਕੋਰਟ ਕੰਪਲੈਕਸ ਨੂੰ ਤੁਰੰਤ ਖਾਲੀ ਕਰਵਾ ਲਿਆ ਗਿਆ ਤੇ ਮੌਕੇ ਤੇ ਪੁਲਸ ਵੱਲੋਂ ਘੇਰਾਬੰਦੀ ਕਰ ਦਿੱਤੀ ਗਈ। ਜਾਣਕਾਰੀ ਅਨੁਸਾਰ ਇੱਕ ਮੇਲ ਆਈ ਜਿਸ ਵਿੱਚ ਕੋਰਟ ਕੰਪਲੈਕਸ ਵਿੱਚ ਬੰਬ ਹੋਣ ਦੀ ਗੱਲ ਲਿਖੀ ਹੋਈ ਸੀ। ਧਮਕੀ ਮੇਲ ਕਦੋਂ ਤੇ ਕਿਹੜੇ ਅਧਿਕਾਰੀ ਕੋਲ ਆਈ ਇਸ ਬਾਰੇ ਪੁਲਿਸ ਜਾਂ ਕਿਸੇ ਹੋਰ ਅਧਿਕਾਰੀ ਵੱਲੋਂ ਕੋਈ ਪੁਸ਼ਟੀ ਨਹੀਂ ਹੋਈ ਹੈ। ਪਰ ਸੁਰੱਖਿਆ ਦੇ ਮੱਦੇਨਜ਼ਰ ਮੌਕੇ ਤੇ ਮੌਜੂਦ ਸਾਰੇ ਲੋਕਾਂ ਨੂੰ ਬਾਹਰ ਕੱਢ ਦਿੱਤਾ ਗਿਆ ਤੇ ਕੋਰਟ ਕੰਪਲੈਕਸ ਦੀ ਤਲਾਸ਼ੀ ਸ਼ੁਰੂ ਕਰ ਦਿੱਤੀ ਗਈ ਹੈ। ਮੌਕੇ ਤੇ ਪੁੱਜੇ ਚੌਂਕੀ ਇੰਚਾਰਜ ਜਸਮੇਰ ਸਿੰਘ ਨੇ ਦੱਸਿਆ ਕਿ ਬੰਬ ਦੀ ਧਮਕੀ ਵਾਲੀ ਮੇਲ ਮਿਲਣ ਤੋਂ ਬਾਅਦ ਉੱਚ ਅਧਿਕਾਰੀਆਂ ਦੇ ਆਦੇਸ਼ਾਂ 'ਤੇ ਉਹਨਾਂ ਨੂੰ ਇੱਥੇ ਭੇਜਿਆ ਗਿਆ ਹੈ ਅਤੇ ਪੂਰੇ ਕੋਰਟ ਕੰਪਲੈਕਸ ਦੀ ਤਲਾਸ਼ੀ ਜਾਰੀ ਹੈ।

# ਪ੍ਰੇਮ ਨਗਰ ਸੇਵਾ ਸੁਸਾਇਟੀ ਨੇ ਕਰਵਾਇਆ 170ਵਾਂ ਮਹੀਨਾਵਾਰ ਰਾਸ਼ਨ ਵੰਡ ਸਮਾਗਮ

**ਫਗਵਾੜਾ (ਡਾ. ਰਮਨ)**

ਪ੍ਰੇਮ ਨਗਰ ਸੇਵਾ ਸੁਸਾਇਟੀ ਵਲੋਂ ਨਗਰ ਕੌਂਸਲ ਫਗਵਾੜਾ ਦੇ ਸਾਬਕਾ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੇ ਯਤਨਾਂ ਸਦਕਾ ਅਜੀਤ ਸਿੰਘ ਢਿੱਲੋਂ ਦੀ ਨਿੱਘੀ ਯਾਦ ਨੂੰ ਸਮਰਪਿਤ 170ਵਾਂ ਮਾਸਿਕ ਰਾਸ਼ਨ ਵੰਡ ਸਮਾਗਮ ਸੀਨੀਅਰ ਸਿਟੀਜ਼ਨ ਕੇਅਰ ਸੈਂਟਰ ਖੇੜਾ ਰੋਡ ਫਗਵਾੜਾ ਵਿਖੇ ਕਰਵਾਇਆ ਗਿਆ। ਰਾਸ਼ਨ ਵੰਡਣ ਦੀ ਸ਼ੁਰੂਆਤ ਮੁੱਖ ਮਹਿਮਾਨ ਵਜੋਂ ਪਹੁੰਚੇ ਕਨੌਜੀਆ ਮਹਾਸਭਾ ਫਗਵਾੜਾ ਦੇ ਪ੍ਰਧਾਨ ਵਿਜੈ ਕੁਮਾਰ ਕਨੌਜੀਆ ਨੇ ਕਰਵਾਈ। ਉਹਨਾਂ ਨੇ 20 ਲੋੜਵੰਦ ਪਰਿਵਾਰਾਂ ਦੀਆਂ ਔਰਤਾਂ ਨੂੰ ਰਾਸ਼ਨ ਦੀ ਵੰਡ ਕਰਦਿਆਂ ਸੁਸਾਇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਤੋਂ ਪਹਿਲਾਂ ਸੁਸਾਇਟੀ ਦੇ ਪ੍ਰਧਾਨ ਸੁਧੀਰ ਸ਼ਰਮਾ ਅਤੇ ਜਨਰਲ ਸਕੱਤਰ ਸੁਰਿੰਦਰ ਪਾਲ ਨੇ ਪਤਵੰਤਿਆਂ ਨੂੰ ਜੀ ਆਇਆਂ ਆਖਿਆ। ਸਮਾਗਮ ਦੌਰਾਨ ਵਿਸ਼ੇਸ਼ ਤੌਰ ਤੇ ਪਹੁੰਚੇ ਸੀਨੀਅਰ ਪੱਤਰਕਾਰ ਟੀ ਡੀ ਚਾਵਲਾ ਨੇ ਹਾਜ਼ਰੀਨ ਨੂੰ ਨਵੇਂ ਸਾਲ ਦੀ ਵਧਾਈ ਦਿੱਤੀ ਤੇ ਛੋਟੇ-ਛੋਟੇ ਸਮਾਜ ਸੇਵਾ ਦੇ ਕੰਮ ਕਰਦੇ ਰਹਿਣ ਲਈ ਪ੍ਰੇਰਿਆ। ਸਮਾਗਮ ਦੇ ਪ੍ਰਬੰਧਕ ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਇਹ ਸੇਵਾ ਪਿਛਲੇ ਕਰੀਬ 16 ਸਾਲਾਂ ਤੋਂ ਨਿਰੰਤਰ ਜਾਰੀ ਹੈ ਜਿਸ ਵਿੱਚ ਸਵ. ਅਜੀਤ ਸਿੰਘ ਢਿੱਲੋਂ ਦੇ ਪਰਵਾਰ ਦਾ ਵੱਡਮੁੱਲਾ ਯੋਗਦਾਨ ਮਿਲਦਾ ਹੈ ਜੋ ਆਪਣੇ ਜੀਵਨ ਕਾਲ ਦੌਰਾਨ ਸਮਾਜ ਸੇਵਾ ਨੂੰ ਸਮਰਪਿਤ ਰਹੇ ਅਤੇ ਲੋੜਵੰਦਾਂ ਦੀ ਮਦਦ ਲਈ ਹਮੇਸ਼ਾ ਅੱਗੇ ਵਧ ਕੇ ਕੰਮ ਕੀਤਾ। ਪ੍ਰੇਮ ਨਗਰ ਮੁਹੱਲੇ ਦੇ ਵਿਕਾਸ ਵਿਚ ਵੀ ਉਹਨਾਂ ਨੇ ਹਮੇਸ਼ਾ ਵੱਧ-ਚੜ੍ਹ ਕੇ ਯਤਨ ਕੀਤੇ। ਇਸ ਮੌਕੇ ਐਸ.ਸੀ. ਚਾਵਲਾ, ਰਾਜਕੁਮਾਰ ਕਨੌਜੀਆ, ਮਨੀਸ਼ ਕਨੌਜੀਆ, ਬ੍ਰਿਜ ਭੂਸ਼ਣ, ਰਾਮ ਲੁਭਾਇਆ, ਮੋਹਨ ਲਾਲ ਤਨੇਜਾ, ਅਸ਼ਵਨੀ ਸ਼ਰਮਾ ਬਬਲੀ, ਬ੍ਰਿਜ ਮੋਹਨ ਪੁਰੀ, ਆਦਿ ਹਾਜ਼ਰ ਸਨ।



## ਪੁਲਸ ਨੇ ਗੁੰਮ ਹੋਏ ਮੋਬਾਇਲ ਫ਼ੋਨ ਲੱਭ ਕੇ ਅਸਲ ਮਾਲਕਾਂ ਨੂੰ ਸੌਂਪੇ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)**-ਸਥਾਨਕ ਪੁਲਿਸ ਪ੍ਰਸ਼ਾਸਨ ਨੇ ਅੱਜ ਉਸ ਵੇਲੇ ਇੱਕ ਅਹਿਮ ਕਾਮਯਾਬੀ ਦਰਜ ਕੀਤੀ, ਜਦੋਂ ਡੀ.ਐਸ.ਪੀ. ਧੂਰੀ ਗੁਰਪ੍ਰੀਤ ਸਿੰਘ ਨੇ ਦਫ਼ਤਰ ਵਿਖੇ ਇੱਕ ਸੰਖੇਪ ਪ੍ਰੋਗਰਾਮ ਦੌਰਾਨ ਵੱਖ-ਵੱਖ ਥਾਵਾਂ ਤੋਂ ਗੁੰਮ ਹੋਏ 15 ਮੋਬਾਈਲ ਫ਼ੋਨ ਉਨ੍ਹਾਂ ਦੇ ਅਸਲ ਮਾਲਕਾਂ ਨੂੰ ਵਾਪਸ ਕੀਤੇ। ਪੁਲਿਸ ਦੀ ਇਸ ਕਾਰਵਾਈ ਨਾਲ ਜਿੱਥੇ ਆਮ ਲੋਕਾਂ ਦੇ ਚਿਹਰਿਆਂ 'ਤੇ ਖ਼ੁਸ਼ੀ ਦੇਖਣ ਨੂੰ ਮਿਲੀ, ਉੱਥੇ ਹੀ ਪੁਲਿਸ ਪ੍ਰਤੀ ਜਨਤਾ ਦਾ ਵਿਸ਼ਵਾਸ ਵੀ ਹੋਰ ਪੱਕਾ ਹੋਇਆ ਹੈ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੀ.ਐਸ.ਪੀ. ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਪਿਛਲੇ ਕੁਝ ਸਮੇਂ ਤੋਂ ਇਲਾਕੇ ਵਿੱਚ ਮੋਬਾਈਲ ਫ਼ੋਨ ਗੁੰਮ ਹੋਣ ਦੀਆਂ ਸ਼ਿਕਾਇਤਾਂ ਲਗਾਤਾਰ ਮਿਲ ਰਹੀਆਂ ਸਨ। ਪੁਲਿਸ ਟੀਮ ਨੇ ਤਕਨੀਕੀ ਮਾਹਿਰਾਂ ਦੀ ਮਦਦ ਨਾਲ ਇਨ੍ਹਾਂ ਫ਼ੋਨਾਂ ਨੂੰ ਟਰੇਸ ਕੀਤਾ। ਸਖ਼ਤ ਮਿਹਨਤ ਤੋਂ ਬਾਅਦ ਪੁਲਸ ਨੇ ਕਈ ਮੋਬਾਈਲ ਫ਼ੋਨ ਬਰਾਮਦ ਕੀਤੇ, ਜੋ ਅੱਜ ਪੂਰੀ ਕਾਨੂੰਨੀ ਪ੍ਰਕਿਰਿਆ ਤੋਂ ਬਾਅਦ ਲੋਕਾਂ ਦੇ ਹਵਾਲੇ ਕਰ ਦਿੱਤੇ ਗਏ ਹਨ।ਡੀ.ਐਸ.ਪੀ. ਨੇ ਜਨਤਾ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਕਿਸੇ ਵੀ ਵਿਅਕਤੀ ਦਾ ਮੋਬਾਈਲ ਫ਼ੋਨ ਗੁੰਮ ਹੁੰਦਾ ਹੈ, ਤਾਂ ਉਹ ਤੁਰੰਤ ਭਾਰਤ ਸਰਕਾਰ ਦੇ ਸੀ.ਈ.ਆਈ.ਆਰ ਵੈੱਬ ਪੋਰਟਲ 'ਤੇ ਆਪਣੀ ਰਿਪੋਰਟ ਦਰਜ ਕਰਵਾਉਣ। ਅਨਸਰਾਂ ਵਿਰੁੱਧ ਇਹ ਮੁਹਿੰਮ ਭਵਿੱਖ ਵਿੱਚ ਵੀ ਜਾਰੀ ਰਹੇਗੀ।

## ਕਿਰਤ ਕੋਡਾਂ ਸਮੇਤ ਨਿੱਜੀਕਰਨ ਦੇ ਸੱਜਰੇ ਹਮਲਿਆਂ ਖਿਲਾਫ਼ ਲਾਮਬੰਦੀ ਮੁਹਿੰਮ ਜਾਰੀ

**ਦੋਰਾਹਾ (ਹਰਮਿੰਦਰ ਸੇਠ)**

ਕੇਂਦਰ ਸਰਕਾਰ ਵਲੋਂ ਲਿਆਂਦੇ ਬਿਜਲੀ ਸੋਧ ਬਿੱਲ-2025, ਮਜ਼ਦੂਰ ਵਿਰੋਧੀ 4 ਕਿਰਤ ਕੋਡਾਂ, ਸਭਨਾਂ ਸਰਕਾਰੀ ਅਦਾਰਿਆਂ ਦੇ ਨਿੱਜੀਕਰਨ ਕਰਨ ਤੇ ਸਰਕਾਰੀ ਅਦਾਰਿਆਂ ਦੀਆਂ ਜ਼ਮੀਨਾਂ/ਜਾਇਦਾਦਾਂ ਨੂੰ ਵੇਚਣ ਦੇ ਤੇਜ਼ ਕੀਤੇ ਸੱਜਰੇ ਹਮਲਿਆਂ ਨੂੰ ਠੱਲ੍ਹਣ ਲਈ 16 ਜਨਵਰੀ ਨੂੰ ਜ਼ਿਲ੍ਹਾ ਹੈੱਡਕੁਆਟਰਾਂ 'ਤੇ ਮਜ਼ਦੂਰ, ਕਿਸਾਨ, ਮੁਲਾਜ਼ਮ, ਠੇਕਾ ਮੁਲਾਜ਼ਮ ਜਥੇਬੰਦੀਆਂ ਵੱਲੋਂ ਕੀਤੇ ਜਾ ਰਹੇ ਸਾਂਝੇ ਸੰਘਰਸ਼ ਦੀ ਸਫ਼ਲਤਾ ਲਈ ਮੋਲਡਰ ਐਂਡ ਸਟੀਲ ਵਰਕਰਜ ਯੂਨੀਅਨ (ਰਜਿ:) ਲੁਧਿਆਣਾ ਵੱਲੋਂ ਵੀ ਸਨਅਤੀ ਮਜ਼ਦੂਰਾਂ, ਸ਼ਹਿਰੀ ਗਰੀਬਾਂ ਨੂੰ ਚੇਤੰਨ ਤੇ ਲਾਮਬੰਦ ਕਰਨ ਲਈ ਜਨਤਕ ਮੀਟਿੰਗਾਂ, ਸੰਪਰਕ ਮੁਹਿੰਮ ਤੇਜ਼ ਕੀਤੀ ਹੋਈ ਹੈ, ਜਿਸ ਤਹਿਤ ਕੱਲ੍ਹ ਡਾਬਾ-ਗਿਆਸਪੁਰਾ ਦੇ ਅਲੱਗ-ਅਲੱਗ ਮਜ਼ਦੂਰ ਵਿਹੜਿਆਂ, ਜੋਧੇਵਾਲ ਬਸਤੀ ਨੇੜੇ ਹੌਜ਼ਰੀ ਵਰਕਰਾਂ ਤੇ ਗਿੱਲ ਰੋਡ 'ਤੇ ਸਥਿਤ ਐਫ਼ ਸੀ ਆਈ ਦੇ ਰੈਗੂਲਰ ਤੇ ਕੰਟਰੈਕਟ ਵਰਕਰਾਂ ਦੀਆਂ ਮੀਟਿੰਗਾਂ ਕੀਤੀਆਂ ਗਈਆਂ।




ਇਨ੍ਹਾਂ ਮੀਟਿੰਗਾਂ 'ਚ ਮਜ਼ਦੂਰਾਂ ਦੀ ਲੁੱਟ ਨੂੰ ਤੇਜ਼ ਕਰਨ ਤੇ ਗੁਲਾਮ ਬਣਾਉਣ ਵਾਲੇ ਨਵੇਂ ਕਿਰਤ ਕੋਡਾਂ ਨੂੰ ਰੱਦ ਕਰਾਉਣ, ਸਰਕਾਰੀ ਤੇ ਨਿੱਜੀ ਅਦਾਰਿਆਂ/ ਫੈਕਟਰੀਆਂ 'ਚ ਠੇਕੇਦਾਰੀ ਪ੍ਰਥਾ, ਆਊਟਸੋਰਸਿੰਗ ਨੀਤੀ ਨੂੰ ਖ਼ਤਮ ਕਰਕੇ ਮਜ਼ਦੂਰਾਂ ਦੇ ਪੱਕੇ ਰੁਜ਼ਗਾਰ, 8 ਘੰਟੇ ਕੰਮ ਦਿਹਾੜੀ, ਗੁਜ਼ਾਰੇਯੋਗ ਤਨਖ਼ਾਹ ਤੇ ਪੈਨਸ਼ਨ ਦੀ ਗਾਰੰਟੀ, ਮਹਿੰਗਾਈ ਨੂੰ ਨੱਥ ਮਾਰਨ ਤੇ ਸਸਤਾ ਰਾਸ਼ਨ, ਬਿਜਲੀ, ਪਾਣੀ, ਸਿੱਖਿਆ, ਸਿਹਤ ਸਹੂਲਤਾਂ ਲੈਣ ਲਈ ਮਜ਼ਦੂਰਾਂ ਤੇ ਸ਼ਹਿਰੀ ਗਰੀਬਾਂ ਨੂੰ ਖੁਦ ਜਥੇਬੰਦ ਹੋ ਕੇ ਸੰਘਰਸ਼ ਦੇ ਰਾਹ ਪੈਣ 'ਤੇ 16 ਜਨਵਰੀ ਨੂੰ ਡੀ ਸੀ ਦਫ਼ਤਰ ਲੁਧਿਆਣਾ ਅੱਗੇ ਸਾਂਝੇ ਧਰਨੇ-ਮੁਜਾਹਰੇ 'ਚ ਸ਼ਾਮਲ ਹੋਣ ਦਾ ਸੱਦਾ ਵੀ ਦਿੱਤਾ ਗਿਆ।ਇਸ ਦੀ ਤਿਆਰੀ ਸਬੰਧੀ 11 ਜਨਵਰੀ ਬਾਅਦ ਦੁਪਹਿਰ 2 ਵਜੇ ਇੰਦਰ ਗੈਸ ਏਜੰਸੀ, ਬਾਬਾ ਗਿਆਸਪੁਰਾ ਰੋਡ ਕੋਲ ਇਕੱਠੇ ਹੋ ਕੇ ਮਜ਼ਦੂਰ ਮੁਹੱਲਿਆਂ 'ਚ ਪੈਦਲ ਝੰਡਾ ਮਾਰਚ ਕਰਨ ਦਾ ਫੈਸਲਾ ਵੀ ਕੀਤਾ।ਇਨ੍ਹਾਂ ਮੀਟਿੰਗਾਂ ਨੂੰ ਮਜ਼ਦੂਰ ਆਗੂ ਹਰਜਿੰਦਰ ਸਿੰਘ, ਜੀ ਐਸ ਜੌਹਰੀ, ਰਾਮ ਲਖਨ, ਰਮੇਸ਼ ਕੁਮਾਰ ਤੇ ਗੁਰਮੀਤ ਸਿੰਘ ਨੇ ਸੰਬੋਧਨ ਕੀਤਾ।ਇਸ ਮੌਕੇ ਅਮਰੀਕੀ ਸਾਮਰਾਜ ਵਲੋਂ ਵੈਨਜ਼ੂਏਲਾ 'ਤੇ ਧਾੜਵੀਂ ਹੱਲਾ ਬੋਲ ਕੇ ਰਾਸ਼ਟਰਪਤੀ ਨਿਕੋਲਸ ਮਾਦੂਰੋ ਤੇ ਉਨ੍ਹਾਂ ਦੀ ਪਤਨੀ ਨੂੰ ਗ੍ਰਿਫ਼ਤਾਰ ਕਰਕੇ ਜੇਲ੍ਹ 'ਚ ਡੱਕਣ ਦਾ ਡਟਵਾਂ ਵਿਰੋਧ ਕਰਦੇ ਹੋਏ ਰਿਹਾਈ ਦੀ ਮੰਗ ਤੇ ਪੰਜਾਬ ਸਰਕਾਰ ਵੱਲੋਂ ਪੰਜਾਬ ਰੋਡਵੇਜ 'ਤੇ ਪੀ.ਆਰ.ਟੀ.ਸੀ ਦੇ ਜੇਲ੍ਹੀਂ ਡੱਕੇ ਅੰਦੋਲਨਕਾਰੀ ਕੰਟਰੈਕਟ ਕਾਮਿਆਂ ਤੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂ ਮੁਕੇਸ਼ ਮਲੌਦ ਦੀ ਰਿਹਾਈ ਦੀ ਮੰਗ ਵੀ ਕੀਤੀ ਗਈ।

## ਚੱਠਾ ਵੱਲੋਂ ਵਾਰਡ ਨੰਬਰ 10 ਤੋਂ ਨਗਰ ਕੌਂਸਲ ਚੋਣ ਲੜਨ ਦਾ ਐਲਾਨ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਪੇਧਨੀ)**-ਨਗਰ ਕੌਂਸਲ ਧੂਰੀ ਅੰਦਰ ਭਾਵੇਂ ਅਜੇ ਤੱਕ ਨਗਰ ਕੌਂਸਲ ਚੋਣਾਂ ਦਾ ਰਸਮੀ ਐਲਾਨ ਹੋਣਾ ਬਾਕੀ ਹੈ, ਪਰ ਚੋਣ ਮੈਦਾਨ ਵਿੱਚ ਕਿਸਮਤ ਅਜ਼ਮਾਉਣ ਵਾਲੇ ਉਮੀਦਵਾਰਾਂ ਨੇ ਆਪਣੀ ਸਰਗਰਮੀ ਤੇਜ਼ ਕਰ ਦਿੱਤੀ ਹੈ। ਇਸੇ ਲੜੀ ਤਹਿਤ ਆਲ ਇੰਡੀਆ ਐਫ.ਸੀ.ਆਈ ਐਗਜ਼ੀਕਿਊਟਿਵ ਸਟਾਫ਼ ਯੂਨੀਅਨ ਦੇ ਕੌਮੀ ਪ੍ਰਧਾਨ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਸੂਬਾਈ ਆਗੂ ਸਤਿੰਦਰ ਸਿੰਘ ਚੱਠਾ ਦੇ ਸਪੁੱਤਰ ਵਿਕਰਾਂਤ ਸਿੰਘ ਚੱਠਾ ਨੇ ਵਾਰਡ ਨੰਬਰ 10 ਤੋਂ ਚੋਣ ਲੜਨ ਦਾ ਰਸਮੀ ਐਲਾਨ ਕਰਕੇ ਸਿਆਸੀ ਮਾਹੌਲ ਗਰਮਾ ਦਿੱਤਾ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਕਰਾਂਤ ਸਿੰਘ ਚੱਠਾ ਨੇ ਕਿਹਾ ਕਿ ਉਹ ਇਲਾਕੇ ਦੀ ਨੁਹਾਰ ਬਦਲਣ ਅਤੇ ਲੋਕਾਂ ਦੀਆਂ ਪੁਰਾਣੀਆਂ ਮੰਗਾਂ ਨੂੰ ਹੱਲ ਕਰਵਾਉਣ ਦੇ ਮਕਸਦ ਨਾਲ ਚੋਣ ਮੈਦਾਨ ਵਿੱਚ ਉਤਰ ਰਹੇ ਹਨ। ਉਨ੍ਹਾਂ ਕਿਹਾ ਕਿ ਉਹ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਮਾਨ ਦੀ ਅਗਵਾਈ ਹੇਠ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ-ਭਲਾਈ ਸਕੀਮਾਂ ਨੂੰ ਹੇਠਲੇ ਪੱਧਰ ਤੱਕ ਪਹੁੰਚਾਉਣ ਲਈ ਵਚਨਬੱਧ ਹਨ।

## ਮਲਟੀਪਰਪਜ਼ ਹੈੱਲਥ ਇੰਪਲਾਈਜ਼ ਯੂਨੀਅਨ ਦਾ ਸਾਲਾਨਾ ਕੈਲੰਡਰ ਜਾਰੀ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਮਲਟੀਪਰਪਜ਼ ਹੈੱਲਥ ਇੰਪਲਾਈਜ਼ ਯੂਨੀਅਨ ਜ਼ਿਲ੍ਹਾ ਫ਼ਿਰੋਜ਼ਪੁਰ ਵੱਲੋਂ ਮਲਟੀਪਰਪਜ਼ ਹੈੱਲਥ ਇੰਪਲਾਈਜ਼ ਯੂਨੀਅਨ ਪੰਜਾਬ ਦਾ ਸਾਲਾਨਾ ਕੈਲੰਡਰ ਸਿਵਲ ਹਸਪਤਾਲ ਵਿਖੇ ਜਾਰੀ ਕੀਤਾ ਗਿਆ। ਇਸ ਮੌਕੇ ਬਲਾਕਾਂ ਤੋਂ ਵੱਡੀ ਗਿਣਤੀ ਵਿੱਚ ਸਾਥੀਆਂ ਨੇ ਸ਼ਮੂਲੀਅਤ ਕੀਤੀ। ਰਮਨ ਅੱਤਰੀ ਜ਼ਿਲ੍ਹਾ ਜਨਰਲ ਸਕੱਤਰ ਨੇ ਦੱਸਿਆ ਕਿ ਮਲਟੀਪਰਪਜ਼ ਕਾਮਿਆਂ ਦੀਆਂ ਜਾਇਜ਼ ਮੰਗਾਂ ਜਿਵੇਂ ਕਿ ਮਲਟੀਪਰਪਜ਼ ਕੇਡਰ ਦਾ ਨਾਂਅ ਬਦਲਣਾ, ਬੰਦ ਪਏ ਮਲਟੀਪਰਪਜ਼ ਸਕੂਲਾਂ ਨੂੰ ਚਾਲੂ ਕੀਤਾ ਜਾਵੇ, ਸੀਨੀਆਰਤਾ ਸੂਚੀਆਂ ਨੂੰ ਸੋਧ ਕੇ ਜਾਰੀ ਕਰਨਾ, ਰੁਕੀਆਂ ਪ੍ਰਮੋਸ਼ਨਾਂ ਤੁਰੰਤ ਕਰਨਾ ਆਦਿ ਮੰਗਾਂ ਸਰਕਾਰ ਵੱਲੋਂ ਮੰਨ ਕੇ ਲਾਗੂ ਨਾ ਕੀਤੀਆਂ ਗਈਆਂ ਤਾਂ ਆਉਣ ਵਾਲੇ ਸਮੇਂ 'ਚ ਤਿੱਖੇ ਸੰਘਰਸ਼ ਉਲੀਕੇ ਜਾਣਗੇ।

## ਖ਼ੂਨਦਾਨ ਸੇਵਾ 'ਚ ਵਡਮੁੱਲਾ ਯੋਗਦਾਨ ਪਾਉਣ ਵਾਲੇ ਕਾਰਕੁਨਾਂ ਦਾ ਸਨਮਾਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਯੂਨੀਵਰਸਲ ਵੈੱਲਫੇਅਰ ਕਲੱਬ ਪੰਜਾਬ ਤੇ ਹਿਊਮਨ ਵੈੱਲਫੇਅਰ ਫਾਊਂਡੇਸ਼ਨ ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਵੱਲੋਂ ਪਿਛਲੇ 20 ਸਾਲਾਂ ਤੋਂ ਚੱਲ ਰਹੀ ਖ਼ੂਨਦਾਨ ਸੇਵਾ ਵਿੱਚ ਵੱਡਮੁੱਲਾ ਯੋਗਦਾਨ ਪਾਉਣ ਵਾਲੇ ਮਿਸ਼ਨਰੀ ਕਾਰਕੁੰਨਾਂ ਤੇ ਸ਼ੁਭਚਿੰਤਕਾਂ ਨੂੰ ਸੰਸਥਾ ਦੇ ਦਫ਼ਤਰ ਵਿਖੇ ਸ਼ਾਨਦਾਰ ਲੋਈ ਦੇ ਕੇ ਸਨਮਾਨਤ ਕੀਤਾ ਗਿਆ।ਇਹ ਸਨਮਾਨ ਮਿਸ਼ਨ ਦੇ ਮੋਢੀ ਤੇ ਮਾਸਟਰ ਮੋਟੀਵੇਟਰ ਹਰਦੀਪ ਸਿੰਘ ਸਨੌਰ, ਐਡਵੋਕੇਟ ਸੁਖਵੀਰ ਸਿੰਘ ਖਾਂਸੀਆਂ ਤੇ ਯੂਥ ਆਗੂ ਪਰਮਿੰਦਰ ਸਿੰਘ ਚੱਪੜ ਨੇ ਸਾਂਝੇ ਤੌਰ 'ਤੇ ਕੀਤਾ।ਸਨਮਾਨਤ ਸ਼ਖ਼ਸੀਅਤਾਂ ਵਿੱਚ ਗੋਲਡਨ ਸਟਾਰ ਬਲੱਡ ਡੋਨਰ ਤੇ ਸਾਬਕਾ ਡੀ. ਐੱਸ. ਪੀ. ਨਾਹਰ ਸਿੰਘ ਮਾਜਰੀ, ਪ੍ਰਿੰਸੀਪਲ ਰਿਪੁਦਮਨ ਸਿੰਘ, ਗੋਲਡਨ ਸਟਾਰ ਬਲੱਡ ਡੋਨਰ ਸੁਖਦੀਪ ਸਿੰਘ ਸੋਹਲ, ਅੰਤਰਰਾਸ਼ਟਰੀ ਸਿੱਖਿਆ ਸਾਸ਼ਤਰੀ ਅਨਿਲ ਭਾਰਤੀ, ਹਰਵਿੰਦਰਪਾਲ, ਕਵੀ ਯਤਿੰਦਰ ਕੁਮਾਰ, ਜਥੇਦਾਰ ਕਰਨ ਸਿੰਘ ਜੌਲੀ, ਚਾਚਾ ਜਗਰਾਜ ਸਿੰਘ ਚਹਿਲ, ਯੂਥ ਆਗੂ ਹਰਮੀਤ ਸਿੰਘ ਬਡੂੰਗਰ, ਠੇਕੇਦਾਰ ਗੁਰਬਚਨ ਸਿੰਘ, ਭਾਈ ਰਵਿੰਦਰ ਸਿੰਘ ਭਾਂਖਰ, ਤੇਜਿੰਦਰ ਸਿੰਘ ਮੰਡੌੜ, ਗੁਰਪ੍ਰੀਤ ਸਿੰਘ ਲਲੀਨਾ, ਅਮਿਤ ਸ਼ਰਮਾ, ਸੁਰਿੰਦਰ ਸਿੰਘ ਥਾਣੇਦਾਰ ਤੇ ਰਾਮ ਸਿੰਘ ਬਿੱਲਾ ਸਰਪੰਚ ਕਟਕਹੇੜੀ ਸ਼ਾਮਲ ਹਨ।ਇਸ ਸਮਾਗਮ ਵਿੱਚ ਸਿੱਖ ਬੁੱਧੀਜੀਵੀ ਤੇ ਲੇਖਕ ਸੁਖਦੇਵ ਸਿੰਘ ਸ਼ਾਂਤ ਐੱਨ. ਆਰ. ਆਈ. ਨੇ ਵੱਧ ਚੜ੍ਹ ਕੇ ਸਹਿਯੋਗ ਦਿੱਤਾ।ਇਸ ਮੌਕੇ ਭਵਿੱਖ ਵਿੱਚ ਲੱਗਣ ਵਾਲੇ ਖ਼ੂਨਦਾਨ ਕੈਂਪਾਂ ਵਿੱਚ ਨਵੇਂ ਮੈਂਬਰਾਂ ਨੂੰ ਮਿਸ਼ਨ ਨਾਲ ਜੋੜਨ ਦੀ ਰਣਨੀਤੀ ਵੀ ਤਿਆਰ ਕੀਤੀ ਗਈ।ਇਸ ਮੌਕੇ ਸਾਬਕਾ ਡੀ. ਐੱਸ. ਪੀ. ਨਾਹਰ ਸਿੰਘ ਮਾਜਰੀ ਨੇ ਕਿਹਾ ਕਿ ਸਨਮਾਨ ਉਪਰੰਤ ਸਾਰੀਆਂ ਸ਼ਖ਼ਸੀਅਤਾਂ ਦੀ ਸਮਾਜਿਕ ਤੇ ਖ਼ੂਨਦਾਨ ਸੇਵਾ ਪ੍ਰਤੀ ਜ਼ਿੰਮੇਵਾਰ ਵੱਧ ਜਾਂਦੀ ਹੈ ਕਿ ਉਹ ਆਪਣੇ ਆਲੇ ਦੁਆਲੇ ਦੋਸਤ ਮਿੱਤਰਾਂ ਨੂੰ ਅਤੇ ਹਰ ਤੰਦਰੁਸਤ ਇਨਸਾਨ ਨੂੰ ਲੋੜਵੰਦ ਮਰੀਜ਼ਾਂ ਲਈ ਖ਼ੂਨਦਾਨ ਕਰਨ ਲਈ ਪ੍ਰੇਰਿਤ ਕਰਨ ਤਾਂ ਜੋ ਬੇਸ਼ਕੀਮਤੀ ਮਨੁੱਖੀ ਜਾਨਾਂ ਬਚਾਈਆਂ ਜਾ ਸਕਣ, ਕਿਉਂਕਿ ਮਨੁੱਖੀ ਖ਼ੂਨ ਸਿਰਫ ਇਨਸਾਨੀ ਸਰੀਰ ਅੰਦਰ ਹੀ ਕੁਦਰਤੀ ਤਕਨੀਕ ਨਾਲ ਬਣਦਾ ਹੈ, ਇਸ ਨੂੰ ਡੁਪਲੀਕੇਟ ਨਹੀਂ ਬਣਾਇਆ ਜਾ ਸਕਦਾ।

## ਤੀਰਥ ਯਾਤਰਾ ਯੋਜਨਾ ਅਧੀਨ ਬੱਸ ਨੂੰ ਸੰਧਵਾਂ ਨੇ ਦਿੱਤੀ ਹਰੀ ਝੰਡੀ

**ਫ਼ਰੀਦਕੋਟ/ਕੋਟਕਪੂਰਾ (ਸ਼ਾਮ ਲਾਲ ਚਾਵਲਾ)**-ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਕੋਟਕਪੂਰਾ ਹਲਕੇ ਦੇ ਪਿੰਡ ਭਾਣਾ ਤੋਂ ਸ਼ਰਧਾਲੂਆਂ ਨੂੰ ਅੰਮ੍ਰਿਤਸਰ ਦੇ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਲੈ ਕੇ ਜਾਣ ਵਾਲੀ ਬੱਸ ਨੂੰ ਰਵਾਨਾ ਕੀਤਾ।ਇਸ ਮੌਕੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਧਾਰਮਿਕ ਆਸਥਾ ਦਾ ਸਤਿਕਾਰ ਕਰਦੀ ਹੈ ਅਤੇ ਇਸ ਯੋਜਨਾ ਰਾਹੀਂ ਬਜ਼ੁਰਗਾਂ ਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਨੂੰ ਮੁਫ਼ਤ ਤੀਰਥ ਯਾਤਰਾ ਦੀ ਸਹੂਲਤ ਪ੍ਰਦਾਨ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਯੋਜਨਾ ਲੋਕ-ਕਲਿਆਣ ਵੱਲ ਇੱਕ ਮਹੱਤਵਪੂਰਨ ਕਦਮ ਹੈ।ਉਨ੍ਹਾਂ ਦੱਸਿਆ ਕਿ ਯਾਤਰਾ ਦੌਰਾਨ ਸ਼ਰਧਾਲੂਆਂ ਲਈ ਆਵਾਜਾਈ ਸਮੇਤ ਸਾਰੀਆਂ ਮੁੱਢਲੀਆਂ ਸਹੂਲਤਾਂ ਸਰਕਾਰ ਵੱਲੋਂ ਮੁਹੱਈਆ ਕਰਵਾਈਆਂ ਜਾਂਦੀਆਂ ਹਨ, ਤਾਂ ਜੋ ਯਾਤਰੀ ਆਰਾਮਦਾਇਕ ਅਤੇ ਸੁਰੱਖਿਅਤ ਤਰੀਕੇ ਨਾਲ ਆਪਣੀ ਯਾਤਰਾ ਪੂਰੀ ਕਰ ਸਕਣ। ਇਸੇ ਤਰਾਂ ਬੁੱਧਵਾਰ ਨੂੰ ਫ਼ਰੀਦਕੋਟ ਹਲਕੇ ਦੇ ਪਿੰਡ ਸਾਧਾਂਵਾਲਾ ਅਤੇ ਜੈਤੋ ਹਲਕੇ ਦੇ ਪਿੰਡ ਪੰਜਗਰਾਈਂ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੇ ਜੱਥੇ ਨਾਲ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਬੱਸਾਂ ਰਵਾਨਾ ਹੋਈਆਂ।ਇਸ ਮੌਕੇ ਸ. ਬਲਦੇਵ ਸਿੰਘ ਸਰਪੰਚ, ਹਰਪ੍ਰੀਤ ਸਿੰਘ ਤੇ ਵੱਡੀ ਗਿਣਤੀ ਵਿੱਚ ਸ਼ਰਧਾਲੂ, ਪਤਵੰਤੇ ਅਤੇ ਸਥਾਨਕ ਲੋਕ ਹਾਜ਼ਰ ਸਨ।

## ਸੰਧਵਾਂ ਵੱਲੋਂ ਵਿਕਾਸ ਕਾਰਜਾਂ ਦੀ ਸਮੀਖਿਆ

**ਕੋਟਕਪੂਰਾ (ਸ਼ਾਮ ਲਾਲ ਚਾਵਲਾ)**-ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਪਿੰਡ ਸੰਧਵਾਂ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ। ਇਸ ਦੌਰਾਨ ਉਨ੍ਹਾਂ ਹਲਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਮੀਟਿੰਗ ਦੌਰਾਨ ਸਪੀਕਰ ਸੰਧਵਾਂ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਜਿਹੜੇ ਵੀ ਵਿਕਾਸ ਕਾਰਜ ਪੈਂਡਿੰਗ ਪਏ ਹਨ, ਉਹਨਾਂ ਨੂੰ ਤਰਜੀਹ ਦੇ ਅਧਾਰ 'ਤੇ ਜਲਦ ਤੋਂ ਜਲਦ ਮੁਕੰਮਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਵਿਕਾਸ ਕੰਮਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ-ਮਿੱਠ ਨਾ ਵਰਤੀ ਜਾਵੇ ਅਤੇ ਚੱਲ ਰਹੇ ਕੰਮਾਂ ਵਿੱਚ ਹੋਰ ਤੇਜ਼ੀ ਲਿਆਈ ਜਾਵੇ।ਉਨ੍ਹਾਂ ਹਦਾਇਤ ਕੀਤੀ ਕਿ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦੇ ਚੱਕਰ ਨਾ ਕੱਟਣੇ ਪੈਣ ਅਤੇ ਕਿਸੇ ਵੀ ਸਰਕਾਰੀ ਕੰਮ ਸਬੰਧੀ ਕਿਸੇ ਤਰ੍ਹਾਂ ਦੀ ਪਰੇਸ਼ਾਨੀ ਨਹੀਂ ਹੋਣੀ ਚਾਹੀਦੀ।ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਸ. ਗੁਰਮੀਤ ਸਿੰਘ ਆਰੇਵਾਲਾ, ਤਹਿਸੀਲਦਾਰ ਸ. ਮੱਖਣ ਸਿੰਘ, ਮਨਦੀਪ ਸਿੰਘ ਕਾਰਜਕਾਰੀ ਇੰਜੀਨੀਅਰ ਨੈਸ਼ਨਲ ਹਾਈਵੇ, ਕਾਰਜਕਾਰੀ ਇੰਜੀਨੀਅਰ ਸ੍ਰੀ ਨਵੀਨ ਕੁਮਾਰ, ਬੀ.ਡੀ.ਪੀ.ਓ. ਸ੍ਰੀ ਵਿਕਾਸ ਸ਼ਰਮਾ, ਸ੍ਰੀ ਅੰਮ੍ਰਿਤ ਲਾਲ ਈ.ਓ. ਨਗਰ ਕੌਂਸਲ ਕੋਟਕਪੂਰਾ, ਜ਼ਿਲ੍ਹਾ ਮੰਡੀ ਅਫ਼ਸਰ ਸ. ਹਰਪ੍ਰੀਤ ਸਿੰਘ, ਸ. ਗੈਰੀ ਵੜਿੰਗ, ਸ. ਮਨਪ੍ਰੀਤ ਸਿੰਘ ਮਨੀ ਧਾਲੀਵਾਲ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।

## 60 ਪੇਟੀਆਂ ਨਜਾਇਜ਼ ਸ਼ਰਾਬ ਤੇ ਕਾਰ ਸਮੇਤ ਨਾਮੀ ਤਸਕਰ ਕਾਬੂ

■ ਮੁਲਜ਼ਮ ਸੋਨੂੰ ਖ਼ਿਲਾਫ਼ ਪਹਿਲਾਂ ਵੀ ਦਰਜ ਹਨ ਕਈ ਮੁਕੱਦਮੇ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਫ਼ਰੀਦਕੋਟ ਪੁਲਸ ਨੇ ਨਸ਼ਾ ਤਸਕਰਾਂ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਇੱਕ ਵੱਡੀ ਸਫ਼ਲਤਾ ਹਾਸਲ ਕਰਦਿਆਂ ਇੱਕ ਨਾਮੀ ਸ਼ਰਾਬ ਤਸਕਰ ਨੂੰ ਭਾਰੀ ਮਾਤਰਾ ਵਿੱਚ ਨਜਾਇਜ਼ ਸ਼ਰਾਬ ਤੇ ਕਾਰ ਸਮੇਤ ਗ੍ਰਿਫ਼ਤਾਰ ਕੀਤਾ ਹੈ।ਪੁਲਸ ਨੇ ਮੁਲਜ਼ਮ ਕੋਲੋਂ ਵੱਖ-ਵੱਖ ਬ੍ਰਾਂਡਾਂ ਦੀਆਂ 60 ਪੇਟੀਆਂ (720 ਬੋਤਲਾਂ) ਤੇ 90 ਲੀਟਰ ਖੁੱਲ੍ਹੀ ਸ਼ਰਾਬ ਬਰਾਮਦ ਕੀਤੀ ਹੈ।

ਐੱਸ.ਐੱਸ.ਪੀ. ਫ਼ਰੀਦਕੋਟ ਡਾ. ਪ੍ਰਗਿਆ ਜੈਨ ਨੇ ਦੱਸਿਆ ਕਿ ਸ੍ਰੀ ਜੋਗੇਸ਼ਵਰ ਸਿੰਘ ਗੋਰਾਇਆ ਐੱਸ ਪੀ (ਇਨਵੈਸਟੀਗੇਸ਼ਨ) ਤੇ ਡੀ.ਐੱਸ.ਪੀ ਅਵਤਾਰ ਸਿੰਘ ਦੀ ਅਗਵਾਈ ਹੇਠ ਸੀ.ਆਈ.ਏ. ਸਟਾਫ਼ ਦੇ ਇੰਚਾਰਜ ਇੰਸਪੈਕਟਰ ਅਮਰਿੰਦਰ ਸਿੰਘ ਦੀ ਨਿਗਰਾਨੀ ਹੇਠ ਪੁਲਸ ਟੀਮ ਗਸ਼ਤ 'ਤੇ ਸੀ।ਇਸ ਦੌਰਾਨ ਸਹਾਇਕ ਥਾਣੇਦਾਰ ਪਰਮਿੰਦਰ ਸਿੰਘ ਨੂੰ ਸੂਚਨਾ ਮਿਲੀ ਕਿ ਮਨੋਜ ਕੁਮਾਰ ਉਰਫ਼ ਸੋਨੂੰ ਵਾਸੀ ਨਿਊ ਕੈਂਟ ਰੋਡ, ਜੋ ਕਿ ਪਹਿਲਾਂ ਵੀ ਸ਼ਰਾਬ ਤਸਕਰੀ ਦੇ ਕਈ ਮਾਮਲਿਆਂ ਵਿੱਚ ਸ਼ਾਮਲ ਹੈ, ਬਾਹਰਲੇ ਜ਼ਿਲ੍ਹਿਆਂ ਤੋਂ ਸਸਤੀ ਸ਼ਰਾਬ ਲਿਆ ਕੇ ਇੱਥੇ ਮਹਿੰਗੇ ਭਾਅ ਵੇਚਦਾ ਹੈ।ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਗਿਆਨੀ ਜ਼ੈਲ ਸਿੰਘ ਐਵੀਨਿਊ ਸਥਿਤ ਇੱਕ ਪਲਾਟ ਵਿੱਚ ਬਣੇ ਕਮਰੇ ਕੋਲ ਛਾਪੇਮਾਰੀ ਕੀਤੀ।ਮੁਲਜ਼ਮ ਉਸ ਵੇਲੇ ਗੱਡੀ ਵਿੱਚ ਸ਼ਰਾਬ ਲੋਡ ਕਰਕੇ ਸਪਲਾਈ ਕਰਨ ਦੀ ਤਿਆਰੀ ਕਰ ਰਿਹਾ ਸੀ।ਪੁਲਸ ਨੇ ਮੌਕੇ 'ਤੇ ਹੀ ਉਸ ਨੂੰ ਦਬੋਚ ਲਿਆ ਤੇ ਤਸਕਰੀ ਲਈ ਵਰਤੀ ਜਾਣ ਵਾਲੀ ਕਾਰ ਵੀ ਕਬਜ਼ੇ ਵਿੱਚ ਲੈ ਲਈ।ਐੱਸ.ਐੱਸ.ਪੀ. ਨੇ ਦੱਸਿਆ ਕਿ ਮੁਢਲੀ ਪੁੱਛਗਿੱਛ ਵਿੱਚ ਸਾਹਮਣੇ ਆਇਆ ਹੈ ਕਿ ਮੁਲਜ਼ਮ ਪੇਸ਼ੇਵਰ ਤਸਕਰ ਹੈ।ਥਾਣਾ ਸਿਟੀ ਫ਼ਰੀਦਕੋਟ ਵਿਖੇ ਐਕਸਾਈਜ਼ ਐਕਟ ਦੀ ਧਾਰਾ 61 ਤਹਿਤ ਮੁਕੱਦਮਾ ਨੰਬਰ 08 ਦਰਜ ਕੀਤਾ ਗਿਆ ਹੈ। ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਮੁਲਜ਼ਮ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਗਿਆ ਹੈ।

## ਪੱਤਰਕਾਰ ਜਸਵੀਰ ਸਿੰਘ ਲੜਨਗੇ 20 ਨੰਬਰ ਵਾਰਡ ਤੋਂ ਚੋਣ



**ਧੂਰੀ (ਰਣਜੀਤ ਸਿੰਘ ਪੇਧਨੀ)**-ਪਿਛਲੇ ਲੰਮੇ ਸਮੇਂ ਤੋਂ ਧੂਰੀ ਸ਼ਹਿਰ ਤੇ ਇਲਾਕੇ ਵਿੱਚ ਪੱਤਰਕਾਰੀ ਦੇ ਤੌਰ 'ਤੇ ਇਮਾਨਦਾਰੀ ਨਾਲ ਕੰਮ ਕਰ ਰਹੇ ਡਾਕਟਰ ਜਸਬੀਰ ਸਿੰਘ ਮਾਨ ਵੱਲੋਂ ਵਾਰਡ ਨੰਬਰ 20 ਤੋਂ ਚੋਣ ਲੜਨ ਦਾ ਐਲਾਨ ਕਰ ਦਿੱਤਾ ਗਿਆ ਹੈ।ਡਾਕਟਰ ਪਿਛਲੇ ਲੰਮੇ ਸਮੇਂ ਤੋਂ 20 ਨੰਬਰ ਵਾਰਡ ਦੀਆਂ ਸਮੱਸਿਆਵਾਂ, ਮੁਸ਼ਕਲਾਂ, ਕੰਮਾਂ-ਕਾਰਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਵਾਉਂਦੇ ਆ ਰਹੇ ਹਨ।ਇਸ ਮੌਕੇ ਪ੍ਰੈੱਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਡਾਕਟਰ ਜਸਵੀਰ ਮਾਨ ਨੇ ਕਿਹਾ ਕਿ ਉਹ 20 ਨੰਬਰ ਵਾਰਡ ਦੇ ਲੋਕਾਂ ਦੀ ਸੇਵਾ ਕਰਨਾ ਚਾਹੁੰਦੇ ਹਨ।ਉਹ ਪਹਿਲਾਂ ਵੀ ਪਿਛਲੇ ਲੰਮੇ ਸਮੇਂ ਤੋਂ ਸਮਾਜ ਸੇਵਾ ਦੇ ਖੇਤਰ ਵਿੱਚ ਆਪਣਾ ਬਣਦਾ ਯੋਗਦਾਨ ਪਾ ਕੇ ਆਪਣੀਆਂ ਸੇਵਾਵਾਂ ਨਿਭਾਅ ਰਹੇ ਹਨ, ਪਰ ਮਹੱਲਾ ਨਿਵਾਸੀਆਂ ਤੇ 20 ਨੰਬਰ ਵਾਰਡ ਦੇ ਮੁਹਤਬਰ ਵਿਅਕਤੀਆਂ ਦੇ ਕਹਿਣ ਅਤੇ ਉਨ੍ਹਾਂ ਵੱਲੋਂ ਹੱਲਾਸ਼ੇਰੀ ਦੇਣ 'ਤੇ ਉਹ 20 ਨੰਬਰ ਵਾਰਡ ਤੋਂ ਚੋਣ ਨਗਰ ਕੌਂਸਲਰ ਦੀ ਚੋਣ ਲੜਨ ਦਾ ਐਲਾਨ ਕਰਦੇ ਹਨ।

## ਕੇਅਰ ਕੰਪੈਨੀਅਨ ਪ੍ਰੋਗਰਾਮ ਤਹਿਤ ਟ੍ਰੇਨਿੰਗ ਕਰਾਈ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਿਵਲ ਸਰਜਨ ਡਾ. ਜਸਵਿੰਦਰ ਸਿੰਘ ਦੀ ਅਗਵਾਈ ਹੇਠ ਟ੍ਰੇਨਿੰਗ ਹਾਲ, ਦਫ਼ਤਰ ਸਿਵਲ ਸਰਜਨ ਵਿਖੇ ਸਮੂਹ ਬਲਾਕਾਂ ਦੇ ਬੀ.ਈ.ਈ ਤੇ ਸਟਾਫ਼ ਨਰਸਾਂ ਨੂੰ ਮਾਂਵਾਂ ਤੇ ਨਵਜੰਮੇ ਬੱਚਿਆਂ ਦੀ ਦੇਖਭਾਲ ਲਈ ਕੇਅਰ ਕੰਪੈਨੀਅਨ ਪ੍ਰੋਗਰਾਮ ਤਹਿਤ ਟ੍ਰੇਨਿੰਗ ਕਰਾਈ ਗਈ।ਟ੍ਰੇਨਿੰਗ ਦੌਰਾਨ ਦੱਸਿਆ ਗਿਆ ਕਿ ਬੱਚੇ ਦੇ ਜਨਮ ਸਮੇਂ ਬੱਚੇ ਦੀ ਸੰਭਾਲ ਦੇ ਨਾਲ-ਨਾਲ ਮਾਂ ਦੀ ਸਿਹਤ ਸੰਭਾਲ ਵੱਲ ਵੀ ਖਾਸ ਧਿਆਨ ਦੇਣ ਦੀ ਜ਼ਰੂਰਤ ਹੁੰਦੀ ਹੈ।ਟ੍ਰੇਨਿੰਗ ਦਿੰਦਿਆ ਕੇਅਰ ਕੰਮਪੈਨੀਅਨ ਪ੍ਰੋਗਰਾਮ ਦੀ ਟ੍ਰੇਨਰ ਮਨਪ੍ਰੀਤ ਕੌਰ ਨੇ ਦੱਸਿਆ ਕਿ ਬੱਚੇ ਦੀ ਸਾਂਭ-ਸੰਭਾਲ ਕਰਨੀ ਪੂਰੇ ਪਰਵਾਰ ਦੀ ਜ਼ਿੰਮੇਵਾਰੀ ਹੁੰਦੀ ਹੈ। ਇਸ ਲਈ ਜਣੇਪੇ ਮੌਕੇ ਨਾਲ ਆਏ ਪਰਵਾਰਕ ਮੈਂਬਰਾਂ ਨੂੰ ਵੀ ਦੱਸਿਆ ਜਾਵੇ ਕਿ ਨਵੀਂ ਮਾਂ ਨੂੰ ਪੌਸ਼ਟਿਕ ਖ਼ੁਰਾਕ ਦੇਣੀ ਕਿੰਨੀ ਜ਼ਰੂਰੀ ਹੈ।ਇਸ ਦੇ ਨਾਲ ਹੀ ਬੱਚੇ ਦੀ ਸਾਂਭ-ਸੰਭਾਲ ਬਾਰੇ ਵੀ ਪਿਤਾ ਨੂੰ ਜਾਣਕਾਰੀ ਦਿੱਤੀ ਜਾਣੀ ਚਾਹੀਦੀ ਹੈ।ਪਿਤਾ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਬੱਚੇ ਨੂੰ ਗੋਦੀ ਕਿਵੇਂ ਚੁੱਕਣਾ, ਦੁੱਧ ਪਿਲਾਏ ਜਾਣ ਤੋਂ ਬਾਦ ਡਕਾਰ ਦਿਵਾਉਣਾ ਤੇ ਸਾਫ ਸਫਾਈ ਦਾ ਖਿਆਲ ਰੱਖਣਾ ਆਉਣਾ ਚਾਹੀਦਾ ਹੈ।ਉਨ੍ਹਾਂ ਦੱਸਿਆ ਕਿ ਇਸ ਲਈ ਸਾਰੀਆ ਸਿਹਤ ਸੰਸਥਾਵਾਂ ਤੇ ਫਲਿੱਪ ਚਾਰਟ, ਪੋਸਟਰ, ਵੀਡੀਓ ਆਦਿ ਰਾਹੀਂ ਮਹਿਲਾਵਾਂ ਦੇ ਨਾਲ ਆਏ ਪਰਵਾਰਕ ਮੈਂਬਰਾਂ ਨੂੰ ਵੀ ਜਾਣਕਾਰੀ ਦਿੱਤੀ ਜਾਵੇ।ਮਾਂ ਦੇ ਨਾਲ-ਨਾਲ ਬੱਚੇ ਦੇ ਪਿਤਾ, ਦਾਦੀ, ਨਾਨੀ ਤੇ ਹੋਰ ਰਿਸ਼ਤੇਦਾਰਾਂ ਨੂੰ ਵੀ ਜੱਚਾ ਬੱਚਾ ਦੀ ਸਾਂਭ ਸੰਭਾਲ ਬਾਰੇ ਸਮਝਾਇਆ ਜਾਵੇ।

## ਲਹਿਰਗਾਗਾ ਵਾਸੀ ਸਭਾ ਸੰਗਰੂਰ ਦੇ ਪ੍ਰਧਾਨ ਬਣੇ ਰਜਿੰਦਰ ਗੋਇਲ

**ਸੰਗਰੂਰ (ਪ੍ਰਵੀਨ ਸਿੰਘ)**

ਲਹਿਰਾਗਾਗਾ ਨਿਵਾਸੀ ਸਭਾ ਸੰਗਰੂਰ ਦੇ ਪ੍ਰਧਾਨ ਦੀ ਚੋਣ ਸਰਬਸੰਮਤੀ ਨਾਲ ਹੋਈ। ਸਭ ਤੋਂ ਪਹਿਲਾਂ ਐਨ ਡੀ ਸਿੰਗਲਾ, ਜੁਗਰਾਜ ਸਿੰਘ, ਗੁਰਇੰਦਰ ਪਾਲ ਸਿੰਘ ਨੇ ਰਜਿੰਦਰ ਗੋਇਲ ਦਾ ਨਾਂਅ ਪ੍ਰਧਾਨਗੀ ਲਈ ਪ੍ਰਪੋਜ਼ ਕੀਤਾ, ਜਿਸ ਦੀ ਤਾਈਦ ਗੋਰਾ ਲਾਲ ਤੇ ਕਮਲੇਸ਼ ਕੁਮਾਰ ਨੇ ਕੀਤੀ, ਜਿਸ 'ਤੇ ਸਾਰਿਆਂ ਮੈਂਬਰਾਂ ਨੇ ਰਜਿੰਦਰ ਗੋਇਲ ਨੂੰ ਦੁਆਰਾ ਸਰਬਸੰਮਤੀ ਨਾਲ ਪ੍ਰਧਾਨ ਚੁਣਿਆ ਗਿਆ।



ਸੰਸਥਾ ਦੇ ਮੈਂਬਰ ਮਾਸਟਰ ਫ਼ਕੀਰ ਚੰਦ ਤੇ ਹਰਿੰਦਰ ਪਾਲ ਸਿੰਘ ਖਾਲਸਾ ਨੇ ਦੱਸਿਆ ਕਿ ਲੈਹਰਾਂ ਸਭਾ ਦੀ ਸ਼ੁਰੂਆਤ 1983 'ਚ ਸ਼ੁਰੂ ਹੋਈ ਸੀ। ਲਹਿਰਾਗਾਗਾ ਤੋਂ ਸੰਗਰੂਰ ਆ ਕੇ ਵਸੇ ਮੈਂਬਰਾਂ ਨੇ ਆਪਣੇ ਦੁੱਖ-ਸੁੱਖ ਸਾਂਝੇ ਕਰਨ ਲਈ ਇਸ ਦੀ ਸ਼ੁਰੂਆਤ ਕੀਤੀ ਸੀ। ਉਸ ਤੋਂ ਚੱਲਦੇ ਇਹ ਸਭਾ ਸਮਾਜ ਸੇਵੀ ਕੰਮਾਂ ਨੂੰ ਤਰਜ਼ੀਹ ਦੇਣ ਲੱਗ ਪਈ। ਸੰਸਥਾ ਦੇ ਸਾਬਕਾ ਪ੍ਰਧਾਨ ਸਵ ਰਾਮ ਲਾਲ ਸ਼ਰਮਾ ਦੀ ਮਿਹਨਤ ਤੇ ਉਨ੍ਹਾਂ ਦੀ ਸੁਚੱਜੀ ਅਗਵਾਈ ਹੇਠ ਲੋੜਵੰਦ ਲੜਕੀਆਂ ਦੀ ਸ਼ਾਦੀਆਂ ਰੇਲਵੇ ਸਟੇਸ਼ਨ ਤੇ ਬਸ ਸਟੈਂਡ ਤੇ ਗਰਮੀਆਂ ਵਿਚ ਠੰਡੇ ਪਾਨੀ ਦੀ ਸੇਵਾ ਮੈਡੀਕਲ ਕੈਂਪ ਲੋੜਵੰਦ ਬੱਚਿਆਂ ਨੂੰ ਕਾਪੀਆਂ ਕਿਤਾਬਾਂ ਦੀ ਸੇਵਾ ਕਰਕੇ ਲਹਿਰਾ ਸਭਾ ਨੇ ਇਲਾਕੇ ਵਿੱਚ ਨਾਮਣਾ ਖੱਟਿਆ। ਉਨ੍ਹਾਂ ਤੋਂ ਉਪਰੰਤ ਰਜਿੰਦਰ ਗੋਇਲ ਨੂੰ ਸਰਬਸੰਮਤੀ ਨਾਲ ਪ੍ਰਧਾਨ ਚੁਣਿਆ ਗਿਆ, ਜਿਨ੍ਹਾਂ ਦੀ ਸੁਚੱਜੀ ਅਗਵਾਈ ਹੇਠ ਪ੍ਰੇਮ ਬਸਤੀ ਸੰਗਰੂਰ ਗਲੀ ਨੰਬਰ 6 'ਚ ਲਹਿਰਾ ਭਵਨ ਦੀ ਉਸਾਰੀ ਕੀਤੀ ਗਈ ਤਾਂ ਜੁ ਮਹੱਲਾ ਵਾਸੀਆਂ ਦੇ ਦੁੱਖ, ਸੁੱਖ, ਸ਼ਾਦੀ ਵਿਆਹ 'ਚ ਕੰਮ ਆ ਸਕੇ। ਰਜਿੰਦਰ ਜੀ ਦੀ ਅਗਵਾਈ ਹੇਠ ਲਹਿਰਾ ਭਵਨ ਵਿਖੇ ਕਈ ਮੈਡੀਕਲ ਕੈਂਪ, ਹੱਡੀਆਂ ਜੋੜਾਂ ਦੇ ਕੈਂਪ, ਅੱਖਾਂ ਚੈੱਕ ਐਪ ਕੈਂਪ ਆਦਿ ਲਾਏ ਗਏ, ਜਿਨ੍ਹਾਂ 'ਚ ਦਵਾਈਆਂ ਮਰੀਜ਼ਾਂ ਨੂੰ ਫ੍ਰੀ ਦਿੱਤੀਆਂ ਗਈਆਂ। ਪਿਛਲੇ ਦੋ ਸਾਲਾਂ ਤੋਂ ਸੰਸਥਾਂ ਦੇ ਸਰਗਰਮ ਮੈਂਬਰ ਵਿਜੇ ਕੁਮਾਰ ਵੱਲੋਂ ਆਪਣੀ ਸਵ: ਪਤਨੀ ਦੀ ਯਾਦ 'ਚ ਲਗਾਤਾਰ ਦੋ ਮੈਡੀਕਲ ਕੈਂਪ ਲਵਾਏ ਤੇ ਹਰ ਸਾਲ ਇਕ ਕੈਂਪ ਲਾਉਣ ਦਾ ਵਾਅਦਾ ਵੀ ਕੀਤਾ, ਜੋ ਲਗਾਤਾਰ ਲਵਾ ਰਹੇ ਹਨ। ਰਜਿੰਦਰ ਜੀ ਦੀ ਮਿਹਨਤ ਤੇ ਲਗਨ ਸਦਕਾ ਉਨ੍ਹਾਂ ਨੂੰ ਦੁਆਰਾ ਸਰਬਸੰਮਤੀ ਨਾਲ ਪ੍ਰਧਾਨ ਚੁਣਿਆ ਗਿਆ।

## 52 ਬੋਤਲਾਂ ਸ਼ਰਾਬ ਸਣੇ ਇੱਕ ਕਾਬੂ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ 52 ਬੋਤਲਾਂ ਠੇਕਾ ਸ਼ਰਾਬ ਅੰਗਰੇਜ਼ੀ ਸਣੇ ਇਕ ਵਿਅਕਤੀ ਨੂੰ ਕਾਬੂ ਕੀਤਾ ਗਿਆ ਹੈ।

ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਲਖਮੀਰ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਸ਼ਹੀਦ ਊਧਮ ਸਿੰਘ ਚੌਕ ਜਲਾਲਾਬਾਦ ਦੇ ਕੋਲ ਪੁੱਜੀ ਤਾਂ ਇਕ ਇਤਲਾਹ ਮਿਲੀ ਕਿ ਰਜੇਸ਼ ਕੁਮਾਰ ਉਰਫ ਬਿੱਟੂ ਪੁੱਤਰ ਮੋਹਨ ਲਾਲ ਵਾਸੀ ਦਸ਼ਮੇਸ਼ ਨਗਰ ਜਲਾਲਾਬਾਦ ਜੋ ਕਿ ਸ਼ਰਾਬ ਅੰਗਰੇਜ਼ੀ ਠੇਕਾ ਬਾਹਰੋਂ ਲਿਆ ਕੇ ਵੇਚਣ ਦਾ ਆਦੀ ਹੈ, ਜਿਸ 'ਤੇ ਪੁਲਸ ਪਾਰਟੀ ਨੇ ਉਸ ਦੇ ਘਰ ਵਿੱਚ ਛਾਪੇਮਾਰੀ ਕਰਕੇ 52 ਬੋਤਲਾਂ ਠੇਕਾ ਸ਼ਰਾਬ ਅੰਗਰੇਜ਼ੀ ਸਣੇ ਕਾਬੂ ਕਰ ਲਿਆ, ਜਿਸ 'ਤੇ ਥਾਣਾ ਸਿਟੀ ਜਲਾਲਾਬਾਦ ਵਿਖੇ ਮਾਮਲਾ ਦਰਜ ਕੀਤਾ ਗਿਆ ਹੈ।

## ਟੈਂਪੂ ਡਰਾਈਵਰ ਨੇ 2 ਬੁਲਟ ਤੇ 1 ਸਾਈਕਲ ਸਵਾਰ ਦਰੜਿਆ



**ਬਰੇਟਾ (ਰੀਤਵਾਲ)**-ਇੱਥੋਂ ਨਜ਼ਦੀਕ ਪਿੰਡ ਬਖਸ਼ੀਵਾਲਾ ਵਿਖੇ ਨੈਸ਼ਨਲ ਹਾਈਵੇ 148 ਉੱਪਰ ਗਲਤ ਸਾਈਡ ਤੋਂ ਆ ਰਹੀ ਪਿਕਅਪ ਗੱਡੀ ਦੇ ਨਸ਼ੇ ਦੀ ਹਾਲਤ 'ਚ ਡਰਾਈਵਰ ਨੇ ਦੋ ਮੋਟਰਸਾਈਕਲ ਤੇ ਇੱਕ ਸਾਈਕਲ ਸਵਾਰ ਨੂੰ ਸਿੱਧੀ ਟੱਕਰ ਮਾਰ ਕੇ ਦਰੜ ਦਿੱਤਾ, ਜਿਨ੍ਹਾਂ ਦੀ ਮੌਕੇ 'ਤੇ ਮੌਤ ਹੋ ਗਈ।ਇਕੱਤਰ ਕੀਤੀ ਜਾਣਕਾਰੀ ਅਨੁਸਾਰ ਨੈਸ਼ਨਲ ਹਾਈਵੇ 148 ਉੱਪਰ ਪਿੰਡ ਬਖਸ਼ੀਵਾਲਾ ਦੇ ਨਜ਼ਦੀਕ ਦੋ ਮੋਟਰਸਾਈਕਲ ਸਵਾਰ ਬੂਟਾ ਸਿੰਘ (30 ਸਾਲ), ਉਸ ਦੇ ਚਾਚੇ ਦਾ ਪੁੱਤਰ ਜਗਤਾਰ ਸਿੰਘ (29 ਸਾਲ) ਅਤੇ ਸਾਈਕਲ ਸਵਾਰ ਗੁਰਮੁੱਖ ਸਿੰਘ (18 ਸਾਲ) ਨੂੰ ਸਿੱਧੀ ਟੱਕਰ ਮਾਰ ਕੇ ਪਿਕਅਪ ਗੱਡੀ ਨੇ ਦਰੜ ਦਿੱਤਾ।ਪਿਕਅਪ ਗੱਡੀ ਗਲਤ ਸਾਇਡ ਤੋਂ ਆ ਰਹੀ ਸੀ, ਜਿਸ ਦੇ ਡਰਾਈਵਰ ਨੇ ਨਸ਼ਾ ਕੀਤਾ ਹੋਇਆ ਸੀ।ਉਪਰੋਕਤ ਜ਼ਖਮੀ ਵਿਅਕਤੀਆਂ ਨੂੰ ਸਰਕਾਰੀ ਹਸਪਤਾਲ ਬੁਢਲਾਡਾ ਵਿਖੇ ਲਿਆਂਦਾ ਗਿਆ, ਜਿੱਥੇ ਡਾਕਟਰਾਂ ਵੱਲੋਂ ਉਨ੍ਹਾਂ ਦੀ ਮੌਤ ਦੀ ਪੁਸ਼ਟੀ ਕੀਤੀ ਗਈ।ਸਥਾਨਕ ਲੋਕਾਂ ਨੇ ਪਿਕਅਪ ਡਰਾਈਵਰ ਨੂੰ ਪੁਲਸ ਹਵਾਲੇ ਕਰ ਦਿੱਤਾ।ਉਨ੍ਹਾਂ ਦੱਸਿਆ ਕਿ ਜਗਤਾਰ ਸਿੰਘ ਕੈਨੇਡਾ ਤੋਂ ਵਾਪਸ ਪਰਤਿਆ ਸੀ ਤੇ ਦੂਸਰਾ ਬੂਟਾ ਸਿੰਘ ਆਪਣਾ ਨਵਾਂ ਘਰ ਬਣਾ ਰਿਹਾ ਸੀ, ਤੀਸਰਾ ਵਿਅਕਤੀ ਗੁਰਮੁੱਖ ਸਿੰਘ, ਜੋ ਡੰਗਰ ਪਸ਼ੂ ਵੇਚ ਖਰੀਦ ਦਾ ਕੰਮ ਕਰਦਾ ਸੀ, ਇੱਥੇ ਪਸ਼ੂ ਖ੍ਰੀਦਣ ਲਈ ਆਇਆ ਹੋਇਆ ਸੀ। ਲਾਸ਼ ਪੋਸਟਮਾਰਟਮ ਲਈ ਮੁਰਦਾਘਰ ਬੁਢਲਾਡਾ ਵਿਖੇ ਭੇਜ ਦਿੱਤੀ ਗਈ ਹੈ।ਐੱਸ ਐੱਚ ਓ ਮੇਲਾ ਸਿੰਘ ਨੇ ਦੱਸਿਆ ਕਿ ਮ੍ਰਿਤਕਾਂ ਦੇ ਵਾਰਸਾਂ ਮੁਤਾਬਕ ਮੁਕੱਦਮਾ ਦਰਜ ਕਰਕੇ ਘਟਨਾ ਦੀ ਜਾਂਚ ਕੀਤੀ ਜਾ ਰਹੀ ਹੈ।

## ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਾਂ ਦੀ ਮਹੀਨਾਵਾਰ ਮੀਟਿੰਗ



**ਧੂਰੀ (ਮਨੋਹਰ ਸਿੰਘ ਸੱਗੂ)**-ਪਾਵਰਕਾਮ ਐਂਡ ਟਰਾਂਸਕੋ ਪੈਨਸ਼ਨ ਯੂਨੀਅਨ ਡਵੀਜ਼ਨ ਦੀ ਮਹੀਨੇਵਾਰ ਮੀਟਿੰਗ ਸਾਥੀ ਗੁਰਮੁਖ ਸਿੰਘ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਟਰੇਡ ਯੂਨੀਅਨ ਆਗੂ ਕਾਮਰੇਡ ਸੁਖਦੇਵ ਸ਼ਰਮਾ ਤੇ ਕਾਮਰੇਡ ਚਸੁਰਿੰਦਰ ਸ਼ਰਮਾ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਕਈ ਅਹਿਮ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ ਤੇ ਸਾਥੀਆਂ ਨੂੰ ਨਵੇਂ ਸਾਲ 2026 ਦੇ ਕੈਲੰਡਰ ਵੰਡੇ ਗਏ ਤੇ ਮਹੀਨੇਵਾਰ ਮੀਟਿੰਗ ਹਰੇਕ ਮਹੀਨੇ ਦੀ 7 ਤਰੀਖ ਨੂੰ ਕਰਨ ਦਾ ਫ਼ੈਸਲਾ ਕੀਤਾ ਗਿਆ।

## ਚੋਰੀਸ਼ੁਦਾ ਮੋਟਰਸਾਈਕਲ ਸਣੇ 2 ਕਾਬੂ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਨੇ ਚੋਰੀਸ਼ੁਦਾ ਮੋਟਰਸਾਇਕਲ ਸਣੇ 2 ਵਿਅਕਤੀਆਂ ਨੂੰ ਕਾਬੂ ਕੀਤਾ ਗਿਆ ਹੈ। ਜਾਂਚ ਅਧਿਕਾਰੀ ਐਚ.ਸੀ. ਸਤਪਾਲ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਸ਼ਹੀਦ ਊਧਮ ਸਿੰਘ ਚੌਕ ਜਲਾਲਾਬਾਦ ਦੇ ਕੋਲ ਮੌਜੂਦ ਸੀ ਤਾਂ ਇਤਲਾਹ ਮਿਲੀ ਕਿ ਪਾਰਸ ਅਤੇ ਸੁਖਚੈਨ ਉਰਫ ਸੁਖੀ ਜੋ ਕਿ ਮੋਟਰਸਾਈਕਲ ਚੋਰੀ ਕਰਕੇ ਅੱਗੇ ਵੇਚਣ ਦੇ ਆਦੀ ਹਨ ਜੋ ਅੱਜ ਵੀ ਚੋਰੀ ਕੀਤੇ ਮੋਟਰਸਾਈਕਲ ਨੂੰ ਅੱਗੇ ਵੇਚਣ ਲਈ ਦਾਣਾ ਮੰਡੀ ਜਲਾਲਾਬਾਦ ਦੇ ਸ਼ੈਡ ਵਿੱਚ ਖੜ੍ਹੇ ਗਾਹਕਾਂ ਦੀ ਉਡੀਕ ਕਰ ਰਹੇ ਹਨ ਅਤੇ ਛਾਪੇਮਾਰੀ ਕਰਕੇ 'ਤੇ ਕਾਬੂ ਆ ਸਕਦੇ ਹਨ। ਜਿਸ 'ਤੇ ਪੁਲਸ ਪਾਰਟੀ ਨੇ ਛਾਪੇਮਾਰੀ ਕਰਕੇ ਇਕ ਮੋਟਰਸਾਈਕਲ ਹੀਰੋ ਸਪਲੈਂਡਰ ਬਿਨਾਂ ਨੰਬਰੀ ਸਮੇਤ ਪਾਰਸ ਪੁੱਤਰ ਮੁਖਤਿਆਰ ਸਿੰਘ ਅਤੇ ਸੁਖਚੈਨ ਸਿੰਘ ਉਰਫ ਸੁੱਖੀ ਪੁੱਤਰ ਮੰਗਤ ਸਿੰਘ ਵਾਸੀਆਨ ਤਰੋਬੜੀ ਨੂੰ ਕਾਬੂ ਕੀਤਾ ਗਿਆ ਹੈ। ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ। ਪੁਲਸ ਵੱਲੋਂ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

## ਫ਼ਰਦ ਕੇਂਦਰ ਕੰਪਿਊਟਰ ਓਪਰੇਟਰ ਦੀਆਂ ਤਨਖਾਹਾਂ 'ਚ ਨਹੀਂ ਹੋਇਆ ਵੱਡਾ ਵਾਧਾ : ਚਕੇਰੀਆਂ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਫ਼ਰਦ ਕੇਂਦਰ ਕੰਪਿਊਟਰ ਓਪਰੇਟਰ ਐਸੋਸੀਏਸ਼ਨ (ਰਜਿ.) ਪੰਜਾਬ ਦੇ ਸੂਬਾ ਪ੍ਰਧਾਨ ਰਮਨਦੀਪ ਸਿੰਘ ਚਕੇਰੀਆਂ ਨੇ ਦੱਸਿਆ ਗਿਆ ਕਿ ਸਮੂਹ ਪੰਜਾਬ ਦੇ ਡਾਟਾ ਐਂਟਰੀ ਓਪਰੇਟਰ ਪਿਛਲੇ ਕਈ ਸਾਲਾਂ ਤੋਂ ਫਰਦ ਕੇਂਦਰਾਂ 'ਚ ਆਪਣੀਆਂ ਸੇਵਾਵਾਂ ਨਿਭਾਅ ਰਹੇ ਹਨ। 17-18 ਸਾਲਾਂ ਦੀ ਲਗਾਤਾਰ ਸੇਵਾ ਦੇ ਬਾਵਜੂਦ ਅੱਜ ਦੀ ਮਹਿੰਗਾਈ ਨੂੰ ਧਿਆਨ ਵਿਚ ਰੱਖਦੇ ਹੋਏ ਸਾਡੀਆਂ ਤਨਖਾਹਾਂ ਵਿਚ ਕੋਈ ਵੱਡਾ ਵਾਧਾ ਨਹੀਂ ਕੀਤਾ ਗਿਆ ਅਤੇ ਨਾ ਹੀ ਉਹ ਸੁਵਿਧਾਵਾਂ ਦਿੱਤੀਆਂ ਗਈਆਂ ਹਨ, ਜੋ ਇੱਕ ਮੁਲਾਜ਼ਮ ਨੂੰ ਕਿਰਤ ਕਾਨੂੰਨਾਂ ਅਨੁਸਾਰ ਮਿਲਣੀਆਂ ਚਾਹੀਦੀਆਂ ਹਨ। ਇੱਥੋਂ ਤੱਕ ਕਿ ਸਾਨੂੰ ਕਿਰਤ ਕਾਨੂੰਨ ਮੁਤਾਬਕ ਡੀਸੀ ਰੇਟ ਤਨਖਾਹ ਵੀ ਕਦੇ ਨਹੀਂ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਸੀਐੱਮਐੱਸ ਕੰਪਿਊਟਰਜ਼ ਐੱਲਟੀਡੀ ਕੰਪਨੀ ਵੱਲੋਂ ਅਕਤੂਬਰ 2024 ਤੋਂ ਲਗਾਤਾਰ ਇਹ ਪ੍ਰਥਾ ਅਪਣਾਈ ਜਾ ਰਹੀ ਹੈ ਕਿ 2-3 ਮਹੀਨੇ ਕੰਮ ਕਰਾ ਕੇ ਸਿਰਫ਼ ਇੱਕ ਮਹੀਨੇ ਦੀ ਤਨਖਾਹ ਦਿੱਤੀ ਜਾਂਦੀ ਹੈ। ਜਦੋਂ ਅਸੀਂ ਆਪਣੀ ਬਣਦੀ ਤਨਖਾਹ ਦੀ ਮੰਗ ਲਈ ਕਲਮਛੋਡ ਹੜਤਾਲ ਕਰਦੇ ਹਾਂ, ਤਾਂ ਕੰਪਨੀ ਵੱਲੋਂ ਉਨ੍ਹਾਂ ਦਿਨਾਂ ਦੀ ਤਨਖਾਹ ਵੀ ਕੱਟ ਲਈ ਜਾਂਦੀ ਹੈ। ਉਪਰੋਂ ਕੰਪਨੀ ਸਿਰਫ਼ ਵਟਸਐਪ ਮੈਸਜ ਰਾਹੀਂ ਇਹ ਕਹਿ ਕੇ ਆਪਣੀ ਜ਼ਿੰਮੇਵਾਰੀ ਤੋਂ ਬਚ ਰਹੀ ਹੈ ਕਿ ਜਦੋਂ ਤੱਕ ਬਿਲ ਪਾਸ ਨਹੀਂ ਹੁੰਦੇ, ਤਦ ਤੱਕ ਤਨਖਾਹ ਨਹੀਂ ਦਿੱਤੀ ਜਾਵੇਗੀ, ਜੋ ਪੂਰੀ ਤਰ੍ਹਾਂ ਨਾਇਨਸਾਫ਼ੀ ਹੈ।



ਸੂਬਾ ਪ੍ਰਧਾਨ ਨੇ ਕਿਹਾ ਕਿ ਜਦੋਂ ਵੀ ਅਸੀਂ ਆਪਣੀ ਤਨਖਾਹ ਦੀ ਮੰਗ ਕਰਦੇ ਹਾਂ, ਤਾਂ ਕੰਪਨੀ ਸਰਕਾਰ ਵੱਲੋਂ ਬਿੱਲ ਪਾਸ ਨਾ ਹੋਣ ਦਾ ਬਹਾਨਾ ਬਣਾ ਕੇ ਹੱਥ ਖੜੇ ਕਰ ਲੈਂਦੀ ਹੈ, ਜਦਕਿ ਕੰਪਨੀ ਖੁਦ ਹਰ ਤਰ੍ਹਾਂ ਦਾ ਮੁਨਾਫ਼ਾ ਲੈ ਰਹੀ ਹੈ, ਪਰ ਓਪਰੇਟਰਾਂ ਨੂੰ ਉਨ੍ਹਾਂ ਦਾ ਬਣਦਾ ਹੱਕ ਨਹੀਂ ਮਿਲ ਰਿਹਾ। ਅੰਤ 'ਚ ਐਸੋਸੀਏਸ਼ਨ ਨੇ ਕਿਹਾ ਕਿ ਪੰਜਾਬ ਦੇ ਸਮੂਹ ਫ਼ਰਦ ਕੇਂਦਰ ਕੰਪਿਊਟਰ ਓਪਰੇਟਰ ਹੜਤਾਲ ਨਹੀਂ ਕਰਨਾ ਚਾਹੁੰਦੇ, ਪਰ ਕੰਪਨੀ ਵੱਲੋਂ ਵਾਰ-ਵਾਰ ਤਨਖਾਹ ਵਿਚ ਹੋ ਰਹੀ ਦੇਰੀ ਤੋਂ ਨਿਰਾਸ਼ ਹੋ ਕੇ ਫ਼ਰਦ ਕੇਂਦਰ ਕੰਪਿਊਟਰ ਓਪਰੇਟਰ ਐਸੋਸੀਏਸ਼ਨ ਵੱਲੋਂ ਇਹ ਮੰਗ ਕੀਤੀ ਜਾਂਦੀ ਹੈ ਕਿ ਮਹੀਨਾ ਦਸੰਬਰ 2025 ਦੀ ਤਨਖਾਹ ਤੁਰੰਤ ਜਾਰੀ ਕੀਤੀ ਜਾਵੇ ਨਾਲ ਹੀ, ਸਾਡੇ ਸਾਥੀ ਕੰਪਿਊਟਰ ਓਪਰੇਟਰ ਬੂਟਾ ਸਿੰਘ ਪੁੱਤਰ ਭੋਲਾ ਸਿੰਘ, ਵਾਸੀ ਪਿੰਡ ਬੀਰ ਕਲਾਂ, ਜ਼ਿਲ੍ਹਾ ਸੰਗਰੂਰ ਨੂੰ ਜਬਰੀ ਛੁੱਟੀ 'ਤੇ ਰੱਖਿਆ ਗਿਆ ਹੈ, ਉਸ ਨੂੰ ਤੁਰੰਤ ਬਹਾਲ ਕੀਤਾ ਜਾਵੇ ਤੇ ਉਸ ਨੂੰ ਉਸ ਦੇ ਨੇੜਲੇ ਵਰਕ ਸਟੇਸ਼ਨ ਸੁਨਾਮ, ਚੀਮਾਂ ਜਾਂ ਲੌਂਗੋਵਾਲ ਵਿਖੇ ਬਣਦੀ ਸੀਟ 'ਤੇ ਤੈਨਾਤ ਕੀਤਾ ਜਾਵੇ। ਉਨ੍ਹਾਂ ਆਖਿਆ ਕਿ ਜੇਕਰ ਉਪਰੋਕਤ ਮੰਗਾਂ ਨੂੰ ਜਲਦ ਪੂਰਾ ਨਾ ਕੀਤਾ ਗਿਆ ਤਾਂ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਫ਼ਰਦ ਕੇਂਦਰ ਕੰਪਿਊਟਰ ਓਪਰੇਟਰ ਐਸੋਸੀਏਸ਼ਨ ਮਿਤੀ 9 ਤੋਂ 12 ਜਨਵਰੀ ਤੱਕ ਐਸੋਸੀਏਸ਼ਨ ਦੇ ਝੰਡੇ ਹੇਠ ਤਿੱਖਾ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ।

## ਮਾਛੀਵਾੜਾ ਗਊਸ਼ਾਲਾ 'ਚ ਕੈਂਪ ਲਗਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਗਊ ਸੇਵਾ ਕਮਿਸ਼ਨ ਪੰਜਾਬ ਵੱਲੋਂ ਡਾਇਰੈਕਟਰ ਪਸ਼ੂ ਪਾਲਣ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਲੁਧਿਆਣਾ ਦੀ ਯੋਗ ਅਗਵਾਈ ਹੇਠ ਪਸ਼ੂ ਭਲਾਈ ਕੈਂਪ ਲਗਾਇਆ ਗਿਆ। ਇਕੱਤਰ ਕੀਤੀ ਜਾਣਕਾਰੀ ਮੁਤਾਬਿਕ ਵੈਟਨਰੀ ਅਫ਼ਸਰ ਡਾ. ਗੁਰਿੰਦਰਪਾਲ ਸਿੰਘ, ਸਿਧਾਰਥ ਵੈਟਨਰੀ ਇੰਸਪੈਕਟਰ, ਰਾਹੁਲ ਬੈਨੀਵਾਲ ਵੈਟਨਰੀ ਇੰਸਪੈਕਟਰ, ਰਾਜਪ੍ਰੀਤ ਸਿੰਘ ਵੈਟਨਰੀ ਇੰਸਪੈਕਟਰ ਵੱਲੋਂ ਭਗਤੀ ਨਾਥ ਗਊਸ਼ਾਲਾ ਵਿਖੇ ਲਗਾਏ ਕੈਂਪ ਵਿੱਚ ਗਊਸ਼ਾਲਾ ਨੂੰ 25,000 ਰੁਪਏ ਦੀਆਂ ਦਵਾਈਆਂ ਦਿੱਤੀਆਂ ਗਈਆਂ। ਮਾਹਰ ਡਾਕਟਰਾਂ ਦੀ ਟੀਮ ਵੱਲੋਂ ਬੀਮਾਰ ਦਾ ਇਲਾਜ ਵੀ ਕੀਤਾ ਗਿਆ। ਇਸ ਮੌਕੇ ਗਊਸ਼ਾਲਾ ਦੇ ਪ੍ਰਧਾਨ ਸੁਸ਼ੀਲ ਕੁਮਾਰ ਤੇ ਕਮੇਟੀ ਮੈਂਬਰਾਂ ਨੇ ਗਊ ਸੇਵਾ ਕਮਿਸ਼ਨ ਪੰਜਾਬ ਤੇ ਡਾਕਟਰੀ ਟੀਮ ਦਾ ਧੰਨਵਾਦ ਪ੍ਰਗਟਾਇਆ।

## ਕਮਲ ਧਾਲੀਵਾਲ ਨੇ ਢੀਂਡਸਾ ਪਰਵਾਰ ਨਾਲ ਕੀਤਾ ਦੁੱਖ ਸਾਂਝਾ



**ਸੰਗਾਲਾ (ਰਣਜੀਤ ਸਿੰਘ ਪੇਧਨੀ)**-ਹਲਕਾ ਅਮਰਗੜ੍ਹ ਤੋਂ ਕਾਂਗਰਸ ਪਾਰਟੀ ਦੇ ਪ੍ਰਮੁੱਖ ਆਗੂ, ਉੱਘੇ ਸਮਾਜ ਸੇਵੀ ਕਮਲ ਧਾਲੀਵਾਲ ਨੇ ਹਲਕੇ ਵਿੱਚ ਪੈਂਦੇ ਪਿੰਡ ਲਾਂਗੜੀਆਂ ਤੋਂ ਸ. ਅਵਤਾਰ ਸਿੰਘ ਢੀਂਡਸਾ ਤੇ ਸ: ਭੁਪਿੰਦਰ ਸਿੰਘ ਢੀਂਡਸਾ ਦੇ ਸਤਿਕਾਰਯੋਗ ਸਵ. ਮਾਤਾ ਤੇਜ ਕੌਰ ਜੀ, ਜੋ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ, ਉਨ੍ਹਾ ਦੇ ਗ੍ਰਹਿ ਪਹੁੰਚ ਕੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।ਇਸ ਮੌਕੇ ਕਮਲ ਧਾਲੀਵਾਲ ਨੇ ਕਿਹਾ ਕਿ ਜਿੱਥੇ ਉਹ ਪਰਿਵਾਰ ਦੇ ਨਾਲ ਦੁੱਖ ਸਾਂਝਾ ਕਰਦੇ ਹਨ, ਉੱਥੇ ਹੀ ਉਹ ਪ੍ਰਮਾਤਮਾ ਅੱਗੇ ਅਰਦਾਸ ਕਰਦੇ ਹਨ ਕਿ ਪ੍ਰਮਾਤਮਾ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।ਇਸ ਮੌਕੇ ਚੇਅਰਮੈਨ ਹਰਜਿੰਦਰ ਸਿੰਘ ਜੀ ਕਾਕਾ ਨੱਥੂ ਮਾਜਰਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਨਿਰਮਲਜੀਤ ਸਿੰਘ ਸੰਗਾਲੀ, ਪ੍ਰਧਾਨ ਵਿਕਾਸ ਟੰਡਨ, ਹਰਪ੍ਰੀਤ ਸਿੰਘ ਬਾਗੜੀਆ, ਪ੍ਰਧਾਨ ਪ੍ਰਿੰਸ ਜੋਸ਼ੀ ਆਦਿ ਹਾਜ਼ਰ ਸਨ।

## ਭਾਜਪਾ ਦੀ ਰੈਲੀ ਲਈ ਇਲਾਕੇ ਦੇ ਲੋਕਾਂ 'ਚ ਭਾਰੀ ਉਤਸ਼ਾਹ : ਆਗੂ



**ਸਮਰਾਲਾ (ਸੁਰਜੀਤ ਸਿੰਘ)**-ਸਮਰਾਲਾ ਦੀ ਨਵੀਂ ਦਾਣਾ ਮੰਡੀ ਵਿੱਚ 11 ਜਨਵਰੀ ਨੂੰ ਹੋਣ ਵਾਲੀ ਭਾਜਪਾ ਦੀ ਰੈਲੀ ਲਈ ਇਲਾਕੇ ਦੇ ਲੋਕਾਂ ਵਿੱਚ ਭਾਰੀ ਉਤਸ਼ਾਹ ਹੈ।ਇਹ ਦਾਅਵਾ ਇਥੇ ਭਾਜਪਾ ਦੇ ਆਗੂ ਆਸ਼ੂ ਸ਼ਰਮਾ ਨੇ ਕਰਦਿਆਂ ਕਿਹਾ ਕਿ ਇਸ ਰੈਲੀ ਵਿੱਚ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਸਮੇਤ ਭਾਜਪਾ ਦੇ ਵੱਡੇ ਲੀਡਰ ਪਹੁੰਚ ਰਹੇ ਹਨ, ਜੋ ਲੋਕ ਮਿਲਣੀ ਦੌਰਾਨ ਭਾਜਪਾ ਦੀਆਂ ਲੋਕ ਪੱਖੀ ਨੀਤੀਆਂ ਬਾਰੇ ਵਿਸਥਾਰ ਨਾਲ ਲੋਕਾਂ ਨੂੰ ਜਾਣਕਾਰੀ ਦੇਣਗੇ।ਆਸ਼ੂ ਸ਼ਰਮਾ ਨੇ ਕਿਹਾ ਕਿ ਇਸ ਰੈਲੀ ਵਿੱਚ ਕਰੀਬ 15 ਤੋਂ 20 ਹਾਜ਼ਰ ਲੋਕਾਂ ਦੀ ਸ਼ਮੂਲੀਅਤ ਦੀ ਉਮੀਦ ਹੈ।ਉਨ੍ਹਾ ਕਿਹਾ ਕਿ ਭਾਜਪਾ ਦੇ ਹਲਕਾ ਇੰਚਾਰਜ ਨਿਸ਼ੂ ਸ਼ਰਮਾ ਦੀ ਅਗਵਾਈ ਵਿੱਚ ਪੰਜਾਬ 'ਚ ਹੋਈਆਂ ਹਾਲੀਆ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਦੀਆਂ ਚੋਣਾਂ ਵਿੱਚ ਭਾਜਪਾ ਦੀ ਹੋਈ ਚੰਗੀ ਕਾਰਗੁਜ਼ਾਰੀ ਤੋਂ ਉਤਸ਼ਾਹਤ ਹੋ ਕੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਭਾਜਪਾ ਦੇ ਹੌਸਲੇ ਬੁਲੰਦ ਹਨ।ਉਨ੍ਹਾਂ ਕਿਹਾ ਕਿ ਇਸ ਰੈਲੀ ਵਿੱਚ ਲੋਕ ਮਿਲਣੀ ਤੋਂ ਇਲਾਵਾ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਚੋਣਾਂ ਵਿੱਚ ਜੇਤੂ ਤੇ ਚੋਣ ਲੜਨ ਵਾਲੇ ਉਮੀਦਵਾਰਾਂ ਨੂੰ ਸਨਮਾਨਤ ਕੀਤਾ ਜਾਵੇਗਾ।ਆਸ਼ੂ ਨੇ ਕਿਹਾ ਕਿ ਪੰਜਾਬ ਸਮੇਤ ਸਾਰੇ ਦੇਸ਼ ਵਿੱਚ ਹਕੀਕਤ ਤੋਂ ਪਰੇ ਹਟ ਕੇ ਮਨਰੇਗਾ ਬਾਰੇ ਕੂੜ ਪ੍ਰਚਾਰ ਕੀਤਾ ਜਾ ਰਿਹਾ ਹੈ, ਇਸ ਸਬੰਧੀ ਲੋਕਾਂ ਸਾਹਮਣੇ ਸਹੀ ਤਸਵੀਰ ਪੰਜਾਬ ਦੀ ਜਨਤਾ ਸਾਹਮਣੇ ਪੇਸ਼ ਕਰਕੇ ਲੋਕਾਂ ਦੇ ਸ਼ੰਕੇ ਦੂਰ ਕੀਤੇ ਜਾਣਗੇ।ਉਨ੍ਹਾਂ ਇਲਾਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਭਾਜਪਾ ਦੀ ਰੈਲੀ ਵਿੱਚ ਹੁੰਮ ਹੁਮਾ ਕੇ ਪੁੱਜਣ।ਇਸ ਮੌਕੇ ਉਨ੍ਹਾਂ ਨਾਲ ਹੋਰਨਾਂ ਤੋਂ ਇਲਾਵਾ ਭਜਪਾ ਦੇ ਜ਼ਿਲ੍ਹਾ ਸਕੱਤਰ ਬਲਰਾਮ ਸ਼ਰਮਾ ਤੇ ਜਸਪ੍ਰੀਤ ਸਿੰਘ ਹਰਿਓਂ ਵੀ ਹਾਜ਼ਰ ਰਹੇ।

## ਪੰਜਾਬੀ ਸਾਹਿਤ ਸਭਾ ਕਾਲਾਂਵਾਲੀ ਦੇ ਸਾਹਿਤਕ ਸਮਾਗਮ 'ਚ ਪੁੱਜੇ ਉੱਚ ਕੋਟੀ ਦੇ ਸਾਹਿਤਕਾਰ

**ਸਿਰਸਾ (ਸੁਰਿੰਦਰ ਪਾਲ ਸਿੰਘ)**

■ ਜਸਪਾਲ ਮਾਨਖੇੜਾ ਤੇ ਕਰਮਜੀਤ ਕੌਰ ਦਿਉਣ ਦਾ ਵਿਸ਼ੇਸ਼ ਸਨਮਾਨ




ਕਾਲਾਂਵਾਲੀ ਦੇ ਸਰਕਾਰੀ ਸੈਕੰਡਰੀ ਸਕੂਲ ਵਿਖੇ ਪੰਜਾਬੀ ਸਾਹਿਤ ਸਭਾ ਦੇ ਸਾਲਾਨਾ ਸਮਾਗਮ ਵਿੱਚ ਉੱਚ ਕੋਟੀ ਦੀਆਂ ਸਾਹਿਤਕ ਹਸਤੀਆਂ ਵੱਲੋਂ ਸ਼ਿਰਕਤ ਕੀਤੀ ਗਈ। ਸਮਾਗਮ ਦੇ ਪਹਿਲੇ ਸ਼ੈਸ਼ਨ ਦੀ ਪ੍ਰਧਾਨਗੀ ਮੰਡਲ ਵਿਚ ਕਾ. ਸਵਰਨ ਸਿੰਘ ਵਿਰਕ, ਸਾਹਿਤ ਅਕਾਦਮੀ ਦਿੱਲੀ ਦੇ ਮੈਂਬਰ ਜਸਪਾਲ ਮਾਨਖੇੜਾ, ਪੰਜਾਬੀ ਸਤਿਕਾਰ ਸਭਾ ਸਿਰਸਾ ਦੇ ਪ੍ਰਧਾਨ ਪਰਦੀਪ ਸਚਦੇਵਾ, ਨਾਮਧਾਰੀ ਪੰਜਾਬੀ ਸਾਹਿਤ ਸਭਾ, ਸ਼੍ਰੀ ਜੀਵਨ ਨਗਰ ਦੇ ਪ੍ਰਧਾਨ ਲਖਵਿੰਦਰ ਸਿੰਘ ਬਾਜਵਾ, ਪ੍ਰਗਤੀਸ਼ੀਲ ਲੇਖਕ ਸੰਘ ਸਿਰਸਾ ਦੇ ਪ੍ਰਧਾਨ ਡਾ. ਗੁਰਪ੍ਰੀਤ ਸਿੰਘ ਸਿੰਧਰਾ ਤੇ ਬਲਜੀਤ ਬਿੱਟੂ ਮਲਕਪੁਰਾ ਸਨ। ਪੰਜਾਬੀ ਸਾਹਿਤ ਸਭਾ ਕਾਲਾਂਵਾਲੀ ਦੇ ਪ੍ਰਧਾਨ ਭੁਪਿੰਦਰ ਪੰਨੀਵਾਲੀਆ ਵੱਲੋਂ ਆਏ ਮਹਿਮਾਨਾਂ ਤੇ ਸਾਹਿਤਕਾਰਾਂ ਦਾ ਸਵਾਗਤ ਕੀਤਾ ਗਿਆ। ਪੰਜਾਬੀ ਲੇਖਕ ਜਸਪਾਲ ਮਾਨਖੇੜਾ ਨੂੰ ਯੁੱਗ ਕਵੀ ਅਵਤਾਰ ਪਾਸ਼ ਯਾਦਗਾਰੀ ਐਵਾਰਡ ਤੇ ਪੰਜਾਬੀ ਲੇਖਿਕਾ ਕਰਮਜੀਤ ਦਿਉਣ ਨੂੰ ਮਾਤਾ ਅੰਗਰੇਜ਼ ਕੌਰ ਯਾਦਗਾਰੀ ਯਾਦਗਾਰੀ ਐਵਾਰਡ ਨਾਲ ਸਨਮਾਨਤ ਕਰਨ ਤੋਂ ਇਲਾਵਾ ਪੰਜਾਬੀ ਦੇ ਉੱਘੇ ਪੱਤਰਕਾਰ ਪ੍ਰਭੂ ਦਿਆਲ, ਪੰਜਾਬੀ ਨਾਟਕਕਾਰ ਡਾ. ਗੁਰਪ੍ਰੀਤ ਸਿੰਘ ਸਿੰਧਰਾ ਤੇ ਮਾਰਕਸਵਾਦੀ ਚਿੰਤਕ ਕਾ. ਕਸ਼ਮੀਰ ਦਮਦਮਾ ਦਾ ਵੀ ਵਿਸ਼ੇਸ਼ ਸਨਮਾਨ ਕੀਤਾ ਗਿਆ। ਪ੍ਰਧਾਨਗੀ ਮੰਡਲ ਵੱਲੋਂ ਸਰਬਜੀਤ ਸਿੰਘ ਜਰਮਨੀ ਦੇ ਕਹਾਣੀ ਸੰਗ੍ਰਹਿ 'ਇਮਾਨ ਅਜੇ ਜਿਉਂਦੈ, ਹਰਕੀਰਤ ਹੀਰ ਦੇ ਕਾਵਿ ਸੰਗ੍ਰਹਿ 'ਜ਼ਿੰਦਗੀ ਦਾ ਵੇਦ' ਤੇ ਡਾ.ਸਿੰਧਰਾ ਵੱਲੋਂ ਸੰਪਾਦਤ ਪੁਸਤਕਾਂ 'ਸੱਚ ਕੀ ਬੇਲਾ' ਤੇ 'ਜੇ ਆਸ਼ਕ ਮਿਲ ਜਾਂਦੇ' ਲੋਕ ਅਰਪਣ ਕੀਤੀਆਂ ਗਈਆਂ।

ਪ੍ਰੋਗਰਾਮ ਦੇ ਦੂਜੇ ਸ਼ੈਸਨ ਦੇ ਕਵੀ ਦਰਬਾਰ ਦੀ ਪ੍ਰਧਾਨਗੀ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਮੀਤ ਪ੍ਰਧਾਨ ਡਾ. ਹਰਵਿੰਦਰ ਸਿੰਘ ਸਿਰਸਾ,ਗ਼ਜ਼ਲਗੋ ਜਸ ਬਠਿੰਡਾ, ਜਸਵੰਤ ਕੌਰ ਕਾਲਾਂਵਾਲੀ, ਗੁਰੂ ਕਾਸੀ ਸਾਹਿਤ ਅਕਾਦਮੀ ਦਮਦਮਾ ਸਾਹਿਬ ਦੇ ਚੇਅਰਮੈਨ ਬਲਵੀਰ ਸਿੰਘ ਸਨੇਹੀ, ਪੰਜਾਬੀ ਸਾਹਿਤਕਾਰ ਗੁਰਦਾਸ ਸਿੰਘ ਪਾਲਣਾ ਅਤੇ ਮਾ. ਬੂਟਾ ਸਿੰਘ ਵੱਲੋਂ ਕੀਤੀ ਗਈ। ਸਮਾਗਮ 'ਚ ਸ਼ਾਇਰੀ ਦਾ ਰੰਗ ਬੰਨਣ ਵਾਲਿਆਂ ਵਿਚ ਡਾ. ਗੁਰਪ੍ਰੀਤ ਸਿੰਘ ਸਿੰਧਰਾ, ਜੱਸ ਬਠਿੰਡਾ, ਸੁਖਰਾਜ ਮੰਡੀ ਕਲਾਂ, ਲਖਵਿੰਦਰ ਸਿੰਘ ਬਾਜਵਾ, ਕਰਮਜੀਤ ਦਿਉਣ, ਹਰਚਰਨ ਸਿੰਘ ਗਿੱਲ, ਪੂਰਨ ਸਿੰਘ ਨਿਰਾਲਾ, ਕੰਵਰਜੀਤ ਸਿੰਘ, ਕੇਸ਼ਵ ਦੱਤ, ਬੂਟਾ ਸਿੰਘ ਸੂਰਤੀਆ, ਮੈਡਮ ਨਵਜੋਤ ਕੌਰ, ਜੱਗਾ ਜਗਮਾਲਵਾਲੀਆ, ਹਰਜੀਤ ਸਿੰਘ ਸਰਾਂ, ਕੁਲਵਿੰਦਰ ਸਿੰਘ ਸੰਧੂ, ਬਲਵਿੰਦਰ ਸਿੰਘ ਭੁੱਲਰ, ਰਣਬੀਰ ਰਾਣਾ, ਹਰਭਗਵਾਨ ਚਾਵਲਾ, ਰਮੇਸ਼ ਸ਼ਾਸਤਰੀ, ਪਰਦੀਪ ਸਚਦੇਵਾ, ਹਰਗੋਬਿੰਦ ਸਿੰਘ ਦੇਸੂ, ਅਮਨਦੀਪ ਕੌਰ ਲੱਕੜਵਾਲੀ, ਮਾ. ਮੁਖਤਿਆਰ ਸਿੰਘ ਚੱਠਾ, ਹਰਜੀਤ ਪੁਰੇਵਾਲ, ਕੁਲਵਿੰਦਰ ਸਿੰਘ ਫੱਗੂ, ਮਾ. ਮੰਗਾ ਸਿੰਘ ਸਮੇਤ ਖੇਤਰ ਦੇ ਬਹੁਤ ਸਾਰੇ ਸ਼ਾਇਰ ਸ਼ਾਮਲ ਸਨ। ਮੰਚ ਸੰਚਾਲਨ ਸਾਹਿਤ ਅਕਾਦਮੀ ਦਮਦਮਾ ਸਾਹਿਬ ਦੇ ਪ੍ਰਧਾਨ ਮਾ. ਸਰਿੰਦਰ ਪਾਲ ਸਿੰਘ ਸਾਥੀ ਵੱਲੋਂ ਕੀਤਾ ਗਿਆ ਤੇ ਸਮਾਗਮ ਦੇ ਅੰਤ ਵਿੱਚ ਅਮਰੀਕੀ ਸਾਮਰਾਜ ਵੱਲੋਂ ਵੈਨਜ਼ੂਐਲਾ ਦੇ ਰਾਸ਼ਟਰਪਤੀ ਨਾਲ ਕੀਤੀ ਗਈ ਧੱਕੇਸ਼ਾਹੀ ਦੇ ਵਿਰੋਧ 'ਚ ਇੱਕ ਮਤਾ ਵੀ ਪਾਸ ਕੀਤਾ ਗਿਆ ਤੇ ਅੰਤ ਵਿੱਚ ਪ੍ਰਧਾਨ ਭੁਪਿੰਦਰ ਪੰਨੀਵਾਲੀਆ ਅਤੇ ਮਾ. ਬੂਟਾ ਸਿੰਘ ਵੱਲੋਂ ਸਭ ਦਾ ਧੰਨਵਾਦ ਕੀਤਾ ਗਿਆ।

## ਦੇਵ ਮਾਨ ਨੇ ਕੱਚੇ ਕੱਚੇ ਘਰਾਂ ਦੀ ਪਹਿਲੀ ਕਿਸ਼ਤ ਕੀਤੀ ਜਾਰੀ



**ਨਾਭਾ (ਵਰਿੰਦਰ ਵਰਮਾ)**-ਹਲਕਾ ਨਾਭਾ ਦੀ ਸਬ ਤਹਿਸੀਲ ਸ਼ਹਿਰ ਭਾਦਸੋਂ ਵਿੱਚ 40 ਪਰਵਾਰਾਂ ਨੂੰ 20 ਲੱਖ ਰੁਪਏ ਦੀ ਰਾਸ਼ੀ ਦੇ ਚੈੱਕ ਪਹਿਲੀ ਕਿਸ਼ਤ ਦੇ ਰੂਪ ਵਿੱਚ ਗੁਰਦੇਵ ਸਿੰਘ ਦੇਵ ਮਾਨ ਐਮ ਐਲ ਏ ਨਾਭਾ ਵੱਲੋਂ ਜਾਰੀ ਕੀਤੇ ਗਏ।ਇਸ ਮੌਕੇ ਵਿਧਾਇਕ ਦੇਵ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਹ ਪਹਿਲੀ ਕਿਸ਼ਤ ਜਾਰੀ ਕੀਤੀ ਗਈ ਹੈ, ਜਲਦ ਦੂਜੀ ਕਿਸ਼ਤ ਵੀ ਜਾਰੀ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲੋੜਵੰਦ ਪਰਵਾਰਾਂ ਲਈ ਵੱਖ ਵੱਖ ਸਕੀਮਾਂ ਚਲਾਈਆਂ ਜਾ ਰਹੀਆਂ ਹਨ।ਇਸ ਮੌਕੇ ਲਾਭਪਾਤਰੀ ਪਰਵਾਰਾਂ ਵੱਲੋਂ ਪੰਜਾਬ ਸਰਕਾਰ ਤੇ ਵਿਧਾਇਕ ਦੇਵ ਮਾਨ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨਾਲ ਸ਼ੈਂਕੀ ਸਿੰਗਲਾ ਪ੍ਰਧਾਨ, ਗੁਰਦੀਪ ਸਿੰਘ ਦੀਪਾ ਰਾਮਗੜ੍ਹ ਚੇਅਰਮੈਨ ਮਾਰਕਿਟ ਕਮੇਟੀ ਭਾਦਸੋਂ, ਸੋਨੂ ਸੂਦ ਕੌਂਸਲਰ, ਈ ਓ ਭਾਦਸੋਂ, ਸਤਨਾਮ ਸਿੰਘ, ਮਨਪ੍ਰੀਤ ਸਿੰਘ ਕਾਲੀਆ ਦਫਤਰ ਇੰਚਾਰਜ ਭਾਦਸੋਂ, ਕਾਲਾ ਕਿਤਾਬਾਂ ਵਾਲਾ, ਲਾਡੀ ਭਾਦਸੋਂ, ਨਿਰਮਲ ਸਿੰਘ ਲੋਪੇ, ਜਸਵੀਰ ਸਿੰਘ ਵਜੀਦਪੁਰ, ਭੁਪਿੰਦਰ ਸਿੰਘ ਕੱਲਰ ਮਾਜਰੀ ਤੇ ਵੱਡੀ ਗਿਣਤੀ ਵਿੱਚ ਅਹੁਦੇਦਾਰ ਮੌਜੂਦ ਸਨ।

# ਬਿਜਲੀ ਕਾਮਿਆਂ ਦੀ ਏਕਾ ਜਥੇਬੰਦੀ ਨੇ ਨਵੇਂ ਸਾਲ ਦਾ ਕੈਲੰਡਰ ਤੇ ਡਾਇਰੀ ਰਿਲੀਜ਼ ਕੀਤੀ



ਤਰਨ ਤਾਰਨ (ਨ ਜ਼ ਸ)– ਬਿਜਲੀ ਕਾਮਿਆਂ ਦੀ ਸਿਰਮੌਰ ਜਥੇਬੰਦੀ ਪੀ ਐਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਰਜਿ :41 ਨੇ ਹਰੇਕ ਸਾਲ ਦੀ ਤਰ੍ਹਾਂ ਸਥਾਨਕ 132 ਕੇ ਵੀ ਬਿਜਲੀ ਘਰ ਵਿਖੇ ਨਵੇਂ ਸਾਲ 2026 ਦਾ ਕੈਲੰਡਰ ਅਤੇ ਡਾਇਰੀ ਰਲੀਜ਼ ਕੀਤੀ। ਇਸ ਮੌਕੇ ਜਥੇਬੰਦੀ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ ,ਸਰਕਲ ਸਕੱਤਰ ਪੂਰਨ ਦਾਸ ,ਐਸ ਐਸ ਈ ਇੰਜੀ : ਸੁਰਜੀਤ ਸਿੰਘ , ਏ ਈ ਈ ਇੰਜੀ : ਗੁਰਜਿੰਦਰ ਸਿੰਘ , ਇੰਜੀ : ਗੁਰਪ੍ਰੀਤ ਸਿੰਘ ਜੇ ਈ ,ਸੰਦੀਪ ਸਿੰਘ ,ਸੰਗਮ ਬਿੰਦ ,ਰਵਿੰਦਰ ਸਿੰਘ ਢਿੱਲੋਂ,ਬਲਜੀਤ ਕੌਰ ਆਦਿ ਸ਼ਾਮਲ ਹੋਏ । ਇਸ ਮੌਕੇ ਗੰਡੀਵਿੰਡ ਨੇ ਕਿਹਾ ਕੇ ਜੁਆਇੰਟ ਫੋਰਮ , ਏਕਤਾ ਮੰਚ ਅਤੇ ਸਹਿਯੋਗੀ ਮੁਲਾਜ਼ਮ ਤੇ ਪੈਨਸ਼ਨਰ ਜਥੇਬੰਦੀਆਂ ਦੇ ਸਾਂਝੇ ਸੱਦੇ 'ਤੇ ਬਿਜਲੀ ਨਿਗਮ ਦੀਆਂ ਜਾਇਦਾਦਾਂ ਵੇਚਣ ਖਿਲਾਫ਼ ਅਤੇ ਮੁਲਾਜ਼ਮਾਂ ਦੀਆਂ ਮੰਨੀਆਂ ਮੰਗਾਂ ਲਾਗੂ ਕਰਵਾਉਣ ਲਈ ਪਾਵਰ ਮੈਨੇਜਮੈਂਟ ਖਿਲਾਫ਼ 1 ਜਨਵਰੀ ਤੋਂ ਲਗਾਤਾਰ 24 ਘੰਟੇ ਦੀ ਲੜੀਵਾਰ ਚਲ ਰਹੀ ਭੁੱਖ ਹੜਤਾਲ ਦੇ ਅਖੀਰਲੇ ਦਿਨ 9 ਜਨਵਰੀ ਨੂੰ ਕੀਤੇ ਜਾਣ ਵਾਲੇ ਸੰਘਰਸ਼ ਪ੍ਰੋਗਰਾਮ ਵਿੱਚ ਮੁਲਾਜ਼ਮ ਅਤੇ ਪੈਨਸ਼ਨਰ ਵਰਗ ਵੱਧ ਚੜ ਕੇ ਹਿੱਸਾ ਲਵੇ । ਗੰਡੀਵਿੰਡ ਨੇ 10 ਜਨਵਰੀ ਦੀਆਂ ਸਾਂਝੀਆਂ ਜ਼ਿਲ੍ਹਾ ਪੱਧਰੀ ,16 ਜਨਵਰੀ ਨੂੰ ਡਿਪਟੀ ਕਮਿਸ਼ਨਰ ਦਫ਼ਤਰਾਂ ਅੱਗੇ ਸਯੁੰਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਬਿਜਲੀ ਸੋਧ ਬਿੱਲ 2025 ਅਤੇ ਹੋਰ ਲੋਕ ਮਾਰੂ ਨੀਤੀਆਂ ਖਿਲਾਫ਼ ਦਿੱਤੇ ਜਾ ਰਹੇ ਰੋਸ ਧਰਨਿਆਂ ਅਤੇ 21 ਜਨਵਰੀ ਨੂੰ ਪਾਵਰਕਾਮ ਦੇ ਮੁੱਖ ਦਫ਼ਤਰ ਪਟਿਆਲਾ ਅੱਗੇ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਵੱਲੋਂ ਕੀਤੇ ਜਾ ਰਹੇ ਰੋਸ ਪ੍ਰਦਰਸ਼ਨ ਨੂੰ ਕਾਮਯਾਬ ਕਰਨ ਦਾ ਸੱਦਾ ਦਿੱਤਾ।

# ਮਾਨ ਸਰਕਾਰ ਨੇ ਸੂਬੇ ਦੇ ਮਾਈਨਿੰਗ ਸੈਕਟਰ 'ਚ ਇਤਿਹਾਸਕ ਸੁਧਾਰ ਕੀਤੇ : ਬਰਿੰਦਰ ਕੁਮਾਰ ਗੋਇਲ



ਚੰਡੀਗੜ੍ਹ : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਸੂਬੇ ਦੇ ਮਾਈਨਿੰਗ ਸੈਕਟਰ 'ਚ ਇਤਿਹਾਸਕ ਸੁਧਾਰ ਕੀਤੇ ਹਨ। ਇਸ ਤਹਿਤ ਪੰਜਾਬ ਮਾਈਨਰ ਮਿਨਰਲ ਨੀਤੀ ਵਿੱਚ ਅਹਿਮ ਸੋਧਾਂ ਨੂੰ ਮਨਜ਼ੂਰੀ ਦਿੱਤੀ ਗਈ ਹੈ, ਜਿਸ ਦਾ ਉਦੇਸ਼ ਕੱਚੇ ਮਾਲ ਦੀ ਢੁੱਕਵੀਂ ਸਪਲਾਈ ਨੂੰ ਯਕੀਨੀ ਬਣਾਉਣ ਤੋਂ ਲੈ ਕੇ ਗ਼ੈਰ-ਕਾਨੂੰਨੀ ਮਾਈਨਿੰਗ ਅਤੇ ਭ੍ਰਿਸ਼ਟਾਚਾਰ ਨੂੰ ਠੱਲ੍ਹ ਪਾਉਣਾ, ਖਪਤਕਾਰਾਂ ਲਈ ਕੀਮਤਾਂ 'ਚ ਕਟੌਤੀ ਕਰਨਾ, ਸੂਬੇ ਦਾ ਮਾਲੀਆ ਵਧਾਉਣਾ ਅਤੇ ਇਜਾਰੇਦਾਰੀ ਨੂੰ ਖ਼ਤਮ ਕਰਨਾ ਹੈ। ਵੱਖ-ਵੱਖ ਧਿਰਾਂ ਤੋਂ ਸੁਝਾਵਾਂ ਬਾਰੇ ਵਿਆਪਕ ਸਲਾਹ-ਮਸ਼ਵਰੇ ਤੋਂ ਬਾਅਦ ਮੰਤਰੀ ਮੰਡਲ ਨੇ ਇਨ੍ਹਾਂ ਸੋਧਾਂ ਨੂੰ ਮਨਜ਼ੂਰੀ ਦਿੱਤੀ ਹੈ, ਜਿਨ੍ਹਾਂ ਅਧੀਨ ਨਵੀਆਂ ਮਾਈਨਿੰਗ ਸ਼੍ਰੇਣੀਆਂ ਸ਼ਾਮਲ ਕੀਤੀਆਂ ਗਈਆਂ ਹਨ, ਨਿਲਾਮੀ ਪ੍ਰਣਾਲੀ ਨੂੰ ਆਧੁਨਿਕ ਬਣਾਇਆ ਗਿਆ ਹੈ ਅਤੇ ਰੈਗੂਲੇਟਰੀ ਪ੍ਰਕਿਰਿਆਵਾਂ ਨੂੰ ਸਰਲ ਕੀਤਾ ਗਿਆ ਹੈ। ਇਹ ਅਹਿਮ ਸੁਧਾਰ ਮਾਈਨਿੰਗ ਸੈਕਟਰ ਵਿੱਚ ਪਾਰਦਰਸ਼ਤਾ, ਨਿਰਪੱਖਤਾ ਅਤੇ ਨਾਗਰਿਕ-ਪੱਖੀ ਸ਼ਾਸਨ ਵੱਲ ਇਤਿਹਾਸਕ ਤਬਦੀਲੀ ਦੇ ਗਵਾਹ ਹਨ।ਉਨ੍ਹਾਂ ਕਿਹਾ ਕਿ ਸਾਲਾਂ ਤੋਂ ਪੰਜਾਬ ਦੇ ਮਾਈਨਿੰਗ ਸੈਕਟਰ ਨੂੰ ਅਧਿਕਾਰਤ ਖਣਨ ਸਾਈਟਾਂ ਦੀ ਵੱਡੀ ਘਾਟ ਦਾ ਸਾਹਮਣਾ ਕਰਨਾ ਪਿਆ। ਸੂਬੇ ਭਰ ਵਿੱਚ ਸਿਰਫ਼ 35 ਦੇ ਕਰੀਬ ਖਾਣਾਂ ਕਾਰਜਸ਼ੀਲ ਹੋਣ ਦੇ ਨਾਲ ਸੜਕਾਂ, ਰਿਹਾਇਸ਼ੀ ਕਾਰਜਾਂ ਅਤੇ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਲਈ ਲੋੜੀਂਦੀ ਉਸਾਰੀ ਸਮੱਗਰੀ ਦੀ ਮੰਗ ਤੋਂ ਕਾਨੂੰਨੀ ਸਪਲਾਈ ਬਹੁਤ ਘੱਟ ਰਹੀ ਹੈ। ਇਸ ਪਾੜੇ ਨਾਲ ਇੱਕ ਖਲਾਅ ਪੈਦਾ ਹੋ ਗਿਆ, ਜਿਸ ਕਰਕੇ ਗ਼ੈਰ-ਕਾਨੂੰਨੀ ਖਣਨ ਅਤੇ ਗ਼ੈਰ-ਰੈਗੂਲੇਟਿਡ ਸਪਲਾਈ ਚੇਨਾਂ ਨੂੰ ਪੈਰ ਪਸਾਰ ਲਏ।ਇਸ ਢਾਂਚਾਗਤ ਸਮੱਸਿਆ ਦੇ ਹੱਲ ਲਈ ਪੰਜਾਬ ਸਰਕਾਰ ਨੇ ਇੱਕ ਸਪੱਸ਼ਟ ਰਣਨੀਤਕ ਪਹੁੰਚ ਅਪਣਾਈ। ਗ਼ੈਰ-ਕਾਨੂੰਨੀ ਗਤੀਵਿਧੀਆਂ ਦੀ ਬਜਾਏ ਸਰਕਾਰ ਨੇ ਮਾਈਨਿੰਗ ਸਪਲਾਈ ਨੂੰ ਹੌਲੀ-ਹੌਲੀ ਕਾਨੂੰਨੀ ਦਾਇਰੇ ਵਿੱਚ ਲਿਆਉਣ ਦਾ ਫ਼ੈਸਲਾ ਕੀਤਾ।ਸਾਰੇ ਅਤੇ ਐਮ.ਐਸ. ਢਾਂਚੇ ਤਹਿਤ ਕਰੱਸ਼ਰ ਮਾਲਕ ਜਿਨ੍ਹਾਂ ਕੋਲ ਬੱਜਰੀ ਦੇ ਭੰਡਾਰ ਵਾਲੀ ਜ਼ਮੀਨ ਹੈ, ਹੁਣ ਆਪਣੇ ਕੰਮਕਾਜ ਲਈ ਮਾਈਨਿੰਗ ਲੀਜ਼ ਅਤੇ ਖਣਨ ਸਮੱਗਰੀ ਪ੍ਰਾਪਤ ਕਰ ਸਕਦੇ ਹਨ।ਸਰਕਾਰ ਨੇ ਰੇਤ ਮਾਈਨਿੰਗ ਦੇ ਸਬੰਧ ਵਿੱਚ ਮੌਜੂਦਾ ਵਪਾਰਕ ਮਾਈਨਿੰਗ ਸਾਈਟਾਂ ਅਤੇ ਜਨਤਕ ਮਾਈਨਿੰਗ ਸਾਈਟਾਂ ਤੋਂ ਇਲਾਵਾ ਲੈਂਡ-ਓਨਰ ਮਾਈਨਿੰਗ ਸਾਈਟਾਂ (ਐਲ.ਐਮ.ਐਸ.) ਵੀ ਸ਼ੁਰੂ ਕੀਤੀਆਂ ਹਨ। ਐਲ.ਐਮ.ਐਸ. ਢਾਂਚਾ ਹੁਣ ਸੂਬਾ ਸਰਕਾਰ ਨੂੰ ਰਾਇਲਟੀ ਦੀ ਅਦਾਇਗੀ 'ਤੇ ਜ਼ਮੀਨ ਮਾਲਕਾਂ ਨੂੰ ਖੁਦ ਜਾਂ ਅਧਿਕਾਰਤ ਵਿਅਕਤੀਆਂ ਰਾਹੀਂ ਆਪਣੀ ਜ਼ਮੀਨ ਤੋਂ ਰੇਤ ਮਾਈਨਿੰਗ ਦੀ ਇਜਾਜ਼ਤ ਦਿੰਦਾ ਹੈ।

# ਬਿਜਲੀ ਨਿਗਮ ਦੀਆਂ ਜਾਇਦਾਦਾਂ ਵੇਚਣ ਖਿਲਾਫ਼ ਲੜੀਵਾਰ ਭੁੱਖ ਹੜਤਾਲ ਜਾਰੀ



ਪਟਿਆਲਾ : ਪੰਜਾਬ ਸਰਕਾਰ ਅਤੇ ਪਾਵਰ ਮੈਨੇਜਮੈਂਟ ਵੱਲੋਂ ਅਦਾਰੇ ਦੀਆਂ ਜਾਇਦਾਦਾਂ ਵੇਚਣ ਦੀ ਘਟੀਆ ਨੀਤੀ ਖਿਲਾਫ਼ ਬਿਜਲੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਵੱਖ-ਵੱਖ ਜਥੇਬੰਦੀਆਂ ਦੇ ਸਾਂਝੇ ਬੜ੍ਹੇ ਜੁਆਇੰਟ ਫੋਰਮ, ਏਕਤਾ ਮੰਚ, ਐਸੋਸੀਏਸ਼ਨ ਆਫ਼ ਜੂਨੀਅਰ ਇੰਜੀਨੀਅਰ, ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ, ਪਾਵਰਕਾਮ ਐਂਡ ਟਾਂਸਕੋ ਪੈਨਸ਼ਨਰਜ਼ ਯੂਨੀਅਨ (ਸੰਬੰਧਤ ਏਟਕ) ਪੈਨਸ਼ਨਰ ਵੈਲਫੇਅਰ ਫੈਡਰੇਸ਼ਨ (ਪਹਿਲਵਾਨ) ਦੇ ਸੱਦੇ 'ਤੇ ਵੀਰਵਾਰ ਅੱਠਵੇਂ ਤੇ ਆਖ਼ਰੀ ਦਿਨ ਅਦਾਰੇ ਦੇ ਮੁੱਖ ਦਫ਼ਤਰ ਸਾਹਮਣੇ 19 ਆਗੂਆਂ ਨੇ 24 ਘੰਟੇ ਲਈ ਭੁੱਖ ਹੜਤਾਲ ਰੱਖ ਕੇ ਪੰਜਾਬ ਸਰਕਾਰ ਅਤੇ ਪਾਵਰ ਮੈਨੇਜਮੈਂਟ ਦੀਆਂ ਅਦਾਰੇ ਨੂੰ ਨਿੱਜੀ ਹੱਥਾਂ ਵਿੱਚ ਦੇਣ ਵਾਲੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ਼ ਸਰਕਾਰ ਅਤੇ ਮੈਨੇਜਮੈਂਟ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ । ਭੁੱਖ ਹੜਤਾਲ ਕੈਂਪ ਵਿੱਚ ਇਕੱਤਰ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਜਥੇਬੰਦੀਆਂ ਦੇ ਸੂਬਾ ਪੱਧਰੀ ਆਗੂਆਂ ਗੁਰਪ੍ਰੀਤ ਸਿੰਘ ਗੰਡੀਵਿੰਡ, ਹਰਪਾਲ ਸਿੰਘ, ਕੁਲਵਿੰਦਰ ਸਿੰਘ ਢਿੱਲੋਂ, ਬਲਦੇਵ ਸਿੰਘ ਮੰਡਾਲੀ, ਰਵੇਲ ਸਿੰਘ ਸਹਾਏਪੁਰ, ਇੰਜ: ਹਰਮਨਦੀਪ, ਬੀ ਐਸ ਸੇਖੋਂ, ਅਜਮਾਈਲ ਖਾਨ, ਮਹਿੰਦਰ ਸਿੰਘ ਲਹਿਰਾ, ਸੰਜੀਵ ਕੁੰਦਰਾ, ਜਗਰਾਜ ਸਿੰਘ ਢੀਂਡਸਾ, ਦਰਸ਼ਨ ਸਿੰਘ ਜੱਗਾ ਆਦਿ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਪਾਵਰ ਮੈਨੇਜਮੈਂਟ ਵੱਲੋਂ ਅਦਾਰੇ ਨੂੰ ਖਤਮ ਕਰਨ ਵਾਲੀਆਂ ਨੀਤੀਆਂ ਧੱਕੇ ਨਾਲ ਲਾਗੂ ਕੀਤੀਆਂ ਜਾ ਰਹੀਆਂ ਹਨ, ਜਿਨ੍ਹਾਂ ਨੂੰ ਕਦਾਚਿਤ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਆਗੂਆਂ ਨੇ ਕਿਹਾ ਕਿ ਜੇਕਰ ਕੇਂਦਰ ਦੀ ਮੋਦੀ ਸਰਕਾਰ ਨੇ ਆਉਣ ਵਾਲੇ ਬਜਟ ਸੈਸ਼ਨ ਦੌਰਾਨ ਬਿਜਲੀ ਸੋਧ ਬਿੱਲ 2025 ਪਾਸ ਕਰਨ ਦੀ ਕੋਸ਼ਿਸ਼ ਕੀਤੀ ਤਾਂ ਮੁਲਾਜ਼ਮ, ਪੈਨਸ਼ਨਰ, ਕਿਸਾਨ, ਮਜ਼ਦੂਰ ਨੌਜਵਾਨ ਜਥੇਬੰਦੀਆਂ ਸਾਂਝੇ ਸੰਘਰਸ਼ਾਂ ਰਾਹੀਂ ਤਿੱਖਾ ਵਿਰੋਧ ਕਰਨ ਲਈ ਜਥੇਬੰਦੀਆਂ ਭਰਵੀਂ ਸ਼ਮੂਲੀਅਤ ਕਰਨਗੀਆਂ ।ਅੱਜ ਅੱਠਵੇਂ ਤੇ ਆਖਰੀ ਦਿਨ 19 ਮੁਲਾਜ਼ਮ ਅਤੇ ਪੈਨਸ਼ਨਰ ਆਗੂ, ਸਰਬਜੀਤ ਸਿੰਘ ਭਾਣਾ , ਹਰਭਜਨ ਸਿੰਘ, ਇੰਜ : ਹਰਮਨਦੀਪ, ਗੁਰਵੇਲ ਸਿੰਘ ਬੱਲਪੁਰੀਆ, ਤਜਿੰਦਰ ਸਿੰਘ ਸੇਖੋਂ, ਦਲਬੀਰ ਸਿੰਘ ਉਸਮਾਨ, ਦਿਲਬਾਗ ਸਿੰਘ ਭੁੱਟਰ, ਦਰਸ਼ਨ ਲਾਲ ਮੰਗਾ, ਅਮਰਦੀਪ ਸਿੰਘ, ਗੁਰਦਿੱਤ ਸਿੰਘ, ਸੁਖਵਿੰਦਰ ਸਿੰਘ ਗਿੱਲ, ਸੁਰਜੀਤ ਸਿੰਘ ਉੱਪਲ, ਤਰਲੋਕ ਸਿੰਘ ਖੁੱਡੀ, ਗੁਰਪ੍ਰੀਤ ਸਿੰਘ ਸਮਾਣਾ, ਬਲਜੀਤ ਸਿੰਘ ਸਰੂਪਵਾਲੀ, ਅੰਮ੍ਰਿਤਪਾਲ ਸਿੰਘ, ਧਰਮਿੰਦਰ ਸਿੰਘ, ਭੁਪਿੰਦਰ ਸਿੰਘ ਅੰਕਤ, ਰਿਤੇਸ਼ ਗੁਪਤਾ 24 ਘੰਟੇ ਲਈ ਲੜੀਵਾਰ ਭੁੱਖ ਹੜਤਾਲ 'ਤੇ ਬੈਠੇ ।

# ਕਾਮਰੇਡ ਕਿਰਪਾ ਰਾਮ ਨੂੰ ਇਨਸਾਫ਼ ਦਿਵਾਉਣ ਲਈ ਥਾਣਾ ਸਦਰ ਅੱਗੇ ਧਰਨਾ 12 ਨੂੰ



ਛੇਹਰਟਾ/ਖਾਸਾ (ਮਨੋਜ ਕੁਮਾਰ/ਸ਼ਬਪਾਲ ਸਿੰਘ) – ਵੱਖ-ਵੱਖ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਕਾਮਰੇਡ ਰਣਜੀਤ ਸਿੰਘ ਤੇ ਵਿਜੈ ਕੁਮਾਰ ਸੇਠੂ ਦੀ ਪ੍ਰਧਾਨਗੀ ਹੇਠ ਸੀਟੂ ਦਫ਼ਤਰ ਅੰਮ੍ਰਿਤਸਰ ਵਿਚ ਕੀਤੀ ਗਈ। ਮੀਟਿੰਗ ਵਿਚ ਆਗੂਆਂ ਨੇ ਦੱਸਿਆ ਕਿ ਸੀਟੂ ਦੇ ਜ਼ਿਲ੍ਹਾ ਮੀਤ ਪ੍ਰਧਾਨ ਕਾਮਰੇਡ ਕਿਰਪਾ ਰਾਮ ਦੇ ਘਰ 'ਤੇ 6 ਜਨਵਰੀ ਨੂੰ ਕਰੀਬ 30-40 ਨਸ਼ੇੜੀਆਂ ਨੇ ਇੱਟਾਂ-ਰੋੜੇ ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰਕੇ ਪਾਣੀ ਵਾਲੀ ਟੈਂਕੀ ਦਾ ਨੁਕਸਾਨ ਕਰ ਦਿੱਤਾ। ਹਮਲੇ ਵਿਚ ਕਾਮਰੇਡ ਕਿਰਪਾ ਰਾਮ ਦਾ ਲੜਕਾ ਪਰਮਜੀਤ ਸਿੰਘ ਜ਼ਖ਼ਮੀ ਹੋ ਗਿਆ। ਪੁਲਸ ਮੌਕੇ 'ਤੇ ਪੁੱਜ ਗਈ ਤੇ 10 ਦੇ ਕਰੀਬ ਹਮਲਾਵਰਾਂ ਨੂੰ ਗ੍ਰਿਫ਼ਤਾਰ ਕਰਕੇ ਥਾਣੇ ਲੈ ਗਈ।

ਪੁਲਸ ਨੇ ਇਨ੍ਹਾਂ ਖ਼ਿਲਾਫ਼ ਧਾਰਾ 107-51 ਤਹਿਤ ਮਾਮਲਾ ਦਰਜ ਕਰਕੇ ਜੇਲ੍ਹ ਭੇਜ ਦਿੱਤਾ। ਕਾਮਰੇਡ ਸੁੱਚਾ ਸਿੰਘ ਅਜਨਾਲਾ ਜਨਰਲ ਸਕੱਤਰ ਸੀਟੂ ਅੰਮ੍ਰਿਤਸਰ ਨੇ ਦੱਸਿਆ ਕਿ ਵੀਰਵਾਰ ਨੂੰ ਹੋਈ ਇਸ ਮੀਟਿੰਗ ਵਿਚ ਫ਼ੈਸਲਾ ਲਿਆ ਗਿਆ ਕਿ ਇਹ ਝਗੜਾ ਨਸ਼ਾ ਤਸਕਰਾਂ ਨੂੰ ਨਸ਼ਾ ਵੇਚਣ ਤੋਂ ਰੋਕਣ ਕਰਕੇ ਹੋਇਆ ਹੈ। ਇਸ ਲਈ ਇਨ੍ਹਾਂ ਵਿਰੁੱਧ ਨਸ਼ਾ ਕਰਨ ਤੇ ਵੇਚਣ ਦੀਆਂ ਧਾਰਾਵਾਂ ਲਗਵਾਉਣ ਲਈ 12 ਜਨਵਰੀ ਨੂੰ ਸਦਰ ਥਾਣਾ, ਅੰਮ੍ਰਿਤਸਰ ਦਾ ਘਿਰਾਓ ਕੀਤਾ ਜਾਵੇਗਾ।

ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਦੱਸਿਆ ਕਿ 16 ਜਨਵਰੀ ਨੂੰ ਸੰਯੁਕਤ ਕਿਸਾਨ ਮੋਰਚਾ ਤੇ ਟਰੇਡ ਯੂਨੀਅਨਾਂ ਵੱਲੋਂ ਕਾਲੇ ਕਾਨੂੰਨ ਵਾਪਸ ਕਰਵਾਉਣ ਲਈ ਡੀ ਸੀ ਦਫ਼ਤਰ ਅੱਗੇ ਧਰਨਾ ਦਿੱਤਾ ਜਾਵੇਗਾ, ਜਿਸ ਵਿਚ 400 ਤੋਂ ਵੱਧ ਸਾਥੀ ਸ਼ਾਮਲ ਹੋਣਗੇ। ਮੀਟਿੰਗ ਵਿਚ ਕਾਮਰੇਡ ਸਵਿੰਦਰ ਸਿੰਘ ਮੀਰਾਂਕੋਟ, ਕਵਲਜੀਤ ਕੌਰ, ਚਰਨਜੀਤ ਮਜੀਠਾ, ਕਿਰਪਾ ਰਾਮ, ਪ੍ਰਤਾਪ ਸਿੰਘ, ਭੁਪਿੰਦਰਜੀਤ ਛੀਨਾ, ਸਵਿੰਦਰ ਸਿੱਧੂ, ਮਹਿੰਦਰ ਸਿੰਘ ਖੈਹਰਾ, ਗੁਰਦੀਪ ਬਤਾਲਾ, ਮਨਦੀਪ ਕੌਰ, ਤਰਸੇਮ ਟਪਿਆਲਾ, ਸੁਖਦੇਵ ਸਿੰਘ, ਸਰੋਜ ਬਾਲਾ, ਕਸ਼ਮੀਰ ਸਿੰਘ ਆਦਿ ਮੌਜੂਦ ਸਨ।

# ਆਪ ਨੇ ਮਗਨਰੇਗਾ ਨੂੰ ਖ਼ਤਮ ਕਰਨ ਵਿਰੁੱਧ ਨਾਭਾ 'ਚ ਕੇਂਦਰ ਖਿਲਾਫ਼ ਕੀਤਾ ਪ੍ਰਦਰਸ਼ਨ



ਨਾਭਾ, (ਨ ਜ਼ ਸ)–ਆਮ ਆਦਮੀ ਪਾਰਟੀ (ਆਪ) ਨੇ ਨਾਭਾ ਦੇ ਪਟਿਆਲਾ ਗੇਟ ਵਿਖੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਮਗਨਰੇਗਾ ਸਕੀਮ ਨੂੰ ਯੋਜਨਾਬੱਧ ਤਰੀਕੇ ਨਾਲ ਖ਼ਤਮ ਕਰਨ ਦੇ ਵਿਰੋਧ ਵਿੱਚ ਵਿਸ਼ਾਲ ਪ੍ਰਦਰਸ਼ਨ ਕੀਤਾ। ਸੈਂਕੜੇ ਮਗਨਰੇਗਾ ਵਰਕਰਾਂ ਨੇ ਸੜਕਾਂ 'ਤੇ ਉਤਰ ਕੇ ਕੇਂਦਰ ਵਿਰੁੱਧ ਨਾਅਰੇਬਾਜ਼ੀ ਕੀਤੀ ਅਤੇ ਰੁਜ਼ਗਾਰ ਗਾਰੰਟੀ ਸਕੀਮ ਵਿੱਚ ਗਰੀਬ ਵਿਰੋਧੀ ਨੀਤੀਗਤ ਤਬਦੀਲੀਆਂ ਵਿਰੁੱਧ ਆਪਣਾ ਗੁੱਸਾ ਜ਼ਾਹਰ ਕਰਨ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਫੂਕਿਆ।ਮੀਡੀਆ ਨਾਲ ਗੱਲਬਾਤ ਕਰਦਿਆਂ 'ਆਪ' ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਕਿਹਾ ਕਿ ਕੇਂਦਰ ਜੇਕਰ ਚਾਹੇ ਤਾਂ ਮਗਨਰੇਗਾ ਦਾ ਨਾਂ ਬਦਲ ਸਕਦਾ ਹੈ, ਪਰ ਇਸ ਦੀ ਨੀਤੀ ਅਤੇ ਮਨਸ਼ਾ ਵਿੱਚ ਮੁਕੰਮਲ ਤਬਦੀਲੀ ਅਸਵੀਕਾਰਨਯੋਗ ਹੈ। ਇਸ ਦੀਆਂ ਨਵੀਆਂ ਨੀਤੀਆਂ ਦਾ ਮਕਸਦ ਗਰੀਬਾਂ ਨੂੰ ਕੁਚਲਣਾ, ਉਹਨਾਂ ਦੀ ਰੋਜ਼ੀ-ਰੋਟੀ ਦਾ ਗਲਾ ਘੁੱਟਣਾ ਅਤੇ ਉਹਨਾਂ ਨੂੰ ਹੋਰ ਗਰੀਬੀ ਵਿੱਚ ਧੱਕਣਾ ਹੈ।ਉਨ੍ਹਾਂ ਨੇ ਕੇਂਦਰ 'ਤੇ ਉਨ੍ਹਾਂ ਲੋਕਾਂ ਨਾਲ ਧੋਖਾ ਕਰਨ ਦਾ ਦੋਸ਼ ਲਾਇਆ ਜਿਨ੍ਹਾਂ ਨੇ ਆਪਣੀ ਸਖ਼ਤ ਮਿਹਨਤ ਨਾਲ ਦੇਸ਼ ਨੂੰ ਬਣਾਇਆ ਹੈ।ਵਿਧਾਇਕ ਨੇ ਕੇਂਦਰ ਦੇ ਮਗਨਰੇਗਾ ਫੰਡਿੰਗ ਦਾ 40 ਫੀਸਦੀ ਬੋਝ ਸੂਬਿਆਂ 'ਤੇ ਪਾਉਣ ਦੇ ਫੈਸਲੇ ਦਾ ਵੀ ਸਖ਼ਤ ਵਿਰੋਧ ਕਰਦਿਆਂ ਇਸ ਨੂੰ ਪੂਰੀ ਤਰ੍ਹਾਂ ਨਾਲ ਗੈਰ-ਵਾਜਬ ਅਤੇ ਸੰਘਵਾਦ ਵਿਰੋਧੀ ਕਰਾਰ ਦਿੱਤਾ।ਦੇਵ ਮਾਨ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਬੁਲਾਉਣ ਅਤੇ ਮਗਨਰੇਗਾ ਦੇ ਹੱਕ ਵਿੱਚ ਇਕਜੁੱਟ ਹੋ ਕੇ ਆਵਾਜ਼ ਉਠਾਉਣ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਪੰਜਾਬ ਵਿਧਾਨ ਸਭਾ ਨੇ ਸਪੱਸ਼ਟ ਤੌਰ 'ਤੇ ਕੇਂਦਰ ਤੋਂ ਮੰਗ ਕੀਤੀ ਹੈ ਕਿ ਮਗਨਰੇਗਾ ਨੂੰ ਉਸਦੇ ਅਸਲੀ ਰੂਪ ਵਿੱਚ ਬਹਾਲ ਕੀਤਾ ਜਾਵੇ ਅਤੇ ਇਹ ਗਰੀਬ ਵਿਰੋਧੀ ਤਬਦੀਲੀਆਂ ਵਾਪਸ ਲਈਆਂ ਜਾਣ।ਉਨ੍ਹਾਂ ਕਿਹਾ ਕਿ ਆਪ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਸੀਨੀਅਰ ਆਗੂ ਮਨੀਸ਼ ਸਿਸੋਦੀਆ, ਅਮਨ ਅਰੋੜਾ ਅਤੇ ਸਮੁੱਚੀ ਪਾਰਟੀ ਮਗਨਰੇਗਾ ਵਰਕਰਾਂ ਦੇ ਨਾਲ ਚਟਾਨ ਵਾਂਗ ਖੜ੍ਹੀ ਹੈ।ਇਸ ਮੌਕੇ 'ਆਪ' ਆਗੂ ਅਮਰੀਕ ਸਿੰਘ ਬੰਗੜ ਵੀ ਹਾਜ਼ਰ ਸਨ, ਜਿਨ੍ਹਾਂ ਨੇ ਵਰਕਰਾਂ ਨਾਲ ਇਕਜੁੱਟਤਾ ਦਾ ਪ੍ਰਗਟਾਵਾ ਕੀਤਾ ਅਤੇ ਕੇਂਦਰ ਦੀਆਂ ਨੀਤੀਆਂ ਦੀ ਨਿਖੇਧੀ ਕੀਤੀ।ਇਸ ਮੌਕੇ 'ਆਪ' ਐਸ ਸੀ ਵਿੰਗ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਜੀਪੀ ਨੇ ਕਿਹਾ ਕਿ ਪਾਰਟੀ ਮਗਨਰੇਗਾ ਦੇ ਬਚਾਅ ਵਿੱਚ ਸੂਬਾ ਵਿਆਪੀ ਪ੍ਰਦਰਸ਼ਨਾਂ ਦੀ ਅਗਵਾਈ ਕਰ ਰਹੀ ਹੈ।ਕੱਲ੍ਹ ਅਸੀਂ ਜਲੰਧਰ ਵਿੱਚ ਪ੍ਰਦਰਸ਼ਨ ਕੀਤਾ ਸੀ, ਅੱਜ ਨਾਭਾ ਵਿੱਚ ਅਤੇ ਇਹ ਅੰਦੋਲਨ ਪੂਰੇ ਸੂਬੇ ਵਿੱਚ ਤੇਜ਼ ਹੋਵੇਗਾ।ਉਨ੍ਹਾਂ ਚਿਤਾਵਨੀ ਦਿੱਤੀ ਕਿ ਜਦੋਂ ਤੱਕ ਕੇਂਦਰ ਬਦਲਾਅ ਵਾਪਸ ਨਹੀਂ ਲੈਂਦਾ ਉਦੋਂ ਤੱਕ ਅੰਦੋਲਨ ਜਾਰੀ ਰਹੇਗਾ।ਆਪ ਆਗੂਆਂ ਨੇ ਦੁਹਰਾਇਆ ਕਿ ਗਰੀਬ ਕਮਜ਼ੋਰ ਜਾਂ ਡਰਨ ਵਾਲੇ ਨਹੀਂ ਹਨ। ਉਨ੍ਹਾਂ ਐਲਾਨ ਕੀਤਾ ਕਿ ਉਹ ਇਸ ਦੇਸ਼ ਦੇ ਅਸਲ ਮਾਲਕ ਹਨ। ਉਹਨਾਂ ਦੇ ਹੱਕ ਖੋਹਣ ਦੀ ਕਿਸੇ ਵੀ ਕੋਸ਼ਿਸ਼ ਦਾ ਸਖ਼ਤ ਵਿਰੋਧ ਕੀਤਾ ਜਾਵੇਗਾ। ਉਨ੍ਹਾਂ ਨੇ ਮਗਨਰੇਗਾ ਵਰਕਰਾਂ ਦੀ ਲੜਾਈ ਪੰਜਾਬ ਦੇ ਹਰ ਕੋਨੇ ਵਿੱਚ ਲੈ ਕੇ ਜਾਣ ਦਾ ਪ੍ਰਣ ਲਿਆ।

# ਆਲ ਇੰਡੀਆ ਪੀ ਐੱਨ ਬੀ ਪੈਨਸ਼ਨਰ ਐਸੋਸੀਏਸ਼ਨ ਅੰਮ੍ਰਿਤਸਰ ਦੀ ਬੈਠਕ 'ਚ ਲੱਗੀਆਂ ਰੌਣਕਾਂ



ਅੰਮ੍ਰਿਤਸਰ (ਅਰੋੜਾ) : ਆਲ ਇੰਡੀਆ ਪੰਜਾਬ ਨੈਸ਼ਨਲ ਬੈਂਕ ਪੈਨਸ਼ਨਰਜ਼ ਐਸੋਸੀਏਸ਼ਨ, ਅੰਮ੍ਰਿਤਸਰ ਯੂਨਿਟ ਦੀ ਜਨਰਲ ਬਾਡੀ ਮੀਟਿੰਗ ਬੜੇ ਹੀ ਵਿਧੀ ਵਿਧਾਨ ਦੇ ਨਾਲ ਸੰਪੰਨ ਹੋਈ। ਬੈਠਕ ਵਿਚ ਨਵੇਂ ਸਾਲ ਅਤੇ ਲੋਹੜੀ ਦੇ ਮੌਕੇ ਸੇਵਾ ਮੁਕਤ ਕਰਮਚਾਰੀਆਂ ਨੇ ਇੱਕ ਦੂਜੇ ਨੂੰ ਵਧਾਈ ਦਿੱਤੀ।ਬੈਠਕ ਦਾ ਮੁੱਖ ਉਦੇਸ਼ ਸਾਰੇ ਸੇਵਾ ਮੁਕਤ ਕਰਮਚਾਰੀਆਂ ਨੂੰ ਇੱਕ ਪਲੇਟਫਾਰਮ 'ਤੇ ਇਕੱਠਾ ਕਰਕੇ ਨਵਾਂ ਸਾਲ ਮਨਾਉਣਾ ਅਤੇ ਵੱਖ-ਵੱਖ ਮੁੱਦਿਆਂ 'ਤੇ ਚਰਚਾ ਕਰਨਾ ਸੀ। ਮੀਟਿੰਗ ਵਿੱਚ 150 ਤੋਂ ਵੱਧ ਸੇਵਾ ਮੁਕਤ ਪੀ ਐਨ ਬੀ ਕਰਮਚਾਰੀ ਸ਼ਾਮਲ ਹੋਏ। ਪੀ ਐਨ ਬੀ ਅੰਮ੍ਰਿਤਸਰ ਜ਼ੋਨ ਦੇ ਡਿਪਟੀ ਰੀਜਨਲ ਮੈਨੇਜਰ ਰਾਜੇਸ਼ ਕੁਮਾਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਐਸੋਸੀਏਸ਼ਨ ਦੇ ਏ.ਜੀ. ਐਸ ਅਮਰਜੀਤ ਦੇ ਪ੍ਰਧਾਨ ਜੇ.ਕੇ. ਕੱਕੜ ਨੇ ਸਾਰੇ ਮੈਂਬਰਾਂ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ ਨੇ ਮੈਂਬਰਾਂ ਨੂੰ ਮਾਨਤਾਪ੍ਰਾਪਤ ਇਸ਼ਤਿਹਾਰਾਂ ਦਾ ਸ਼ਿਕਾਰ ਨਾ ਹੋਣ ਦੀ ਅਪੀਲ ਕੀਤੀ ਅਤੇ ਸੋਸ਼ਲ ਮੀਡੀਆ ਪਲੇਟਫਾਰਮਾਂ ਤੋਂ ਇਨ੍ਹਾਂ ਧੋਖਾਧੜੀ ਵਾਲੇ ਇਸ਼ਤਿਹਾਰਾਂ 'ਤੇ ਪਾਬੰਦੀ ਲਗਾਉਣ ਦੀ ਮੰਗ ਕੀਤੀ।

ਇਕੱਠ ਨੂੰ ਸੰਬੋਧਨ ਕਰਦੇ ਹੋਏ ਮੁੱਖ ਮਹਿਮਾਨ ਨੇ ਸੇਵਾ ਮੁਕਤ ਕਰਮਚਾਰੀਆਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਇਸ ਪਰਿਵਾਰਕ ਮਿਲਣੀ ਸਮਾਗਮ ਵਿੱਚ ਪੰਜ ਸੇਵਾ ਮੁਕਤ ਬੈਂਕ ਕਰਮਚਾਰੀ ਸ਼੍ਰੀਮਤੀ ਆਸ਼ਿਮਾ ਰਾਣੀ ਮੁੱਖ ਚੀਫ ਮੈਨੇਜਰ, ਸ੍ਰ. ਭੁਪਿੰਦਰ ਸਿੰਘ ਬਸੰਤ ਐਕਸਿਊ, ਜਸਪ੍ਰੀਤ ਸਿੰਘ ਚੀਫ ਮੈਨੇਜਰ, ਅਮਿਤ ਕੁਮਾਰ ਚੀਫ ਮੈਨੇਜਰ, ਧਰਮਿੰਦਰ ਸਿੰਘ ਰਣਜੀਤ ਐਵੇਨਿਊ ਨੂੰ ਗਾਹਕਾਂ ਪ੍ਰਤੀ ਉਨ੍ਹਾਂ ਦੀ ਸੇਵਾ ਲਈ ਸਨਮਾਨਿਤ ਕੀਤਾ ਗਿਆ।

ਤਿੰਨ ਸੇਵਾ ਮੁਕਤ ਮੈਂਬਰ ਬੀ.ਐਸ. ਅਗਰਵਾਲ, ਸ਼੍ਰੀ ਰਾਮਦੇਵ ਸਿੰਗਾਰੀ, ਅਤੇ ਵਿਜੇ ਕੁਮਾਰ ਗੁਪਤਾ ਨੂੰ ਯਾਦਗਾਰੀ ਚਿੰਨ੍ਹ ਨਾਲ ਸਨਮਾਨਿਤ ਕੀਤਾ ਗਿਆ। ਐਸੋਸੀਏਸ਼ਨ ਨੇ ਸੁਨੀਲ ਅਰੋੜਾ ਨੂੰ ਉਨ੍ਹਾਂ ਦੀ ਸ਼ਲਾਘਾਯੋਗ ਸੇਵਾ ਲਈ ਸਨਮਾਨਿਤ ਕੀਤਾ।

ਸਮਾਗਮ ਵਿੱਚ ਐਸੋਸੀਏਸ਼ਨ ਦੇ ਸਕੱਤਰ ਅਤੇ ਮਾਸਟਰ ਆਫ਼ ਸ਼ਿਰੋਮਣੀ, ਆਰ.ਐਸ. ਚੱਠਾ ਦੁਆਰਾ ਆਯੋਜਿਤ ਤੰਬੋਲਾ, ਅੰਤਾਕਸ਼ਰੀ ਅਤੇ ਲੋਹੜੀ ਦੇ ਗੀਤਾਂ ਨੇ ਸਮਾਗਮ ਨੂੰ ਰੰਗਲਾ ਬਣਾ ਦਿੱਤਾ। ਸੀਨੀਅਰ ਮੈਂਬਰ ਵਿਜੇ ਡੋਗਰਾ ਨੇ ਸਾਰੇ ਮੈਂਬਰਾਂ ਦਾ ਦਿਲੋਂ ਧੰਨਵਾਦ ਕੀਤਾ।

# ਬਾਬਾ ਬਲਬੀਰ ਸਿੰਘ 96 ਕਰੋੜੀ ਨੇ ਭਗਵੰਤ ਸਿੰਘ ਦਿਲਾਵਰੀ ਦੇ ਅਕਾਲ ਚਲਾਣੇ 'ਤੇ ਗਹਿਰਾ ਦੁੱਖ ਪ੍ਰਗਟਾਇਆ

ਸ੍ਰੀ ਅੰਮ੍ਰਿਤਸਰ ਸਾਹਿਬ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)–ਨਿਹੰਗ ਸਿੰਘਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ 14ਵੇਂ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਭਗਵੰਤ ਸਿੰਘ ਦਿਲਾਵਰੀ ਦੇ ਅਕਾਲ ਚਲਾਣਾ ਕਰ ਜਾਣ ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਪੈਰਿਸ 'ਚ ਭਾਰਤੀ ਰਾਜਦੂਤ ਤੇ ਸਾਬਕਾ ਪਹਿਲੇ ਸਕੱਤਰ ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੁਸਾਇਟੀ ਦੇ ਸਰਪ੍ਰਸਤ ਅਤੇ ਤਪੋਵਨ ਆਸ਼ਰਮ ਅਮਰਾਵਤੀ ਮਹਾਰਾਸ਼ਟਰ ਦੇ ਸਾਬਕਾ ਮੁਖੀ ਭਗਵੰਤ ਸਿੰਘ ਦਿਲਾਵਰੀ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ। ਉਹ ਸਿੱਖੀ ਅਸੂਲਾਂ ਅਤੇ ਮਨੁੱਖਤਾ ਦੀ ਸੇਵਾ ਦੇ ਕਾਰਜ ਕਰਦੇ ਰਹੇ ਕੁਸ਼ਟ ਰੋਗੀਆਂ ਦੀ ਸੇਵਾ ਕਰਕੇ ਜੀਵਨ ਬਤੀਤ ਕੀਤਾ ਉਹਨਾਂ ਨੇ ਬਹੁਤ ਸਾਰੀਆਂ ਕਿਤਾਬਾਂ ਵੀ ਸਮਾਜ ਦੀ ਝੋਲੀ ਪਾਈਆਂ।

ਉਹਨਾਂ ਦੇ ਅਕਾਲ ਚਲਾਣਾ ਕਰ ਜਾਣ ਨਾਲ ਸਮਾਜ ਨੂੰ ਬਹੁਤ ਘਾਟਾ ਪਿਆ ਹੈ। ਬਾਬਾ ਬਲਬੀਰ ਸਿੰਘ 96 ਕਰੋੜੀ ਨੇ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕੀ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪਿੱਛੇ ਪਰਵਾਰ ਰਿਸ਼ਤੇਦਾਰ ਤੇ ਸਾਕ ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

# ਅਮਨ-ਸ਼ਾਂਤੀ ਅਤੇ ਟ੍ਰੈਫਿਕ ਵਿਵਸਥਾ ਨੂੰ ਦੇਵਾਂਗੇ ਤਰਜੀਹ : ਡੀ ਐੱਸ ਪੀ ਕਮਲਮੀਤ ਸਿੰਘ

ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ) – ਨਵ-ਨਿਯੁਕਤ ਡਿਪਟੀ ਸੁਪਰਡੈਂਟ ਆਫ ਪੁਲਿਸ



(ਡੀ ਐਸ ਪੀ) ਸਬ ਡਿਵੀਜ਼ਨ ਮਜੀਠਾ ਕਮਲਮੀਤ ਸਿੰਘ ਨੇ ਅੱਜ ਆਪਣੇ ਅਹੁਦੇ ਦਾ ਚਾਰਜ ਸੰਭਾਲਦਿਆਂ ਪੁਲਿਸ ਅਧਿਕਾਰੀਆਂ ਅਤੇ ਮੁਲਾਜ਼ਮਾਂ ਨਾਲ ਮੁਲਾਕਾਤ ਕੀਤੀ ਅਤੇ ਕਾਨੂੰਨ ਵਿਵਸਥਾ ਨੂੰ ਮਜ਼ਬੂਤ ਕਰਨ ਲਈ ਵਿਚਾਰ ਵਟਾਂਦਰਾ ਕੀਤਾ ।

ਇਸ ਮੌਕੇ ਚਾਰਜ ਸੰਭਾਲ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਪਹਿਲੀ ਤਰਜੀਹ ਇਲਾਕੇ ਵਿੱਚ ਅਮਨ-ਸ਼ਾਂਤੀ ਬਣਾਈ ਰੱਖਣਾ ਅਤੇ ਨਸ਼ਿਆਂ ਵਿਰੁੱਧ ਸਖ਼ਤ ਕਾਰਵਾਈ ਕਰਨਾ ਹੋਵੇਗੀ।

ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਦੀ ਨੀਤੀ ਅਨੁਸਾਰ ਨਸ਼ਾ ਤਸਕਰਾਂ ਅਤੇ ਅਪਰਾਧੀਆਂ ਵਿਰੁੱਧ ਜ਼ੀਰੋ ਟਾਲਰੈਂਸ ਨੀਤੀ ਅਪਣਾਈ ਜਾਵੇਗੀ।

ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਅਪਰਾਧਕ ਗਤੀਵਿਧੀ ਬਾਰੇ ਪੁਲਿਸ ਨੂੰ ਸੂਚਿਤ ਕਰਨ ਅਤੇ ਪੁਲਿਸ ਦਾ ਸਹਿਯੋਗ ਕਰਨ। ਡਿਵੀਜ਼ਨ ਵਿੱਚ ਟ੍ਰੈਫਿਕ ਵਿਵਸਥਾ ਨੂੰ ਬਿਹਤਰ ਬਣਾਉਣ ਅਤੇ ਸੜਕੀ ਹਾਦਸਿਆਂ ਨੂੰ ਰੋਕਣ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ।

ਉਨ੍ਹਾਂ ਨੇ ਔਰਤਾਂ ਅਤੇ ਬੱਚਿਆ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵੀ ਵਚਨਬੱਧਤਾ ਦੁਹਰਾਈ। ਉਨ੍ਹਾਂ ਨੇ ਪੁਲਿਸ ਨੂੰ ਹਦਾਇਤ ਕੀਤੀ ਕਿ ਇਲਾਕੇ ਵਿੱਚ ਗਸ਼ਤ ਵਧਾਈ ਜਾਵੇ ਅਤੇ ਸੰਵੇਦਨਸ਼ੀਲ ਥਾਵਾਂ 'ਤੇ ਨਿਗਰਾਨੀ ਰੱਖੀ ਜਾਵੇ।

# ਲੋੜਵੰਦਾਂ ਨੂੰ ਲੇਡੀਜ਼ ਸੂਟ ਤੇ ਖਾਣ-ਪੀਣ ਦੀ ਸਮੱਗਰੀ ਵੰਡੀ



ਅੰਮ੍ਰਿਤਸਰ (ਅਰੋੜਾ) : ਗੁਰੂ ਦੀ ਨਗਰੀ ਵਿਖੇ ਲੋੜਵੰਦ ਪਰਿਵਾਰਾਂ ਦੇ ਬੱਚਿਆਂ ਨੂੰ ਮੁਫਤ ਸਿੱਖਿਆ, ਪੁਸਤਕ, ਸਟੇਸ਼ਨਰੀ ਅਤੇ ਸਮੇਂ ਸਮੇਂ 'ਤੇ ਖਾਣ ਪੀਣ ਦੀ ਸਮੱਗਰੀ ਵੰਡਣ ਵਾਲੀ ਸਮਾਜ ਸੇਵੀ ਸੰਸਥਾ ਏ.ਆਈ.ਸੀ.ਈ ਸੋਸਾਇਟੀ ਵੱਲੋਂ ਪੈਟਰਨ ਰਸਜੀਤ ਸਿੰਘ ਖੇੜਾ, ਮੀਤ ਪ੍ਰਧਾਨ ਸੰਜੇ ਮਲਿਕ, ਚੀਫ਼ ਅਡਵਾਈਜਰ ਵਿਜੇ ਭਸੀਨ ਦੀ ਦੇਖ ਰੇਖ ਵਿੱਚ ਨਵੇਂ ਸਾਲ ਅਤੇ ਪੰਜਾਬ ਦਾ ਇਤਿਹਾਸਿਕ ਤਿਉਹਾਰ ਲੋਹੜੀ ਦੇ ਮੌਕੇ ਇੱਕ ਧਾਰਮਿਕ ਸਮਾਗਮ ਦਾ ਆਯੋਜਨ ਅਮਰ ਆਗਿਆ ਚੈਰੀਟੇਬਲ ਟਰੱਸਟ ਦੇ ਅੰਮ੍ਰਿਤਵਾਨੀ ਸਤਸੰਗ ਹਾਲ ਵਿਖੇ ਸਪੰਨ ਹੋਇਆ। ਸਮਾਗਮ ਵਿੱਚ ਪਰਮ ਸੰਤ ਅਦਵੈਤ ਸਵਰੂਪ , ਮਾਤਾ ਆਰਤੀ ਦੇਵਾ ਜੀ ਮੁੱਖ ਮਹਿਮਾਨ, ਅੰਮ੍ਰਿਤਵਾਨੀ ਪ੍ਰਚਾਰ ਸੋਸਾਇਟੀ ਦੇ ਪ੍ਰਮੁੱਖ ਸੇਵਕ ਬਰਜੇਸ਼ ਬੇਦੀ , ਡਾਲਮੀਆ ਚੈਰੀਟੇਬਲ ਹਸਪਤਾਲ ਦੇ ਪ੍ਰਮੁੱਖ ਕਮਲ ਡਾਲਮੀਆ, ਟੈਕਸਟਾਇਲ ਮੈਨੂਫੈਕਚਰ ਐਸੋਸੀਏਸ਼ਨ ਦੇ ਸਕੱਤਰ ਰਾਜੀਵ ਖੰਨਾ ਖਾਸ ਮਹਿਮਾਨ ਦੇ ਤੌਰ 'ਤੇ ਸ਼ਾਮਿਲ ਹੋਏ। ਸਮਾਗਮ ਵਿੱਚ ਏ.ਆਈ.ਸੀ.ਈ. ਸੋਸਾਇਟੀ ਦੇ ਸੈਂਟਰ ਵਿੱਚ ਸਿੱਖਿਆ ਪ੍ਰਾਪਤ ਕਰਨ ਵਾਲੀਆਂ ਲੜਕੀਆਂ ਨੂੰ ਲੇਡੀਜ ਸੂਟ, ਮਫ਼ਲਰ, ਲੋਹੜੀ ਦੀ ਸਮਗਰੀ ਗੱਚਕ, ਭੁੱਗਾ, ਰਿਓੜੀ, ਮੁੰਗਫ਼ਲੀ ਅਤੇ ਹੋਰ ਕਈ ਪ੍ਰਕਾਰ ਦੀ ਸਮੱਗਰੀ ਵੰਡੀ ਗਈ। ਮਾਤਾ ਆਰਤੀ ਦੇਵਾ ਨੇ ਸਾਰੇ ਸੋਸਾਇਟੀ ਦੇ ਮੈਂਬਰਾਂ ਅਤੇ ਹੋਰ ਅਹੁੱਦੇਦਾਰਾਂ ਨੂੰ ਆਸ਼ੀਰਵਾਦ ਦਿੰਦੇ ਹੋਏ ਕਿਹਾ ਕਿ ਸੋਸਾਇਟੀ ਵੱਲੋਂ ਜੋ ਸ਼ਲਾਘਾਯੋਗ ਕੰਮ ਕੀਤਾ ਜਾ ਰਿਹਾ ਹੈ। ਇਹ ਸਾਰੇ ਸਮਾਜ ਦੇ ਲਈ ਇਕ ਮਿਸਾਲ ਦੀ ਤਰ੍ਹਾਂ ਹੈ । ਸਮਾਜ ਸੇਵਕ ਕਮਲ ਡਾਲਮੀਆ ਅਤੇ ਰਾਜੀਵ ਖੰਨਾ ਨੇ ਏ.ਆਈ.ਸੀ.ਈ ਸੋਸਾਇਟੀ ਨੂੰ ਭਵਿੱਖ ਵਿੱਚ ਵੀ ਆਪਣਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਸੋਸਾਇਟੀ ਦੇ ਵੱਲੋਂ ਸਮਾਜ ਸੇਵਾ ਦੀ ਭਾਵਨਾ ਦੇ ਨਾਲ ਕੰਮ ਕਰਨ ਵਾਲੇ ਡਾਕਟਰਾਂ ਗੁਪਤਾ ਹਸਪਤਾਲ ਦੇ ਪ੍ਰਮੁੱਖ ਡਾ. ਰਮਨ ਗੁਪਤਾ, ਗਗਨ ਹਸਪਤਾਲ ਦੇ ਚਮੜੀ ਰੋਗਾਂ ਦੇ ਮਾਹਰ ਡਾ. ਅਮਰਜੀਤ ਸਚਦੇਵਾ, ਪ੍ਰੀਤ ਹਸਪਤਾਲ ਦੇ ਡਾ. ਜਸਪ੍ਰੀਤ ਗਰੋਵਰ, ਸਿਮਰਨ ਹਸਪਤਾਲ ਦੇ ਡਾ. ਰਵਰੀਤ ਅਰੋੜਾ, ਅਰੋੜਾ ਹਸਪਤਾਲ ਦੇ ਡਾ. ਰਕੇਸ਼ ਅਰੋੜਾ, ਬਾਬਾ ਬੁੱਢਾ ਹਸਪਤਾਲ ਦੇ ਡਾ. ਸੰਦੀਪ ਰਾਣਾ, ਮਲਹੋਤਰਾ ਹਸਪਤਾਲ ਦੇ ਡਾ. ਧੀਰਜ ਮਲਹੋਤਰਾ ਨੂੰ ਮਾਤਾ ਆਰਤੀ ਦੇਵਾ ਨੇ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਆਮਦਨ ਵਿਭਾਗ ਦੇ ਐਡਵੋਕੇਟ ਆਰ.ਕੇ.ਉੱਪਲ, ਸ਼ਿਵਾਲਾ ਬਾਗ ਭਾਈਆਂ ਵਿੱਖੇ ਰਾਮ ਮੰਦਿਰ ਦੀ ਰੂਪ ਰੇਖਾ ਤਿਆਰ ਕਰਵਾਉਣ ਵਾਲੇ ਇੰਜੀਨੀਅਰ ਅਸ਼ੋਕ ਸ਼ਰਮਾ, ਪਰਮਜੀਤ ਸਿੰਘ, ਸਮਾਜ ਸੇਵਕ ਅੰਦੇਸ਼ ਭੱਲਾ, ਆਰਤੀ ਸ਼ਿਵ ਦੁਰਗਾ ਮੰਦਿਰ ਦੇ ਪ੍ਰਮੁੱਖ ਸੁਮਿਤ ਸਾਸ਼ਤਰੀ ਜੀ, ਸੈਂਟਰ ਦੀ ਮੁੱਖ ਅਧਿਆਪਿਕਾ ਮੈਡਮ ਕਮਲਦੀਪ ਕੌਰ, ਮੈਡਮ ਪੂਨੀਤ, ਮੈਡਮ ਪ੍ਰੀਤੀ, ਨੇਹਾ, ਅਮਨਪ੍ਰੀਤ ਕੌਰ, ਮਨਪ੍ਰੀਤ ਕੌਰ, ਆਸ਼ੂ ਸਹਿਤ ਸਮੂਹ ਮੈਂਬਰ ਮੌਜੂਦ ਸਨ।

# ਰਾਸ਼ਟਰੀ ਮੈਡਲ ਪ੍ਰਾਪਤ ਸਾਬਕਾ ਫੌਜੀ ਬਖਸ਼ੀਸ਼ ਸਿੰਘ ਨਮਿਤ ਸ਼ਰਧਾਂਜਲੀ ਸਮਾਗਮ

*** ਪ੍ਰਤਾਪ ਬਾਜਵਾ, ਮਾਸਟਰ ਜੌਹਰ ਸਿੰਘ, ਸੁੱਚਾ ਸਿੰਘ ਛੋਟੇਪੁਰ, ਮੇਜਰ ਅਮਰਦੀਪ ਮਾਨੇਪੁਰ ਸਮੇਤ ਕਈ ਆਗੂਆਂ ਨੇ ਸ਼ਰਧਾ ਦੇ ਫੁੱਲ ਭੇਟ ਕੀਤੇ**



ਧਾਰੀਵਾਲ (ਮਨਦੀਪ ਸਿੰਘ ਵਿੱਕੀ)– ਭਾਰਤੀ ਫੌਜ ਵਿੱਚ ਦੇਸ਼ ਦੀ ਸੇਵਾ ਕਰਦਿਆਂ 1962 ਵਿੱਚ ਚੀਨ ਦੀ ਜੰਗ ਅਤੇ ਪਾਕਿਸਤਾਨ ਨਾਲ 1965 ਤੇ 1971 ਦੀਆਂ ਜੰਗਾਂ ਲੜਨ ਵਾਲੇ ਰਾਸ਼ਟਰੀ ਮੈਡਲ ਪ੍ਰਾਪਤ ਸਾਬਕਾ ਫੌਜੀ ਬਖਸ਼ੀਸ ਸਿੰਘ (87) ਦੇ ਨਮਿਤ ਅੰਤਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਉਨ੍ਹਾਂ ਦੇ ਜੱਦੀ ਪਿੰਡ ਪਸਨਾਵਾਲ ਵਿਖੇ ਹੋਇਆ।

ਉਨ੍ਹਾਂ ਦੇ ਨਿਵਾਸ ਸਥਾਨ 'ਤੇ ਸ਼੍ਰੀ ਅਖੰਡ ਪਾਠ ਦੇ ਭੋਗ ਉਪਰੰਤ ਵੱਡਾ ਗੁਰਦੁਆਰਾ ਸਾਹਿਬ ਵਿਖੇ ਸਮਾਗਮ ਦੌਰਾਨ ਸੰਤ ਬਾਬਾ ਸਰੂਪ ਸਿੰਘ ਚੰਡੀਗੜ੍ਹ ਵਾਲਿਆਂ ਨੇ ਗੁਰਬਾਨੀ ਕਥਾ ਕੀਰਤਨ ਰਾਹੀਂ ਸੰਗਤ ਨੂੰ ਗੁਰੂ ਚਰਨਾਂ ਨਾਲ ਜੋੜਿਆ। ਉਪਰੰਤ ਵਿਰੋਧੀ ਧਿਰ ਦੇ ਆਗੂ ਅਤੇ ਹਲਕਾ ਵਿਧਾਇਕ ਪ੍ਰਤਾਪ ਸਿੰਘ ਬਾਜਵਾ, ਇਤਿਹਾਸਕ ਗੁਰਦੁਆਰਾ ਛੋਟਾ ਘੱਲੂਘਾਰਾ (ਛੰਭ) ਕਾਹਨੂੰਵਾਨ ਦੇ ਪ੍ਰਧਾਨ 'ਤੇ ਸਾਬਕਾ ਵਿਧਾਇਕ ਮਾਸਟਰ ਜੌਹਰ ਸਿੰਘ, ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਸਿਆਸੀ ਸਕੱਤਰ ਮੇਜਰ ਅਮਰਦੀਪ ਸਿੰਘ ਮਾਨੇਪੁਰ, ਸਾਬਕਾ ਮੰਤਰੀ ਪੰਜਾਬ ਸੁੱਚਾ ਸਿੰਘ ਛੋਟੇਪੁਰ ਆਦਿ ਬੁਲਾਰਿਆਂ ਨੇ ਫੌਜੀ ਬਖਸ਼ੀਸ਼ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਜਿਥੇ ਉਨ੍ਹਾਂ ਦੀਆਂ ਭਾਰਤੀ ਫੌਜ ਵਿੱਚ ਦੇਸ਼ ਪ੍ਰਤੀ ਨਿਭਾਈਆਂ ਸੇਵਾਂਵਾਂ, ਧਾਰਮਿਕ ਅਤੇ ਲੋਕਹਿਤ ਕੀਤੇ ਸਮਾਜ ਸੇਵੀ ਕੰਮਾਂ ਨੂੰ ਯਾਦ ਕੀਤਾ, ਉਥੇ 1971 ਦੀ ਜੰਗ ਵਿੱਚ ਸ਼ਹੀਦ ਹੋਏ ਉਨ੍ਹਾਂ ਦੇ ਭਰਾ ਗੁਰਦੀਪ ਸਿੰਘ ਦੀ ਕੁਰਬਾਨੀ ਨੂੰ ਵੀ ਸਿਜਦਾ ਕੀਤਾ। ਸਮਾਗਮ ਦੌਰਾਨ ਉਨ੍ਹਾ (ਫੌਜੀ ਬਖਸ਼ੀਸ ਸਿੰਘ) ਦੇ ਪੁੱਤਰ ਸਾਬਕਾ ਸਰਪੰਚ ਹਰਦਿਆਲ ਸਿੰਘ ਪਸਨਾਵਾਲ ਨੇ ਸਮੂਹ ਸੰਗਤ ਦਾ ਧੰਨਵਾਦ ਕੀਤਾ। ਸਟੇਜ ਸਕੱਤਰ ਦੀ ਸੇਵਾ ਭਾਈ ਸੁਖਦੇਵ ਸਿੰਘ ਨੇ ਨਿਭਾਈ। ਸਮਾਗਮ ਵਿੱਚ ਨਿਹੰਗ ਸਿੰਘ ਬਾਬਾ ਬਲਵਿੰਦਰ ਸਿੰਘ ਤਰਨਾ ਦਲ, ਨਿਹੰਗ ਸਿੰਘ ਬਾਬਾ ਰਛਪਾਲ ਸਿੰਘ, ਬਾਬਾ ਜਗਜੀਤ ਸਿੰਘ ਲਾਟਾ, ਬਾਬਾ ਗੁਰਦੇਵ ਸਿੰਘ ਕਲਿਆਣਪੁਰ, ਬਾਬਾ ਗੌਹਰ ਸਿੰਘ ਨੀਲਧਾਰੀ, ਬਾਬਾ ਰੂਪ ਸਿੰਘ ਗੁਰਦਾਸਪੁਰ ਵਾਲੇ, ਕਾਂਗਰਸੀ ਸੂਬਾ ਆਗੂ ਬਰਿੰਦਰ ਸਿੰਘ ਛੋਟੇਪੁਰ, ਸਾਬਕਾ ਚੇਅਰਮੈਨ ਵਜੀਰ ਸਿੰਘ ਲਾਲੀ, ਕਾਂਗਰਸ ਬਲਾਕ ਪ੍ਰਧਾਨ ਗੁਰਨਾਮ ਸਿੰਘ ਜਫਰਵਾਲ, ਸਾਬਕਾ ਸਰਪੰਚ ਸਤਵਿੰਦਰ ਸਿੰਘ ਗੋਰਾਇਆ, ਸੰਮਤੀ ਮੈਂਬਰ ਸੁਖਮਿੰਦਰ ਸਿੰਘ ਦੁਲੂਆਣਾ, ਡਾਕਟਰ ਬਿਕਰਮ ਸਿੰਘ ਬਾਜਵਾ, ਸਰਪੰਚ ਜਸਵੰਤ ਸਿੰਘ ਦੁਲੂਆਣਾ, ਮਾਸਟਰ ਸੁੱਚਾ ਸਿੰਘ ਬਾਂਗੋਵਾਣੀ, ਸਤਵੰਤ ਸਿੰਘ ਬਾਠ, ਸਾਬਕਾ ਸਰਪੰਚ ਵਿਲਸ਼ਨ ਬਿੱਲਾ ਦੀਨਪੁਰ, ਸਾਬਕਾ ਸਰਪੰਚ ਅਵਤਾਰ ਸਿੰਘ ਰੰਧਾਵਾ, ਸਾ.ਸਰਪੰਚ ਗੁਰਮੁੱਖ ਸਿੰਘ, ਸਾ.ਸਰਪੰਚ ਗੁਰਨਾਮ ਸਿੰਘ, ਨਰਿੰਦਰ ਸ਼ਰਮਾ ਕਾਲੇ ਸ਼ਾਹ, ਸਰਦਾਰੀ ਲਾਲ ਰਣੀਆਂ, ਬਿਕਰਮਜੀਤ ਸਿੰਘ ਆਸਟਰੇਲੀਆ, ਹਰਜੀਤ ਸਿੰਘ ਇੰਗਲੈਂਡ, ਅਮਨਦੀਪ ਸਿੰਘ ਮੱਟਮ,ਸਾਬਕਾ ਸਰਪੰਚ ਦਿਲਬਾਗ ਸਿੰਘ ਨਵਾਂ ਪਸਨਾਵਾਲ, ਅਮਨਦੀਪ ਸਿੰਘ ਮੰਡ, ਬਾਬਾ ਬਚਨ ਸਿੰਘ ਛੀਨਾ ਆਦਿ ਸਮੇਤ ਵੱਖ ਵੱਖ ਧਾਰਮਿਕ, ਸਮਾਜ ਸੇਵੀ ਅਤੇ ਸਿਆਸੀ ਆਗੂਆਂ ਤੋਂ ਇਲਾਵਾ ਵੀ ਲੋਕ ਵੱਡੀ ਗਿਣਤੀ ਵਿੱਚ ਸ਼ਾਮਲ ਸਨ।

# 18 ਨੂੰ ਮਜੀਠਾ 'ਚ ਹੋਣ ਵਾਲੀ ਰੈਲੀ ਸੰਬੰਧੀ ਹਲਕੇ 'ਚ ਭਾਰੀ ਉਤਸ਼ਾਹ : ਬਾਠ ਮੱਤੇਵਾਲ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**––ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ 18 ਜਨਵਰੀ ਨੂੰ ਹੋ ਰਹੀ ਰੈਲੀ ਸਬੰਧੀ ਹਲਕਾ ਮਜੀਠਾ ਦੇ ਪਿੰਡਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਅਤੇ ਪਿੰਡਾਂ ਦੇ ਲੋਕ ਜਿਨ੍ਹਾਂ ਵਿੱਚ ਇਸਤਰੀਆਂ ਵੀ ਸ਼ਾਮਿਲ ਹਨ , ਰੈਲੀ ਵਿੱਚ ਸ਼ਾਮਿਲ ਹੋਣ ਲਈ ਤਰੀਕ ਦਾ ਇੰਤਜ਼ਾਰ ਕਰ ਰਹੇ ਹਨ ਇਹ ਪ੍ਰਗਟਾਵਾ ਜ਼ਿਲਾ ਪ੍ਰਾਸ਼ਦ ਮੈਂਬਰ ਬੀਬੀ ਬਲਜੀਤ ਕੌਰ ਅਤੇ ਉਹਨਾਂ ਦੇ ਪਤੀ ਪਰਮਜੀਤ ਸਿੰਘ ਬਾਠ ਮਤੇਵਾਲ ਨੇ ਇਲਾਕੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ । ਆਗੂਆਂ ਨੇ ਕਿਹਾ ਕਿ ਲੋਕ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦੇ ਮੋਢੇ ਨਾਲ ਮੋਢਾ ਜੋੜ ਕੇ ਚਟਾਨ ਵਾਂਗ ਖੜੇ ਹਨ ਅਤੇ ਇਸ ਰੈਲੀ ਨੂੰ ਸਫਲ ਬਣਾਉਣ ਲਈ ਤਲਬੀਰ ਸਿੰਘ ਗਿੱਲ ਵਲੋਂ ਹਲਕੇ ਨੂੰ ਜ਼ੋਨਾਂ 'ਚ ਵੰਡ ਕੇ ਪਿੰਡ ਪੱਧਰ 'ਤੇ ਆਪ ਦੇ ਆਗੂਆਂ ਤੇ ਵਰਕਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਪੰਚ ਹਰਪਾਲ ਸਿੰਘ ਮੱਤੇਵਾਲ, ਸਮਤੀ ਮੈਂਬਰ ਗੁਰਬੀਰ ਸਿੰਘ ਮੱਤੇਵਾਲ, ਰਡਾਕਟਰ ਬਲਵਿੰਦਰ ਸਿੰਘ, ਸੁਲੱਖਣ ਸਿੰਘ ਮੱਤੇਵਾਲ, ਤਰਸੇਮ ਸਿੰਘ ਗਾਰਡ, ਗੁਰਸੇਵਕ ਸਿੰਘ, ਬਲਦੇਵ ਸਿੰਘ, ਜਸਪਾਲ ਸਿੰਘ, ਹਰਦੇਵ ਸਿੰਘ, ਫੁੰਮਣ ਸਿੰਘ ਸਾਰੇ ਹੀ ਮੈਂਬਰ ਪੰਚਾਇਤ ਮੱਤੇਵਾਲ, ਰਾਣਾ ਜਿਊਲਰਜ਼, ਦਵਿੰਦਰ ਸਿੰਘ ਟੇਲਰ ਮੱਤੇਵਾਲ, ਸਰਪੰਚ ਸਰਬਜੀਤ ਸਿੰਘ ਸਾਧਪੁਰ, ਸਰਪੰਚ ਪ੍ਰੇਮ ਸਿੰਘ ਤਰਫਾਨ, ਬਲਕਾਰ ਸਿੰਘ, ਸਤਨਾਮ ਸਿੰਘ ਮੱਤੇਵਾਲ ਪੀ ਬੀ ਐੱਸ ਵਾਲੇ ਅਤੇ ਹੋਰ ਵੱਡੀ ਗਿਣਤੀ ਵਿੱਚ ਆਗੂ ਹਾਜ਼ਰ ਸਨ।

# ਦਿਵਿਆਂਗ ਵਿਅਕਤੀਆਂ ਲਈ ਅਲਿਮਕੋ ਦਾ ਉਪਰਾਲਾ ਸ਼ਲਾਘਾਯੋਗ : ਧਾਲੀਵਾਲ



ਅਜਨਾਲਾ (ਸੁੱਖਜਿੰਦਰ ਸਿੰਘ ਅਜਨਾਲਾ)– ਵਿਧਾਇਕ ਸ: ਕੁਲਦੀਪ ਸਿੰਘ ਧਾਲੀਵਾਲ ਜਿਨ੍ਹਾਂ ਦੇ ਯਤਨਾਂ ਸਦਕਾ ਅਲਿਮਕੋ ਵਲੋਂ 3 ਮਾਰਚ 2025 ਨੂੰ ਅਜਨਾਲਾ ਵਿਖੇ ਦਿਵਿਆਂਗ ਵਿਅਕਤੀਆਂ ਦੀਆਂ ਲੋੜਾਂ ਦਾ ਪਤਾ ਲਗਾਉਣ ਲਈ ਵਿਸ਼ੇਸ਼ ਕੈਂਪ ਲਗਾਏ ਗਏ ਸਨ, ਨੂੰ ਅੱਜ ਕੈਂਪ ਲਗਾ ਕੇ ਲੋੜਵੰਦ ਵਿਅਕਤੀਆਂ ਦੇ ਸਹਾਇਕ ਉਪਕਰਣ ਦਿੱਤੇ ਗਏ। ਇਸ ਮੌਕੇ ਸੰਬੋਧਨ ਕਰਦੇ ਸ: ਧਾਲੀਵਾਲ ਨੇ ਕਿਹਾ ਕਿ ਮੈਨੂੰ ਖੁਸ਼ੀ ਹੋਈ ਹੈ ਕਿ ਮੈਂ ਇਨ੍ਹਾਂ ਲੋੜਵੰਦਾਂ ਦੇ ਕੰਮ ਆ ਸਕਿਆਂ ਹਾਂ। ਉਨ੍ਹਾਂ ਕਿਹਾ ਕਿ ਅੱਜ ਇਨਾਂ ਲੋਕਾਂ ਦੀਆਂ ਮੁੱਢਲੀਆਂ ਲੋੜਾਂ ਪੂਰੀਆਂ ਹੋਈਆਂ ਹਨ ਅਤੇ ਛੇਤੀ ਹੀ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਵਿਸ਼ੇਸ਼ ਕੈਂਪ ਲਗਾ ਕੇ ਬਾਕੀ ਰਹਿੰਦੇ ਲੋਕਾਂ ਤੱਕ ਵੀ ਲੋੜੀਂਦੀ ਸਹਾਇਤਾ ਸਮੱਗਰੀ ਪਹੁੰਚਾਈ ਜਾਵੇਗੀ। ਉਨਾਂ ਦੱਸਿਆ ਕਿ ਅਲਿਮਕੋ ਵਲੋਂ ਕੀਤਾ ਜਾ ਰਿਹਾ ਇਹ ਉਪਰਾਲਾ ਬਹੁਤ ਹੀ ਪ੍ਰਸ਼ੰਸਾ ਯੋਗ ਹੈ। ਉਨਾਂ ਦੱਸਿਆ ਕਿ ਅੱਜ ਦੇ ਕੈਂਪਾਂ ਵਿੱਚ 121 ਦਿਵਿਆਂਗ ਵਿਅਕਤੀਆਂ ਨੂੰ ਅਲਿਮਕੋ ਦੀ ਸਹਾਇਤਾ ਨਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਅਜਨਾਲਾ ਵਿਖੇ ਲਗਾਏ ਗਏ ਵਿਸ਼ੇਸ਼ ਕੈਂਪ ਵਿੱਚ ਕਰੀਬ 21 ਲੱਖ 28 ਹਜ਼ਾਰ ਦੀ ਕੀਮਤ ਦੇ 247 ਸਹਾਇਕ ਉਪਕਰਨ ਵੰਡੇ ਗਏ। ਉਨਾਂ ਦੱਸਿਆ ਕਿ ਕੈਂਪ ਦੌਰਾਨ ਬੈਟਰੀ ਵਾਲੇ ਟਰਾਈਸਾਈਕਲ, ਵੀਲ੍ਹ ਚੇਅਰ ਅਤੇ ਹੋਰ ਉਪਕਰਣਾਂ ਦੀ ਵੰਡ ਲੋੜਵੰਦਾਂ ਨੂੰ ਕੀਤੀ ਗਈ ਹੈ। ਉਨਾਂ ਦੱਸਿਆ ਕਿ 9 ਜਨਵਰੀ ਨੂੰ ਸਰਕਾਰੀ ਆਈ ਟੀ ਆਈ ਬਾਬਾ ਬਕਾਲਾ ਅਤੇ 10 ਜਨਵਰੀ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਟਾਰੀ ਵਿਖੇ ਕੈਂਪ ਲਗਾਇਆ ਜਾਵੇਗਾ। ਇਸ ਮੌਕੇ ਐਸ.ਡੀ.ਐਮ. ਅਜਨਾਲਾ ਸ: ਰਵਿੰਦਰਪਾਲ ਸਿੰਘ ਅਰੋੜਾ ਨੇ ਵੀ ਸੰਬੋਧਨ ਕੀਤਾ ।ਸਮਾਗਮ ਵਿੱਚ ਸੀ.ਡੀ.ਪੀ.ਓ. ਅਜਨਾਲਾ ਰਛਪਾਲ ਕੌਰ, ਨੋਡਲ ਇੰਚਾਰਜ ਧਰਮਿੰਦਰ ਸਿੰਘ, ਅਲਿਮਕੋ ਤੋਂ ਸ੍ਰੀ ਅਨਿਲ ਕੁਮਾਰ, ਸ: ਗੁਰਪ੍ਰੀਤ ਸਿੰਘ , ਅਮਤ ਪ੍ਰਧਾਨ ਆਮ ਆਦਮੀ ਪਾਰਟੀ , ਸੁਪਰਵਾਈਜਰ ਸ਼ਰਨਜੀਤ ਕੌਰ, ਰਾਜਵਿੰਦਰ ਕੌਰ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਘੱਟ ਗਿਣਤੀ ਲੋਕ ਭਲਾਈ ਸੰਸਥਾ ਨੇ ਉਲੀਕਿਆ ਭਵਿੱਖ ਦਾ ਪ੍ਰੋਗਰਾਮ



**ਅੰਮ੍ਰਿਤਸਰ/ਬੁਤਾਲਾ (ਜਗਦੀਸ਼ ਕਮਲੇਸ਼)** – ਪੰਜਾਬ ਦੇ ਪ੍ਰਸਾਸ਼ਨਿਕ, ਸਮਾਜਿਕ ਅਤੇ ਸਿਆਸੀ ਹਲਕਿਆਂ 'ਚ ਵਿਚਰਨ ਵਾਲੀ ਨਾਮਵਰ ਘੱਟ ਗਿਣਤੀ ਲੋਕ ਭਲਾਈ ਸੰਸਥਾ ਨੇ ਰਾਜਸੀ ਉਭਾਰ ਵੱਲ ਤਵੱਜੋਂ ਦਿੰਦਿਆਂ ਇਥੇ ਹੋਏ ਰਾਜ ਪੱਧਰੀ ਸਮਾਗਮ 'ਚ ਅਹਿਮ ਫੈਸਲੇ ਲਏ ਹਨ । ਸੰਸਥਾ ਦੀ ਜਨਰਲ ਸਕੱਤਰ ਮਹਿਕਪ੍ਰੀਤ ਕੌਰ ਗਿੱਲ ਨੇ ਸਮਾਜਿਕ ਜਥੇਬੰਦੀਆਂ ਨੂੰ ਨਾਲ ਲੈ ਕੇ ਇੱਕ ਵਿਸ਼ਾਲ ਗੈਰ ਸਿਆਸੀ ਸਮਾਜਿਕ ਗਠਬੰਧਨ ਕਰਨ ਬਾਰੇ ਮਤਾ ਪੇਸ਼ ਕੀਤਾ ਜਿਸ ਦੀ ਤਾਇਦ ਸਾਬਕਾ ਜਨਰਲ ਸਕੱਤਰ ਤੇ ਮੌਜੂਦਾ ਟਰੱਸਟੀ ਮੈਂਬਰ ਸੁਖਦੇਵ ਸਿੰਘ ਨੰਗਲੀ ਭੱਠਾ ਨੇ ਕੀਤੀ।ਇਜਲਾਸ 'ਚ ਹਾਜਰ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਚੇਅਰਮੈਨ ਸੰਦੀਪ ਸਿੰਘ ਰਾਜੂ ਨੇ ਸਿੱਖ ਸਿਆਸਤ 'ਚ ਭਾਈਵਾਲਤਾ ਦੀ ਹਾਮੀਂ ਭਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ 'ਚ ਸ਼ਮੂਲੀਅਤ ਕਰਨ ਦਾ ਸੁਝਾਅ ਦਿੱਤਾ ਜਿਸ ਨੂੰ ਸਵੀਕਾਰ ਕਰਦਿਆਂ ਇਸ ਸੁਝਾਅ ਦੀ ਹਮਾਇਤ ਜੰਡਿਆਲਾ ਗੁਰੂ ਤੋਂ ਚੇਅਰਮੈਨ ਸ੍ਰ ਲਖਬੀਰ ਸਿੰਘ ਮਿਹੋਂਕਾ ਨੇ ਕੀਤੀ। ਟਰੱਸਟੀ ਮੈਂਬਰ ਲਖਵਿੰਦਰ ਸਿੰਘ ਰੋੜਾਂਵਾਲੀ ਨੇ ਸਮਾਗਮ 'ਚ ਆਪਣਾ ਕੁੰਜੀਵਤ ਭਾਸ਼ਣ ਰੱਖਦਿਆਂ ਕਿਹਾ ਕਿ 197 ਬਲਾਕਾਂ 'ਚ ਮੇਰੀ ਵਾਰਡ,ਮੇਰਾ ਪਿੰਡ ਅਤੇ ਮੇਰਾ ਹਲਕਾ ਮੁਹਿੰਮ ਸ਼ੁਰੂ ਕੀਤੀ ਜਾਵੇ ਤਾਂ ਕਿ ਹਰ ਪਿੰਡ ਹਰ ਕਸਬੇ 'ਚ ਸੰਸਥਾ ਦੇ ਵਲੰਟੀਅਰ ਬੂਥ ਸਥਾਪਿਤ ਕਰ ਸਕਣ।ਇਜਲਾਸ 'ਚ ਪ੍ਰਧਾਨਗੀ ਕਰਦਿਆਂ ਸੰਸਥਾ ਦੇ ਬਾਨੀ ਪ੍ਰਧਾਨ ਸ੍ਰ ਸਤਨਾਮ ਸਿੰਘ ਗਿੱਲ ਨੇ ਕਿਹਾ ਕਿ ਘੱਟ ਗਿਣਤੀ ਲੋਕ ਭਲਾਈ ਸੰਸਥਾ ਸੂਬੇ ਦੀਆਂ ਜੇਲ੍ਹਾ 'ਚ ਨਜ਼ਰਬੰਦ ਸਜਾਵਾਂ ਭੁਗਤ ਚੁੱਕੇ ਆਮ ਕੈਦੀਆਂ ਦੀ ਰਿਹਾਈ ਨੂੰ ਯਕਨੀ ਬਣਾਵੇਗੀ।ਇਸ ਮੌਕੇ ਸੰਸਥਾ ਦੀ ਕੈਸ਼ੀਅਰ ਬੀਬਾ ਕਵਲਜੀਤ ਕੌਰ ਗਿੱਲ,ਗਲਜ਼ਾਰ ਸਿੰਘ ਮਿਹੋਂਕਾ, ਸਤਨਾਮ ਸਿੰਘ ਬੁਤਾਲਾ,ਡਾ ਸੁਖਚੈਨ ਸਿੰਘ ਘੁਮਾਣ, ਰਣਜੀਤ ਸਿੰਘ ਲੱਧੜ, ਮਨਪਰੀਤ ਸਿੰਘ ਕਸੇਲ,ਸ ਸੁਖਦੇਵ ਸਿੰਘ ਕੋਟ ਖਾਲਸਾ,ਅਮਰੀਕ ਕੌਰ,ਗੁਰਮੇਲ ਸਿੰਘ, ਅੰਮ੍ਰਿਤ ਕਲਿਆਣਣ ਸਠਿਆਲਾ ਅਤੇ ਗੁਰਪਰੀਤ ਸਿੰਘ ਜੋਧੇ ਆਦਿ ਨੇ ਵੀ ਆਪਣੇ ਵਿਚਾਰ ਰੱਖੇ।

# ਖ਼ਾਲਸਾ ਕਾਲਜ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਸਾਕੇ ਨੂੰ ਸਮਰਪਤ ਸੈਮੀਨਾਰ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)—ਖ਼ਾਲਸਾ ਕਾਲਜ ਦੇ ਧਾਰਮਿਕ ਅਧਿਐਨ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਸਾਕੇ ਨੂੰ ਸਮਰਪਤ 'ਸ੍ਰੀ ਗੁਰੂ ਤੇਗ ਬਹਾਦਰ ਜੀ: ਜੀਵਨ ਫ਼ਲਸਫ਼ਾ ਅਤੇ ਸ਼ਹਾਦਤ' ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ।

ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਨਿਰਦੇਸ਼ਾਂ 'ਤੇ ਕਰਵਾਏ ਗਏ ਉਕਤ ਸੈਮੀਨਾਰ ਦੀ ਆਰੰਭਤਾ ਵਿਭਾਗ ਦੇ ਵਿਦਿਆਰਥੀਆਂ ਦੁਆਰਾ ਕਾਲਜ ਸ਼ਬਦ ਅਤੇ ਦਸਮ ਗੁਰੂ ਜੀ ਦੁਆਰਾ ਨੌਵੇਂ ਗੁਰੂ ਜੀ ਦੇ ਸ਼ਹੀਦੀ ਸਾਕੇ ਸੰਬੰਧੀ ਰਚਿਤ ਸ਼ਬਦ ਦਾ ਗਾਇਣ ਕਰਕੇ ਕੀਤੀ ਗਈ। ਇਸ ਮੌਕੇ ਵਿਭਾਗ ਇੰਚਾਰਜ ਅਤੇ ਡੀਨ ਆਰਟਸ ਐਂਡ ਹਿਊਮੈਨਟਿਜ਼ ਪ੍ਰੋ. ਜਸਪ੍ਰੀਤ ਕੌਰ ਨੇ ਆਏ ਹੋਏ ਮਹਿਮਾਨਾਂ, ਬੁਲਾਰਿਆਂ, ਸਰੋਤਿਆਂ ਅਤੇ ਵਿਦਿਆਰਥੀਆਂ ਨੂੰ ਜੀ ਆਇਆਂ ਆਖਿਆ।

ਸੈਮੀਨਾਰ ਦੇ ਉਦਘਾਟਨੀ ਭਾਸ਼ਣ 'ਚ ਪ੍ਰਿੰ: ਡਾ. ਰੰਧਾਵਾ ਨੇ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਜੀਵਨ ਅਤੇ ਸ਼ਹਾਦਤ ਸੰਸਾਰ ਭਰ ਲਈ ਇਕ ਸਰਵੋਤਮ ਮਿਸਾਲ ਹੈ। ਗੁਰੂ ਜੀ ਨੇ ਸਮਕਾਲੀ ਹਕੂਮਤ ਦੇ ਜਬਰ ਦਾ ਸਾਹਮਣਾ ਕਰਦਿਆਂ ਅਤੇ ਧਰਮ ਦੀ ਰਾਖੀ ਖਾਤਰ ਸ਼ਹਾਦਤ ਦਿੱਤੀ ਜਿਸ ਨਾਲ ਭੈਭੀਤ ਲੋਕਾਈ 'ਚ ਨਿਰਭੈਤਾ ਦਾ ਸੰਚਾਰ ਹੋਇਆ। ਇਸ ਸੈਮੀਨਾਰ 'ਚ ਵਿਦਵਾਨ ਬੁਲਾਰਿਆਂ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ, ਫ਼ਲਸਫ਼ੇ ਅਤੇ ਸ਼ਹਾਦਤ ਸਬੰਧੀ ਵੱਖ-ਵੱਖ ਪੱਖਾਂ 'ਤੇ ਬਹੁਮੁੱਲੀ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਡਾ. ਮੁਹੱਬਤ ਸਿੰਘ ਨੇ 'ਗੁਰਮੁਖੀ ਸਰੋਤਾਂ 'ਚ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਜੀਵਨ' ਵਿਸ਼ੇ 'ਤੇ ਗੁਰਮੁਖੀ 'ਚ ਲਿਖਤ ਸਰੋਤਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਦੂਜੇ ਵਿਦਵਾਨ ਬਲਦੀਪ ਸਿੰਘ ਰਾਮੂਵਾਲੀਆ ਨੇ 'ਸ਼ਹਾਦਤ' ਸ਼ਬਦ ਦੇ ਇਤਿਹਾਸਕ ਪਿਛੋਕੜ ਅਤੇ ਇਸ ਅਰਥਾਂ ਦੇ ਸੰਚਾਰ ਸਬੰਧੀ ਜਾਣੂ ਕਰਵਾਇਆ। ਇਸ ਮੌਕੇ ਉੱਘੇ ਸਿੱਖ ਵਿਦਵਾਨ ਪ੍ਰੋ. ਬਲਵੰਤ ਸਿੰਘ ਢਿੱਲੋਂ ਨੇ ਸੈਮੀਨਾਰ ਦੇ ਪ੍ਰਧਾਨਗੀ ਬੋਲਾਂ ਰਾਹੀਂ ਗੁਰੂ ਜੀ ਦੇ ਵਿਰਸੇ ਤੇ ਵਿਰਾਸਤ ਤੋਂ ਜਾਣੂ ਕਰਵਾਇਆ। ਉਨ੍ਹਾਂ ਨੇ ਗ਼ੁਲਾਮ ਹੁਸੈਨ ਦੁਆਰਾ ਲਿਖਤ ਇਕ ਫ਼ਾਰਸੀ ਸਰੋਤ 'ਤੇ ਅਧਾਰਤ ਪਿਛਲੇਰੀਆਂ ਕੁਝ ਅੰਗਰੇਜ਼ੀ ਅਤੇ ਹੋਰ ਲਿਖਤਾਂ 'ਚ ਗੁਰੂ ਜੀ ਸੰਬੰਧੀ ਦਰਜ ਗਲਤ ਤੱਥਾਂ ਦਾ ਸੱਚ ਸਾਹਮਣੇ ਰੱਖਿਆ। ਉਨ੍ਹਾਂ ਨੇ ਵਿਦਿਆਰਥੀਆਂ ਅਤੇ ਖੋਜਾਰਥੀਆਂ ਨੂੰ ਸਹੀ ਤੇ ਪ੍ਰਮਾਨਿਕ ਸਰੋਤਾਂ ਦੀ ਪਰਖ-ਪੜਚੋਲ ਕਰਨ ਸਬੰਧੀ ਕੁਝ ਨੁਕਤੇ ਵੀ ਦੱਸੇ। ਸੈਮੀਨਾਰ ਦੇ ਅਖੀਰ 'ਚ ਧਾਰਮਿਕ ਅਧਿਐਨ ਵਿਭਾਗ ਦੇ ਅਸਿਸਟੈਂਟ ਪ੍ਰੋਫ਼ੈਸਰ ਡਾ. ਸੁਖਪਾਲ ਸਿੰਘ ਨੇ ਸੈਮੀਨਾਰ 'ਚ ਸ਼ਾਮਿਲ ਮਹਿਮਾਨਾਂ, ਬੁਲਾਰਿਆਂ, ਵੱਖ-ਵੱਖ ਵਿਭਾਗਾਂ ਦੇ ਅਧਿਆਪਕ ਸਹਿਬਾਨ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।

# ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂਆਂ ਦੀ ਮਾਘੀ ਦੀ ਕਾਨਫਰੰਸ ਸੰਬੰਧੀ ਅਹਿਮ ਮੀਟਿੰਗ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**–ਗੁਰਦੁਆਰਾ ਬਾਬਾ ਕਾਲੇ ਮਹਿਰ, ਪਿੰਡ ਜੱਲੂਪੁਰ ਖੈੜੇ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਮਾਝਾ ਜ਼ੋਨ ਦੇ ਸਰਗਰਮ ਆਗੂਆਂ ਅਤੇ ਵਰਕਰਾਂ ਦੀ ਇੱਕ ਅਹਿਮ ਮੀਟਿੰਗ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਦੀ ਅਗਵਾਈ ਵਿੱਚ ਹੋਈ। ਇਸ ਮੀਟਿੰਗ ਵਿੱਚ ਬਾਪੂ ਤਰਸੇਮ ਸਿੰਘ ਤੋਂ ਇਲਾਵਾ ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਹਰਭਜਨ ਸਿੰਘ ਤੁੜ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਜਸਕਰਨ ਸਿੰਘ ਕਾਹਨ ਸਿੰਘ ਵਾਲਾ, ਚਾਚਾ ਸੁਖਚੈਨ ਸਿੰਘ ਜੀ, ਚਾਚਾ ਪ੍ਰਗਟ ਸਿੰਘ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਸਰਬਜੀਤ ਸਿੰਘ ਖ਼ਾਨਪੁਰ, ਭਾਈ ਅਜੇਪਾਲ ਸਿੰਘ ਢਿਲੋਂ, ਭਾਈ ਜੁਗਰਾਜ ਸਿੰਘ ਲਾਲਾਨੰਗਲ, ਭਾਈ ਦਲਜੀਤ ਸਿੰਘ ਜਵੰਦਾ, ਭਾਈ ਅਮਨਦੀਪ ਸਿੰਘ ਡੱਡੂਆਣਾਂ, ਬਾਬਾ ਬਿਬੇਕ ਸਿੰਘ, ਭਾਈ ਚਮਕੌਰ ਸਿੰਘ ਧੁੰਨ, ਭਾਈ ਜਤਿੰਦਰ ਸਿੰਘ ਮਹਿਤਾ, ਬਾਬਾ ਜਰਮਨਜੀਤ ਸਿੰਘ, ਭਾਈ ਭੁਪਿੰਦਰ ਸਿੰਘ ਗੱਦਲੀ, ਭਾਈ ਮਨਜਿੰਦਰ ਸਿੰਘ ਕਲੇਰ, ਭਾਈ ਨਵਤੇਜ ਸਿੰਘ ਛੱਜਲਵੱਡੀ, ਭਾਈ ਦਇਆ ਸਿੰਘ, ਭਾਈ ਮਹਿੰਦਰਪਾਲ ਸਿੰਘ ਤੁੰਗ, ਭਾਈ ਜਸਕਰਨ ਸਿੰਘ ਲੋਪੋਕੇ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਜੁਗਰਾਜ ਸਿੰਘ ਭੰਗਵਾਂ, ਭਾਈ ਸੁਰਿੰਦਰਪਾਲ ਸਿੰਘ ਤਾਲਿਬਪੁਰਾ, ਭਾਈ ਚਰਨਜੀਤ ਸਿੰਘ ਗਾਲਿਬ, ਭਾਈ ਜਸਕਰਨ ਸਿੰਘ ਰਿਆੜ, ਭਾਈ ਨਰਿੰਦਰ ਸਿੰਘ ਕਲਸੀਆਂ, ਬਾਬਾ ਹਰਪ੍ਰੀਤ ਸਿੰਘ, ਭਾਈ ਦਲੀਪ ਸਿੰਘ ਏਕਰਗੱਡਾ, ਭਾਈ ਨਾਥਵਿੰਦਰ ਸਿੰਘ ਮਜੀਠਾ, ਭਾਈ ਸਵਰਨ ਸਿੰਘ ਗੋਲਡਨ, ਭਾਈ ਕੁਲਵਿੰਦਰ ਸਿੰਘ ਵਡਾਲੀ, ਭਾਈ ਹਰਪ੍ਰੀਤ ਸਿੰਘ, ਭਾਈ ਪ੍ਰਿਤਪਾਲ ਸਿੰਘ ਮੀਰਾਂਕੋਟ, ਐਡਵੋਕੇਟ ਗੁਰਜੀਤ ਸਿੰਘ, ਹਰਕਮਲਪ੍ਰੀਤ ਸਿੰਘ ਅਤੇ ਭਾਈ ਸਿਕੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਹਾਜ਼ਰ ਸਨ। ਇਹ ਮੀਟਿੰਗ 14 ਜਨਵਰੀ ਨੂੰ ਮਾਘੀ ਦੇ ਪਵਿੱਤਰ ਦਿਹਾੜੇ ਮੌਕੇ ਹੋਣ ਜਾ ਰਹੀ ਪੰਥਕ ਕਾਨਫਰੰਸ ਦੇ ਸਬੰਧ ਵਿੱਚ ਕੀਤੀ ਗਈ।

ਮੀਟਿੰਗ ਦੌਰਾਨ ਮਾਝਾ ਖੇਤਰ ਦੇ ਵੱਖ-ਵੱਖ ਹਲਕਿਆਂ ਤੋਂ ਪਹੁੰਚੇ ਆਗੂਆਂ ਨੇ ਕਾਨਫਰੰਸ ਦੀ ਤਿਆਰੀਆਂ ਬਾਰੇ ਵਿਚਾਰ-ਵਟਾਂਦਰਾ ਕੀਤਾ ਅਤੇ ਇਹ ਫੈਸਲਾ ਕੀਤਾ ਕਿ ਮਾਝਾ ਜੋਨ ਵੱਲੋਂ ਵੱਡੀ ਗਿਣਤੀ ਵਿੱਚ, ਵੱਡੇ-ਵੱਡੇ ਕਾਫਲਿਆਂ ਦੇ ਰੂਪ ਵਿੱਚ ਮਾਘੀ ਦੀ ਪੰਥਕ ਕਾਨਫਰੰਸ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।ਆਗੂਆਂ ਨੇ ਕਿਹਾ ਕਿ ਇਹ ਪੰਥਕ ਕਾਨਫਰੰਸ ਪੰਜਾਬ, ਪੰਥ ਅਤੇ ਸਿੱਖ ਨੌਜਵਾਨੀ ਨਾਲ ਜੁੜੇ ਮੁੱਦਿਆਂ ਉਤੇ ਇਕ ਮਜ਼ਬੂਤ ਆਵਾਜ਼ ਬਣ ਕੇ ਉਭਰੇਗੀ ਅਤੇ ਇਸ ਰਾਹੀਂ ਸਿੱਖ ਕੌਮ ਦੀ ਇਕਜੁੱਟਤਾ ਅਤੇ ਹੱਕਾਂ ਲਈ ਸੰਘਰਸ਼ ਨੂੰ ਹੋਰ ਮਜ਼ਬੂਤੀ ਮਿਲੇਗੀ।ਅਖੀਰ ਵਿੱਚ ਪਾਰਟੀ ਕੋਆਰਡੀਨੇਟਰ ਭਾਈ ਪਰਮਜੀਤ ਸਿੰਘ ਜੌਹਲ ਨੇ ਸਮੂਹ ਆਗੂ ਅਤੇ ਵਰਕਰਾਂ ਦਾ ਮੀਟਿੰਗ ਵਿੱਚ ਪਹੁੰਚਣ ਤੇ ਧੰਨਵਾਦ ਕੀਤਾ ਅਤੇ ਮਾਘੀ ਦੀ ਇਸ ਪੰਥਕ ਕਾਨਫਰੰਸ ਤੇ ਇਕ ਵੱਡਾ ਇਕੱਠ ਕਰਕੇ ਮਿਸਾਲ ਕਾਇਮ ਕਰਨ ਲਈ ਕਿਹਾ।

# ਪ੍ਰਿਥੀਪਾਲ ਸਿੰਘ ਅਠੌਲਾ ਯਾਦਗਾਰੀ ਐਵਾਰਡ-2026, ਕਵੀ ਮੱਖਣ ਕੁਹਾੜ ਦੀ ਝੋਲੀ



ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ)– ਪਿਛਲੇ 41 ਸਾਲਾਂ ਤੋਂ ਨਿਰੰਤਰ ਪੰਜਾਬੀ ਮਾਂ ਬੋਲੀ ਦੀ ਸੇਵਾ ਵਿੱਚ ਜੁਟੀ ਚਰਚਿੱਤ ਸਾਹਿਤ ਸੰਸਥਾ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ:) ਦੇ ਸਹਿਯੋਗ ਨਾਲ ਇਕ ਸਾਹਿਤਕ ਸਮਾਗਮ ਕਰਵਾਇਆ ਗਿਆ । ਇਸ ਮੌਕੇ ਸਮਾਗਮ ਵਿੱਚ ਸ: ਬਖਤਾਵਰ ਸਿੰਘ ਸ਼ੇਰਗਿੱਲ "ਮੀਆਂ ਬਖਾਵਤਰ" (ਸਾ: ਕਮਿਸ਼ਨਰ) ਬਤੌਰ ਮੁੱਖ ਮਹਿਮਾਨ ਅਤੇ ਸ: ਅਵਤਾਰ ਸਿੰਘ ਭੁੱਲਰ (ਸਾ: ਡਾਇਰੈਕਟਰ ਪੰਚਾਇਤਾਂ) ਵਿਸ਼ੇਸ਼ ਮਹਿਮਾਨ ਵਜੋਂ ਪੁੱਜੇ, ਜਦ ਕਿ ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਸ੍ਰੀ ਮੱਖਣ ਕੁਹਾੜ, ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਸਕੱਤਰ ਸ: ਦੀਪ ਦਵਿੰਦਰ ਸਿੰਘ, ਕਾਰਜਕਾਰੀ ਮੈਂਬਰ ਸ: ਗੁਰਮੀਤ ਸਿੰਘ ਬਾਜਵਾ, ਕਾਰਜਕਾਰੀ ਮੈਂਬਰ ਮਾ: ਮਨਜੀਤ ਸਿੰਘ ਵੱਸੀ, ਡਾ: ਲੇਖ ਰਾਜ (ਪ੍ਰਧਾਨ ਜ਼ਿਲ੍ਹਾ ਸਾਹਿਤ ਕੇਂਦਰ ਗੁਰਦਾਸਪੁਰ), ਹਰਕੰਵਲਜੀਤ ਸਾਹਿਲ ਕੈਨੇਡਾ (ਸੰਪਾਦਕ 7-ਰਿਵਰ), ਪ੍ਰੋ: ਬਖਤੌਰ ਧਾਲੀਵਾਲ (ਸੰਪਾਦਕ ਮੰਤਵ), ਲਾਲੀ ਕਰਤਾਪੁਰੀ ਪ੍ਰਧਾਨ ਪੰਜਾਬੀ ਸਾਹਿਤ ਸਭਾ ਕਰਤਾਰਪੁਰ, ਸੂਬੇਦਾਰ ਹਰਜੀਤ ਸਿੰਘ (ਮੁਖੀ ਗੁਰੂ ਕੇ ਬੇਟੇ ਸਮਾਜ ਸੁਧਾਰ ਸੰਸਥਾ) ਅਤੇ ਗਾਇਕ ਮਨਜੀਤ ਪੱਪੂ ਸ਼ੁਸ਼ੋਭਿਤ ਹੋਏ।

ਸਭਾ ਦੇ ਬਾਨੀ ਸਰਪ੍ਰਸਤ ਅਤੇ "ਕੌਮੀ ਸਵਤੰਤਰ" ਦੇ ਸੰਸਥਾਪਕ ਸ: ਪ੍ਰਿਥੀਪਾਲ ਸਿੰਘ "ਅਠੌਲਾ" 26 ਵਾਂ ਯਾਦਗਾਰੀ ਐਵਾਰਡ-2026 ਲੋਕ ਕਵੀ ਸ੍ਰੀ ਮੱਖਣ ਕੁਹਾੜ (ਸੀ: ਮੀਤ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ) ਨੂੰ ਦਿੱਤਾ ਗਿਆ, ਜਿਸ ਵਿੱਚ ਸਨਮਾਨ ਚਿੰਨ, ਦੁਸ਼ਾਲਾ, ਸਿਰੋਪਾਉ ਅਤੇ ਨਗਦ ਰਾਸ਼ੀ ਸ਼ਾਮਿਲ ਸੀ ।

ਇਸ ਤੋਂ ਇਲਾਵਾ ਸਭਾ ਵੱਲੋਂ ਸ: ਬਖਤਾਵਰ ਸਿੰਘ ਸ਼ੇਰਗਿੱਲ ਅਤੇ ਸ: ਅਵਤਾਰ ਸਿੰਘ ਭੁੱਲਰ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ । ਮੰਚ ਸੰਚਾਲਨ ਦੇ ਫਰਜ਼ ਸਭਾ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਨੇ ਨਿਭਾਏ । ਇਸ ਮੌਕੇ ਹੋਏ ਕਵੀ ਦਰਬਾਰ ਵਿੱਚ ਸਰਵ ਸ੍ਰੀ ਮੱਖਣ ਸਿੰਘ ਭੈਣੀਵਾਲਾ, ਨਵਦੀਪ ਸਿੰਘ ਬਦੇਸ਼ਾ, ਸੁਲਤਾਨ ਭਾਰਤੀ, ਵਿਜੈ ਅਗਨੀਹੋਤਰੀ, ਸੀਤਲ ਸਿੰਘ ਗੁਨੋਪੁਰੀ, ਸੋਹਣ ਸਿੰਘ, ਕੁਲਜੀਤ ਸਿੰਘ ਰੰਧਾਵਾ, ਰਮੇਸ਼ ਜਾਨੂੰ, ਬਲਵਿੰਦਰ ਸਿੰਘ ਗੰਭੀਰ, ਬੂਟਾ ਰਾਮ ਅਜ਼ਾਦ, ਕੁਲਦੀਪ ਸਿੰਘ ਕਾਂਗਲਾ, ਮਨਜੀਤ ਸਿੰਘ ਚਾਹਲ, ਹਰਵਿੰਦਰ ਕੌਰ ਬਾਠ, ਬਲਜੀਤ ਕੌਰ ਉੱਪਲ, ਸੁਰਿੰਦਰ ਖਿਲਚੀਆਂ, ਅਮਨ ਢਿੱਲੋਂ ਕਸੇਲ, ਸਿਮਰਨਜੀਤ ਕੌਰ ਮਾਹਲਾ, ਕਾਲੇ ਸ਼ਾਹ ਟਾਂਗਰੀ, ਜਗਦੀਸ਼ ਸਿੰਘ ਬਮਰਾਹ, ਸਤਰਾਜ ਜਲਾਲਾਂਬਾਦੀ, ਮਾ: ਧਰਮ ਸਿੰਘ ਧਿਆਨਪੁਰ, ਸੁਖਦੇਵ ਸਿੰਘ ਗੰਢਵਾਂ, ਮਾ: ਮਨਜੀਤ ਸਿੰਘ ਕੰਬੋ, ਸੁਖਵਿੰਦਰ ਸਿੰਘ, ਮੁਖਤਾਰ ਸਿੰਘ ਗਿੱਲ, ਲਖਵਿੰਦਰ ਸਿੰਘ ਮਾਨ ਹਵੇਲੀਆਨਾ, ਅਜੀਤ ਸਿੰਘ ਸਠਿਆਲਵੀ, ਮਾ: ਬਲਬੀਰ ਸਿੰਘ ਬੀਰ, ਡਾ: ਕੁਲਵੰਤ ਸਿੰਘ ਬਾਠ, ਦਿਲਬਾਗ ਸਿੰਘ ਖਹਿਰਾ ਇਟਲੀ, ਸਰਬਜੀਤ ਸਿੰਘ ਪੱਡਾ, ਬਲਵਿੰਦਰ ਸਿੰਘ ਅਠੌਲਾ, ਸਕੱਤਰ ਸਿੰਘ ਪੁਰੇਵਾਲ, ਅਮਰਜੀਤ ਸਿੰਘ ਰਤਨਗੜ੍ਹ, ਸੰਨਪ੍ਰੀਤ ਸਿੰਘ ਅਠੌਲਾ, ਡਾ: ਸਰਬਜੀਤ ਸਿੰਘ ਬਿੱਲਾ, ਭੁਪਿੰਦਰ ਸਿੰਘ ਬਾਬਾ ਬਕਾਲਾ ਸਾਹਿਬ ਮੋੜ, ਮਨੋਜ ਫਗਵਾੜਵੀ, ਅਰਜਿੰਦਰ ਸਿੰਘ ਬੁਤਾਲਵੀ ਨੇ ਕਾਵਿ ਰਚਾਨਵਾਂ ਪੇਸ਼ ਕੀਤੀਆਂ।

## ਭਗੌੜਾ ਮੁਲਜ਼ਮ ਗ੍ਰਿਫ਼ਤਾਰ



**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**- ਚਮਕੌਰ ਸਾਹਿਬ ਪੁਲੀਸ ਨੇ ਸਾਲ 2019 ਵਿੱਚ ਐਕਸਾਈਜ਼ ਐਕਟ ਅਧੀਨ ਦਰਜ ਕੀਤੇ ਇੱਕ ਕੇਸ ਵਿੱਚ ਭਗੌੜਾ ਕਰਾਰ ਦਿੱਤੇ ਗਏ ਮੁਲਜ਼ਮ ਨੂੰ ਗ੍ਰਿਫ਼ਤਾਰ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆ ਥਾਣਾ ਮੁਖੀ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਚਮਕੌਰ ਸਾਹਿਬ ਪੁਲਸ ਵੱਲੋਂ ਅਜੇ ਪ੍ਰੀਤ ਗੁਰਦਿਆਲ ਸਿੰਘ ਵਾਰਡ ਨੰਬਰ 6 ਚਮਕੌਰ ਸਾਹਿਬ ਖਿਲਾਫ 21 ਜਨਵਰੀ 2019 ਨੂੰ ਐਕਸਾਈਜ਼ ਐਕਟ ਦੀ ਧਾਰਾ ਅਧੀਨ ਕੇਸ ਦਰਜ ਕਰਕੇ ਮੁਲਜ਼ਮ ਖਿਲਾਫ ਅਗਲੇਰੀ ਕਾਰਵਾਈ ਸ਼ੁਰੂ ਕੀਤੀ ਸੀ ਪ੍ਰੰਤੂ ਅਦਾਲਤੀ ਸੁਣਵਾਈ ਦੌਰਾਨ ਮੁਲਜ਼ਮ ਵੱਲੋਂ ਪੇਸ਼ ਨਾ ਹੋਣ ਉਪਰੰਤ ਅਦਾਲਤ ਵੱਲੋਂ ਅਜੇ ਕੁਮਾਰ ਨੂੰ ਭਗੌੜਾ ਕਰਾਰ ਦਿੱਤਾ ਗਿਆ ਸੀ, ਜਿਸ ਨੂੰ ਪੁਲਸ ਵੱਲੋਂ ਗ੍ਰਿਫ਼ਤਾਰ ਕਰਨ ਉਪਰੰਤ ਅਗਲੇਰੀ ਅਦਾਲਤੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

## ਮਨਰੇਗਾ ਵਰਕਰਾਂ ਦੀ ਮੀਟਿੰਗ 'ਚ 16 ਦੇ ਧਰਨੇ ਨੂੰ ਕਾਮਯਾਬ ਕਰਨ ਦਾ ਦਿੱਤਾ ਸੱਦਾ



**ਨੰਗਲ (ਸੁਰਜੀਤ ਢੇਰ)**- ਸੀ ਪੀ ਆਈ ਐਮ ਦੀ ਸੂਬਾ ਕਮੇਟੀ ਦੇ ਸੱਦੇ ਤੇ ਤਿੰਨ ਤੋਂ 20 ਜਨਵਰੀ ਤੱਕ ਮਨਰੇਗਾ ਮਜ਼ਦੂਰਾਂ ਨੂੰ ਲਾਮ ਬੰਦ ਕਰਨ ਦੇ ਦਿੱਤੇ ਸੱਦੇ ਤਹਿਤ ਪਿੰਡ ਉੱਪਰਲੀ ਦੜੋਲੀ ਕਲਿੱਤਰਾਂ ਵਿਖੇ ਮਨਰੇਗਾ ਮਜ਼ਦੂਰਾਂ ਦੀਆਂ ਮੀਟਿੰਗਾਂ ਕਰਵਾ ਕੇ ਸੰਘਰਸ਼ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਤੇ ਸੀ ਪੀ ਆਈ ਐਮ ਦੇ ਸਕੱਤਰੇਤ ਮੈਂਬਰ ਕਾਮਰੇਡ ਸੁਰਜੀਤ ਸਿੰਘ ਢੇਰ, ਤਹਿਸੀਲ ਸਕੱਤਰ ਸਤਨਾਮ ਸਿੰਘ, ਜਿਲਾ ਕਮੇਟੀ ਮੈਂਬਰ ਰਾਮ ਕਿਸ਼ਨ ਦਬਕੇਖੜਾ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਨੇ ਮਨਰੇਗਾ ਨੂੰ ਖਤਮ ਕਰਕੇ ਮਜ਼ਦੂਰਾਂ ਦੇ ਪੈਰਾਂ ਤੇ ਕੁਹਾੜਾ ਮਾਰਿਆ ਹੈ। ਨਵਾਂ ਬਣਿਆ ਕਾਨੂੰਨ ਜੀ ਬੀ ਜੀ ਰਾਮ ਜੀ ਮਨਰੇਗਾ ਮਜ਼ਦੂਰਾਂ ਦਾ ਰੁਜ਼ਗਾਰ ਖੋਹ ਲਵੇਗਾ ਤੇ ਮਜ਼ਦੂਰਾਂ ਦੇ ਚੁੱਲ੍ਹੇ ਬੰਦ ਹੋ ਜਾਣਗੇ। ਆਗੂਆਂ ਨੇ ਮਜ਼ਦੂਰਾਂ ਨੂੰ ਲਾਮਬੰਦ ਹੋ ਕੇ ਵੀ ਬੀ ਜੀ ਰਾਮ ਜੀ ਦਾ ਵਿਰੋਧ ਕਰਨ ਦਾ ਸੱਦਾ ਦਿੱਤਾ ਅਤੇ 16 ਜਨਵਰੀ ਨੂੰ ਦੇਸ਼ ਪੱਧਰ ਤੇ ਡਿਪਟੀ ਕਮਿਸ਼ਨਰਾਂ ਦੇ ਕਿਸਾਨਾਂ ਮਜ਼ਦੂਰਾਂ ਵੱਲੋਂ ਕੀਤੇ ਜਾ ਰਹੇ ਘਿਰਾਓ ਵਿੱਚ ਵੱਡੀ ਗਿਣਤੀ ਸ਼ਾਮਿਲ ਹੋਣ ਦਾ ਸੱਦਾ ਦਿੱਤਾ। ਇਸ ਮੌਕੇ ਤੇ ਬਿਜਲੀ ਸੋਧ ਬਿੱਲ 2025, ਬੀਜ ਬਿੱਲ 2025 ਅਤੇ ਚਾਰ ਲੇਬਰ ਕੋਡ ਵਾਰੇ ਵੀ ਮਜ਼ਦੂਰਾਂ ਨੂੰ ਜਾਣੂ ਕਰਵਾਇਆ ਗਿਆ। ਮਜ਼ਦੂਰਾਂ ਨੂੰ ਇਹ ਵੀ ਸੱਦਾ ਦਿੱਤਾ ਗਿਆ ਕਿ 12 ਫਰਵਰੀ ਦੇ ਭਾਰਤ ਬੰਦ ਨੂੰ ਸਫਲ ਕਰਨ ਲਈ ਹੁਣ ਤੋਂ ਤਿਆਰੀਆਂ ਕਰਨ। ਅੱਜ ਦੀ ਇਸ ਮੀਟਿੰਗ ਵਿੱਚ ਬਲਜੀਤ ਕੌਰ, ਸਤਨਾਮ ਕੌਰ ਬਲਵੀਰ ਕੌਰ ਕੁਲਦੀਪ ਕੌਰ ਗੁਰਦੀਪ ਕੌਰ, ਅਮਰਜੀਤ ਸਿੰਘ, ਲਛਮਣ ਸਿੰਘ, ਸੰਤੋਸ਼ ਕੌਰ, ਰੇਖਾ,ਸੁਮਨ, ਜੁਲਮੀ ਦੇਵੀ, ਹਰਮਿੰਦਰ ਕੌਰ, ਪੁਸ਼ਪਾ ਦੇਵੀ, ਚਰਨ ਕੌਰ, ਨਛੱਤਰ ਕੌਰ, ਸੁੰਕਤਲਾ ਦੇਵੀ,ਨੀਲਮ ਰਾਣੀ, ਬਲਜੀਤ ਕੌਰ, ਰਵਿੰਦਰ ਕੌਰ, ਸਵਰਨੀ, ਸੁਨੀਤਾ,ਭੋਲਾ ਸੁਰਜੀਤ, ਪਿੰਕੀ, ਭੁਪਿੰਦਰ ਕੌਰ,ਬੀਨਾ ਦੇਵੀ, ਮਾਇਆ ਦੇਵੀ,ਸਰੋਜ ਰਾਣੀ ,ਸੋਮਾ ਦੇਵੀ, ਦਰਸ਼ਨ ਸਿੰਘ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

## ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਵੈਨੇਜ਼ੁਏਲਾ ਦੇ ਹੱਕ 'ਚ ਅਮਰੀਕੀ ਰਾਸ਼ਟਰਪਤੀ ਦਾ ਪੁਤਲਾ ਫੂਕ ਪ੍ਰਦਰਸ਼ਨ

**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**- ਭਾਰਤੀ ਕਮਿਊਨਿਸਟ ਪਾਰਟੀ ਬਲਾਕ ਕਮੇਟੀ ਵੱਲੋਂ ਫਿਰੋਜ਼ਪੁਰ ਫਾਜ਼ਿਲਕਾ ਰੋਡ ਤੇ ਗੋਲੂ ਕਾ ਮੌੜ ਵਿਖੇ ਵੈਨੇਜ਼ੂਏਲਾ ਦੇ ਹੱਕ ਵਿੱਚ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦਾ ਪੁਤਲਾ ਫੂਕ ਪ੍ਰਦਰਸ਼ਨ ਕੀਤਾ ਗਿਆ। ਜਿਸ ਦੀ ਅਗਵਾਈ ਬਲਾਕ ਸਕੱਤਰ ਚਰਨਜੀਤ ਸਿੰਘ



ਛਾਂਗਾ ਰਾਏ ਨੇ ਕੀਤੀ। ਇਸ ਮੌਕੇ ਪ੍ਰਦਰਸ਼ਕਾਰੀਆਂ ਨੂੰ ਸੰਬੋਧਨ ਕਰਦਿਆਂ ਕਾਮਰੇਡ ਚਰਨਜੀਤ ਸਿੰਘ ਛਾਂਗਾ ਰਾਏ ਨੇ ਕਿਹਾ ਕਿ ਅਮਰੀਕੀ ਰਾਸ਼ਟਰਪਤੀ ਵੱਲੋਂ ਵੈਨੇਜ਼ੂਏਲਾ ਦੇ ਲੋਕਾਂ ਦੁਆਰਾ ਚੁਣੇ ਹੋਏ ਰਾਸ਼ਟਰਪਤੀ ਨੀਕੋਲਸ ਮਾਦੂਰੋ ਅਤੇ ਉਸ ਦੀ ਪਤਨੀ ਨੂੰ ਗ਼ੈਰ ਕਾਨੂੰਨੀ ਢੰਗ ਨਾਲ ਗ੍ਰਿਫਤਾਰ ਕਰਨਾ ਨਿਹਾਇਤ ਨਿੰਦਣਯੋਗ ਕਾਰਾ ਹੈ। ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਣਾ ਚਾਹੀਦਾ ਅਤੇ ਦੁਨੀਆ ਦੇ ਸਭ ਇਨਸਾਫ਼ ਪਸੰਦ ਲੋਕਾਂ ਨੂੰ ਅਮਰੀਕੀ ਸਾਮਰਾਜ ਦੀ ਗੁੰਡਾਗਰਦੀ ਖਿਲਾਫ ਇਕਜੁੱਟ ਹੋ ਕੇ ਆਵਾਜ਼ ਉਠਾਉਣੀ ਚਾਹੀਦੀ ਹੈ।ਟਰੰਪ ਦੁਨੀਆ ਨੂੰ ਤੀਜੀ ਵਿਸ਼ਵ ਜੰਗ ਵੱਲ ਧੱਕਣਾ ਚਾਹੁੰਦਾ ਹੈ ਤਾਂ ਕਿ ਤੇਲ 'ਤੇ ਕਬਜੇ ਦੇ ਨਾਲ ਨਾਲ ਆਪਣੇ ਜੰਗੀ ਹਥਿਆਰਾਂ ਨੂੰ ਵੇਚ ਸਕੇ। ਕਾਮਰੇਡ ਆਗੂ ਨੇ ਕਿਹਾ ਕਿ ਵੈਨਜ਼ੂਏਲਾ ਆਪਣੇ ਤੇਲ ਭੰਡਾਰ ਦਾ ਲਗਪਗ 90 ਫੀਸਦੀ ਹਿੱਸਾ ਚੀਨ ਨੂੰ ਵੇਚਦਾ ਹੈ ਜਿਸ ਕਾਰਨ ਅਮਰੀਕਾ ਨੇ ਚੀਨ ਦੀ ਆਰਥਿਕਤਾ ਨੂੰ ਢਾਹ ਲਾਉਣ ਲਈ ਵੈਨਜ਼ੂਏਲਾ ਦੇ ਤੇਲ ਭੰਡਾਰ 'ਤੇ ਕਬਜ਼ਾ ਕਰਨ ਦੀ ਨੀਅਤ ਨਾਲ ਹਮਲੇ ਕੀਤੇ ਹਨ। ਕਾਮਰੇਡ ਆਗੂਆਂ ਨੇ ਮੰਗ ਕਰਦਿਆਂ ਕਿਹਾ ਕਿ ਵੈਨੇਜ਼ੂਏਲਾ ਦੇ ਗ੍ਰਿਫਤਾਰ ਕੀਤੇ ਰਾਸ਼ਟਰਪਤੀ ਅਤੇ ਉਸ ਦੀ ਪਤਨੀ ਨੂੰ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ ਅਤੇ ਵੈਨੇਜ਼ੂਏਲਾ ਵਿੱਚੋਂ ਅਮਰੀਕੀ ਸੈਨਾ ਨੂੰ ਹਟਾਇਆ ਜਾਵੇ ਅਤੇ ਜੰਗਬੰਦੀ ਕੀਤੀ ਜਾਵੇ। ਇਸ ਮੌਕੇ ਉਹਨਾਂ ਨਾਲ ਹੋਰਨਾਂ ਤੋਂ ਇਲਾਵਾ ਕਾਮਰੇਡ ਰਾਜ ਬਹਾਦਰ ਕੇ, ਸੁਰਿੰਦਰ ਬਹਾਦਰ ਕੇ, ਢੋਲਾ ਮਾਹੀ, ਦਰਸ਼ਨ ਸਿੰਘ ਅਤੇ ਮੇਹਰ ਸਿੰਘ ਝੰਡੂ ਵਾਲਾ, ਸੋਹਣ ਲਾਲ ਬਾਜੇ ਕੇ, ਚਿਮਨ ਗੋਬਿੰਦਗੜ੍ਹ, ਬਲਵੀਰ ਗੋਬਿੰਦਗੜ੍ਹ, ਬਲਵਿੰਦਰ ਸਰੂਪੇ ਵਾਲਾ, ਛਿੰਦਰ ਸਰੂਪੇ ਵਾਲਾ, ਮਨਜੀਤ ਛਾਂਗਾ ਰਾਏ, ਅਰਸ਼ਦੀਪ ਸਿੰਘ ਅਤੇ ਲਵਪ੍ਰੀਤ ਸਿੰਘ ਹਾਜ਼ਰ ਸਨ।

## ਸਿਹਤ ਬੀਮਾ ਯੋਜਨਾ ਸੰਬੰਧੀ ਸੰਧਵਾਂ ਵੱਲੋਂ ਬਲਾਕ ਪ੍ਰਧਾਨਾਂ ਨਾਲ ਵਿਸ਼ੇਸ਼ ਮੀਟਿੰਗ

**ਕੋਟਕਪੂਰਾ (ਸ਼ਾਮ ਲਾਲ ਚਾਵਲਾ)**- ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਨੂੰ ਹੇਠਲੇ ਪੱਧਰ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਅਤੇ ਲੋਕਾਂ ਨੂੰ ਇਸ ਸਬੰਧੀ ਵੱਧ ਤੋਂ ਵੱਧ ਜਾਗਰੂਕ ਕਰਨ ਦੇ ਉਦੇਸ਼ ਨਾਲ ਜ਼ਿਲ੍ਹੇ ਦੇ ਬਲਾਕ ਪ੍ਰਧਾਨਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸੰਧਵਾਂ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਪੰਜਾਬ ਦੇ ਵਸਨੀਕਾਂ ਨੂੰ 10 ਲੱਖ ਰੁਪਏ ਤੱਕ ਦਾ ਨਕਦੀ ਰਹਿਤ ਇਲਾਜ ਮੁਫ਼ਤ ਮੁਹੱਈਆ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਯੋਜਨਾ ਆਮ ਲੋਕਾਂ ਲਈ ਵੱਡੀ ਰਾਹਤ ਸਾਬਤ ਹੋਵੇਗੀ ਹੈ। ਉਨ੍ਹਾਂ ਕਿਹਾ ਕਿ ਇਹ ਯੋਜਨਾ 15 ਜਨਵਰੀ ਤੋਂ ਸ਼ੁਰੂ ਹੋਣੀ ਹੈ ਅਤੇ ਅਪ੍ਰੈਲ ਮਹੀਨੇ ਤੱਕ ਇਸ ਦੇ ਸਿਹਤ ਬੀਮਾ ਕਾਰਡ ਬਣਾਏ ਜਾਣਗੇ। ਸਪੀਕਰ ਸੰਧਵਾਂ ਨੇ ਬਲਾਕ ਪ੍ਰਧਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ-ਆਪਣੇ ਖੇਤਰਾਂ ਵਿੱਚ ਲੋਕਾਂ ਨੂੰ ਇਸ ਸਕੀਮ ਬਾਰੇ ਵੱਧ ਤੋਂ ਵੱਧ ਜਾਗਰੂਕ ਕਰਨ ਅਤੇ ਲਾਭਪਾਤਰੀਆਂ ਦੇ ਕਾਰਡ ਬਣਵਾਉਣ ਵਿੱਚ ਸਰਗਰਮ ਭੂਮਿਕਾ ਨਿਭਾਉਣ। ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸ. ਗੁਰਤੇਜ ਸਿੰਘ ਖੋਸਾ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਵਿੱਚ ਹਰ ਇੱਕ ਵਰਗ ਦੇ ਲੋਕਾਂ ਨੂੰ ਸ਼ਾਮਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਪੰਜਾਬ ਦਾ ਕੋਈ ਵੀ ਵਸਨੀਕ ਆਪਣਾ ਵੋਟਰ ਕਾਰਡ ਅਤੇ ਆਧਾਰ ਕਾਰਡ ਦਿਖਾ ਕੇ ਇਹ ਸਿਹਤ ਕਾਰਡ ਤਿਆਰ ਕਰਵਾ ਸਕਦਾ ਹੈ, ਜਿਸ ਨਾਲ ਉਸ ਦੇ ਪਰਿਵਾਰ ਨੂੰ 10 ਲੱਖ ਰੁਪਏ ਸਾਲਾਨਾ ਤੱਕ ਦਾ ਇਲਾਜ ਮੁਫ਼ਤ ਮੁਹੱਈਆ ਕੀਤਾ ਜਾਵੇਗਾ। ਇਸ ਮੌਕੇ ਮਾਰਕੀਟ ਕਮੇਟੀ ਕੋਟਕਪੂਰਾ ਦੇ ਚੇਅਰਮੈਨ ਸ. ਗੁਰਮੀਤ ਸਿੰਘ ਆਰੇਵਾਲਾ,ਐਮ ਸੀ ਸਿਮਰਨਜੀਤ ਸਿੰਘ, ਗੁਰਦੀਪ ਸਿੰਘ ਧੂੜਕੋਟ ਤੋਂ ਇਲਾਵਾ ਬਲਾਕ ਪ੍ਰਧਾਨ ਹਾਜ਼ਰ ਸਨ।

## ਸਾਹਿਤ ਜਗਤ ਦਾ ਧਰੂ ਤਾਰਾ ਗਿਆਨ ਰੰਜਨ ਸਦਾ ਜ਼ਿੰਦਾ ਰਹੇਗਾ : ਪਲਸ ਮੰਚ



**ਜਲੰਧਰ** : ਹਿੰਦੀ ਸਾਹਿਤ ਜਗਤ ਦੇ ਧਰੂ ਤਾਰੇ, ਨਾਮਵਰ ਕਹਾਣੀਕਾਰ ਅਤੇ ਹਿੰਦੀ ਦੀ ਮਕਬੂਲ ਪੱਤ੍ਰਿਕਾ 'ਪਹਿਲ' ਦੇ 35 ਵਰ੍ਹੇ ਸੰਪਾਦਕ ਵਜੋਂ ਸੇਵਾਵਾਂ ਦੇਣ ਵਾਲੇ ਅਤੇ ਪ੍ਰਗਤੀਸ਼ੀਲ ਲੇਖਕ ਮੰਚ ਦੇ ਮਾਣਮੱਤੇ ਸਿਰਨਾਵੇਂ ਗਿਆਨ ਰੰਜਨ ਦੇ ਸਦੀਵੀ ਵਿਛੋੜੇ 'ਤੇ ਪੰਜਾਬ ਲੋਕ ਸੱਭਿਆਚਾਰਕ ਮੰਚ (ਪਲਸ ਮੰਚ) ਨੇ ਉਹਨਾਂ ਦੇ ਪਰਵਾਰ, ਸਾਕ-ਸੰਬੰਧੀਆਂ ਅਤੇ ਸੰਗੀ-ਸਾਥੀਆਂ ਨਾਲ ਗਹਿਰੇ ਦੁੱਖ ਦਾ ਇਜ਼ਹਾਰ ਕਰਦਿਆਂ ਉਹਨਾਂ ਨੂੰ ਭਾਵਭਿੰਨੀ ਸ਼ਰਧਾਂਜਲੀ ਦਿੱਤੀ ਗਈ।ਪਲਸ ਮੰਚ ਦੇ ਪ੍ਰਧਾਨ ਅਮੋਲਕ ਸਿੰਘ, ਕਾਰਜਕਾਰੀ ਸਕੱਤਰ ਹਰਕੇਸ਼ ਚੌਧਰੀ ਨੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਜਨਵਰੀ ਮਹੀਨੇ ਪਲਸ ਮੰਚ ਦੀਆਂ ਨਾਟ ਅਤੇ ਗੀਤ ਸੰਗੀਤ ਮੰਡਲੀਆਂ ਦੀਆਂ ਸਭਨਾਂ ਥਾਵਾਂ 'ਤੇ ਹੋ ਰਹੀਆਂ ਸਰਗਰਮੀਆਂ ਮੌਕੇ ਗਿਆਨ ਰੰਜਨ ਦੀ ਘਾਲਣਾ ਨੂੰ ਸਿਜਦਾ ਕੀਤਾ ਜਾਏਗਾ।21 ਨਵੰਬਰ 1936 ਨੂੰ ਅਕੋਲਾ (ਮਹਾਰਾਸ਼ਟਰ) ਵਿੱਚ ਜਨਮੇ ਗਿਆਨ ਰੰਜਨ ਦੇ ਮਾਪੇ ਬਹੁਤ ਹੀ ਸੰਵੇਦਨਸ਼ੀਲ ਅਤੇ ਲੋਕ ਸਰੋਕਾਰਾਂ ਨਾਲ ਜੁੜੇ ਰਹੇ।ਉਹਨਾਂ ਦੇ ਪਿਤਾ ਵੀ ਲੇਖਕ, ਆਲੋਚਕ ਅਤੇ ਕਵੀ ਸਨ।ਹਰੀ ਸ਼ੰਕਰ ਪਰਸਾਈ ਵਰਗੀ ਕੱਦਾਵਰ ਲੇਖਕਾਂ ਨਾਲ ਮਿਲ ਕੇ ਗਿਆਨ ਰੰਜਨ ਵੱਲੋਂ ਸਾਹਿਤਕ ਸਿਰਜਣਾ ਅਤੇ ਲੋਕ ਪੱਖੀ ਸਾਹਿਤਕ ਲਹਿਰ ਦੀ ਧਾਰਾ ਵਗਦੀ ਰੱਖਣ ਲਈ ਬੇਨਜ਼ੀਰ ਕੰਮ ਕੀਤਾ ਕਥਾਕਥਾ, ਯਾਤਰਾ, ਸਪਨਾ ਨਹੀਂ, ਘੰਟਾ ਵਰਗੀਆਂ ਰਚਨਾਵਾਂ, ਕਹਾਣੀ ਸੰਗ੍ਰਹਿ ਅਤੇ 'ਪਹਿਲ' ਪੱਤ੍ਰਿਕਾ ਰਾਹੀਂ ਸਾਹਿਤ ਦੀਆਂ ਵੰਨ ਸੁਵੰਨੀਆਂ ਵਿਧਾਵਾਂ ਨੂੰ ਲੋਕਾਂ ਵਿੱਚ ਹਰਮਨ ਪਿਆਰਾ ਕਰਨ ਅਤੇ ਸਮਾਜਿਕ ਪਰਿਵਰਤਨ ਦੀ ਲਹਿਰ ਅੰਦਰ ਤਾਜ਼ਾ ਰੂਹ ਭਰਨ ਲਈ ਉਹਨਾਂ ਦੀ ਅਥਾਹ ਦੇਣ ਨੂੰ ਸਦਾ ਯਾਦ ਰੱਖਿਆ ਜਾਵੇਗਾ।ਪਲਸ ਮੰਚ ਨੇ ਇੱਕ ਲਿਖਤੀ ਸ਼ੋਕ ਸੁਨੇਹੇ ਰਾਹੀਂ ਪ੍ਰਗਤੀਸ਼ੀਲ ਲੇਖਕ ਸੰਘ ਦੇ ਆਗੂ ਡਾ. ਸੁਖਦੇਵ ਸਿਰਸਾ ਅਤੇ ਉਹਨਾਂ ਦੀ ਸੰਸਥਾ ਨਾਲ ਵੀ ਦੁੱਖ ਸਾਂਝਾ ਕੀਤਾ। ਪਲਸ ਮੰਚ ਆਗੂਆਂ ਨੇ ਕਿਹਾ ਕਿ ਉਹ ਸਦਾ ਸਾਡੀਆਂ ਸਰਗਰਮੀਆਂ ਵਿਚ ਜੀਵਤ ਰਹਿਣਗੇ।

## ਗੁਰਦੁਆਰਾ ਗੁਰੂ ਨਾਨਕਪੁਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਸਮੇਤ ਸਹਿਯੋਗੀਆਂ ਦਾ ਧੰਨਵਾਦ

**ਜਗਰਾਉਂ (ਸੰਜੀਵ ਅਰੋੜਾ)**- ਸਰਬੰਸਦਾਨੀ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਆਗਮਨ ਗੁਰਪੁਰਬ ਨੂੰ ਸਮਰਪਤ ਗੁਰਦੁਆਰਾ ਗੁਰੂ ਨਾਨਕਪੁਰਾ ਮੋਰੀ ਗੇਟ ਵਿਖੇ ਕਰਵਾਏ ਸਮਾਗਮਾਂ 'ਚ ਸਹਿਯੋਗ ਦੇਣ ਵਾਲੇ ਸਹਿਯੋਗੀਆਂ ਸਮੇਤ ਸੰਗਤਾਂ ਦਾ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦੇ ਆਖਿਆ ਕਿ ਇਹ ਸਾਰੇ ਸਮਾਗਮ ਸੰਗਤਾਂ ਦੇ ਸਹਿਯੋਗ ਨਾਲ ਹੀ ਨੇਪਰੇ ਚੜ੍ਹਦੇ ਹਨ। ਇੱਥੇ ਦੱਸਣਯੋਗ ਹੈ ਕਿ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਆਗਮਨ ਪੁਰਬ ਨੂੰ ਸਮਰਪਤ ਗੁਰਦੁਆਰਾ ਸਾਹਿਬ ਵਿਖੇ ਇਕ ਮਹੀਨਾ ਲਗਾਤਾਰ ਧਾਰਮਿਕ ਸਮਾਗਮ ਚੱਲੇ ਤੇ ਗੁਰਦੁਆਰਾ ਸਾਹਿਬ ਵਿਖੇ ਸਵੇਰੇ



ਪ੍ਰਭਾਤ ਫੇਰੀਆਂ ਤੇ ਸ਼ਾਮ ਨੂੰ ਸ਼ਾਮਾਂ ਫੇਰੀਆਂ 'ਚ ਸੰਗਤਾਂ ਵੱਧ ਚੜ੍ਹ ਕੇ ਹਿੱਸਾ ਲਿਆ। ਇਸ ਤੋਂ ਇਲਾਵਾ ਗੁਰਦੁਆਰਾ ਸਾਹਿਬ ਵਿਖੇ 10 ਸ੍ਰੀ ਅਖੰਡ ਪਾਠ ਦੇ ਭੋਗ ਪਏ ਗਏ। ਇਨ੍ਹਾਂ ਸਾਰੇ ਸਮਾਗਮਾਂ ਦੀਆਂ ਤਿਆਰੀਆਂ ਸਬੰਧੀ ਗੁਰਦੁਆਰਾ ਗੁਰੂ ਨਾਨਕਪੁਰਾ ਮੋਰੀ ਗੇਟ ਦੀ ਸਮੁੱਚੀ ਪ੍ਰਬੰਧਕ ਕਮੇਟੀ ਪੂਰੀ ਤਰ੍ਹਾਂ ਪੱਬਾਂ ਰਹੀ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਪ੍ਰਿੰਸੀਪਲ ਚਰਨਜੀਤ ਸਿੰਘ ਭੰਡਾਰੀ, ਜਨਰਲ ਸਕੱਤਰ ਹਰਦੇਵ ਸਿੰਘ ਬੌਬੀ, ਖਜ਼ਾਨਚੀ ਇੰਦਰਪਾਲ ਸਿੰਘ ਵਛੇਰ, ਚੇਅਰਮੈਨ ਤਿਰਲੋਕ ਸਿੰਘ ਸਿਡਾਨਾ, ਸੀਨੀਅਰ ਮੀਤ ਪ੍ਰਧਾਨ ਅਜੀਤ ਸਿੰਘ ਮਿਗਲਾਨੀ, ਸਰਪ੍ਰਸਤ ਕੁਲਬੀਰ ਸਿੰਘ ਸਰਨਾ, ਵਾਈਸ ਖਜ਼ਾਨਚੀ ਰਵਿੰਦਰਪਾਲ ਸਿੰਘ ਮੈਦ, ਸਲਾਹਕਾਰ ਦੀਪਇੰਦਰ ਸਿੰਘ ਭੰਡਾਰੀ, ਵਾਈਸ ਚੇਅਰਮੈਨ ਗੁਰਵਿੰਦਰ ਸਿੰਘ ਲਾਂਬਾ, ਵਾਈਸ ਚੇਅਰਮੈਨ ਗਗਨਦੀਪ ਸਿੰਘ ਸਰਨਾ ਤੇ ਸਟੋਰ ਕੀਪਰ ਕਾਕੂ ਕੋਹਲੀ ਨੇ ਕਿਹਾ ਕਿ ਸਮਾਗਮਾਂ ਦੌਰਾਨ ਸੰਗਤਾਂ 'ਚ ਉਤਸ਼ਾਹ ਦੇਖਣਯੋਗ ਸੀ। ਨਗਰ ਕੀਰਤਨ ਦੌਰਾਨ ਸੰਗਤਾਂ ਦੇ ਹੜ੍ਹ ਨੇ ਸਾਡੇ ਸਾਰਿਆਂ ਦੇ ਹੌਸਲੇ ਵਧਾਏ। ਇਸ ਤੋਂ ਇਲਾਵਾ ਧਾਰਮਿਕ ਦੀਵਾਨਾਂ 'ਚ ਸੰਗਤਾਂ ਨੇ ਵੱਧ ਚੜ੍ਹ ਕੇ ਸ਼ਮੂਲੀਅਤ ਕੀਤੀ ਤੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕੀਤਾ।

## ਸਵਨਾ ਨੇ 22 ਲੱਖ ਦੀ ਲਾਗਤ ਨਾਲ ਗਲੀਆਂ ਬਣਾਉਣ ਦੇ ਕੰਮ ਦਾ ਰੱਖਿਆ ਨੀਂਹ ਪੱਥਰ

**ਫਾਜ਼ਿਲਕਾ (ਨਿਸ਼ਾ ਸ਼ਰਮਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਹਲਕਿਆਂ ਦੇ ਵਿਕਾਸ ਲਈ ਤੱਤਪਰ ਹੈ। ਇਹ ਪ੍ਰਗਟਾਵਾ ਫਾਜ਼ਿਲਕਾ ਦੇ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਨੇ ਫਾਜ਼ਿਲਕਾ ਸ਼ਹਿਰ ਦੇ ਚੌਕ ਵਾਲੇ ਬੂੰਗੀ ਵਿਖੇ 22 ਲੱਖ ਦੀ ਲਾਗਤ ਨਾਲ ਬਣਨ ਵਾਲੀਆਂ ਪੱਕੀਆਂ ਗਲੀਆਂ ਦੇ ਨੀਂਹ ਪੱਥਰ ਰੱਖਣ ਮੌਕੇ ਕੀਤਾ। ਇਸ ਮੌਕੇ ਬੋਲਦਿਆਂ ਵਿਧਾਇਕ ਸਵਨਾ ਨੇ ਕਿਹਾ ਕਿ ਫਾਜ਼ਿਲਕਾ ਸ਼ਹਿਰ ਦੇ ਚੌਕ ਵਾਲੇ ਬੂੰਗੀ ਵਿਖੇ ਪੱਕੀਆਂ ਗਲੀਆਂ ਬਣਨ ਨਾਲ ਜਿੱਥੇ ਇਸ ਵਿੱਚ ਸੁਧਾਰ ਹੋਵੇਗਾ ਉੱਥੇ ਹੀ ਇਥੋਂ ਲੰਘਣ ਵਾਲਿਆਂ ਨੂੰ ਪੱਕੀ ਗਲੀ ਹੋਣ ਕਰਕੇ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਸ਼ਹਿਰਾਂ ਦੇ ਨਾਲ ਨਾਲ ਪਿੰਡਾਂ ਵਿੱਚ ਵੀ ਪੱਕੀਆਂ ਗਲੀਆਂ ਬਣਾਉਣ ਦੇ ਨਾਲ ਵਿਕਾਸ, ਨਾਲੀਆਂ, ਗੰਦੇ ਪਾਣੀ ਦੀ ਨਿਕਾਸੀ, ਲਾਇਬ੍ਰੇਰੀ, ਖੇਡ ਮੈਦਾਨ, ਸਿਹਤ ਸੈਂਟਰ, ਸਕੂਲਾਂ ਵਿਖੇ ਨਵਾਂ ਇਨਫਰਾਸਟਕਚਰ ਆਦਿ ਹਰ ਪੱਖੋਂ ਲੋੜੀਂਦੇ ਕਾਰਜ ਆਦਿ ਦੀ ਪੂਰਤੀ ਲਈ ਲਗਾਤਾਰ ਪੰਚਾਇਤਾਂ ਨੂੰ ਫੰਡ ਦਿੱਤੇ ਜਾ ਰਹੇ ਹਨ ।ਇਸ ਮੌਕੇ ਬਲਾਕ ਪ੍ਰਧਾਨ ਸ਼ਿਵ ਜਜੋਰੀਆ, ਬਲਾਕ ਪ੍ਰਧਾਨ ਸੰਦੀਪ ਚਲਾਨਾ, ਬਲਾਕ ਪ੍ਰਧਾਨ ਯੋਗੇਸ਼ ਸ਼ਰਮਾ, ਸੁਰਿੰਦਰਪਾਲ ਸਿੰਘ ਘੋਗਾ, ਬਬਲੀ ਰੇਵਾੜੀਆ, ਬਿੱਟੂ ਸੇਤੀਆ, ਸ਼ਾਮ ਲਾਲ ਗਾਂਧੀ, ਸੁਨੀਲ ਮੈਣੀ, ਕ੍ਰਿਸ਼ਨ ਕੰਬੋਜ ਸਮੇਤ ਆਪ ਆਗੂ ਤੇ ਪਿੰਡ ਵਾਸੀ ਹਾਜ਼ਰ ਸਨ।

## ਮੁਲਾਜ਼ਮ ਜੱਥੇਬੰਦੀਆਂ ਵਲੋਂ ਸਾਲ 2026 ਦਾ ਕੈਲੰਡਰ ਰਿਲੀਜ਼



**ਮਹਿਲਪੁਰ (ਸਫ਼ਰੀ)**- ਮੁਲਾਜ਼ਮਾਂ ਦੀ ਸਿਰਮੌਰ ਜੱਥੇਬੰਦੀ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਪ ਸ ਸ ਫ) ਚੰਡੀਗੜ੍ਹ ਵੱਲੋਂ ਸਾਲ 2026 ਦਾ ਕੈਲੰਡਰ ਜਾਰੀ ਕੀਤਾ ਗਿਆ।ਇਹ ਕੈਲੰਡਰ ਬਲਾਕ ਪ੍ਰਧਾਨ ਨਰਿੰਦਰ ਅਜਨੋਹਾ, ਮੱਖਣ ਸਿੰਘ ਲੰਗੇਰੀ, ਅਮਰਜੀਤ ਕੁਮਾਰ ਤੇ ਜੇ ਪੀ ਐਮ.ਓ ਆਗੂ ਮਲਕੀਤ ਸਿੰਘ ਬਾਹੋਵਾਲ ਦੀ ਅਗਵਾਈ ਵਿੱਚ ਫੈਡਰੇਸ਼ਨ ਦੇ ਬਲਾਕ ਆਗੂਆਂ ਵੱਲੋਂ ਸੰਯੁਕਤ ਰੂਪ ਵਿੱਚ ਰਿਲੀਜ਼ ਕੀਤਾ ਗਿਆ।ਇਸ ਮੌਕੇ ਆਗੂਆਂ ਨੇ ਕਿਹਾ ਕਿ ਇਸ ਕੈਲੰਡਰ ਵਿੱਚ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਨਾਲ ਸਬੰਧਿਤ ਜੱਥੇਬੰਦੀਆਂ ਵੱਲੋਂ ਪਿਛਲੇ ਸਾਲ ਦੌਰਾਨ ਕੀਤੇ ਸੂਬਾ ਪੱਧਰੀ ਪ੍ਰਦਰਸ਼ਨਾਂ ਨੂੰ ਪ੍ਰਕਾਸ਼ਤ ਕੀਤਾ ਗਿਆ ਹੈ ਤਾਂ ਜੋ ਇਹਨਾਂ ਸੰਘਰਸ਼ਾਂ ਤੋਂ ਮੁਲਾਜ਼ਮ ਵਰਗ ਪ੍ਰੇਰਿਤ ਹੋ ਕੇ ਆਪਣੇ ਹੱਕਾਂ ਪ੍ਰਤੀ ਜਾਗਰੂਕ ਹੋਣ ਅਤੇ ਸੰਘਰਸ਼ਾਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ।ਇਸ ਕੈਲੰਡਰ ਵਿੱਚ ਗਜ਼ਟਿਡ, ਲੋਕਲ ਛੁੱਟੀਆਂ ਵੀ ਪ੍ਰਕਾਸ਼ਤ ਕੀਤੀਆਂ ਗਈਆਂ ਹਨ।ਇਸ ਮੌਕੇ ਡਾਕਟਰ ਪਰਮਿੰਦਰ ਸਿੰਘ, ਸਗਲੀ ਰਾਮ, ਅਜੇ ਕੁਮਾਰ, ਬਖਤਾਵਰ ਸਿੰਘ, ਜਸਵਿੰਦਰ ਸਿੰਘ, ਸਰਵਣ ਸਿੰਘ, ਗੁਰਨਾਮ ਚੰਦ ਲਕਸੀਹਾ, ਸਤਪਾਲ, ਗੁਰਜੀਤ ਟੋਨੀ, ਸ਼ੰਟੂ, ਰਕੇਸ਼ ਕੁਮਾਰ, ਬਾਬੂ ਓਮ ਦੱਤ, ਸੁਖਦੇਵ ਸਿੰਘ, ਤਾਰਾ ਸਿੰਘ ਅਤੇ ਦੇਵਰਾਜ ਆਦਿ ਹਾਜ਼ਰ ਸਨ।

## ਨਾਲੇ ਦੀਆਂ ਸਲੈਬਾਂ ਟੁੱਟਣ ਕਾਰਨ ਰਾਹਗੀਰਾਂ ਨੂੰ ਹੋ ਰਹੀ ਪ੍ਰੇਸ਼ਾਨੀ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਸਥਾਨਕ ਸ਼ਹਿਰ ਦੇ ਬੰਗਾ ਸੜਕ ਤੋਂ ਨਵਾਂ ਸ਼ਹਿਰ ਜਾਣ ਵਾਲੀ ਸੜਕ ਨਾਲ ਜੋੜਨ ਵਾਲੀ ਲਿੰਕ ਸੜਕ ਤੇ ਬਣੇ ਗੰਦੇ ਪਾਣੀ ਦੀ ਨਿਕਾਸੀ ਵਾਲਾ ਨਾਲਾ ਜਿਸ ਦੀਆਂ ਸਲੈਬਾਂ ਪਿੱਛਲੇ ਕਈ ਦਿਨਾਂ ਤੋਂ ਟੁੱਟ ਚੁੱਕੀਆਂ ਹਨ ਜਿਸ ਨਾਲ ਆਮ ਰਾਹਗੀਰਾਂ ਨੂੰ ਪ੍ਰੇਸ਼ਾਨੀ ਹੋ ਰਹੀ ਹੈ ਤੇ ਨਗਰ ਕੌਂਸਲ ਪ੍ਰਸ਼ਾਸਨ ਵੱਲੋਂ ਇਸ ਨਾਲੇ ਤੇ ਸਲੈਬਾਂ



ਰੱਖਣ ਦੀ ਥਾਂ ਟੈਂਪਰੇਰੀ ਇੱਕ ਸੀਮਟ ਦਾ ਪੋਲ ਰੱਖ ਕੇ ਡੰਗ ਟਪਾਈ ਕੀਤੀ ਜਾ ਰਹੀ ਹੈ ਪਰ ਇਸ ਸੜਕ ਤੋਂ ਟੁੱਟੇ ਨਾਲੇ ਕਾਰਨ ਟਰੈਫਿਕ ਸਮੱਸਿਆ ਦਾ ਮੁੱਖ ਕਾਰਨ ਬਣ ਰਿਹਾ ਹੈ। ਸਥਾਨਕ ਲੋਕਾਂ ਦੀ ਮੰਗ ਹੈ ਕਿ ਇਸ ਨਾਲੇ ਤੇ ਠੋਸ ਤਰੀਕੇ ਨਾਲ ਬਣੀਆਂ ਸਲੈਬਾਂ ਪਈਆਂ ਜਾਣ ਅਤੇ ਇਸ ਸੜਕ ਤੋਂ ਹੈਵੀ ਵਾਹਨਾਂ ਦਾ ਲੰਘਣਾ ਬੰਦ ਕੀਤਾ ਜਾਵੇ। ਇਸ ਸਬੰਧੀ ਜਦੋਂ ਨਗਰ ਕੌਂਸਲ ਅਫਸਰ ਮਦਨ ਲਾਲ ਨਾਲ ਗੱਲ ਕੀਤੀ ਤਾਂ ਉਹਨਾਂ ਕਿਹਾ ਕਿ ਇਹ ਮਾਮਲਾ ਉਹਨਾਂ ਦੇ ਧਿਆਨ ਵਿੱਚ ਆ ਚੁੱਕਾ ਹੈ ਦੋ ਤਿੰਨ ਦਿਨਾਂ ਦੇ ਵਿੱਚ ਹੀ ਨਵੀਆਂ ਸਲੈਬਾਂ ਰੱਖ ਦਿੱਤੀਆਂ ਜਾਣਗੀਆਂ ਪਰ ਇਹ ਸਲੈਬਾਂ ਪਹਿਲਾਂ ਵੀ ਇੱਕ ਦੋ ਵਾਰ ਟੁੱਟ ਚੁੱਕੀਆਂ ਹਨ ਕਿਉਂਕਿ ਇਹਨਾਂ ਸਲੈਬਾਂ ਉੱਪਰੋਂ ਹੈਵੀ ਵਾਹਨ ਲੰਘਦੇ ਹਨ ਜਿਹਨਾ ਨਾਲ ਇਹ ਸਲੈਬਾਂ ਟੁੱਟ ਜਾਂਦੀਆਂ ਹਨ।

## 3850 ਕ੍ਰਮਚਾਰੀਆਂ ਨੂੰ ਤਰੱਕੀ ਦਿੱਤੀ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਫ਼ਿਰੋਜ਼ਪੁਰ ਮੰਡਲ ਵੱਲੋਂ ਤਰਜ਼ੀਹੀ ਆਧਾਰ 'ਤੇ ਕ੍ਰਮਚਾਰੀਆਂ ਨੂੰ ਸਮੇਂ ਸਿਰ ਤਰੱਕੀ ਪ੍ਰਦਾਨ ਕੀਤੀ ਜਾਂਦੀ ਹੈ, ਜੋ ਕ੍ਰਮਚਾਰੀ ਦੀਆਂ ਇੱਛਾਵਾਂ ਤੇ ਸੰਗਠਨਾਤਮਕ ਹਿੱਤਾਂ ਦੀ ਵੀ ਰੱਖਿਆ ਕਰਦਾ ਹੈ। ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਦੇ ਮਾਰਗ ਦਰਸ਼ਨ ਤੇ ਸੀਨੀਅਰ ਮੰਡਲ ਕਾਰਮਿਕ ਅਧਿਕਾਰੀ ਸਾਕਸ਼ੀ ਸਿੰਘ ਦੀ ਅਗਵਾਈ ਹੇਠ ਸਾਲ 2025 ਦੌਰਾਨ ਕੁੱਲ 19,643 ਕ੍ਰਮਚਾਰੀਆਂ ਵਿੱਚੋਂ ਕੁੱਲ 3,850 ਕ੍ਰਮਚਾਰੀਆਂ ਦੀ ਚੋਣ ਅਤੇ ਤਰੱਕੀ 'ਸਿਲੈਕਸ਼ਨ ਕੈਲੰਡਰ ਨਿਗਰਾਨੀ ਪ੍ਰਣਾਲੀ' ਦੀ ਸਹਾਇਤਾ ਨਾਲ ਕੀਤੀ ਗਈ। ਇਹ ਕੁੱਲ ਗਿਣਤੀ ਦਾ ਲਗਭਗ 20 ਪ੍ਰਤੀਸ਼ਤ ਹੈ। ਫ਼ਿਰੋਜ਼ਪੁਰ ਮੰਡਲ 'ਚ ਤਰੱਕੀ ਲਈ ਸਿਲੈਕਸ਼ਨ ਕੈਲੰਡਰ ਨਿਗਰਾਨੀ ਰਾਹੀਂ ਪਹਿਲਾਂ ਹੀ ਤਰੱਕੀ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਜਾਂਦੀ ਹੈ। ਕਾਰਮਿਕ ਵਿਭਾਗ ਨੂੰ ਚੋਣ ਸੂਚੀ/ਪੈਨਲ ਪਹਿਲਾਂ ਹੀ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ ਤਾਂ ਜੁ ਜਦੋਂ ਕੋਈ ਕ੍ਰਮਚਾਰੀ ਸੇਵਾਮੁਕਤ ਹੋਵੇ, ਤਾਂ ਅਗਲੇ ਯੋਗ ਕਰਮਚਾਰੀ ਨੂੰ ਉਸੇ ਦਿਨ ਤਰੱਕੀ ਦਿੱਤੀ ਜਾ ਸਕੇ। ਕ੍ਰਮਚਾਰੀਆਂ ਦੀ ਤਰੱਕੀ ਦੀ ਨਿਗਰਾਨੀ ਲਈ ਇਕ ਸਿਲੈਕਸ਼ਨ ਕੈਲੰਡਰ ਬਣਾਇਆ ਗਿਆ ਹੈ, ਜਿਸ ਨਾਲ ਕੋਈ ਵੀ ਚੋਣ/ਯੋਗਤਾ ਤੇ ਟਰੇਡ ਟੈਸਟ ਛੁੱਟ ਨਹੀਂ ਸਕਦਾ। ਮੰਡਲ ਦੀ ਕਾਰਮਿਕ ਸ਼ਾਖਾ ਦੇ ਅਧਿਕਾਰੀਆਂ ਦੁਆਰਾ ਨਿਯਮਤ ਸਮੇਂ 'ਤੇ ਇਸ ਦੀ ਸਮੀਖਿਆ ਕੀਤੀ ਜਾਂਦੀ ਹੈ, ਤਾਂ ਜੁ ਯੋਗ ਕਰਮਚਾਰੀ ਨੂੰ ਸਮੇਂ ਸਿਰ ਤਰੱਕੀ ਮਿਲ ਸਕੇ।

## ਵਧੀਕ ਮੁੱਖ ਸਕੱਤਰ ਨੇ ਯੂਥ ਫੁੱਟਬਾਲ ਕਲੱਬ ਰੁੜਕਾ ਕਲਾਂ ਦਾ ਕੀਤਾ ਦੌਰਾ

**ਗੁਰਾਇਆ (ਬਿੰਦਰ ਸੁਮਨ)**- ਵਧੀਕ ਮੁੱਖ ਸਕੱਤਰ ਸਰਵਜੀਤ ਸਿੰਘ ਨੇ ਹਾਲ ਹੀ ਵਿੱਚ ਯੂਥ ਫੁੱਟਬਾਲ ਕਲੱਬ (ਵਾਈ.ਐਫ.ਸੀ.), ਰੁੜਕਾ ਕਲਾਂ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਨੇ ਜ਼ਮੀਨੀ ਪੱਧਰ 'ਤੇ ਕੀਤੇ ਜਾ ਰਹੇ ਖੇਡ ਬੁਨਿਆਦੀ ਢਾਂਚੇ ਅਤੇ ਵਿਕਾਸ ਕਾਰਜਾਂ ਦਾ ਦੌਰਾ ਕੀਤਾ। ਉਨ੍ਹਾਂ ਦੇ ਨਾਲ ਹਰਪ੍ਰੀਤ ਸਿੰਘ ਡਾਇਰੈਕਟਰ



ਸਪੋਰਟਸ ਪੰਜਾਬ; ਗੁਰਪ੍ਰੀਤ ਸਿੰਘ ਜ਼ਿਲ੍ਹਾ ਖੇਡ ਅਧਿਕਾਰੀ, ਜਲੰਧਰ; ਉਮੇਸ਼ ਕੁਮਾਰ, ਤੈਰਾਕੀ ਕੋਚ; ਅਤੇ ਵਿਕਰਮਜੀਤ ਸਿੰਘ, ਅਥਲੈਟਿਕਸ ਕੋਚ ਸਨ। ਕਲੱਬ ਦੇ ਪ੍ਰਬੰਧਨ, ਕੋਚਾਂ ਅਤੇ ਸਟਾਫ ਦੁਆਰਾ ਆਏ ਹੋਏ ਪਤਵੰਤਿਆਂ ਦਾ ਨਿੱਘਾ ਸਵਾਗਤ ਕੀਤਾ ਗਿਆ, ਜਿਨ੍ਹਾਂ ਨੇ ਉਨ੍ਹਾਂ ਨੂੰ ਵਾਈ.ਐਫ.ਸੀ. ਦੇ ਵਿਜ਼ਨ ਅਤੇ ਚੱਲ ਰਹੇ ਉਪਰਾਲਿਆਂ ਬਾਰੇ ਜਾਣਕਾਰੀ ਦਿੱਤੀ।ਦੌਰੇ ਦੌਰਾਨ ਸਰਵਜੀਤ ਸਿੰਘ ਨੇ ਯੂਥ ਫੁੱਟਬਾਲ ਕਲੱਬ ਰੁੜਕਾ ਕਲਾਂ ਵਿਖੇ ਉਪਲਬਧ ਸਾਰੀਆਂ ਸਹੂਲਤਾਂ ਦਾ ਨਿਰੀਖਣ ਕੀਤਾ। ਉਨ੍ਹਾਂ ਨੇ ਫੁੱਟਬਾਲ ਗਰਾਊਂਡ, ਰਿਹਾਇਸ਼ੀ ਖਿਡਾਰੀਆਂ ਲਈ ਹੋਸਟਲ ਸਹੂਲਤਾਂ, ਫਿਜ਼ੀਓਥੈਰੇਪੀ ਅਤੇ ਕੰਪਿਊਟਰ ਸੈਂਟਰ, ਕੰਪਿਊਟਰ ਸਿੱਖਿਆ ਕੇਂਦਰ ਅਤੇ ਨਵੇਂ ਵਿਕਸਤ ਮਲਟੀ-ਸਪੋਰਟਸ ਕੰਪਲੈਕਸ ਦਾ ਦੌਰਾ ਕੀਤਾ। ਉਨ੍ਹਾਂ ਨੇ ਵਾਈ ਐਫ ਸੀ ਦੇ ਖਿਡਾਰੀਆਂ ਨਾਲ ਵੀ ਗੱਲਬਾਤ ਕੀਤੀ। ਅਧਿਕਾਰੀਆਂ ਨੇ ਨੌਜਵਾਨ ਖਿਡਾਰੀਆਂ ਅਤੇ ਕੋਚਿੰਗ ਸਟਾਫ ਨਾਲ ਗੱਲਬਾਤ ਕੀਤੀ ਅਤੇ ਪੇਂਡੂ ਖੇਤਰਾਂ ਤੋਂ ਖੇਡ ਪ੍ਰਤਿਭਾ ਨੂੰ ਨਿਖਾਰਨ ਲਈ ਕਲੱਬ ਦੁਆਰਾ ਅਪਣਾਏ ਜਾ ਰਹੇ ਯੋਜਨਾਬੱਧ ਸਿਖਲਾਈ ਵਾਤਾਵਰਣ, ਆਧੁਨਿਕ ਸਹੂਲਤਾਂ ਅਤੇ ਸੰਪੂਰਨ ਵਿਕਾਸ ਮਾਡਲ ਨੂੰ ਦੇਖਿਆ।ਇਸ ਮੌਕੇ ਸਰਵਜੀਤ ਸਿੰਘ ਨੇ ਯੂਥ ਫੁੱਟਬਾਲ ਕਲੱਬ ਰੁੜਕਾ ਕਲਾਂ ਦੁਆਰਾ ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਢਾਂਚਾਗਤ ਸਿਖਲਾਈ ਅਤੇ ਸਿੱਖਿਆ ਰਾਹੀਂ ਨੌਜਵਾਨਾਂ ਨੂੰ ਸਸ਼ਕਤ ਬਣਾਉਣ ਲਈ ਕੀਤੇ ਜਾ ਰਹੇ ਸਮਰਪਤ ਯਤਨਾਂ ਅਤੇ ਪ੍ਰਭਾਵਸ਼ਾਲੀ ਕੰਮ ਦੀ ਬਹੁਤ ਸ਼ਲਾਘਾ ਕੀਤੀ। ਉਨ੍ਹਾਂ ਭਰੋਸਾ ਦਿੱਤਾ ਕਿ ਉਹ ਭਵਿੱਖ ਵਿੱਚ ਕਲੱਬ ਨੂੰ ਹਰ ਸੰਭਵ ਸਹਾਇਤਾ ਦੇਣਗੇ । ਅੰਤ ਵਿੱਚ ਕਲੱਬ ਦੇ ਪ੍ਰਧਾਨ ਗੁਰਮੰਗਲ ਦਾਸ ਨੇ ਸਾਰਿਆਂ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਨੇ ਵਾਈ ਐਫ ਸੀ ਵਿਖੇ ਆਉਣ ਵਾਲੇ ਸਾਰੇ ਮੈਂਬਰਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ।

## ਸ਼੍ਰੋਮਣੀ ਅਕਾਲੀ ਦਲ ਤੇ 'ਆਪ' ਦੇ ਆਗੂ ਕਾਂਗਰਸ 'ਚ ਸ਼ਾਮਲ



**ਮੋਹਾਲੀ (ਗੁਰਜੀਤ ਬਿੱਲਾ)**- ਪੰਜਾਬ ਦੇ ਸਾਬਕਾ ਸਿਹਤ ਮੰਤਰੀ ਅਤੇ ਸੀਨੀਅਰ ਕਾਂਗਰਸੀ ਆਗੂ ਬਲਬੀਰ ਸਿੰਘ ਸਿੱਧੂ ਨੇ ਮੋਹਾਲੀ ਵਿੱਚ ਕਈ ਪ੍ਰਮੁੱਖ ਪਰਵਾਰਾਂ ਨੂੰ ਕਾਂਗਰਸ ਪਾਰਟੀ ਵਿੱਚ ਸ਼ਾਮਿਲ ਕਰਵਾਇਆ। ਇਸ ਮੌਕੇ 'ਤੇ ਟਕਸਾਲੀ ਅਕਾਲੀ ਪਰਵਾਰ ਤੋਂ ਸਾਬਕਾ ਪ੍ਰਧਾਨ ਸਿੱਖਿਆ ਬੋਰਡ ਗੁਰਦੀਪ ਸਿੰਘ ਢਿੱਲੋਂ, ਲਾਂਡਰਾਂ ਕਾਲਜ ਦੇ ਸਾਬਕਾ ਪ੍ਰਧਾਨ ਕਰਨਦੀਪ ਸਿੰਘ ਢਿੱਲੋਂ, ਸਾਬਕਾ ਜਨਰਲ ਸਕੱਤਰ ਰਣਜੀਤ ਸਿੰਘ ਮਾਨ, ਸਾਬਕਾ ਜਨਰਲ ਸਕੱਤਰ ਹਰਬੰਸ ਸਿੰਘ ਢੋਲੇਵਾਲ, ਐਡਵੋਕੇਟ ਸੁਰਿੰਦਰ ਸਿੰਘ ਚਹਿਲ, ਕੰਵਰ ਸਿੰਘ ਗਿੱਲ, ਭੁਪਿੰਦਰ ਸ਼ਰਮਾ, ਸੁਜਲਪੁਰੀ ਅਤੇ ਆਮ ਆਦਮੀ ਪਾਰਟੀ ਤੋਂ ਮਨਿਦਰ ਸਿੰਘ ਬਿੱਟੂ ਸ਼ਾਮਿਲ ਹੋਏ।ਸੰਬੋਧਨ ਦੌਰਾਨ ਸਿੱਧੂ ਨੇ ਕਿਹਾ ਕਿ ਇਹ ਸ਼ਮੂਲੀਅਤ ਕਾਂਗਰਸ ਪਾਰਟੀ ਨੂੰ ਹੋਰ ਮਜ਼ਬੂਤੀ ਦੇਵੇਗੀ।ਸਿੱਧੂ ਨੇ ਇਹ ਵੀ ਦੱਸਿਆ ਕਿ ਪਾਰਟੀ ਵਿੱਚ ਸ਼ਾਮਿਲ ਹੋਏ ਹਰ ਆਗੂ ਨੂੰ ਪੂਰਾ ਮਾਣ-ਸਨਮਾਨ ਦਿੱਤਾ ਜਾਵੇਗਾ ਤੇ ਉਨ੍ਹਾਂ ਦੀਆਂ ਯੋਗਤਾਵਾਂ ਤੇ ਅਨੁਭਵਾਂ ਨੂੰ ਮੋਹਾਲੀ ਦੇ ਵਿਕਾਸ ਤੇ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਵਰਤਿਆ ਜਾਵੇਗਾ।

## ਆਤਿਸ਼ੀ ਵੱਲੋਂ ਗੁਰੂ ਸਾਹਿਬਾਨ ਬਾਰੇ ਕੀਤੀ ਟਿੱਪਣੀ ਨਿੰਦਣਯੋਗ : ਪੀਰ ਮੁਹੰਮਦ



**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**- ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਰਪ੍ਰਸਤ ਭਾਈ ਕਰਨੈਲ ਸਿੰਘ ਪੀਰਮੁਹੰਮਦ ਨੇ ਬਿਆਨ ਜਾਰੀ ਕਰਦਿਆਂ ਦਿੱਲੀ ਦੀ ਸਾਬਕਾ ਮੁੱਖ ਮੰਤਰੀ ਆਤਿਸ਼ੀ ਵੱਲੋਂ ਵਿਧਾਨ ਸਭਾ ਵਿੱਚ ਗੁਰੂ ਸਾਹਿਬਾਨ ਬਾਰੇ ਕੀਤੀ ਗਈ ਕਥਿਤ ਅਪਮਾਨਜਨਕ ਅਤੇ ਘਟੀਆ ਟਿੱਪਣੀ ਨਿੰਦਣਯੋਗ ਹੈ ਤੇ ਉਹ ਇਸ ਦੀ ਪੁਰਜ਼ੋਰ ਨਿਖੇਧੀ ਕਰਦੇ ਹਨ। ਆਤਿਸ਼ੀ ਦਾ ਇਹ ਕਹਿਣਾ ਜਾਨਵਰਾਂ ਦਾ ਸਤਿਕਾਰ ਕਰੋ ਗੁਰੂਆਂ ਦਾ ਸਤਿਕਾਰ ਕਰੋ ਅਤਿ ਨੀਵੇਂ ਦਰਜੇ ਦੀ ਮਾਨਸਿਕਤਾ ਹੈ ਉਨ੍ਹਾਂ ਕਿਹਾ ਕਿ ਆਤਿਸ਼ੀ ਤੁਰੰਤ ਸਮੁੱਚੀ ਸਿੱਖ ਕੌਮ ਤੋਂ ਜਨਤਕ ਤੌਰ 'ਤੇ ਮੁਆਫੀ ਮੰਗਣ।

## ਬਜਟ 'ਚ ਪਹਿਲੀ ਵਾਰ ਖੋਜ ਲਈ 20 ਕਰੋੜ ਰੁਪਏ ਦਾ ਪ੍ਰਾਵਧਾਨ : ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪਿਛਲੇ 11 ਸਾਲਾਂ ਵਿੱਚ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਜਨਭਲਾਈ ਤਹਿਤ ਕੀਤੇ ਗਏ ਕੰਮਾਂ ਅਤੇ ਨੀਤੀਆਂ ਦੇ ਪ੍ਰਭਾਵੀ ਲਾਗੂ ਕਰਨ ਨਾਲ ਦੇਸ਼ਵਾਸੀਆਂ ਨੂੰ ਅੱਜ ਇੱਕ ਵੱਡਾ ਸਕਾਰਾਤਮਕ ਬਦਲਾਅ ਸਪਸ਼ਟ ਰੂਪ ਨਾਲ ਦਿਖਾਈ ਦੇ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਕਿਸੇ ਵੀ ਸਰਕਾਰ ਦੀ ਮੂਲ ਜ਼ਿੰਮੇਵਾਰੀ ਜਨਤਾ ਦੇ ਹਿੱਤ ਵਿੱਚ ਕੰਮ ਕਰਨਾ ਹੁੰਦੀ ਹੈ ਅਤੇ ਅੱਜ ਦੇਸ਼ ਤੇ ਸੂਬੇ ਦੇ ਨਾਗਰਿਕ ਇਹ ਤਜਰਬਾ ਕਰ ਰਹੇ ਹਨ ਕਿ ਇਹ ਸਰਕਾਰ ਮੌਜੂਦਾ ਵਿੱਚ ਉਨ੍ਹਾਂ ਦੀ ਆਪਣੀ ਸਰਕਾਰ ਹੈ-ਇਹੀ ਸੁਸਾਸ਼ਨ ਦਾ ਸੱਚਾ ਸਵਰੂਪ ਹੈ। ਉਨ੍ਹਾਂ ਨੇ ਕਿਹਾ ਕਿ ਇੱਕ ਸਮੇਂ ਸੀ ਜਦੋਂ ਲੋਕ ਇਹ ਮੰਨਦੇ ਸਨ ਕਿ ਸਿਰਫ ਪੰਜ ਸਾਲ ਪੂਰੇ ਕਰਨੇ ਹੁੰਦੇ ਹਨ ਅਤੇ ਫਿਰ ਸਰਕਾਰ ਬਦਲ ਹੀ ਜਾਂਦੀ ਹੈ, ਪਰ ਅੱਜ ਸਥਿਤੀ ਬਦਲ ਚੁੱਕੀ ਹੈ। ਹੁਣ ਜਨਤਾ ਬਦਲਾਅ ਨਹੀਂ, ਸਗੋ ਧਰਾਤਲ ਤੇ ਵਿਖਾਈ ਦੇਣ ਵਾਲੀ ਠੋਸ ਅਤੇ ਨਤੀਜੇਮੁਖੀ ਕੰਮ ਚਾਹੁੰਦੀ ਹੈ।

## ਪੇਂਡੂ ਮਜ਼ਦੂਰ ਯੂਨੀਅਨ ਨੇ ਮੰਗਾਂ ਸੰਬੰਧੀ ਡੀ ਸੀ ਰਾਹੀਂ ਰਾਸ਼ਟਰਪਤੀ ਨੂੰ ਭੇਜਿਆ ਮੰਗ ਪੱਤਰ

**ਜਗਰਾਉਂ (ਸੰਜੀਵ ਅਰੋੜਾ)** : ਕੇਂਦਰ ਦੀ ਮੋਦੀ ਹਕੂਮਤ ਵੱਲੋਂ ਜੀ ਰਾਮ ਜੀ ਐਕਟ ਤਹਿਤ ਪਿੰਡਾਂ ਦੇ ਮਜ਼ਦੂਰਾਂ ਨੂੰ ਕਾਨੂੰਨੀ ਗਾਰੰਟੀ ਵਿੱਚ ਬੱਝੇ ਮਨਰੇਗਾ ਰੁਜ਼ਗਾਰ ਨੂੰ ਖਤਮ ਕਰਨ, ਕਿਰਤ ਕਾਨੂੰਨਾਂ 'ਤੇ ਆਰੀ ਫੇਰ ਕੇ ਮਜ਼ਦੂਰ ਵਿਰੋਧੀ ਚਾਰ ਕਿਰਤ ਕੋਡ




ਲਾਗੂ ਕਰਨ, ਸੂਬਾ ਸਰਕਾਰ ਵੱਲੋਂ ਔਰਤਾਂ ਨੂੰ ਹਜ਼ਾਰ ਰੁਪੈ ਮਹੀਨਾ ਪੈਨਸ਼ਨਾਂ ਵਿੱਚ ਵਾਧਾ ਤੇ ਹੋਰ ਚੋਣ ਗਾਰੰਟੀਆਂ ਲਾਗੂ ਨਾ ਕਰਨ ਵਿੱਰੁਧ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਵਧੀਕ ਡਿਪਟੀ ਕਮਿਸ਼ਨਰ ਰਾਹੀਂ ਰਾਸ਼ਟਰਪਤੀ ਭਾਰਤ ਸਰਕਾਰ ਤੇ ਮੁੱਖ ਮੰਤਰੀ ਪੰਜਾਬ ਸਰਕਾਰ ਨੂੰ ਮੰਗ ਪੱਤਰ ਭੇਜੇ ਗਏ। ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਨੇ ਕੇਂਦਰ ਦੀ ਮੋਦੀ ਸਰਕਾਰ ਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੂੰ ਮਜ਼ਦੂਰ ਵਿਰੋਧੀ ਦੱਸਦਿਆਂ ਸਾਰੇ ਮਜ਼ਦੂਰ ਵਿਰੋਧੀ ਕਾਨੂੰਨ ਰੱਦ ਕਰਨ ਤੇ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਪ੍ਰਵਾਨ ਕਰਨ ਦੀ ਮੰਗ ਕੀਤੀ ਗਈ। ਇਸ ਮੌਕੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਪੇਂਡੂ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਅਵਤਾਰ ਸਿੰਘ ਰਸੂਲਪੁਰ, ਪੇਂਡੂ ਮਜ਼ਦੂਰ ਯੂਨੀਅਨ (ਮਸਾਲ) ਸੁਖਦੇਵ ਸਿੰਘ ਭੂੰਦੜੀ ਤੇ ਮਦਨ ਸਿੰਘ ਦੱਸਿਆ ਕਿ ਸਮਾਜ ਦੇ ਸਭ ਤੋਂ ਦੱਬੇ ਕੁੱਚਲੇ ਲੋਕਾਂ ਦੀ ਮੰਦੀ ਹਾਲਤ ਦਾ ਕਾਰਨ ਮੱਧਯੁਗੀ ਮਨੂਵਾਦੀ ਵਿਚਾਰਧਾਰਾ ਹੈ, ਜਾਤ-ਪਾਤੀ ਵਿਤਕਰੇ ਤਹਿਤ ਜਾਇਦਾਦ ਤੇ ਪੈਦਾਵਾਰੀ ਸਾਧਨਾਂ ਤੋਂ ਵਾਂਝੇ ਕੀਤੇ ਇਹ ਲੋਕ ਸਦੀਆਂ ਤੋਂ ਸਮਾਜਿਕ ਕਾਣੀ ਵੰਡ ਦਾ ਸ਼ਿਕਾਰ ਹਨ। ਅਜੋਕੇ ਦੌਰ ਵਿੱਚ ਵੀ ਜੀ ਰਾਮ ਜੀ ਐਕਟ ਦੇ ਨਾਮ 'ਤੇ ਮਨਰੇਗਾ ਰਾਹੀਂ ਮਿਲਦੇ ਨਿਗੂਣੇ ਰੁਜ਼ਗਾਰ ਨੂੰ ਖੋਹਣ ਤੇ ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਲਾਗੂ ਕਰਨ ਵਿੱਚ ਕੇਂਦਰੀ ਮੋਦੀ ਹਕੂਮਤ ਦਾ ਹਾਸ਼ੀਏ 'ਤੇ ਧੱਕੇ ਦਲਿਤ ਗਰੀਬ ਸਮਾਜ ਪ੍ਰਤੀ ਮਨੂਵਾਦੀ ਸੋਚ ਦਾ ਹੀ ਪ੍ਰਗਟਾਵਾ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਬਿਜਲੀ ਸੋਧ ਬਿੱਲ 2025 ਨੂੰ ਪਾਸ ਕਰਕੇ ਮੋਦੀ ਹਕੂਮਤ ਗਰੀਬਾਂ ਦੇ ਘਰੀਂ ਹਨੇਰਾ ਕਰਨ ਲਈ ਤਾਹੂ ਹੈ। ਇਕ ਵਿਸ਼ੇਸ਼ ਮਤੇ ਰਾਹੀਂ ਉਨ੍ਹਾਂ ਮਜ਼ਦੂਰ ਆਗੂ ਮੁਕੇਸ਼ ਮਲੌਦ ਨੂੰ ਤੁਰੰਤ ਰਿਹਾਅ ਕਰਨ ਤੇ ਪੱਤਰਕਾਰਾਂ 'ਤੇ ਦਰਜ ਕੀਤੇ ਕੇਸ ਵਾਪਸ ਲੈਣ ਦੀ ਮੰਗ ਕੀਤੀ। ਇਸ ਮੌਕੇ ਬਖਤੌਰ ਸਿੰਘ, ਬਲਦੇਵ ਸਿੰਘ ਫੌਜੀ, ਪ੍ਰਿਤਪਾਲ ਸਿੰਘ, ਬਲਬੀਰ ਸਿੰਘ, ਜਸਪਾਲ ਸਿੰਘ, ਬਚਨ ਸਿੰਘ ਤੋਂ ਇਲਾਵਾ ਕਿਸਾਨ ਆਗੂ ਤਰਸੇਮ ਸਿੰਘ ਬੱਸੂਵਾਲ ਹਾਜ਼ਰ ਸਨ।

## 23 ਸਾਲਾ ਮੁਸਕਾਨ ਗਰਗ ਨੂੰ ਜੱਜ ਬਣਨ 'ਤੇ ਕੀਤਾ ਸਨਮਾਨਤ



**ਨਾਭਾ, (ਵਰਿੰਦਰ ਵਰਮਾ)** ਹਰਸ਼ ਬਲੱਡ ਡੋਨਰ ਸੋਸਾਇਟੀ ਦੀ ਟੀਮ ਵੱਲੋਂ ਪ੍ਰਧਾਨ ਭੁਵੇਸ਼ ਬਾਂਸਲ ਭਾਸ਼ੀ ਦੀ ਅਗਵਾਈ ਵਿੱਚ ਲੰਮੇ ਸਮੇਂ ਤੋਂ ਪੋਸਟ ਆਫਿਸ ਤੇ ਐਲ.ਆਈ.ਸੀ ਦੇ ਸਲਾਹਕਾਰ ਵਜੋਂ ਸੇਵਾਵਾਂ ਨਿਭਾਉਣ ਵਾਲੇ ਪਿਤਾ ਵਿਜੈ ਗਰਗ ਅਤੇ ਮੁਸਕਾਨ ਪਲੇਅਵੇ ਸਕੂਲ ਦੀ ਮਾਲਿਕ ਮਾਤਾ ਰੀਮਾ ਗਰਗ ਦੀ ਬੇਟੀ 23 ਸਾਲਾ ਮੁਸਕਾਨ ਗਰਗ ਨੇ ਜੱਜ ਬਣਨ ਲਈ ਆਲ ਇੰਡੀਆ ਵਿੱਚੋ ਵਿੱਚੋ 5 ਵਾਂ ਰੈਂਕ ਹਾਸਲ ਕਰ ਮਾ-ਬਾਪ ਦਾ ਨਾਂਅ ਰੋਸ਼ਨ ਕੀਤਾ। ਮੁਸਕਾਨ ਗਰਗ ਨੇ ਦੱਸਿਆ ਕਿ ਮੇਰੇ ਮਾਤਾ-ਪਿਤਾ ਦਾ ਮੈਨੂੰ ਇਸ ਮੁਕਾਮ 'ਤੇ ਲੈ ਕੇ ਆਉਣ ਵਿੱਚ ਬਹੁਤ ਵੱਡਾ ਯੋਗਦਾਨ ਰਿਹਾ ਹੈ। ਉਨ੍ਹਾਂ ਨੇ ਮੇਰੀ ਕੋਈ ਵੀ ਗੱਲ ਨਹੀਂ ਮੋੜੀ। ਮੈਨੂੰ ਸ਼ੌਕ ਸੀ ਕਿ ਜੱਜ ਬਣ ਕੇ ਆਰਡਰ-ਆਰਡਰ ਕਰਨਾ ਹੈ। ਉਹ ਮੇਰਾ ਸ਼ੌਕ ਪੂਰਾ ਹੋਇਆ ਹੈ। ਹਰਸ਼ ਬਲੱਡ ਡੋਨਰ ਸੋਸਾਇਟੀ ਦੇ ਪ੍ਰਧਾਨ ਭੁਵੇਸ਼ ਬਾਂਸਲ ਭਾਸ਼ੀ ਤੇ ਚੇਅਰਮੈਨ ਜਿਪਸੀ ਬਾਂਸਲ ਨੇ ਦੱਸਿਆ ਕਿ ਇਸ ਪੇਪਰ ਵਿੱਚ ਲਗਭਗ 5000 ਬੱਚਿਆਂ ਨੇ ਪੇਪਰ ਦਿੱਤਾ ਸੀ। ਏਨੇ ਬੱਚਿਆਂ 'ਚੋਂ ਮੁਸਕਾਨ ਗਰਗ ਨੇ 5ਵਾਂ ਸਥਾਨ ਹਾਸਲ ਕਰਕੇ ਜਿੱਥੇ ਮਾਂ-ਬਾਪ ਦਾ ਨਾਂਅ ਰੌਸ਼ਨ ਕੀਤਾ ਹੈ, ਉਥੇ ਨਾਭਾ ਸ਼ਹਿਰ ਤੇ ਪੰਜਾਬ ਦਾ ਨਾਂਅ ਰਾਜਸਥਾਨ ਤੱਕ ਰੌਸ਼ਨ ਕੀਤਾ ਹੈ। ਸਾਡੀ ਹਰਸ਼ ਬਲੱਡ ਡੋਨਰ ਸੁਸਾਇਟੀ ਲਈ ਵੀ ਅਤੇ ਸਾਡੇ ਅਗਰਵਾਲ ਸਮਾਜ ਲਈ ਵੀ ਮਾਨ ਦੀ ਗੱਲ ਹੈ ਕਿ ਮੁਸਕਾਨ ਗਰਗ ਦੇ ਪਿਤਾ ਵਿਜੈ ਗਰਗ ਸੋਸਾਇਟੀ ਦੇ ਸਕੱਤਰ ਹਨ। ਮਾਤਾ ਰੀਮਾ ਗਰਗ ਨੇ ਦੱਸਿਆ ਕਿ ਇਸ ਨੂੰ ਕਾਮਯਾਬ ਬਣਾਉਣ ਵਿੱਚ ਸਭ ਤੋਂ ਵੱਡਾ ਯੋਗਦਾਨ ਪਿਤਾ ਵਿਜੈ ਗਰਗ ਦਾ ਹੈ, ਕਿਉਂਕਿ ਮੇਰੇ ਨਾਲੋਂ ਕੀਤੇ ਵਧ ਕੇ ਮੁਸਕਾਨ ਦੇ ਪਿਤਾ ਨੇ ਹੀ ਇਸ ਨੂੰ ਸਾਰੇ ਪੇਪਰ ਦਿਵਾਉਣ ਜਾਂ ਯੂਨੀਵਰਸਿਟੀ ਵਿੱਚ ਪੜ੍ਹਾਉਣ ਲਈ ਵੱਡਾ ਯੋਗਦਾਨ ਪਾਇਆ ਹੈ।

## 'ਆਪ' ਦੇ ਬਲਾਕ ਪ੍ਰਧਾਨ ਵਿੱਕੀ ਵਸ਼ਿਸ਼ਟ ਨੂੰ ਸਦਮਾ, ਫੁੱਫੜ ਦਾ ਦਿਹਾਂਤ

**ਲੌਂਗੋਵਾਲ, (ਪ੍ਰਦੀਪ ਸੱਪਲ)** ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਵਿੱਕੀ ਵਸ਼ਿਸ਼ਟ ਨੂੰ ਉਸ ਸਮੇਂ ਵੱਡਾ ਸਦਮਾ ਪੁੱਜਾ, ਜਦੋਂ ਉਨ੍ਹਾਂ ਦੇ ਫੁੱਫੜ ਹਰਬੰਸ ਲਾਲ ਸ਼ਰਮਾ ਨਾਭਾ ਦਾ ਦਿਹਾਂਤ ਹੋ ਗਿਆ ਸੀ।ਇਸ ਮੌਤ 'ਤੇ ਨਗਰ ਕੌਂਸਲ ਪ੍ਰਧਾਨ ਪਰਮਿੰਦਰ ਕੌਰ ਬਰਾੜ, ਕਮਲ ਬਰਾੜ, ਬਲਵਿੰਦਰ ਸਿੰਘ ਢਿੱਲੋਂ, ਅੰਮ੍ਰਿਤਪਾਲ ਸਿੰਘ ਸਿੱਧੂ, ਬਿਕਰਮਜੀਤ ਸਿੰਘ ਵਿੱਕੀ, ਮਾ. ਕੰਵਲਜੀਤ ਸਿੰਘ ਵਿੱਕੀ, ਸੁਖਪਾਲ ਸਿੰਘ ਬਾਜਵਾ, ਸਾਬਕਾ ਨਗਰ ਕੌਂਸਲ ਪ੍ਰਧਾਨ ਰੀਤੂ ਗੋਇਲ, ਪਰਮਜੀਤ ਸਿੰਘ ਜੱਸੇਕਾ, ਜਗਸੀਰ ਸਿੰਘ ਗਾਂਧੀ, ਕੁਲਦੀਪ ਸਿੰਘ ਡੋਗਰ, ਬੰਟੀ ਵਿਰਕ, ਗੁਰਮੇਲ ਸਿੰਘ ਚੋਟੀਆਂ, ਯੂਥ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਗੁਰਤੇਗ ਸਿੰਘ, ਹਰਜਿੰਦਰ ਸਿੰਘ ਦੁੱਲਟ, ਵਪਾਰ ਮੰਡਲ ਪ੍ਰਧਾਨ ਅੰਮ੍ਰਿਤਪਾਲ ਸਿੰਗਲਾ, ਬੁੱਧ ਰਾਮ ਸਾਬਕਾ ਮੀਤ ਪ੍ਰਧਾਨ, ਹਰਮੇਸ਼ ਕੁਮਾਰ ਸ਼ਰਮਾ, ਹਰਦੇਵ ਸਿਘ ਭੱਠਲ, ਸਰਪੰਚ ਦਰਸ਼ਨ ਸਿੰਘ ਪਿੰਡੀ ਕੈਂਬੋਵਾਲ, ਸਰਪੰਚ ਨਹਿਲ ਸਿੰਘ, ਸਰਪੰਚ ਜਗਸੀਰ ਸਿੰਘ ਸੰਸਾਰੀ, ਅਮਨ ਸਿੰਘ ਅਮਨਾ ਆਦਿ ਨੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

## ਸ਼੍ਰੋਮਣੀ ਰੰਘਰੇਟਾ ਦਲ ਦੀ ਮੀਟਿੰਗ



**ਕਾਲਾ ਸੰਘਿਆਂ (ਮਨਜੀਤ ਮਾਨ)**- ਸ਼੍ਰੋਮਣੀ ਰੰਘਰੇਟਾ ਦਲ ਪੰਜਾਬ ਦੇ ਸੂਬਾ ਪ੍ਰਧਾਨ ਬਲਵੀਰ ਸਿੰਘ ਚੀਮਾ ਤੇ ਸੂਬਾ ਜਨਰਲ ਸਕੱਤਰ ਫਤਿਹ ਸਿੰਘ ਮਾਨ ਨੇ ਪ੍ਰੈੱਸ ਦੇ ਨਾਂਅ ਇਕ ਲਿਖਤੀ ਬਿਆਨ ਜਾਰੀ ਕਰਦਿਆਂ ਕਿਹਾ ਕਿ ਸ਼੍ਰੋਮਣੀ ਰੰਘਰੇਟਾ ਦਲ ਪੰਜਾਬ ਨੂੰ ਮਜਬੂਤ ਕਰਨ ਲਈ ਸੂਬੇ ਦੇ ਸਾਰੇ ਜ਼ਿਲ੍ਹਾ ਪ੍ਰਧਾਨਾਂ ਨਾਲ ਅਹਿਮ ਵਿਚਾਰਾਂ ਕੀਤੀਆਂ ਗਈਆਂ। ਮੀਟਿੰਗ ਵਿੱਚ ਪੰਜਾਬ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਮੇਜਰ ਸਿੰਘ ਆਦਨੀਆ, ਚੰਡੀਗੜ੍ਹ ਤੋਂ ਮੀਤ ਪ੍ਰਧਾਨ ਪੰਜਾਬ ਗੁਰਪ੍ਰੀਤ ਸਿੰਘ ਕੰਦੋਲਾ, ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਨਿਰਮਲ ਸਿੰਘ ਬਿੱਲੀ ਚਾਓ, ਜ਼ਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਮੱਸਾ ਸਿੰਘ, ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਹਰਦੀਪ ਸਿੰਘ, ਜ਼ਿਲ੍ਹਾ ਬਠਿੰਡਾ ਦੇ ਪ੍ਰਧਾਨ ਅਮਨਦੀਪ ਸਿੰਘ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਪ੍ਰਧਾਨ ਅੰਗਰੇਜ਼ ਸਿੰਘ, ਫਰੀਦਕੋਟ ਦੇ ਪ੍ਰਧਾਨ ਤੇਜ਼ਾ ਸਿੰਘ ਆਦਿ ਸਾਰੇ ਜ਼ਿਲ੍ਹਿਆਂ ਦੇ ਪ੍ਰਧਾਨ ਸਾਹਿਬਾਨ ਮੀਟਿੰਗ ਵਿੱਚ ਸ਼ਾਮਿਲ ਹੋਏ ਇਸ ਮੌਕੇ ਉਕਤ ਆਗੂਆਂ ਨੇ ਕਿਹਾ ਕਿ ਜਥੇਬੰਦੀ ਨੂੰ ਮਜ਼ਬੂਤ ਕਰਨ ਲਈ ਜ਼ਿਲ੍ਹਾ ਪੱਧਰ, ਤਹਿਸੀਲ ਪੱਧਰ ਤੇ ਬਲਾਕ ਪੱਧਰ ਦੇ ਯੂਨਿਟਾਂ ਦੀਆਂ ਚੋਣਾਂ ਬਹੁਤ ਜਲਦੀ ਕੀਤੀਆਂ ਜਾਣਗੀਆਂ। ਉਨ੍ਹਾਂ ਹੋਰ ਕਿਹਾ ਕਿ ਸੂਬਾ ਯੂਥ ਵਿੰਗ ਤੇ ਇਸਤਰੀ ਵਿੰਗ ਦੀ ਚੋਣ ਵੀ ਬਹੁਤ ਜਲਦੀ ਕੀਤੀ ਜਾਵੇਗੀ। ਬਲਵੀਰ ਸਿੰਘ ਚੀਮਾ ਤੇ ਜਨਰਲ ਸਕੱਤਰ ਫਤਿਹ ਸਿੰਘ ਮਾਨ ਨੇ ਸਾਰੇ ਯੂਨਿਟਾਂ ਦੇ ਅਹੁਦੇਦਾਰਾਂ ਨੂੰ ਲਾਮਬੰਦ ਹੋਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਬਹੁਤ ਜਲਦੀ ਸੂਬਾ ਪੱਧਰੀ ਮੀਟਿੰਗ ਬਹੁਤ ਜਲਦੀ ਬੁਲਾਈ ਜਾਵੇਗੀ ਜਿਸ ਵਿੱਚ ਸਾਰੇ ਅਹੁਦੇਦਾਰਾਂ ਦੇ ਸੁਝਾਅ ਮੰਗੇ ਜਾਣਗੇ।

## ਕ੍ਰਿਕਟ ਟੂਰਨਾਮੈਂਟ ਸ਼ਾਨੋ-ਸ਼ੌਕਤ ਨਾਲ ਸਮਾਪਤ

**ਬੰਗਾ (ਅਵਤਾਰ ਕਲੇਰ)**- ਬਾਬਾ ਸੰਗ ਸਪੋਰਟਸ ਕਲੱਬ ਦੋਸਾਂਝ ਕਲਾਂ, ਗ੍ਰਾਮ ਪੰਚਾਇਤ,ਐੱਨ ਆਰ ਆਈ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ 30ਵਾਂ ਸਲਾਨਾ ਕ੍ਰਿਕਟ ਟੂਰਨਾਮੈਂਟ ਦੋਸਾਂਝ ਕਲਾਂ ਵਿਖੇ ਕਰਵਾਇਆ ਗਿਆ। ਇਸ ਟੂਰਨਾਮੈਂਟ ਦਾ ਉਦਘਾਟਨ ਸੁੱਖਾ ਆਸਟ੍ਰੇਲੀਆ, ਬਲਜੀਤ ਸਿੰਘ ਯੂ ਕੇ ਤੇ ਐੱਨ ਆਰ ਆਈ ਨੇ ਸਾਂਝੇ ਤੌਰ ਤੇ ਕੀਤਾ। ਇੰਟਰਨੈਸ਼ਨਲ



ਕ੍ਰਿਕਟ ਖਿਡਾਰੀ ਵਿਕਰਮਜੀਤ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ। ਟੂਰਨਾਮੈਂਟ 'ਚ 32 ਟੀਮਾਂ ਨੇ ਭਾਗ ਲਿਆ। ਫਾਈਨਲ ਮੁਕਾਬਲਾ ਪਾਸਲਾ ਅਤੇ ਨੰਗਲ ਵਿਚਕਾਰ ਖੇਡਿਆ ਗਿਆ ਜਿਸ ਵਿੱਚ ਪਾਸਲਾ ਦੀ ਟੀਮ ਜੇਤੂ ਰਹੀ। ਪ੍ਰਬੰਧਕਾਂ ਵੱਲੋਂ ਜੇਤੂ ਟੀਮ ਨੂੰ 51000 ਰੁਪਏ ਨਗਦ ਰਾਸ਼ੀ ਅਤੇ ਉੱਪ ਜੇਤੂ ਟੀਮ ਨੂੰ 31000 ਰੁਪਏ ਅਤੇ ਟਰਾਫੀਆਂ ਨਾਲ ਸਨਮਾਨਤ ਕੀਤਾ। ਮੈਨ ਆਫ਼ ਦਾ ਸੀਰੀਜ਼ ਐਲ ਈ ਡੀ 42 ਇੰਚ,ਬੈਸਟ ਕੀਪਰ ਐੱਲ ਈ ਡੀ 32 ਇੰਚ,ਬੈਸਟ ਬੈਟਸਮੈਨ ਐੱਲ ਈ ਡੀ 32 ਇੰਚ, ਬੈਸਟ ਬਾਲਰ ਐਲ ਈ ਡੀ 32 ਇੰਚ ਨਾਲ ਸਨਮਾਨਤ ਕੀਤਾ ਗਿਆ। ਨੈਸ਼ਨਲ ਕ੍ਰਿਕਟ ਖਿਡਾਰੀ ਯੂਵੀ ਸੰਸਾਰਪੁਰ ਨੂੰ 51000 ਰੁਪਏ ਦੀ ਰਾਸ਼ੀ ਨਾਲ ਸਨਮਾਨਤ ਕੀਤਾ।ਬੀਤੇ ਸਾਲਾਂ 'ਚ ਬਾਬਾ ਸੰਗ ਸਪੋਰਟਸ ਕਲੱਬ ਦੋਸਾਂਝ ਕਲਾਂ ਵਲੋਂ ਇਲਾਕੇ ਦੇ ਮੌਜੂਦਾ ਤੇ ਸਾਬਕਾ ਨਾਮਵਰ ਖਿਡਾਰੀਆਂ ਨੂੰ ਮੋਟਰਸਾਈਕਲਾਂ ਨਾਲ ਵੀ ਸਨਮਾਨਤ ਕੀਤਾ ਜਾ ਚੁੱਕਾ ਹੈ। ਦਰਸ਼ਕਾਂ ਲਈ ਲੱਕੀ ਕੂਪਨ ਰਾਹੀਂ ਫੋਰ ਜੀ ਸਮਾਰਟ ਫ਼ੋਨ ਅਤੇ ਨਗਦ ਰਾਸ਼ੀ ਵੀ ਦਿੱਤੀ ਗਈ। ਪ੍ਰਬੰਧਕ ਕੁਲਵਿੰਦਰ ਲੰਬੜ ਵਲੋਂ ਪਹੁੰਚੇ ਹੋਏ ਮਹਿਮਾਨਾਂ, ਸਹਿਯੋਗੀਆਂ ਅਤੇ ਖਿਡਾਰੀਆਂ ਦਾ ਧੰਨਵਾਦ ਕੀਤਾ। ਟੂਰਨਾਮੈਂਟ ਸ਼ਾਨੋ ਸ਼ੌਕਤ ਨਾਲ ਸਮਾਪਤ ਹੋਇਆ।

## ਜ਼ਿਲ੍ਹਾ ਭਾਜਪਾ ਪਟਿਆਲਾ ਦੱਖਣੀ ਨੇ ਕੀਤਾ ਜ਼ਿਲ੍ਹਾ ਕਾਰਜਕਾਰਨੀ ਦਾ ਐਲਾਨ

**ਪਟਿਆਲਾ, (ਰਾਜਿੰਦਰ ਸਿੰਘ ਥਿੰਦ)** ਜ਼ਿਲ੍ਹਾ ਭਾਜਪਾ ਪਟਿਆਲਾ ਦਿਹਾਤੀ ਦੱਖਣੀ ਵਲੋਂ ਪਾਰਟੀ ਹਾਈਕਮਾਂਡ ਦੀ ਮਨਜ਼ੂਰੀ ਤੋਂ ਬਾਅਦ ਇਥੇ ਮੋਤੀ ਮਹਿਲ ਵਿਖੇ ਨਵੀਂ ਜ਼ਿਲ੍ਹਾ ਕਾਰਜਕਾਰਨੀ ਦੀ ਸੂਚੀ ਜਾਰੀ ਕਰ ਦਿੱਤੀ ਗਈ ਹੈ।ਜ਼ਿਲ੍ਹਾ ਪ੍ਰਧਾਨ ਹਰਮੇਸ਼ ਗੋਇਲ ਡਕਾਲਾ ਵੱਲੋਂ ਆਯੋਜਤ ਸਮਾਗਮ ਦੌਰਾਨ ਸਾਬਕਾ ਐਮ.ਪੀ. ਤੇ ਸਾਬਕਾ ਵਿਦੇਸ਼ ਰਾਜ ਮੰਤਰੀ ਪ੍ਰਨੀਤ ਕੌਰ, ਪੰਜਾਬ ਭਾਜਪਾ ਮਹਿਲਾ ਮੋਰਚਾ ਦੀ ਪ੍ਰਧਾਨ ਜੈਇੰਦਰ ਕੌਰ ਨੇ ਜ਼ਿਲ੍ਹਾ ਦੱਖਣੀ ਦੀ ਲੀਡਰਸ਼ਿਪ ਦੀ ਹਾਜ਼ਰੀ 'ਚ ਇਹ ਸੂਚੀ ਜਾਰੀ ਕੀਤੀ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਹਲਕਾ ਸਮਾਣਾ ਦੇ ਇੰਚਾਰਜ ਸੁਰਿੰਦਰ ਸਿੰਘ ਖੇੜਕੀ, ਵਰਿੰਦਰ ਸਿੰਘ ਬਿੱਟੂ ਤੇ ਹਲਕਾ ਸ਼ੁਤਰਾਣਾ ਦੇ ਇੰਚਾਰਜ ਨਰਾਇਣ ਸਿੰਘ ਨਰਸੋਤ ਹਾਜ਼ਰ ਸਨ।ਹਰਮੇਸ਼ ਗੋਇਲ ਪ੍ਰਧਾਨ ਤੋਂ ਇਲਾਵਾ 9 ਵਾਈਸ ਪ੍ਰਧਾਨ ਬਣਾਏ ਗਏ ਹਨ, ਜਿਨ੍ਹਾਂ ਵਿੱਚ ਜੀਮਨਦੱਤ ਸ਼ੈਲੀ, ਮਨੀਸ਼ ਸਿੰਗਲਾ ਰੋਕੀ, ਰੋਸ਼ਨ ਜਿੰਦਲ ਡਕਾਲਾ, ਸੰਤੋਸ਼ ਸ਼ਰਮਾ, ਸੋਮਨਾਥ ਮਿੱਤਲ, ਵਿਨੋਦ ਸਿੰਗਲਾ, ਬਗੀਚਾ ਸਿੰਘ ਦੁਤਾਲ



ਅਤੇ ਸਨੀ ਸਿੰਗਲਾ ਸ਼ਾਮਲ ਹਨ।ਇਸੇ ਤਰ੍ਹਾਂ 3 ਜਨਰਲ ਸਕੱਤਰ ਬਣਾਏ ਗਏ ਹਨ, ਜਿਨ੍ਹਾਂ ਵਿੱਚ ਗੌਰਵ ਜਲੋਟਾ, ਸਿਕੰਦਵੀਰ ਜਿੰਦਲ ਤੇ ਲਾਲ ਚੰਦ ਲਾਲੀ ਸ਼ਾਮਲ ਹਨ।ਇਸੇ ਤਰ੍ਹਾਂ 8 ਸਕੱਤਰ ਬਣਾਏ ਗਏ ਹਨ, ਜਿਨ੍ਹਾਂ 'ਚ ਸਚਿਨ ਆਜ਼ਾਦ, ਰੁੜਦ ਸਿੰਘ, ਡਿੰਪਲ ਰਾਣੀ, ਰਮੇਸ਼ ਕੁਮਾਰ ਬੱਤਰਾ, ਜਸਕਰਨ ਸਿੰਘ, ਨਵਦੀਪ ਸਿੰਘ, ਸਿਓਪਾਲ, ਕਰਮਜੀਤ ਸਿੰਘ ਰਿੰਕੂ ਰੱਖੜਾ ਤੇ ਗਜਿੰਦਰ ਸਿੰਘ ਸੱਗੂ ਸ਼ਾਮਲ ਹਨ।ਮੁਰਾਰੀ ਮਿੱਤਲ ਨੂੰ ਖਜ਼ਾਨਚੀ, ਸਿਕੰਦਰ ਧੀਮਾਨ ਨੂੰ ਸਪੋਕਸਪਰਸਨ ਤੇ ਸਤਪਾਲ ਗੋਇਲ ਨੂੰ ਦਫ਼ਤਰ ਸਕੱਤਰ ਬਣਾਇਆ ਗਿਆ ਹੈ।ਇਸੇ ਤਰ੍ਹਾਂ ਸੰਜੀਵ ਗਰਗ ਸੋਸ਼ਲ ਮੀਡੀਆ ਕਨਵੀਨਰ, ਰਵਿੰਦਰ ਸੋਲੰਕੀ ਮੀਡੀਆ ਕਨਵੀਨਰ, ਸੰਜੀਵ ਕੌਸ਼ਿਕ ਕਮਲ ਸੁਨੇਹਾ ਕਨਵੀਨਰ, ਅਨਿਲ ਤਲਵਾਰ ਮਨ ਕੀ ਬਾਤ ਕਨਵੀਨਰ, ਸੁਨੀਲ ਗਰਗ ਪ੍ਰਚਾਰ ਕਨਵੀਨਰ, ਮੋਹਿਤ ਸੂਦ ਪ੍ਰੈਸ ਸਕੱਤਰ, ਹਰਮਨਦੀਪ ਸਿੰਘ ਯੁਵਾ ਮੋਰਚਾ ਪ੍ਰਧਾਨ, ਸੂਬਾ ਸਿੰਘ ਕਿਸਾਨ ਮੋਰਚਾ ਪ੍ਰਧਾਨ, ਦਰਸ਼ਨ ਸਿੰਘ ਐਸ. ਸੀ. ਮੋਰਚਾ ਦੇ ਪ੍ਰਧਾਨ, ਦਿਲਸ਼ਾਦ ਅਲੀ ਘੱਟ ਗਿਣਤੀ ਮੋਰਚਾ ਪ੍ਰਧਾਨ, ਪ੍ਰਦੀਪ ਕੁਮਾਰ ਓ. ਬੀ. ਸੀ. ਮੋਰਚਾ ਪ੍ਰਧਾਨ ਬਣਾਇਆ ਗਿਆ ਹੈ। ਰਿਸ਼ੂ ਵਰਮਾ ਨੂੰ ਸਰਕਲ ਬੂਹੀ ਦਾ ਪ੍ਰਧਾਨ, ਨਰਿੰਦਰ ਸਿੰਘ ਨੂੰ ਸਰਕਲ ਕਕਰਾਲਾ ਦਾ ਪ੍ਰਧਾਨ ਬਣਾਇਆ ਗਿਆ ਹੈ।ਇਸੇ ਤਰ੍ਹਾਂ 26 ਮੈਂਬਰੀ ਕਾਰਜਕਾਰਨੀ 'ਚ ਨਰਾਇਣ ਦਾਸ, ਮਾਨਾ ਰਾਮ, ਲਵਪ੍ਰੀਤ ਸਿੰਘ, ਚਮਨਲਾਲ, ਗੁਰਵਿੰਦਰ ਸਿੰਘ, ਵਿਕਾਸ ਗਰਗ, ਯੁਵਰਾਜ ਸਿੰਘ, ਦਿਨੇਸ਼ ਜੈਨ, ਮਹਿੰਦਰ ਚਾਵਲਾ, ਲਲਿਤ ਭੱਲਾ ਵਰਮਾ, ਸੁਰੇਸ਼ ਕੁਮਾਰ ਭੋਲਾ, ਰਤਨ ਲਾਲ, ਪੰਕਜ ਗੋਇਲ, ਪੰਕਜ ਸ਼ਰਮਾ, ਵਿਜੇ ਕੁਮਾਰ ਗਰਗ, ਆਸ਼ੂ ਜਿੰਦਲ, ਸੁਭਾਸ਼ ਸਹਿਗਲ, ਸੁਰੇਸ਼ ਕੁਮਾਰ, ਨੀਰਜ ਸ਼ਰਮਾ, ਰਾਮਪਾਲ, ਸੰਦੀਪ ਗੁਪਤਾ, ਮੋਨਿਕਾ, ਸੁਖਪਾਲ ਕੌਰ, ਜਸਕਰਨ ਸਿੰਘ ਵਿਰਕ ਅਤੇ ਨਰਿੰਦਰ ਸਿੰਘ ਸ਼ਾਮਲ ਕੀਤੇ ਗਏ ਹਨ।ਲਿਸਟ ਜਾਰੀ ਕਰਨ ਤੋਂ ਬਾਅਦ ਸਾਬਕਾ ਐਮ. ਪੀ. ਪ੍ਰਨੀਤ ਕੌਰ ਅਤੇ ਜੈਇੰਦਰ ਕੌਰ ਨੇ ਕਿਹਾ ਕਿ ਇਹ ਨਵੀਂ ਟੀਮ ਮਿਸ਼ਨ 2027 ਫਤਿਹ ਕਰਨ ਵਿਚ ਅਹਿਮ ਰੋਲ ਅਦਾ ਕਰੇਗੀ।ਉਨ੍ਹਾਂ ਨਵੇਂ ਬਣੇ ਅਹੁਦੇਦਾਰਾਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਸਮੁੱਚੀ ਟੀਮ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਪਾਰਟੀ ਦੀ ਜਿੱਤ ਲਈ ਜੁਟ ਜਾਣ।

## ਪੰਜਾਬ ਸਕੂਲ ਸਿੱਖਿਆ ਬੋਰਡ ਦੀ ਰੀ-ਵਾਇਜ਼ ਡੇਟਸ਼ੀਟ

**ਐੱਸ.ਏ.ਐੱਸ ਨਗਰ (ਗੁਰਜੀਤ ਬਿੱਲਾ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਬਾਰ੍ਹਵੀਂ ਸ਼੍ਰੇਣੀ ਫਰਵਰੀ/ਮਾਰਚ 2026 ਦੀ ਸਲਾਨਾ ਪ੍ਰੀਖਿਆ (ਸਮੇਤ ਓਪਨ ਸਕੂਲ) ਨਾਲ ਸਬੰਧਤ ਡੇਟਸ਼ੀਟ ਮਿਤੀ 30-12-2025 ਨੂੰ ਜਾਰੀ ਕੀਤੀ ਗਈ ਸੀ। ਜਿਸ ਅਨੁਸਾਰ ਕਮਿਸਟਰੀ ਦਾ ਪੇਪਰ 04-04-2026 ਨੂੰ ਕਰਵਾਇਆ ਜਾਣਾ ਸੀ। ਪ੍ਰਬੰਧਕੀ ਕਾਰਨਾਂ ਕਰਕੇ ਹੁਣ ਕਮਿਸਟਰੀ ਦਾ ਪੇਪਰ 20-03-2026 ਨੂੰ ਪਹਿਲਾਂ ਜਾਰੀ ਨਿਰਧਾਰਤ ਸਮੇਂ ਅਨੁਸਾਰ ਕਰਵਾਇਆ ਜਾਵੇਗਾ। ਬਾਰ੍ਹਵੀਂ ਸ਼੍ਰੇਣੀ ਦੀ ਰੀ-ਵਾਇਜ਼ ਡੇਟਸ਼ੀਟ ਬੋਰਡ ਦੀ ਵੈਬਸਾਈਟ www.pseb.ac.in ਤੇ ਉਪਲੱਬਧ ਹੈ।


